@Qpatrika
@qaumipatrika punjabi
instagram.com/ qaumipatrika
Largest Circulated

विश्व भर में सबसे ज्यादा पढ़ा जाने वाला

# ਕੌਮੀ ਪਤ੍ਰਿਕਾ

दिल्ली, हिमाचल, हरियाणा, पंजाब, उत्तर प्रदेश, उत्तराखण्ड से प्रसारित।
Tuesday, 29 October 2024

Punjabi National Daily
Qaumi Patrika NO.1

VISIT: www.qaumipatrika.org
Email: qpatrika@gmail.com

ਨਵੀਂ ਦਿੱਲੀ: ਮੰਗਲਵਾਰ 29 ਅਕਤੂਬਰ 2024, 15 ਕੱਤਕ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81– ਸੰਪਾਦਕ – ਗੁਰਚਰਨ ਸਿੰਘ ਬੱਬਰ – ਸਾਲ – 42, ਅੰਕ 354, qpatrika@gmail.com ਫੋਨ : 9971359517 www.qaumipatrika.org

## ਸਰਹੱਦ ਪਾਰ ਘੁਸਪੈਠ ਰੁਕਣ 'ਤੇ ਹੀ ਬੰਗਾਲ 'ਚ ਕੀਤੀ ਜਾ ਸਕਦੀ ਹੈ ਸ਼ਾਂਤੀ ਸਥਾਪਿਤ : ਅਮਿਤ ਸ਼ਾਹ

ਪੈਟਰਾਪੋਲ 28 ਅਕਤੂਬਰ। ਕੇਂਦਰੀ ਗ੍ਰਹਿ ਮੰਤਰੀ ਅਮਿਤ ਸਾਹ ਨੇ ਕਿਹਾ ਕਿ ਪੱਛਮੀ ਬੰਗਾਲ ਵਿਚ ਸਾਂਤੀ ਤਾਂ ਹੀ ਸਥਾਪਿਤ ਹੋ ਸਕਦੀ ਹੈ ਜੇਕਰ ਬੰਗਲਾਦੇਸ ਤੋਂ ਸਰਹੱਦ ਪਾਰ ਤੋਂ ਘੁਸਪੈਠ ਬੰਦ ਹੋ ਜਾਵੇ। ਸਾਹ ਨੇ ਦਾਅਵਾ ਕੀਤਾ ਕਿ ਜੇਕਰ 2026 'ਚ ਪੱਛਮੀ ਬੰਗਾਲ 'ਚ ਭਾਰਤੀ ਜਨਤਾ ਪਾਰਟੀ (ਭਾਜਪਾ) ਸੱਤਾ 'ਚ ਆਉਂਦੀ ਹੈ ਤਾਂ ਗੁਆਂਢੀ ਦੇਸ ਤੋਂ ਗੈਰ-ਕਾਨੂੰਨੀ ਪਰਵਾਸ ਨੂੰ ਰੋਕਿਆ ਜਾਵੇਗਾ। ਪੱਛਮੀ ਬੰਗਾਲ ਵਿਚ ਭਾਰਤ-ਬੰਗਲਾਦੇਸ ਸਰਹੱਦ 'ਤੇ ਪੈਟਰਾਪੋਲ ਜਮੀਨੀ ਬੰਦਰਗਾਹ 'ਤੇ ਇਕ ਨਵੀਂ ਯਾਤਰੀ ਟਰਮੀਨਲ ਇਮਾਰਤ ਅਤੇ ਇਕ 'ਮੈਤਰੀ ਗੇਟ' ਦੇ ਉਦਘਾਟਨ ਸਮਾਰੋਹ ਨੂੰ ਸੰਬੋਧਨ ਕਰਦਿਆਂ, ਉਨ੍ਹਾਂ ਨੇ ਭ੍ਰਿਸਟਾਚਾਰ ਦੇ ਮੁੱਦੇ 'ਤੇ ਤ੍ਰਿਣਮੂਲ ਕਾਂਗਰਸ (ਟੀਐੱਮਸੀ) ਸਰਕਾਰ ਦੀ ਆਲੋਚਨਾ ਕੀਤੀ ਅਤੇ ਰਾਜ ਦੇ ਲੋਕਾਂ ਨੂੰ 2026 ਤੱਕ ਵੋਟ ਰਾਜਨੀਤਿਕ ਤਬਦੀਲੀ ਲਿਆਉਣ ਦੀ



ਅਪੀਲ ਕੀਤੀ। ਉਨ੍ਹਾਂ ਕਿਹਾ,"ਖੇਤਰ ਵਿਚ ਸਾਂਤੀ ਸਥਾਪਤ ਕਰਨ 'ਚ ਜਮੀਨ ਪਤਨ ਅਹਿਮ ਭੂਮਿਕਾ ਨਿਭਾਉਂਦੇ ਹਨ। ਜਦੋਂ ਸਰਹੱਦ ਪਾਰ ਤੋਂ ਲੋਕਾਂ ਦੀ ਕਾਨੂੰਨੀ ਆਵਾਜਾਈ ਦੀ ਕੋਈ ਗੁੰਜਾਇਸ ਨਹੀਂ ਹੁੰਦੀ ਹੈ, ਤਾਂ ਗੈਰ-ਕਾਨੂੰਨੀ ਢੰਗ ਸਾਹਮਣੇ ਆਉਂਦੇ ਹਨ, ਜਿਸ ਨਾਲ ਦੇਸ ਦੀ ਸਾਂਤੀ ਪ੍ਰਭਾਵਿਤ ਹੁੰਦੀ ਹੈ। ਮੈਂ ਬੰਗਾਲ ਦੇ ਲੋਕਾਂ ਨੂੰ 2026 'ਚ ਬਦਲਾਅ ਲਿਆਉਣ ਦੀ ਅਪੀਲ ਕਰਦਾ ਹਾਂ ਅਤੇ ਅਸੀਂ ਘੁਸਪੈਠ ਨੂੰ ਰੋਕਾਂਗੇ ਅਤੇ ਸਾਂਤੀ ਸਥਾਪਿਤ ਕਰਾਂਗੇ।

## ਭਾਜਪਾ ਨੇ ਮਹਾਰਾਸ਼ਟਰ ਵਿਧਾਨ ਸਭਾ ਚੋਣਾਂ ਲਈ 25 ਉਮੀਦਵਾਰਾਂ ਦੀ ਤੀਜੀ ਸੂਚੀ ਕੀਤੀ ਜਾਰੀ

ਨਵੀਂ ਦਿੱਲੀ 28 ਅਕਤੂਬਰ। ਭਾਰਤੀ ਜਨਤਾ ਪਾਰਟੀ (ਭਾਜਪਾ) ਨੇ ਸੋਮਵਾਰ ਨੂੰ ਮਹਾਰਾਸਟਰ ਵਿਧਾਨ ਸਭਾ ਚੋਣਾਂ ਲਈ 25 ਉਮੀਦਵਾਰਾਂ ਦੀ ਤੀਜੀ ਸੂਚੀ ਜਾਰੀ ਕਰ ਦਿੱਤੀ। ਪਾਰਟੀ ਨੇ ਨਾਗਪੁਰ-ਪੱਛਮ ਤੋਂ ਸੁਧਾਕਰ ਕੋਹਲੇ ਅਤੇ ਨਾਗਪੁਰ-ਉੱਤਰ ਤੋਂ ਮਿਲਿੰਦ ਪਾਂਡੁਰੰਗ ਮਾਨੇ ਨੂੰ ਮੈਦਾਨ 'ਚ ਉਤਾਰਿਆ ਹੈ। ਮਹਾਰਾਸ਼ਟਰ ਦੀ 288 ਮੈਂਬਰੀ ਵਿਧਾਨ ਸਭਾ ਲਈ 20 ਨਵੰਬਰ ਨੂੰ ਇਕ ਪੜਾਅ 'ਚ ਵੋਟਿੰਗ ਹੋਣੀ ਹੈ, ਜਦਕਿ ਨਤੀਜੇ 23 ਨਵੰਬਰ ਨੂੰ ਐਲਾਨੇ ਜਾਣਗੇ। ਪਾਰਟੀ ਨੇ ਨਾਗਪੁਰ-ਸੈਂਟਰਲ ਸੀਟ ਤੋਂ ਪ੍ਰਵੀਨ ਪ੍ਰਭਾਕਰ ਰਾਓ ਦਟਕੇ, ਸਾਵਨੇਰ ਤੋਂ ਆਸੀਸ ਰਣਜੀਤ ਦੇਸਮੁਖ, ਕਟੋਲ ਤੋਂ ਚਰਨਸਿੰਘ ਠਾਕੁਰ, ਅਰਵੀ ਤੋਂ ਸੁਮਿਤ ਵਾਨਖੇੜੇ, ਸਕੋਲੀ ਤੋਂ ਅਵਿਨਾਸ ਬ੍ਰਾਹਮਣਕਰ, ਚੰਦਰਪੁਰ ਤੋਂ ਕਿਸੋਰ ਜੋਰਗੇਵਾਰ, ਸਨੇਹਾ




ਦੂਬੇ ਵਾਸਈ, ਬੋਰਤੀਵ, ਬੀ. ਵਰਸੋਵਾ ਤੋਂ ਹੇਮੰਤ ਲਵੇਕਰ ਅਤੇ ਅਰਚਨਾ ਚਾਕੁਰਕਰ ਨੂੰ ਲਾਤੂਰ ਸਹਿਰ ਤੋਂ ਉਮੀਦਵਾਰ ਬਣਾਇਆ ਗਿਆ ਹੈ। ਇਸੇ ਤਰ੍ਹਾਂ ਕਰਾਡ ਉੱਤਰੀ ਸੀਟ ਤੋਂ ਮਨੋਜ ਘੋਰਪੜੇ, ਮਾਲਸਿ਼ਰਸ ਤੋਂ ਰਾਮ ਸਤਪੁਤੇ, ਆਸਟਟੀ ਤੋਂ ਸੁਰੇਸ ਧਾਸ, ਘਾਟਕੋਪਰ ਈਸਟ ਤੋਂ ਪਰਾਗ ਸਾਹ ਅਤੇ ਮੂਰਤੀਜਾਪੁਰ ਤੋਂ ਹਰੀਸ ਪਿੰਪਲੇ ਨੂੰ ਟਿਕਟ ਦਿੱਤੀ ਗਈ ਹੈ। ਵਿਧਾਨ ਸਭਾ ਚੋਣਾਂ ਲ ਈ ਭਾਜਪਾ ਨੇ ਸ਼ਨੀਵਾਰ ਨੂੰ 22 ਉਮੀਦਵਾਰਾਂ ਦੀ ਦੂਜੀ ਸੂਚੀ ਜਾਰੀ ਕੀਤੀ ਸੀ। ਇਸ ਤੋਂ ਪਹਿਲੇ ਭਾਜਪਾ ਨੇ ਆਪਣੀ ਪਹਿਲੀ ਸੂਚੀ 'ਚ 99 ਉਮੀਦਵਾਰਾਂ ਦਾ ਐਲਾਨ ਕੀਤਾ ਸੀ। ਇਸ ਸੂਚੀ 'ਚ ਉੱਪ ਮੁੱਖ ਮੰਤਰੀ ਦੇਵੇਂਦਰ ਫੜਨਵੀਸ ਸਮੇਤ ਕਈ ਦਿੱਗਜ ਨੇਤਾਵਾਂ ਦੇ ਨਾਂ ਸ਼ਾਮਲ ਸਨ। ਇਸ ਤਰ੍ਹਾਂ ਭਾਜਪਾ ਹੁਣ ਤੱਕ 146 ਸੀਟਾਂ 'ਤੇ ਆਪਣੇ ਉਮੀਦਵਾਰਾਂ ਦਾ ਐਲਾਨ ਕਰ ਚੁੱਕੀ ਹੈ। ਫੜਨਵੀਸ ਨਾਗਪੁਰ ਦੱਖਣ-ਪੱਛਮ ਤੋਂ ਪਾਰਟੀ ਦੇ ਉਮੀਦਵਾਰ ਹਨ, ਜਦੋਂ ਕਿ ਪ੍ਰਦੇਸ਼ ਇਕਾਈ ਦੇ ਪ੍ਰਧਾਨ ਚੰਦਰਸ਼ੇਖ ਬਾਵਨਕੁਲੇ, ਮੰਤਰੀ ਗਿਰੀਸ਼ ਮਹਾਜਨ, ਸੁਧੀਰ ਮੁਨਗੰਟੀਵਾਰ, ਅਤੁਲੇ ਸਾਵੇ ਵਰਗੇ ਸੀਨੀਅਰ ਨੇਤਾਵਾਂ ਨੂੰ ਵੀ ਟਿਕਟ ਦਿੱਤਾ ਗਿਆ। ਮਹਾਰਾਸ਼ਟਰ 'ਚ ਭਾਜਪਾ ਮਹਾਯੁਤੀ ਗਠਜੋੜ ਦਾ ਹਿੱਸਾ ਹੈ ਅਤੇ ਏਕਨਾਥ ਸ਼ਿੰਦੇ ਦੀ ਅਗਵਾਈ ਵਾਲੀ ਸ਼ਿਵ ਸੈਨਾ ਅਤੇ ਅਜੀਤ ਪਵਾਰ ਦੀ ਰਾਸ਼ਟਰਵਾਦੀ ਕਾਂਗਰਸ ਪਾਰਟੀ ਨਾਲ ਮਿਲ ਕੇ ਚੋਣ ਮੈਦਾਨ 'ਚ ਹੈ।

# ਪ੍ਰਧਾਨ ਮੰਤਰੀ ਮੋਦੀ ਤੇ ਸਾਂਚੇਜ ਨੇ ਮਿਲਟਰੀ ਜਹਾਜ ਬਣਾਉਣ ਵਾਲੇ ਭਾਰਤ ਦੇ ਪਹਿਲੇ ਨਿੱਜੀ ਕੇਂਦਰ ਦਾ ਕੀਤਾ ਉਦਘਾਟਨ

**ਸਿੰਮੀ ਕੌਰ ਬੱਬਰ**

ਵਡੋਦਰਾ 28 ਅਕਤੂਬਰ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਉਨ੍ਹਾਂ ਦੇ ਸਪੇਨ ਦੇ ਹਮਰੁਤਬਾ ਪੇਡਰੋ ਸਾਂਚੇਜ ਨੇ ਸੋਮਵਾਰ ਵਡੋਦਰਾ 'ਚ 'ਟਾਟਾ ਐਡਵਾਂਸਡ ਸਿਸਟਮਜ ਲਿਮਿਟੇਡ (ਟੀ. ਏ. ਐੱਸ. ਐੱਲ.)-ਏਅਰਬੱਸ' ਕੇਂਦਰ ਦਾ ਉਦਘਾਟਨ ਕੀਤਾ, ਜਿੱਥੇ ਸੀ.-295 ਫੌਜੀ ਹਵਾਈ ਜਹਾਜਾਂ ਦਾ ਨਿਰਮਾਣ ਕੀਤਾ ਜਾਵੇਗਾ। ਟਾਟਾ-ਏਅਰਬੱਸ ਭਾਰਤ ਦਾ ਪਹਿਲਾ ਅਜਿਹਾ ਨਿੱਜੀ ਕੇਂਦਰ ਹੋਵੇਗਾ, ਜਿੱਥੇ ਫੌਜੀ ਹਵਾਈ ਜਹਾਜਾਂ ਦੇ ਪੁਰਜਿ਼ਆਂ ਨੂੰ ਜੋੜ ਕੇ ਜਹਾਜਾਂ ਨੂੰ ਅੰਤਿਮ ਰੂਪ ਦੇਣ (ਫਾਈਨਲ ਅਸੈਂਬਲੀ ਲਾਈਨ) ਦਾ ਕੰਮ ਕੀਤਾ ਜਾਵੇਗਾ। ਇਸ ਮੌਕੇ ਮੋਦੀ ਨੇ ਕਿਹਾ ਕਿ ਇਹ ਸਹੂਲਤ ਨਾ ਸਿਰਫ ਭਾਰਤ-ਸਪੇਨ ਸਬੰਧਾਂ ਨੂੰ ਮਜਬੂਤ ਕਰੇਗੀ, ਸਗੋਂ ਸਾਡੇ 'ਮੇਕ ਇਨ ਇੰਡੀਆ, ਮੇਕ ਫਾਰ ਦਿ ਵਰਲਡ' ਮਿਸਨ ਨੂੰ ਵੀ ਹੁਲਾਰਾ ਦੇਵੇਗੀ। ਪਲਾਂਟ 'ਚ ਤਿਆਰ ਕੀਤੇ ਗਏ ਹਵਾਈ ਜਹਾਜਾਂ ਦਾ ਭਵਿੱਖ 'ਚ ਨਿਰਯਾਤ ਵੀ ਕੀਤਾ ਜਾਵੇਗਾ। ਮੋਦੀ ਨੇ ਉਮੀਦ ਪ੍ਰਗਟਾਈ ਕਿ ਵਿ-ਨਿਰਮਾਣ ਦੀ ਸਹੂਲਤ ਨਾਲ ਬਣਾਇਆ ਗਿਆ ਈਕੋ ਸਿਸਟਮ ਭਵਿੱਖ 'ਚ ਸਿਵਲ ਏਅਰਕ੍ਰਾਫਟ ਬਣਾਉਣ 'ਚ ਵੀ ਭਾਰਤ ਦੀ ਮਦਦ ਕਰੇਗਾ। ਸੀ-295 ਹਵਾਈ ਜਹਾਜਾਂ ਦੇ ਨਿਰਮਾਣ ਲਈ ਇਹ ਫੈਕਟਰੀ ਭਾਰਤ ਦੇ ਨਵੇਂ ਕਾਰਜ ਸੱਭਿਆਚਾਰ ਨੂੰ ਦਰਸਾਉਂਦੀ ਹੈ। ਪ੍ਰਧਾਨ ਮੰਤਰੀ ਨੇ ਕਿਹਾ ਕਿ ਨਿੱਜੀ ਖੇਤਰ ਦੀ ਭਾਈਵਾਲੀ, ਜਨਤਕ ਖੇਤਰ



ਨੂੰ ਸੁਚਾਰੂ ਬਣਾਉਣ, ਉੱਤਰ ਪ੍ਰਦੇਸ ਤੇ ਤਾਮਿਲਨਾਡੂ 'ਚ 2 ਨਵੇਂ ਰੱਖਿਆ ਗਲਿਆਰੇ ਵਿਕਸਤ ਕਰਨ ਅਤੇ ਰੱਖਿਆ ਖੋਜ ਤੇ ਵਿਕਾਸ ਸੰਗਠਨ ਨੂੰ ਮਜਬੂਤ ਕਰਨ ਵਰਗੇ ਕਈ ਅਹਿਮ ਕਦਮਾਂ ਕਾਰਨ ਭਾਰਤ 'ਚ ਈਕੋਸਿਸਟਮ ਵਿਕਸਿਤ ਹੋਇਆ ਹੈ। ਉਨ੍ਹਾਂ ਕਿਹਾ ਕਿ ਪਿਛਲੇ 5-6 ਸਾਲਾਂ 'ਚ ਹੀ ਭਾਰਤ 'ਚ ਕਰੀਬ 1000 ਨਵੇਂ ਰੱਖਿਆ ਸਟਾਰਟਅੱਪ ਬਣੇ ਹਨ। ਪਿਛਲੇ 10 ਸਾਲਾਂ 'ਚ ਭਾਰਤ ਦੀ ਰੱਖਿਆ ਨਿਰਯਾਤ 'ਚ 30 ਗੁਣਾ ਵਾਧਾ ਹੋਇਆ ਹੈ। ਅੱਜ ਅਸੀਂ ਦੁਨੀਆ ਦੇ 100 ਤੋਂ ਵੱਧ ਦੇਸਾਂ ਨੂੰ ਰੱਖਿਆ ਉਪਕਰਨ ਭੇਜ ਰਹੇ ਹਾਂ। ਮੋਦੀ ਨੇ ਕਿਹਾ ਕਿ ਵੱਖ-ਵੱਖ ਏਅਰਲਾਈਨ ਕੰਪਨੀਆਂ ਨੇ ਪੂਰੀ ਦੁਨੀਆ 'ਚ 1,200 ਨਵੇਂ ਹਵਾਈ ਜਹਾਜਾਂ ਦੀ ਖਰੀਦ ਦੇ ਆਰਡਰ ਦਿੱਤੇ ਹਨ। ਭਵਿਖ 'ਚ ਸਾਇਦ ਵਿਦੇਸ਼ੀ ਏਅਰਲਾਈਨ ਕੰਪਨੀਆਂ ਕਿਸੇ ਵੀ ਦੇਸ ਤੋਂ ਆਰਡਰ ਨਹੀਂ ਲੈ ਸਕਣਗੀਆਂ। ਉਨ੍ਹਾਂ ਕਿਹਾ ਕਿ ਇਸ ਦਾ ਮਤਲਬ ਇਹ ਹੈ ਕਿ ਭਵਿੱਖ 'ਚ ਇਹ ਫੈਕਟਰੀ ਡਿਜਾਈਨ ਤੋਂ ਲੈ ਕੇ ਨਿਰਮਾਣ ਤੱਕ ਭਾਰਤ ਤੇ ਦੁਨੀਆ ਦੀਆਂ ਲੋੜਾਂ ਨੂੰ ਪੂਰਾ ਕਰਨ 'ਚ ਵੱਡੀ ਭੂਮਿਕਾ ਨਿਭਾਏਗੀ। ਭਾਰਤ ਅਤੇ ਸਪੇਨ ਵਿਚਾਲੇ ਭਾਈਵਾਲੀ ਜਿ਼ੰਦਾ ਹੈ । ਦੋਹਾਂ ਦੋਵਾਂ ਦੇਸਾਂ ਦੇ ਲੋਕ 'ਭੋਜਨ, ਫਿਲਮਾਂ ਅਤੇ ਫੁੱਟਬਾਲ' ਰਾਹੀਂ ਜੁੜੇ ਹੋਏ ਹਨ। ਸਾਂਚੇਜ ਨੇ ਕਿਹਾ ਕਿ ਪਹਿਲਾ ਜਹਾਜ 2026 'ਚ ਉਡਾਣ ਭਰਨ ਲਈ ਤਿਆਰ ਹੋਵੇਗਾ। ਨਿੱਜੀ ਕੇਂਦਰ ਦਾ ਉਦਘਾਟਨ ਕਰਨ ਤੋਂ ਪਹਿਲਾਂ ਮੋਦੀ ਤੇ ਸਾਂਚੇਜ ਨੇ ਸਵੇਰੇ ਹਵਾਈ ਅੱਡੇ ਤੋਂ 'ਟਾਟਾ ਐਡਵਾਂਸਡ ਸਿਸਟਮਜ ਲਿਮਟਿਡ' ਤੱਕ 2.5 ਕਿਲੋਮੀਟਰ ਦੀ ਦੂਰੀ ਤੈਅ ਕਰਦੇ ਹੋਏ ਇਕ ਰੋਡ ਸੋਅ ਦੀ ਅਗਵਾਈ ਕੀਤੀ।

## ਇੰਜੀਨੀਅਰ ਰਾਸ਼ਿਦ ਨੇ ਤਿਹਾੜ ਜੇਲ੍ਹ ਅਧਿਕਾਰੀਆਂ ਦੇ ਸਾਹਮਣੇ ਕੀਤਾ ਸਰੰਡਰ

ਨਵੀਂ ਦਿੱਲੀ 28 ਅਕਤੂਬਰ। ਜੰਮੂ ਕਸ਼ਮੀਰ ਦੇ ਬਾਰਾਮੂਲਾ ਤੋਂ ਸੰਸਦ ਮੈਂਬਰ ਸ਼ੇਖ ਅਬਦੁੱਲ ਰਸ਼ੀਦ ਨੇ ਅੰਤਰਿਮ ਜਮਾਨਤ ਦੀ ਮਿਆਦ ਖਤਮ ਹੋਣ ਤੋਂ ਬਾਅਦ ਸੋਮਵਾਰ ਨੂੰ ਦਿੱਲੀ 'ਚ ਤਿਹਾੜ ਜੇਲ੍ਹ ਅਧਿਕਾਰੀਆਂ ਦੇ ਸਾਹਮਣੇ ਆਤਮਸਮਰਪਣ ਕਰ ਦਿੱਤਾ। ਜੇਲ੍ਹ ਪ੍ਰਸ਼ਾਸਨ ਦੇ ਅਧਿਕਾਰੀਆਂ ਨੇ ਇਹ ਜਾਣਕਾਰੀ ਦਿੱਤੀ। ਦਿੱਲੀ ਦੀ ਇਕ ਅਦਾਲਤ ਨੇ ਅਵਾਮੀ ਇਤੇਹਾਦ ਪਾਰਟੀ ਦੇ ਆਗੂ ਰਾਸ਼ਿਦ ਦੀ ਜਮਾਨਤ ਪਟੀਸ਼ਨ 'ਤੇ ਸੁਣਵਾਈ ਮੁਲਤਵੀ ਕਰ ਦਿੱਤੀ, ਜਿਸ ਤੋਂ ਬਾਅਦ ਦੁਪਹਿਰ ਨੂੰ ਉਹ ਜੇਲ੍ਹ ਕੰਪਲੈਕਸ ਪਹੁੰਚੇ। ਅਦਾਲਤ ਨੇ ਰਾਸ਼ਿਦ ਦੀ ਜਮਾਨਤ ਪਟੀਸ਼ਨ 'ਤੇ ਆਦੇਸ਼ ਪਾਸ ਕਰਨਾ ਸੀ। ਰਾਸ਼ਿਦ ਨੂੰ ਅੱਤਵਾਦ ਵਿੱਤ ਪੋਸ਼ਣ ਮਾਮਲੇ 'ਚ ਗ੍ਰਿਫਤਾਰ ਕੀਤਾ ਗਿਆ ਸੀ। ਐਡੀਸ਼ਨਲ ਸੈਸ਼ਨ ਜੱਜ ਚੰਦਰ ਜੀਤ ਸਿੰਘ ਨੇ ਜੰਮੂ ਕਸ਼ਮੀਰ ਵਿਧਾਨ ਸਭਾ ਚੋਣਾਂ ਦੌਰਾਨ ਪ੍ਰਚਾਰ ਕਰਨ ਲਈ ਇੰਜੀਨੀਅਰ ਰਾਸ਼ਿਦ ਦੇ ਨਾਂ ਨਾਲ ਮਸ਼ਹੂਰ ਸ਼ੇਖ ਅਬਦੁੱਲ ਰਾਸ਼ਿਦ ਨੂੰ 10 ਸਤੰਬਰ ਨੂੰ ਅੰਤਰਿਮ ਜਮਾਨਤ ਦਿੱਤੀ ਸੀ। ਜੱਜ ਨੇ ਇਸ ਤੋਂ ਪਹਿਲੇ ਉਨ੍ਹਾਂ ਦੀ ਨਿਯਮਿਤ ਜਮਾਨਤ ਪਟੀਸ਼ਨ 'ਤੇ ਆਦੇਸ਼ ਮੁਲਤਵੀ ਕਰ ਦਿੱਤਾ ਸੀ। ਜੱਜ ਨੇ ਰਾਸ਼ਿਦ ਦੇ ਪਿਤਾ ਦੀ ਸਿਹਤ ਦੇ ਆਧਾਰ 'ਤੇ ਉਨ੍ਹਾਂ ਦੀ ਅੰਤਰਿਮ ਜਮਾਨਤ 28 ਅਕਤੂਬਰ ਤੱਕ ਵਧਾ ਦਿੱਤੀ ਸੀ। ਐੱਨ.ਆਈ.ਏ. ਨੇ ਕਿਹਾ ਸੀ ਕਿ ਉਸ ਨੇ ਦਸਤਾਵੇਜ਼ਾਂ ਦੀ ਵੈਰੀਫਿਕੇਸ਼ਨ ਕਰ ਲਈ ਹੈ ਅਤੇ ਉਹ ਦੋਸ਼ੀ ਦੇ ਪਿਤਾ ਦੀ ਸਿਹਤ ਸਥਿਤੀ ਕਾਰਨ ਜਮਾਨਤ ਪਟੀਸ਼ਨ ਦਾ ਵਿਰੋਧ ਨਹੀਂ ਕਰ ਰਹੀ ਹੈ। ਰਾਸ਼ਿਦ 2017 ਦੇ ਅੱਤਵਾਦੀ ਵਿੱਤ ਪੋਸ਼ਣ ਮਾਮਲੇ 'ਚ ਗੈਰ-ਕਾਨੂੰਨੀ ਗਤੀਵਿਧੀ (ਰੋਕਥਾਮ) ਐਕਟ ਦੇ ਅਧੀਨ ਰਾਸ਼ਟਰੀ ਜਾਂਚ ਏਜੰਸੀ (ਐੱਨ.ਆਈ.ਏ.) ਵਲੋਂ ਗ੍ਰਿਫਤਾਰ ਕੀਤੇ ਜਾਣ ਦੇ ਬਾਅਦ ਤੋਂ 2019 ਤੋਂ ਤਿਹਾੜ ਜੇਲ੍ਹ 'ਚ ਸੀ। ਜੰਮੂ ਕਸ਼ਮੀਰ ਦੀਆਂ 90 ਮੈਂਬਰੀ ਵਿਧਾਨ ਸਭਾ ਚੋਣਾਂ ਦੇ ਨਤੀਜੇ 8 ਅਕਤੂਬਰ ਨੂੰ ਐਲਾਨ ਕੀਤੇ ਗਏ ਸਨ , ਜਿਸ 'ਚ ਨੈਸ਼ਨਲ ਕਾਨਫਰੰਸ-ਕਾਂਗਰਸ ਗਠਜੋੜ ਨੇ 48 ਸੀਟਾਂ ਜਿੱਤ ਕੇ ਸਪੱਸ਼ਟ ਬਹੁਮਤ ਹਾਸਲ ਕੀਤਾ ਸੀ।

## ਪੱਪੂ ਯਾਦਵ ਨੂੰ ਮਿਲੀ ਜਾਨੋਂ ਮਾਰਨ ਦੀ ਧਮਕੀ

**ਏਜੰਸੀਆਂ**

ਬਿਹਾਰ 28 ਅਕਤੂਬਰ। ਬਿਹਾਰ ਦੇ ਪੂਰਨੀਆ ਤੋਂ ਆਜਾਦ ਸੰਸਦ ਮੈਂਬਰ ਪੱਪੂ ਯਾਦਵ ਨੂੰ ਜਾਨੋਂ ਮਾਰਨ ਦੀ ਧਮਕੀ ਮਿਲੀ ਹੈ। ਲਾਰੈਂਸ ਬਿਸਨੋਈ ਗੈਂਗ ਦੇ ਕਾਰਕੁਨਾਂ ਨੇ ਉਸ ਨੂੰ ਇਹ ਧਮਕੀ ਦਿੱਤੀ ਹੈ। ਪੱਪੂ ਯਾਦਵ ਨੇ ਇਸ ਬਾਰੇ ਡੀਆਈਜੀ, ਪੂਰਨੀਆ ਰੇਂਜ ਦੇ ਐੱਸਪੀ ਅਤੇ ਡੀਜੀਪੀ ਨੂੰ ਵੀ ਸਿ਼ਕਾਇਤ ਦਰਜ ਕਰਵਾ ਦਿੱਤੀ ਹੈ। ਦੱਸਿਆ ਜਾ ਰਿਹਾ ਹੈ ਕਿ ਪੱਪੂ ਯਾਦਵ ਨੂੰ ਯੂਏਈ ਦੇ ਇੱਕ ਨੰਬਰ ਤੋਂ ਕਾਲ ਕਰਕੇ ਧਮਕੀ ਦਿੱਤੀ ਗਈ ਹੈ। ਧਮਕੀ ਦੇਣ ਵਾਲਾ ਵਿਅਕਤੀ ਲਾਰੈਂਸ ਗੈਂਗ ਦਾ ਮੈਂਬਰ ਹੋਣ ਦਾ ਦਾਅਵਾ ਕਰ ਰਿਹਾ ਹੈ। ਇਸ ਤੋਂ ਇਲਾਵਾ ਉਸ ਨੇ ਵਟਸਐਪ ਰਾਹੀਂ ਫੋਨ ਕਰਕੇ ਉਸ ਨੂੰ ਜਾਨੋਂ ਮਾਰਨ ਦੀ ਧਮਕੀ ਦਿੱਤੀ ਹੈ। ਇਹ ਇੱਕ ਬਿਜਨੈੱਸ ਖਾਤਾ ਹੈ। ਇਸ ਤੋਂ ਇਲਾਵਾ ਝਾਰਖੰਡ ਦੀ ਜੇਲ੍ਹ 'ਚ ਬੰਦ ਗੈਂਗਸਟਰ ਅਮਨ ਦੇ ਕਰੀਬੀ ਮਯੰਕ ਨੇ ਸੋਸਲ ਮੀਡੀਆ 'ਤੇ ਪੋਸਟ ਪਾ ਕੇ ਪੱਪੂ ਯਾਦਵ ਨੂੰ ਧਮਕੀ ਦਿੱਤੀ ਹੈ। ਮਯੰਕ ਸਿੰਘ ਨਾਂ ਦੇ ਫੇਸਬੁੱਕ ਅਕਾਊਂਟ ਤੋਂ 26 ਅਕਤੂਬਰ ਨੂੰ ਕੀਤੀ ਗਈ ਪੋਸਟ ਵਿੱਚ ਲਿਖਿਆ ਗਿਆ ਹੈ ਕਿ ਅਖਬਾਰਾਂ ਰਾਹੀਂ ਜਾਣਕਾਰੀ ਮਿਲੀ ਹੈ ਕਿ ਹਾਲ ਹੀ ਵਿੱਚ ਬਿਹਾਰ ਦੇ ਪੂਰਨੀਆ ਤੋਂ ਆਜਾਦ ਸੰਸਦ ਮੈਂਬਰ ਪੱਪੂ ਯਾਦਵ ਉਰਫ ਰਾਜੇਸ ਰੰਜਨ ਨੇ ਲਾਰੈਂਸ ਬਾਰੇ ਗਲਤ ਬਿਆਨ ਦਿੱਤਾ ਸੀ। ਗੈਂਗਸਟਰ ਦੇ ਕਰੀਬੀ ਵਿਅਕਤੀ





ਨੇ ਅੱਗੇ ਲਿਖਿਆ ਕਿ ਮੈਂ ਪੱਪੂ ਯਾਦਵ ਨੂੰ ਸਾਫ-ਸਾਫ ਕਹਿਣਾ ਚਾਹੁੰਦਾ ਹਾਂ ਕਿ ਤੁਸੀਂ ਆਪਣੀ ਔਕਾਤ ਵਿਚ ਰਹਿ ਕੇ ਚੁੱਪਚਾਪ ਰਾਜਨੀਤੀ ਕਰੋ, ਜਿ਼ਆਦਾ ਇਧਰ-ਉਧਰ ਤਿੰਨ-ਪੰਜ ਕਰਕੇ ਟੀਆਰਪੀ ਕਮਾਉਣ ਦੇ ਚੱਕਰ 'ਚ ਨਾ ਪਵੋ। ਵਰਨਾ ਰੈਸਟ ਇਨ ਪੀਸ ਕਰ ਦੇਵਾਂਗੇ। ਦੂਜੇ ਪਾਸੇ ਪੱਪੂ ਯਾਦਵ ਨੇ ਬਿਹਾਰ ਪੁਲਸ ਦੇ ਡੀਜੀਪੀ ਨੂੰ ਇਸ ਗੱਲ ਦੀ ਜਾਣਕਾਰੀ ਦੇ ਕੇ ਸੁਰੱਖਿਆ ਦੀ ਮੰਗ ਕੀਤੀ ਹੈ। ਪੱਪੂ ਯਾਦਵ ਨੇ ਦੱਸਿਆ ਕਿ "ਮੈਨੂੰ ਲਾਰੈਂਸ ਦੇ ਨਾਂ 'ਤੇ ਧਮਕੀਆਂ ਦਿੱਤੀਆਂ ਗਈਆਂ ਹਨ। ਮੈਂ ਇਸ ਸਬੰਧ ਵਿੱਚ ਬਿਹਾਰ ਦੇ ਡੀਜੀਪੀ ਅਤੇ ਆਈਜੀ ਕੋਲ ਸਿ਼ਕਾਇਤ ਦਰਜ ਕਰਵਾਈ ਹੈ। ਮੈਂ ਗ੍ਰਹਿ ਮੰਤਰੀ ਅਮਿਤ ਸਾਹ ਨਾਲ ਵੀ ਆਪਣੇ ਵਿਚਾਰ ਸਾਂਝੇ ਕੀਤੇ ਹਨ। ਲਗਾਤਾਰ ਮਿਲ ਰਹੀਆਂ ਧਮਕੀਆਂ ਤੋਂ ਮੈਂ ਦੁਖੀ ਹਾਂ। ਮੇਰੇ ਨਾਲ ਕੋਈ ਵੀ ਅਣਸੁਖਾਵੀਂ ਘਟਨਾ ਵਾਪਰ ਸਕਦੀ ਹੈ, ਇਸ ਲਈ ਸਰਕਾਰ ਨੂੰ ਮੇਰੀ ਸੁਰੱਖਿਆ ਨੂੰ ਲੈ ਕੇ ਗੰਭੀਰ ਹੋਣ ਦੀ ਲੋੜ ਹੈ।"

## ਭਾਜਪਾ ਆਪਣੇ ਮਨੋਰਥ 'ਚ ਕਦੇ ਵੀ ਕਾਮਯਾਬ ਨਹੀਂ ਹੋਵੇਗੀ : ਮੁੱਖ ਮੰਤਰੀ ਮਾਨ

**ਨਵਦੀਪ ਸਿੰਘ ਸਾਹਨੀ**

ਜਲੰਧਰ 28 ਅਕਤੂਬਰ। ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਹੈ ਕਿ ਭਾਜਪਾ ਕਦੇ ਵੀ ਆਪਣੇ ਮਨੋਰਥ ਵਿਚ ਕਾਮਯਾਬ ਨਹੀਂ ਹੋਵੇਗੀ। ਉਨ੍ਹਾਂ ਕੱਲ੍ਹ ਦਿੱਲੀ ਵਿਚ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ 'ਤੇ ਹਮਲਾ ਕਰਨ ਦੇ ਯਤਨ ਦੀ ਸਖਤ ਸ਼ਬਦਾਂ ਵਿਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਨੇ ਆਪਣੇ ਅਹੁਦੇਦਾਰਾਂ ਰਾਹੀਂ ਕੇਜਰੀਵਾਲ 'ਤੇ ਹਮਲਾ ਕਰਵਾਉਣ ਦਾ ਯਤਨ ਕੀਤਾ ਪਰ ਦਿੱਲੀ ਵਿਚ ਕੇਜਰੀਵਾਲ ਨੂੰ ਜਨਤਾ ਦਾ ਅਪਾਰ ਸਮਰਥਨ ਮਿਲ ਰਿਹਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਨ੍ਹਾਂ ਲੋਕਾਂ ਨੇ ਹੀ ਪਹਿਲਾਂ ਜੇਲ ਵਿਚ ਉਨ੍ਹਾਂ ਦੇ ਕਤਲ ਦੀ ਸਾਜਿ਼ਸ਼ ਰਚੀ ਸੀ, ਜਿਸ ਵਿਚ ਉਹ ਕਾਮਯਾਬ ਨਹੀਂ ਹੋਏ ਸਨ। ਹੁਣ ਜਨਤਕ ਸਭਾ ਵਿਚ ਉਨ੍ਹਾਂ 'ਤੇ ਹਮਲਾ ਕਰਨ ਦਾ ਯਤਨ ਕੀਤਾ ਗਿਆ ਹੈ। ਭਾਜਪਾ ਭਾਵੇਂ ਕਿੰਨੇ ਵੀ ਯਤਨ ਕਰ



ਲਵੇ ਪਰ ਕੇਜਰੀਵਾਲ ਦੀ ਲੋਕਪ੍ਰਿਯਤਾ ਨੂੰ ਘਟਾਉਣ ਅਤੇ ਉਨ੍ਹਾਂ ਨੂੰ ਹਰਾਉਣ 'ਚ ਕਦੇ ਵੀ ਕਾਮਯਾਬ ਨਹੀਂ ਹੋਵੇਗੀ। ਉਨ੍ਹਾਂ ਕਿਹਾ ਕਿ ਦਿੱਲੀ ਦੀ ਜਨਤਾ ਪੂਰੀ ਤਰ੍ਹਾਂ ਕੇਜਰੀਵਾਲ ਦੇ ਨਾਲ ਹੈ ਅਤੇ ਆਉਂਦੀਆਂ ਵਿਧਾਨ ਸਭਾ ਚੋਣਾਂ ਵਿਚ ਵੀ ਉਨ੍ਹਾਂ ਨੂੰ ਭਾਰੀ ਸਫਲਤਾ ਮਿਲਣ ਵਾਲੀ ਹੈ। ਦੇਸ਼ ਦੇ ਵੱਖ-ਵੱਖ ਸੂਬਿਆਂ ਵਿਚ ਜਨਤਾ ਦਾ ਰੁਝਾਨ ਆਮ ਆਦਮੀ ਪਾਰਟੀ ਵੱਲ ਵਧਦਾ ਵੇਖ ਕੇ ਭਾਜਪਾ ਵਿਚ ਘਬਰਾਹਟ ਵੇਖੀ ਜਾ ਰਹੀ ਹੈ ਅਤੇ ਉਸੇ ਦਾ ਨਤੀਜਾ ਹੈ ਕਿ ਉਨ੍ਹਾਂ ਉੱਪਰ ਹਮਲਾ ਕਰਨ ਦਾ ਯਤਨ ਕੀਤਾ ਗਿਆ ਹੈ। ਬਿਜਲੀ ਮੰਤਰੀ ਹਰਭਜਨ ਸਿੰਘ ਈ. ਟੀ. ਓ. ਨੇ ਵੀ ਕੇਜਰੀਵਾਲ ਉੱਪਰ ਭਾਜਪਾ ਸਮਰਥਕਾਂ ਵੱਲੋਂ ਹਮਲਾ ਕਰਨ ਦੇ ਯਤਨ ਦੀ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਦਿੱਲੀ ਵਿਚ ਵਿਧਾਨ ਸਭਾ ਚੋਣਾਂ ਤੋਂ ਬਾਅਦ 'ਆਪ' ਲਗਾਤਾਰ ਤੀਜੀ ਵਾਰ ਸੱਤਾ ਵਿਚ ਆਏਗੀ। ਦਿੱਲੀ ਚੋਣਾਂ ਦੇ ਨਤੀਜਿਆਂ ਤੋਂ ਬਾਅਦ ਭਾਜਪਾ ਨੂੰ ਪਤਾ ਲੱਗ ਜਾਵੇਗਾ ਕਿ ਉਹ ਕਿੰਨੇ ਪਾਣੀ ਵਿਚ ਹੈ ਅਤੇ ਉਸ ਦੀ ਦਿੱਲੀ ਵਿਚ ਤਾਕਤ ਕਿੰਨੀ ਹੈ।

## ਦਿੱਲੀ 'ਚ ਪ੍ਰਦੂਸ਼ਣ ਘਟਾਉਣ ਲਈ ਨਿਯੁਕਤ ਕੀਤੇ ਜਾਣਗੇ 10 ਹਜਾਰ ਸਿਵਲ ਡਿਫੈਂਸ ਵਾਲੰਟੀਅਰ

ਨਵੀਂ ਦਿੱਲੀ 28 ਅਕਤੂਬਰ। ਦਿੱਲੀ ਸਰਕਾਰ ਸ਼ਹਿਰ ਵਿਚ ਪ੍ਰਦੂਸ਼ਣ ਨੂੰ ਘਟਾਉਣ ਲਈ ਸਬੰਧਿਤ ਉਪਾਅ ਨੂੰ ਲਾਗੂ ਕਰਨ ਵਿਚ ਸਹਾਇਤਾ ਲਈ 10,000 ਸਿਵਲ ਡਿਫੈਂਸ ਵਾਲੰਟੀਅਰਾਂ ਨੂੰ ਤਾਇਨਾਤ ਕਰੇਗੀ। ਇਸ ਸਬੰਧ ਵਿਚ ਇਹ ਜਾਣਕਾਰੀ ਮੁੱਖ ਮੰਤਰੀ ਆਤਿਸ਼ੀ ਵਲੋਂ ਦਿੱਤੀ ਗਈ ਹੈ। ਇਨ੍ਹਾਂ ਸਿਵਲ ਡਿਫੈਂਸ ਵਲੰਟੀਅਰਾਂ ਨੂੰ ਪਿਛਲੇ ਸਾਲ ਨਵੰਬਰ ਵਿਚ ਉਸ ਵੇਲੇ ਬਰਖਾਸਤ ਕਰ ਦਿੱਤਾ ਗਿਆ ਸੀ, ਜਦੋਂ ਉਹ ਬੱਸ ਮਾਰਸ਼ਲ ਵਜੋਂ ਕੰਮ ਕਰ ਰਹੇ ਸਨ। ਆਤਿਸ਼ੀ ਨੇ ਇਕ ਪ੍ਰੈਸ ਕਾਨਫਰੰਸ ਵਿਚ ਕਿਹਾ ਕਿ ਸਿਵਲ ਡਿਫੈਂਸ ਵਲੰਟੀਅਰਾਂ ਨੂੰ ਦਿੱਲੀ ਨਗਰ ਨਿਗਮ (ਐੱਸਸੀਡੀ), ਦਿੱਲੀ ਪ੍ਰਦੂਸਣ ਕੰਟਰੋਲ ਕਮੇਟੀ (ਡੀ.ਪੀ.ਸੀ.ਸੀ.), ਟਰਾਂਸਪੋਰਟ ਵਿਭਾਗ ਅਤੇ ਹੋਰਾਂ ਦੀਆਂ ਟੀਮਾਂ ਦੇ ਨਾਲ ਤਾਇਨਾਤ ਕੀਤਾ ਜਾਵੇਗਾ। ਆਤਿਸੀ ਨੇ ਕਿਹਾ ਕਿ ਇੱਕ ਮੀਟਿੰਗ ਵਿੱਚ ਅਧਿਕਾਰੀਆਂ ਨੇ ਹਵਾ ਪ੍ਰਦੂਸਣ ਨਾਲ ਨਜਿੱਠਣ ਵਿੱਚ ਮਦਦ ਲਈ ਸਹਿਰ ਭਰ ਵਿੱਚ ਸਿਵਲ ਡਿਫੈਂਸ ਵਾਲੰਟੀਅਰਾਂ ਅਤੇ 'ਬੱਸ ਮਾਰਸਲਾਂ' ਦੀ ਭੂਮਿਕਾ 'ਤੇ ਰਣਨੀਤੀ ਬਣਾਈ। ਮੁੱਖ ਮੰਤਰੀ ਨੇ ਕਿਹਾ ਕਿ ਅਗਲੇ ਹਫਤੇ 10,000 ਸਿਵਲ ਡਿਫੈਂਸ ਵਲੰਟੀਅਰਾਂ ਦੀ ਰਜਿਸਟ੍ਰੇਸਨ ਕੀਤੀ ਜਾਵੇਗੀ, ਜਿਸ ਤੋਂ ਬਾਅਦ ਅਗਲੇ ਚਾਰ ਮਹੀਨਿਆਂ ਲਈ ਉਨ੍ਹਾਂ ਨੂੰ ਡਿਊਟੀ ਸੌਂਪੀ ਜਾਵੇਗੀ। ਹਾਲ ਹੀ ਵਿੱਚ ਦਿੱਲੀ ਆਫਤ ਪ੍ਰਬੰਧਨ ਅਥਾਰਟੀ (ਡੀਡੀਐੱਮਏ) ਦੀ ਮੀਟਿੰਗ ਵਿੱਚ ਇਹ ਫੈਸਲਾ ਕੀਤਾ ਗਿਆ ਸੀ ਕਿ ਵੱਖ-ਵੱਖ ਪ੍ਰਦੂਸਣ ਵਿਰੋਧੀ ਉਪਾਵਾਂ ਨੂੰ ਲਾਗੂ ਕਰਨ ਦੌਰਾਨ ਚਾਰ ਮਹੀਨਿਆਂ ਲਈ ਉਨ੍ਹਾਂ ਨੂੰ ਤਾਇਨਾਤ ਕੀਤਾ ਜਾਵੇਗਾ।

# ਦੋ ਦਿਨ ਵਾਇਨਾਡ 'ਚ ਚੋਣ ਪ੍ਰਚਾਰ ਕਰੇਗੀ ਪ੍ਰਿਯੰਕਾ ਗਾਂਧੀ

**ਤੇਜਿੰਦਰ ਕੌਰ ਬੱਬਰ**

ਵਾਇਨਾਡ 28 ਅਕਤੂਬਰ। ਕਾਂਗਰਸ ਦੀ ਜਨਰਲ ਸਕੱਤਰ ਅਤੇ ਵਾਇਨਾਡ ਲੋਕ ਸਭਾ ਉਪ ਚੋਣ ਲਈ ਯੂਨਾਈਟਿਡ ਡੈਮੋਕਰੇਟਿਕ ਫਰੰਟ (ਯੂਡੀਐੱਫ) ਦੀ ਉਮੀਦਵਾਰ ਪ੍ਰਿਅੰਕਾ ਗਾਂਧੀ ਵਾਡਰਾ ਸੋਮਵਾਰ ਤੋਂ ਦੋ ਦਿਨ ਇਸ ਪਹਾੜੀ ਹਲਕੇ ਵਿੱਚ ਪ੍ਰਚਾਰ ਕਰੇਗੀ। ਇਸ ਦੌਰਾਨ ਉਹਨਾਂ ਵਲੋਂ ਵੋਟਰਾਂ ਨਾਲ ਗੱਲਬਾਤ ਕੀਤੀ ਜਾਵੇਗੀ ਅਤੇ ਜਨਤਕ ਮੀਟਿੰਗਾਂ ਨੂੰ ਸੰਬੋਧਨ ਕੀਤਾ ਜਾਵੇਗਾ। ਪਾਰਟੀ ਆਗੂਆਂ ਵਲੋਂ ਇਸ ਗੱਲ ਦੀ ਜਾਣਕਾਰੀ ਦਿੱਤੀ ਗਈ ਹੈ। ਪ੍ਰਿਅੰਕਾ ਦੀ ਮੁਹਿੰਮ ਸੋਮਵਾਰ ਨੂੰ 'ਨੀਲਗਿਰੀ ਕਾਲਜ ਆਫ ਆਰਟਸ ਐਂਡ ਸਾਇੰਸ' ਤੋਂ ਸੁਰੂ ਹੋਵੇਗੀ, ਜਿੱਥੇ ਉਸ ਦੇ ਸਵੇਰੇ 11.20 ਵਜੇ ਹੈਲੀਕਾਪਟਰ ਰਾਹੀਂ ਪਹੁੰਚਣ ਦੀ ਸੰਭਾਵਨਾ ਹੈ। ਉਨ੍ਹਾਂ ਦੀ ਪਹਿਲੀ ਮੀਟਿੰਗ ਸੁਲਤਾਨ ਬਟੇਰੀ ਵਿਧਾਨ ਸਭਾ ਹਲਕੇ ਦੇ ਮੀਨਾਗੜ੍ਹੀ ਵਿੱਚ ਹੋਵੇਗੀ। ਇਸ ਤੋਂ ਬਾਅਦ ਦੁਪਹਿਰ 2.30 ਵਜੇ ਮਾਨੰਥਵਾੜੀ ਵਿਧਾਨ ਸਭਾ ਹਲਕੇ ਦੇ ਪਨਾਰਾਮ ਵਿਖੇ ਇਕ ਜਨ ਸਭਾ ਕੀਤੀ ਜਾਵੇਗੀ। ਉਹ ਸਾਮ 4.30 ਵਜੇ ਕਲਪੇਟਾ ਵਿਧਾਨ ਸਭਾ ਹਲਕੇ ਦੇ ਪੁਜ਼ਥਾਨਾ ਵਿਖੇ ਇੱਕ ਹੋਰ ਜਨ ਸਭਾ ਨੂੰ ਸੰਬੋਧਨ ਕਰੇਗੀ। ਪ੍ਰਿਅੰਕਾ ਨੇ ਆਪਣੇ ਭਰਾ ਰਾਹੁਲ ਗਾਂਧੀ, ਮਾਂ ਸੋਨੀਆ ਗਾਂਧੀ ਅਤੇ ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਅਤੇ ਸੂਬਾਈ ਕਾਂਗਰਸ ਨੇਤਾਵਾਂ ਦੇ ਨਾਲ 22



ਅਕਤੂਬਰ ਨੂੰ ਕਲਪੇਟਾ ਸਹਿਰ ਵਿੱਚ ਇੱਕ ਰੋਡ ਸੋਅ ਤੋਂ ਬਾਅਦ ਆਪਣਾ ਨਾਮਜਦਗੀ ਪੱਤਰ ਦਾਖਲ ਕੀਤਾ ਸੀ। ਇਸ ਤੋਂ ਬਾਅਦ ਵਾਇਨਾਡ ਦਾ ਇਹ ਉਨ੍ਹਾਂ ਦਾ ਦੂਜਾ ਦੌਰਾ ਹੈ। ਕਾਂਗਰਸ ਨੇਤਾ ਰਾਹੁਲ ਗਾਂਧੀ ਦੇ ਅਸਤੀਫੇ ਕਾਰਨ ਵਾਇਨਾਡ ਸੀਟ 'ਤੇ ਉਪ ਚੋਣ ਹੋਣੀ ਹੈ। ਰਾਹੁਲ ਨੇ ਇਸ ਸਾਲ ਹੋਈਆਂ ਆਮ ਚੋਣਾਂ ਵਿੱਚ ਉੱਤਰ ਪ੍ਰਦੇਸ ਦੀਆਂ ਵਾਇਨਾਡ ਅਤੇ ਰਾਏਬਰੇਲੀ ਦੋਵਾਂ ਸੀਟਾਂ ਤੋਂ ਜਿੱਤ ਹਾਸਲ ਕੀਤੀ ਸੀ। ਬਾਅਦ ਵਿੱਚ ਉਸਨੇ ਵਾਇਨਾਡ ਤੋਂ ਅਸਤੀਫਾ ਦੇ ਦਿੱਤਾ। ਜਿ਼ਮਨੀ ਚੋਣ ਲਈ ਵੋਟਿੰਗ 13 ਨਵੰਬਰ ਨੂੰ ਹੋਵੇਗੀ। ਪ੍ਰਿਅੰਕਾ ਦੀ ਚੋਣ ਪ੍ਰਚਾਰ ਮੁਹਿੰਮ ਮੰਗਲਵਾਰ ਨੂੰ ਵੀ ਜਾਰੀ ਰਹੇਗੀ। ਉਹ ਸਵੇਰੇ 9.30 ਵਜੇ ਤਿਰੂਵਾਂਬਦੀ ਵਿੱਚ ਇੱਕ ਮੀਟਿੰਗ ਨੂੰ ਸੰਬੋਧਨ ਕਰੇਗੀ ਅਤੇ ਇਸ ਤੋਂ ਬਾਅਦ ਏਂਗਪੁਝਾ ਵਿੱਚ ਇੱਕ ਮੀਟਿੰਗ ਕਰੇਗੀ। ਉਹ ਦੁਪਹਿਰ 12:30 ਵਜੇ ਇਰਨਾਡ ਅਤੇ ਫਿਰ ਥੈਰੇਟਮਲ ਵਿਖੇ ਮੀਟਿੰਗਾਂ ਨੂੰ ਵੀ ਸੰਬੋਧਨ ਕਰੇਗੀ। ਉਹ ਦੁਪਹਿਰ 3 ਵਜੇ ਵੰਡੂਰ ਅਤੇ ਮਾਮਪਦ ਵਿਖੇ ਪਾਰਟੀ ਵਰਕਰਾਂ ਨੂੰ ਸੰਬੋਧਨ ਕਰੇਗੀ ਅਤੇ ਸਾਮ 4:30 ਵਜੇ ਨੀਲਾਂਬੁਰ ਵਿਖੇ ਇੱਕ ਮੀਟਿੰਗ ਨੂੰ ਸੰਬੋਧਨ ਕਰੇਗੀ। ਇਸ ਤੋਂ ਬਾਅਦ ਉਹ ਚੁੰਗਥਾਰਾ ਜਾਵੇਗੀ। ਆਲ ਇੰਡੀਆ ਕਾਂਗਰਸ ਕਮੇਟੀ ਦੇ ਜਨਰਲ ਸਕੱਤਰ ਕੇਸੀ ਵੇਣੂਗੋਪਾਲ ਅਤੇ ਹੋਰ ਉੱਘੇ ਨੇਤਾ ਪ੍ਰਿਅੰਕਾ ਦੇ ਨਾਲ ਜਿ਼ਲ੍ਹੇ ਵਿੱਚ ਵੱਖ-ਵੱਖ ਪ੍ਰੋਗਰਾਮਾਂ ਵਿੱਚ ਆਉਣ ਦੀ ਸੰਭਾਵਨਾ ਹੈ। ਪ੍ਰਿਅੰਕਾ ਵਾਇਨਾਡ ਲੋਕ ਸਭਾ ਸੀਟ ਤੋਂ ਸੀਨੀਅਰ ਖੱਬੇ ਜਮਹੂਰੀ ਮੋਰਚੇ (ਐਲਡੀਐਫ) ਦੇ ਨੇਤਾ ਸਤਿਆਨ ਮੋਕੇਰੀ, ਸਾਬਕਾ ਵਿਧਾਇਕ ਅਤੇ ਭਾਰਤੀ ਜਨਤਾ ਪਾਰਟੀ (ਭਾਜਪਾ) ਦੇ ਉਮੀਦਵਾਰ ਨਵਿਆ ਹਰਿਦਾਸ ਤੋਂ ਚੋਣ ਲੜ ਰਹੀ ਹੈ।

## ਜੰਮੂ 'ਚ ਫੌਜ ਅਤੇ ਅੱਤਵਾਦੀਆਂ ਵਿਚਾਲੇ ਜਬਰਦਸਤ ਮੁਕਾਬਲਾ, 1 ਅੱਤਵਾਦੀ ਢੇਰ

ਜੰਮੂ (ਯੂ. ਐੱਨ. ਆਈ.) 28 ਅਕਤੂਬਰ। ਜੰਮੂ ਦੇ ਸੁੰਦਰਬਨੀ ਸੈਕਟਰ ਵਿਚ ਕੰਟਰੋਲ ਰੇਖਾ ਦੇ ਨੇੜੇ ਸੋਮਵਾਰ ਸਵੇਰੇ ਅੱਤਵਾਦੀਆਂ ਵੱਲੋਂ ਫੌਜ ਦੇ ਵਾਹਨ 'ਤੇ ਗੋਲੀਬਾਰੀ ਕਰਨ ਤੋਂ ਬਾਅਦ ਸੁਰੱਖਿਆ ਬਲਾਂ ਅਤੇ ਅੱਤਵਾਦੀਆਂ ਵਿਚਾਲੇ ਹੋਏ ਜਬਰਦਸਤ ਮੁਕਾਬਲੇ ਵਿਚ ਇਕ ਅੱਤਵਾਦੀ ਮਾਰਿਆ ਗਿਆ। ਫੌਜ ਨੇ ਸਾਮ ਨੂੰ ਇਕ ਅੱਤਵਾਦੀ ਦੇ ਮਾਰੇ ਜਾਣ ਦੀ ਪੁਸਟੀ ਕੀਤੀ ਹੈ। ਫੌਜ ਦੇ ਬੁਲਾਰੇ ਨੇ ਦੱਸਿਆ, "ਇਕ ਅੱਤਵਾਦੀ ਦੀ ਲਾਸ ਅਤੇ ਉਸ ਦਾ ਹਥਿਆਰ ਬਰਾਮਦ ਕਰ ਲਿਆ ਗਿਆ ਹੈ ਅਤੇ ਕਾਰਵਾਈ ਜਾਰੀ ਹੈ। ਹਾਲਾਂਕਿ ਇਸ ਤੋਂ ਪਹਿਲਾਂ ਆਪਰੇਸਨ 'ਚ ਤਿੰਨ ਅੱਤਵਾਦੀਆਂ ਦੇ ਮਾਰੇ ਜਾਣ ਦੀਆਂ ਖਬਰਾਂ ਦਾ ਖੰਡਨ ਕਰਦੇ ਹੋਏ ਪੁਲਸ ਬੁਲਾਰੇ ਨੇ ਕਿਹਾ, "ਅਸੀਂ ਅਖਨੂਰ 'ਚ ਮੁਕਾਬਲੇ 'ਚ ਤਿੰਨ ਅੱਤਵਾਦੀਆਂ ਦੇ ਮਾਰੇ ਜਾਣ ਦੀਆਂ ਖਬਰਾਂ ਦਾ ਖੰਡਨ ਕਰਦੇ ਹਾਂ। ਇਹ ਪੁਸਟੀ ਕੀਤੀ ਗਈ ਹੈ ਕਿ ਫੌਜੀ ਵਾਹਨ 'ਤੇ ਹੋਏ ਹਮਲੇ ਵਿਚ ਕਿਸੇ ਦੇ ਜਖਮੀ ਹੋਣ ਦੀ ਖਬਰ ਨਹੀਂ ਹੈ ਅਤੇ ਹੋਰ ਵੇਰਵਿਆਂ ਦੀ ਜਾਂਚ ਕੀਤੀ ਜਾ ਰਹੀ ਹੈ। ਬੁਲਾਰੇ ਨੇ ਦੱਸਿਆ, "ਸਥਿਤੀ ਕੰਟਰੋਲ ਹੇਠ ਹੈ ਅਤੇ ਅਸੀਂ ਲੋਕਾਂ ਨੂੰ ਸਾਂਤੀ ਬਣਾਈ ਰੱਖਣ ਅਤੇ ਅਪੁਸਟ ਸੂਚਨਾਵਾਂ ਨੂੰ ਫੈਲਾਉਣ ਤੋਂ ਬਚਣ ਦੀ ਅਪੀਲ ਕਰਦੇ ਹਾਂ।" ਇਸ ਦੌਰਾਨ ਅਧਿਕਾਰਤ ਸੂਤਰਾਂ ਨੇ ਦੱਸਿਆ ਕਿ ਅੱਤਵਾਦੀਆਂ ਨੇ ਅੱਜ ਤੜਕੇ ਜੰਮੂ ਦੇ ਅਖਨੂਰ ਦੇ ਸੁੰਦਰਬਨੀ ਸੈਕਟਰ ਵਿਚ ਕੰਟਰੋਲ ਰੇਖਾ ਦੇ ਨੇੜੇ ਬਟਾਲ ਕੇਰੀ-ਜੋਗਵਾਨ ਖੇਤਰ ਵਿਚ ਫੌਜ ਦੀ



ਇਕ ਐਂਬੂਲੈਂਸ 'ਤੇ ਗੋਲੀਬਾਰੀ ਕੀਤੀ। ਉਨ੍ਹਾਂ ਨੇ ਕਿਹਾ, "ਅਖਨੂਰ ਦੇ ਸੁੰਦਰਬਨੀ ਸੈਕਟਰ ਦੇ ਖੌਰ ਇਲਾਕੇ 'ਚ ਬਟਾਲ ਦੇ ਅਸਨ ਮੰਦਰ ਨੇੜੇ ਤਿੰਨ ਅੱਤਵਾਦੀਆਂ ਨੂੰ ਦੇਖਿਆ ਗਿਆ ਹੈ। ਉਨ੍ਹਾਂ ਨੇ ਕਿਹਾ ਕਿ ਅੱਤਵਾਦੀਆਂ ਨੇ ਫੌਜ ਦੀ ਐਂਬੂਲੈਂਸ 'ਤੇ ਕੁਝ ਗੋਲੀਆਂ ਚਲਾਈਆਂ, ਜਿਸ ਤੋਂ ਬਾਅਦ ਇਲਾਕੇ ਨੂੰ ਘੇਰ ਲਿਆ ਗਿਆ ਅਤੇ ਪੁਲਸ ਅਤੇ ਸੁਰੱਖਿਆ ਬਲਾਂ ਵੱਲੋਂ ਸਾਂਝੀ ਤਲਾਸੀ ਮੁਹਿੰਮ ਚਲਾਈ ਗਈ।

# ਮੁੜ ਵਿਵਾਦਾਂ 'ਚ ਘਿਰਿਆ ਕੁੱਲ੍ਹੜ ਪਿੱਜਾ ਕੱਪਲ, ਲਾਈਵ ਹੋ ਕੇ ਨਿਹੰਗ ਸਿੰਘ ਨੇ ਫਿਰ ਦਿੱਤੀ ਧਮਕੀ

ਜਲੰਧਰ 28 ਅਕਤੂਬਰ। ਜਲੰਧਰ ਦਾ ਮਸ਼ਹੂਰ ਕੁੱਲ੍ਹੜ ਪਿੱਜਾ ਕੱਪਲ ਇਕ ਵਾਰ ਫਿਰ ਤੋਂ ਵਿਵਾਦਾਂ ਵਿਚ ਘਿਰਦਾ ਨਜ਼ਰ ਆ ਰਿਹਾ ਹੈ। ਨਿਹੰਗ ਸਿੰਘਾਂ ਵੱਲੋਂ ਕੀਤੇ ਗਏ ਵਿਰੋਧ ਅਤੇ ਮਿਲੀ ਧਮਕੀ ਤੋਂ ਬਾਅਦ ਹੁਣ ਕੁੱਲ੍ਹੜ ਪਿੱਜਾ ਕੱਪਲ ਨੇ ਇਕ ਬਿਆਨ ਜਾਰੀ ਕੀਤਾ ਹੈ। ਕੱਪਲ ਨੇ ਕਿਹਾ ਕਿ ਉਹ ਆਪਣੇ ਪਰਿਵਾਰ ਨਾਲ ਸ੍ਰੀ ਦਰਬਾਰ ਸਾਹਿਬ ਜਾਣਗੇ ਅਤੇ ਆਪਣੀ ਅਰਜੀ ਲਾਉਣਗੇ। ਸਹਿਜ ਅਰੋੜਾ ਨੇ ਲਾਈਵ ਹੋ ਕੇ ਕਿਹਾ ਕਿ ਮੈਂ ਸ੍ਰੀ ਦਰਬਾਰ ਸਾਹਿਬ ਪਹੁੰਚਣ ਤੋਂ ਬਾਅਦ ਮੈਂ ਪੁੱਛਾਂਗਾ ਕਿ ਕੀ ਮੈਂ ਦਸਤਾਰ (ਦਸਤਾਰ) ਸਜਾ ਸਕਦਾ ਹਾਂ ਜਾਂ ਨਹੀਂ ਪਰ ਜੇਕਰ ਮੈਂ ਗਲਤ ਹਾਂ ਤਾਂ ਮੈਨੂੰ ਸਜਾ ਮਿਲਣੀ ਚਾਹੀਦੀ ਹੈ। ਵੀਡੀਓ 'ਚ ਸਹਿਜ ਅਤੇ ਉਨ੍ਹਾਂ ਦੀ ਪਤਨੀ ਗੁਰਪ੍ਰੀਤ ਕੌਰ ਵੀ ਮੌਜੂਦ ਹਨ। ਵੀਡੀਓ ਸੋਸਲ ਮੀਡੀਆ 'ਤੇ ਕਾਫੀ ਵਾਇਰਲ ਹੋ ਰਿਹਾ ਹੈ। ਸਹਿਜ ਅਰੋੜਾ ਅਤੇ ਗੁਰਪ੍ਰੀਤ ਕੌਰ ਵੱਲੋਂ ਦਿੱਤੇ ਗਏ ਬਿਆਨ ਤੋਂ ਬਾਅਦ ਮਾਨ ਸਿੰਘ ਬਾਬਾ (ਨਿਹੰਗ ਸਿੰਘ) ਨੇ ਫਿਰ ਨਵੀਂ ਵੀਡੀਓ ਜਾਰੀ ਕੀਤੀ ਹੈ, ਜਿਸ ਵਿਚ ਮਾਨ ਸਿੰਘ ਨੇ ਕੁੱਲ੍ਹੜ ਪਿੱਜਾ ਕੱਪਲ ਧਮਕਾਉਂਦੇ ਹੋਏ ਕਿਹਾ ਹੈ ਕਿ ਉਹ ਕੱਲ੍ਹ ਯਾਨੀ ਕਿ ਸੋਮਵਾਰ ਨੂੰ ਸਵੇਰੇ 11.30 ਵਜੇ ਫਿਰ ਤੋਂ ਉਨ੍ਹਾਂ ਦੇ ਰੈਸਟੋਰੈਂਟ ਦੇ ਬਾਹਰ ਪਹੁੰਚਣਗੇ। ਤੁਸੀਂ ਸਾਡੇ ਨਾਲ ਬੈਠ ਕੇ ਜੋ ਵੀ ਗੱਲ ਕਰਨਾ ਚਾਹੁੰਦੇ ਹੋ ਕਰ ਸਕਦੇ ਹੋ। ਤੁਹਾਡੀ ਭਲਾਈ ਇਸ ਵਿਚ ਹੀ ਹੈ ਕਿ ਤੁਸੀਂ ਇਸ ਮਾਮਲੇ ਨੂੰ ਜਿ਼ਆਦਾ ਵੱਡਾ ਨਾ ਕਰੋ। ਮਾਨ ਸਿੰਘ ਨੇ ਕਿਹਾ ਕਿ ਮੈਂ ਤੁਹਾਡੇ ਛੋਟੇ ਭਰਾ ਵਾਂਗ ਸਹਿਜ ਅਰੋੜਾ ਨੂੰ ਸਮਝਾਵਾਂਣਗੇ ਕਿ ਜੋ ਸਾਡੀਆਂ ਮੰਗਾਂ ਹਨ, ਉਹ ਸਾਡੀਆਂ ਪੂਰੀਆਂ ਕਰੋ। ਸਾਨੂੰ ਕੋਈ ਪੈਸੇ ਦਾ ਲਾਲਚ ਨਹੀਂ ਅਤੇ ਨਾ ਹੀ ਸਾਨੂੰ ਕੋਈ ਮਾਂ ਦਾ ਪੁੱਤ ਖਰੀਦ ਸਕਦਾ ਹੈ। ਮੈਨੂੰ ਸਾਰੀ ਜਾਣਕਾਰੀ ਮਿਲ ਚੁੱਕੀ ਹੈ ਕਿ ਕੁੱਲ੍ਹੜ ਪਿੱਜਾ ਕੱਪਲ ਵਾਲਿਆਂ ਨੇ ਬਹੁਤੇ ਲੋਕਾਂ ਨੂੰ ਪੈਸੇ ਦਿੱਤੇ ਹਨ। ਉਨ੍ਹਾਂ ਕਿਹਾ ਕਿ ਅਸੀਂ ਮਾਝੇ ਵਾਲੇ ਹਾਂ ਅਤੇ ਪੈਸਿਆਂ ਨਾਲ ਵਿੱਕਣ ਵਾਲੇ ਨਹੀਂ ਹਾਂ। ਪ੍ਰਸ਼ਾਸਨ ਦੇ ਅਧਿਕਾਰੀਆਂ ਨੂੰ ਵੀ ਬੁਲਾ ਲਿਆ ਜਾਵੇਗਾ। ਜਿਹੜੇ ਬਾਊਂਸਰ ਸਹਿਜ ਅਰੋੜਾ ਨੇ ਬੁਲਾਉਣੇ ਹਨ, ਉਹ ਬੁਲਾ ਲਵੇ। ਸਹਿਜ ਅਰੋੜਾ ਵੱਲੋਂ ਸ੍ਰੀ ਦਰਬਾਰ ਸਾਹਿਬ ਵਿਚ ਜਾ ਕੇ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਕੋਲੋਂ ਸਜਾ ਲਾਉਣ ਸਬੰਧੀ ਕਹੀ ਗਈ ਗੱਲ 'ਤੇ ਬੋਲਦੇ ਹੋਏ ਨਿਹੰਗ ਸਿੰਘ ਨੇ ਕਿਹਾ ਕਿ ਅਕਾਲ ਤਖਤ ਸਾਹਿਬ ਦੇ ਜਥੇਦਾਰ ਨੇ ਕਿਹੜੀ ਅਥਾਰਿਟੀ ਦਿੱਤੀ ਹੈ ਕਿ ਤੁਸੀਂ ਅਜਿਹੀਆਂ ਵੀਡੀਓਜ ਬਣਾਓ ਅਤੇ ਸੋਸ਼ਲ ਮੀਡੀਆ 'ਤੇ ਅਪਲੋਡ ਕਰੋ। ਉਨ੍ਹਾਂ ਭੈਣ-ਭਰਾਵਾਂ ਵੱਲੋਂ ਸਾਥ ਦੇਣ ਨੂੰ ਲੈ ਗੱਲਬਾਤ ਕਰਦੇ ਹੋਏ ਕਿਹਾ ਕਿ ਜਿਹੜੇ ਭੈਣ-ਭਰਾਵਾਂ ਦੇ ਮੈਨੂੰ ਫੋਨ ਆਏ ਹਨ, ਉਨ੍ਹਾਂ ਦਾ ਬੇਹੱਦ ਧੰਨਵਾਦ ਹੈ। ਉਨ੍ਹਾਂ ਵੱਲੋਂ ਬੇਨਤੀ ਕਰਦੇ ਹੋਏ ਕਿਹਾ ਕਿ ਕੱਲ੍ਹ ਕੋਈ ਵੀ ਹੁੱਲੜਬਾਜੀ ਨਾ ਕੀਤੀ ਜਾਵੇ,ਜੇਕਰ ਕੋਈ ਨੁਕਸਾਨ ਹੁੰਦਾ ਹੈ ਤਾਂ ਉਸ ਦੇ ਜਿ਼ੰਮੇਵਾਰ ਅਸੀਂ ਨਹੀਂ ਹੋਵਾਂਗੇ। ਉਥੇ ਹੀ ਲਾਈਵ ਹੋ ਕੇ ਸਹਿਜ ਨੇ ਕਿਹਾ ਕਿ ਮੇਰੇ ਅਤੇ ਮੇਰੇ ਪਰਿਵਾਰ ਨਾਲ ਜਿੱਥੇ ਵੀ ਗਲਤ ਹੋ ਰਿਹਾ ਹੈ, ਸਾਡੇ ਵਿਚਾਰ ਸੁਣੇ ਜਾਣੇ ਚਾਹੀਦੇ ਹਨ। ਸਹਿਜ ਨੇ ਅੱਗੇ ਕਿਹਾ ਕਿ ਮੈਨੂੰ ਭਰੋਸਾ ਹੈ ਕਿ ਸਾਨੂੰ ਨਿਆਂ ਮਿਲੇਗਾ। ਕਿਉਂਕਿ ਸਾਡੀ ਸੰਸਥਾ ਸਹੀ ਨੂੰ ਸਹੀ ਅਤੇ ਗਲਤ ਨੂੰ ਗਲਤ ਕਰਾਰ ਦਿੰਦੀ ਹੈ। ਮੇਰੀ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਾਹਿਬ ਨੂੰ ਬੇਨਤੀ ਹੈ ਕਿ ਮੇਰੀ ਅਤੇ ਮੇਰੇ ਪਰਿਵਾਰ ਦੀ ਸੁਰੱਖਿਆ ਦਾ ਧਿਆਨ ਰੱਖਿਆ ਜਾਵੇ ਅਤੇ ਮੇਰੇ ਰੈਸਟੋਰੈਂਟ ਦੀ ਸੁਰੱਖਿਆ ਦਾ ਵੀ ਧਿਆਨ ਰੱਖਿਆ ਜਾਵੇ।

## 22 ਸਾਲਾ ਮੁਸਲਿਮ ਵਿਅਕਤੀ ਨੇ ਨਾਬਾਲਗ ਲੜਕੀ ਨਾਲ ਕੀਤੀ ਛੇੜਛਾੜ

ਮਹਾਰਾਸਟਰ 28 ਅਕਤੂਬਰ। ਮਹਾਰਾਸਟਰ ਦੇ ਠਾਣੇ ਜਿ਼ਲ੍ਹੇ ਦੇ ਭਿਵੰਡੀ ਸਹਿਰ ਤੋਂ ਇੱਕ ਬਹੁਤ ਹੈਰਾਨ ਕਰਨ ਵਾਲੀ ਘਟਨਾ ਸਾਹਮਣੇ ਆਈ ਹੈ। ਜਿੱਥੇ 12 ਸਾਲਾ ਨਾਬਾਲਗ ਸਕੂਲੀ ਵਿਦਿਆਰਥਣ ਨਾਲ ਛੇੜਛਾੜ ਹੋਣ ਦੀ ਘਟਨਾ ਦਾ ਪਤਾ ਲੱਗਾ ਹੈ। ਵਿਦਿਆਰਥਣ ਦੀ ਸਿ਼ਕਾਇਤ 'ਤੇ ਪੁਲਸ ਨੇ ਦੋਸੀ ਖਿ਼ਲਾਫ ਭਾਰਤੀ ਨਿਆਂ ਸੰਹਿਤਾ ਅਤੇ ਪੋਕਸੋ ਐਕਟ ਦੇ ਤਹਿਤ ਮਾਮਲਾ ਦਰਜ ਕਰ ਲਿਆ। ਦੱਸ ਦੇਈਏ ਕਿ ਦੋਸੀ ਦੀ ਪਛਾਣ ਸਫੀਉੱਲਾ ਮਤੀਉੱਲਾ ਅੰਸਾਰੀ (22) ਵਜੋਂ ਹੋਈ ਹੈ। ਉਸ ਖਿ਼ਲਾਫ ਮੰਗਲਵਾਰ ਨੂੰ ਸਾਂਤੀਨਗਰ ਪੁਲਸ ਸਟੇਸਨ 'ਚ ਮਾਮਲਾ ਦਰਜ ਕੀਤਾ ਗਿਆ ਸੀ। ਦੱਸਿਆ ਗਿਆ ਹੈ ਕਿ 19 ਅਕਤੂਬਰ ਨੂੰ ਦੋਸੀ ਨੇ ਪੀੜਤਾ ਨੂੰ ਉਸ ਦੇ ਸਕੂਲ ਦੇ ਮੈਦਾਨ 'ਚ ਪਹਿਲੀ ਵਾਰ ਪਰੇਸਾਨ ਕੀਤਾ ਅਤੇ ਉਸ ਨੂੰ ਗਲਤ ਤਰੀਕੇ ਨਾਲ ਛੂਹਿਆ। ਜਦੋਂ ਪੀੜਤਾ ਆਪਣੀ ਮਾਸੀ ਨਾਲ ਸਕੂਲ ਤੋਂ ਘਰ ਵਾਪਸ ਆ ਰਹੀ ਸੀ ਤਾਂ ਦੋਸੀ ਨੇ ਉਨ੍ਹਾਂ ਦਾ ਪਿੱਛਾ ਕੀਤਾ ਅਤੇ ਉਨ੍ਹਾਂ ਨਾਲ ਛੇੜਛਾੜ ਕੀਤੀ। ਜਦੋਂ ਪੀੜਤਾ ਦੀ ਮਾਸੀ ਨੇ ਦੋਸੀ ਦੇ ਵਿਵਹਾਰ 'ਤੇ ਇਤਰਾਜ ਕੀਤਾ ਤਾਂ ਉਸ ਨੇ ਉਸ ਨਾਲ ਵੀ ਦੁਰਵਿਵਹਾਰ ਕੀਤਾ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ। ਪੁਲਸ ਨੇ ਕਿਹਾ ਕਿ ਪੀੜਤਾ ਅਤੇ ਉਸਦੇ ਪਰਿਵਾਰਕ ਮੈਂਬਰਾਂ ਦੀ ਸਿ਼ਕਾਇਤ ਦੇ ਆਧਾਰ 'ਤੇ ਭਾਰਤੀ ਨਿਆਂ ਸੰਹਿਤਾ (ਬੀਐੱਨਐੱਸ) ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਗਿਆ ਹੈ। ਪੁਲਸ ਮਾਮਲੇ ਦੀ ਜਾਂਚ ਕਰ ਰਹੀ ਹੈ ਅਤੇ ਦੋਸੀ ਦੀ ਭਾਲ ਕਰ ਰਹੀ ਹੈ।



## ਅੰਗਰੇਜੀ ਸਰਾਬ ਦੇ ਨਾਜਾਇਜ ਧੰਦੇ ਦਾ ਪਰਦਾਫਾਸ, ਠੇਕੇਦਾਰ ਤੇ ਭਤੀਜਾ ਗ੍ਰਿਫਤਾਰ

ਅੰਮ੍ਰਿਤਸਰ 28 ਅਕਤੂਬਰ। ਕਮਿਸਨਰੇਟ ਪੁਲਸ ਨੇ ਅੰਮ੍ਰਿਤਸਰ ਵਿਚ ਚੱਲ ਰਹੇ ਅੰਗਰੇਜੀ ਸਰਾਬ ਦੇ ਗੈਰ-ਕਾਨੂੰਨੀ ਧੰਦੇ ਦਾ ਪਰਦਾਫਾਸ ਕੀਤਾ ਹੈ, ਜਿਸ ਤਹਿਤ ਪੁਲਸ ਨੇ ਸਰਾਬ ਦੇ ਠੇਕੇਦਾਰ ਰਾਜ ਕੁਮਾਰ ਬਾਬਾ ਅਤੇ ਉਸ ਦੇ ਭਾਣਜੇ ਰਿਤਿਕ ਕਮਲ ਕੋਹਲੀ ਨੂੰ ਗ੍ਰਿਫਤਾਰ ਕੀਤਾ ਹੈ। ਇਸ ਸਮੁੱਚੀ ਕਾਰਵਾਈ ਵਿਚ ਪੁਲਸ ਨੇ ਵੱਖ-ਵੱਖ ਮਾਰਕੇ ਦੀਆਂ 369 ਬੋਤਲਾਂ ਸਰਾਬ ਦੀਆਂ ਬਰਾਮਦ ਕੀਤੀਆਂ ਹਨ। ਇਹ ਦੀ ਜਾਣਕਾਰੀ ਏ. ਸੀ. ਪੀ. ਨਾਰਥ ਮਨਿੰਦਰਪਾਲ ਸਿੰਘ ਨੇ ਪ੍ਰੈੱਸ ਕਾਨਫਰੰਸ ਦੌਰਾਨ ਦਿੱਤੀ। ਉਨ੍ਹਾਂ ਦੱਸਿਆ ਕਿ ਕੁਝ ਸਮੇਂ ਤੋਂ ਉਨ੍ਹਾਂ ਨੂੰ ਲਗਾਤਾਰ ਸੂਚਨਾਵਾਂ ਮਿਲ ਰਹੀਆਂ ਸਨ ਕਿ ਮੁਲਜਮ ਚੰਡੀਗੜ੍ਹ ਤੋਂ ਸਰਾਬ ਲਿਆ ਕੇ ਅੰਮ੍ਰਿਤਸਰ ਦੇ ਵੱਖ-ਵੱਖ ਇਲਾਕਿਆਂ ਵਿਚ ਵੇਚ ਰਿਹਾ ਹੈ, ਜਿਸ 'ਤੇ ਰਾਜਿੰਦਰ ਨਗਰ



ਵਿਚ ਛਾਪੇਮਾਰੀ ਕਰ ਕੇ ਰਿਤਿਕ ਕਮਲ ਕੋਹਲੀ ਨੂੰ ਗ੍ਰਿਫਤਾਰ ਕਰ ਲਿਆ ਗਿਆ ਤੇ ਸ਼ਰਾਬ ਬਰਾਮਦ ਕੀਤੀ ਗਈ। ਜਦੋਂ ਰਿਤਿਕ ਤੋਂ ਪੁੱਛਗਿੱਛ ਕੀਤੀ ਗਈ ਤਾਂ ਉਸ ਨੇ ਆਪਣੇ ਮਾਮੇ ਰਾਏ ਕੁਮਾਰ ਬਾਬਾ ਦਾ ਨਾਂ ਲਿਆ, ਜਿਸ ਨੂੰ ਛਾਪਾ ਮਾਰ ਕੇ ਗ੍ਰਿਫਤਾਰ ਕੀਤਾ ਗਿਆ। ਪੁਲਸ ਨੇ ਮੁਲਜਮਾਂ ਖਿ਼ਲਾਫ ਕੇਸ ਦਰਜ ਕਰ ਕੇ ਉਨ੍ਹਾਂ ਨੂੰ ਮਾਣਯੋਗ ਅਦਾਲਤ ਵਿਚ ਪੇਸ ਕੀਤਾ, ਜਿਨ੍ਹਾਂ ਤੋ ਬਾਰੀਕੀ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।

## ਸੈਨੇਟਰੀ ਅਤੇ ਹਾਰਡਵੇਅਰ ਦੀ 4 ਮੰਜ਼ਿਲਾਂ ਦੁਕਾਨ ਨੂੰ ਲੱਗੀ ਭਿਆਨਕ ਅੱਗ, ਲੱਖਾਂ ਦਾ ਨੁਕਸਾਨ

ਬਟਾਲਾ 28 ਅਕਤੂਬਰ। ਬੀਤੀ ਦੇਰ ਰਾਤ ਸਥਾਨਕ ਗਾਂਧੀ ਚੌਕ ਵਿਖੇ ਸਥਿਤ ਸੈਨੇਟਰੀ ਤੇ ਹਾਰਡਵੇਅਰ ਦੀ ਦੁਕਾਨ ਨੂੰ ਭਿਆਨਕ ਅੱਗ ਲੱਗਣ ਨਾਲ ਲੱਖਾਂ ਦਾ ਨੁਕਸਾਨ ਹੋਣ ਦਾ ਸਮਾਚਾਰ ਮਿਲਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਦੁਕਾਨ ਦੇ ਮਾਲਕ ਸੰਦੀਪ ਕੁਮਾਰ ਨੇ ਦੱਸਿਆ ਕਿ ਉਹ ਰੋਜ਼ਾਨਾ ਦੀ ਤਰ੍ਹਾਂ ਆਪਣੀ ਦੁਕਾਨ ਬੰਦ ਕਰਕੇ ਘਰ ਚਲੇ ਗਏ ਸੀ ਕਿ ਦੇਰ ਰਾਤ ਉਨ੍ਹਾਂ ਨੂੰ ਕਿਸੇ ਨੇ ਇਤਲਾਹ ਦਿੱਤੀ ਕਿ ਤੁਹਾਡੀ ਦੁਕਾਨ ਨੂੰ ਅੱਗ ਲੱਗ ਗਈ ਹੈ, ਜਿਸ ਦੇ ਤੁਰੰਤ ਬਾਅਦ ਉਹ ਮੌਕੇ 'ਤੇ ਪਹੁੰਚੇ ਤਾਂ ਦੇ



ਖਿਆ ਕਿ ਦੁਕਾਨ ਦੀ ਸਭ ਤੋਂ ਉੱਚੀ ਮੰਜ਼ਿਲ 'ਤੋਂ ਇਹ ਅੱਗ ਸ਼ੁਰੂ ਹੋਈ ਸੀ। ਉਕਤ ਦੁਕਾਨ ਮਾਲਕ ਨੇ ਅੱਗੇ ਦੱਸਿਆ ਕਿ ਇਸ ਦੇ ਤੁਰੰਤ ਬਾਅਦ ਉਸ ਨੇ ਜਿਥੇ ਫਾਇਰ ਬ੍ਰਿਗੇਡ ਵਿਭਾਗ ਨੂੰ ਇਸ ਬਾਰੇ ਸੂਚਨਾ ਦਿੱਤੀ ਤਾਂ ਤੁਰੰਤ ਮੌਕੇ 'ਤੇ ਪਹੁੰਚੇ ਫਾਇਰਮੈਨਾਂ ਨੇ ਗੁਆਂਢੀਆਂ ਦੀ ਦੁਕਾਨ ਤੋਂ ਉੱਚੀ ਮੰਜ਼ਿਲ 'ਤੇ ਜਾ ਕੇ ਭਾਰੀ ਮੁਸ਼ੱਕਤ ਤੋਂ ਬਾਅਦ ਅੱਗ 'ਤੇ ਤਾਂ ਕਾਬੂ ਪਾ ਲਿਆ, ਪਰ ਇਸ ਅੱਗ ਦੇ ਲੱਗਣ ਨਾਲ ਉਸਦਾ ਲੱਖਾਂ ਰੁਪਏ ਦਾ ਮਾਲੀ ਨੁਕਸਾਨ ਹੋ ਗਿਆ ਹੈ। ਸੰਦੀਪ ਕੁਮਾਰ ਮੁਤਾਬਕ ਅੱਗ ਲੱਗਣ ਨਾਲ ਅੰਦਰ ਪਿਆ ਸਾਰਾ ਸਮਾਨ ਜੋ ਮੁਖ ਤੌਰ 'ਤੇ ਮਹਿੰਗੇ ਭਾਅ ਦਾ ਪਲਾਸਟਿਕ ਦਾ ਸਾਮਾਨ ਸੀ, ਸੜ ਕੇ ਸੁਆਹ ਹੋ ਗਿਆ। ਓਧਰ, ਦੂਜੇ ਪਾਸੇ ਫਾਇਰਮੈਨ ਨੀਰਜ ਕੁਮਾਰ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਹ ਤੰਗ ਬਾਜ਼ਾਰ ਹੋਣ ਦੇ ਬਾਵਜੂਦ ਉਨ੍ਹਾਂ ਦੀ ਟੀਮ ਵਲੋਂ ਅੱਗ 'ਤੇ ਕਾਬੂ ਪਾ ਲਿਆ ਹੈ ਅਤੇ ਜੇਕਰ ਰਤੀ ਭਰ ਹੋਰ ਥੋੜੀ ਦੇਰ ਹੋ ਜਾਂਦੀ ਤਾਂ ਵੱਡਾ ਮਾਲੀ ਨੁਕਸਾਨ ਹੋ ਸਕਦਾ ਸੀ।

## ਪਟਿਆਲਾ ਵਾਸੀਆਂ ਲਈ ਚਿੰਤਾ ਭਰੀ ਖਬਰ, ਬੇਹੱਦ ਚੌਕਸ ਰਹਿਣ ਦੀ ਲੋੜ

ਪਟਿਆਲਾ 28 ਅਕਤੂਬਰ। ਪਟਿਆਲਾ 'ਚ ਡੇਂਗੂ ਦਾ ਕਹਿਰ ਜਾਰੀ ਹੈ। ਅੱਜ 18 ਨਵੇਂ ਕੇਸ ਸਾਹਮਣੇ ਆਉਣ ਤੋਂ ਬਾਅਦ ਇਸ ਸਾਲ ਹੁਣ ਤੱਕ ਆਏ ਕੇਸਾਂ ਦੀ ਗਿਣਤੀ 156 ਹੋ ਗਈ ਹੈ ਜਦੋਂ ਕਿ ਪਿਛਲੇ ਸਾਲ ਅੱਜ ਤੱਕ ਆਏ ਕੇਸਾਂ ਦੀ ਇਹ ਗਿਣਤੀ 621 ਸੀ। ਇਹ ਜਾਣਕਾਰੀ ਜਿ਼ਲ੍ਹਾ ਐਪੀਡੋਮੋਲੋਜਿਸਟ ਡਾ. ਸੁਮਿਤ ਸਿੰਘ ਨੇ ਦਿੰਦਿਆਂ ਦੱਸਿਆ ਕਿ ਜਿਹੜੇ ਕੇਸ ਆਏ ਹਨ, ਉਨ੍ਹਾਂ 'ਚੋਂ 12 ਸਹਿਰੀ ਅਤੇ 6 ਪੇਂਡੂ ਇਲਾਕਿਆਂ 'ਚੋਂ ਹਨ। ਡਾ. ਸੁਮਿਤ ਸਿੰਘ ਨੇ ਦੱਸਿਆ ਕਿ ਪਟਿਆਲਾ 'ਚ ਜਿੰਨੇ ਵੀ ਡੇਂਗੂ ਕੇਸ ਸਾਹਮਣੇ ਆਏ ਹਨ, ਉਨ੍ਹਾਂ 'ਚੋਂ ਜਿ਼ਆਦਾਤਰ ਕੇਸ ਸਰਹਿੰਦ ਰੋਡ ਤੋਂ ਭਾਦਸੋਂ ਰੋਡ ਵਿਚਾਲੇ ਪੈਂਦੀਆਂ ਤ੍ਰਿਪੜੀ ਦੀਆਂ ਕਾਲੋਨੀਆਂ ਜਿਵੇਂ ਤ੍ਰਿਪੜੀ, ਦੀਪ ਨਗਰ, ਆਨੰਦ ਨਗਰ ਏ, ਆਨੰਦ ਨਗਰ ਬੀ, ਏਕਤਾ ਵਿਹਾਰ ਆਦਿ ਇਲਾਕਿਆਂ 'ਚੋਂ ਹੀ ਸਾਹਮਣੇ ਆਏ ਹਨ। ਇਕ ਕੇਸ ਪਾਸੀ ਰੋਡ 'ਤੇ ਵੀ ਆਇਆ ਹੈ। ਇਸ ਦੌਰਾਨ ਜਿਥੇ ਕਿਤੇ ਵੀ ਡੇਂਗੂ ਕੇਸ ਸਾਹਮਣੇ ਆ ਰਿਹਾ ਹੈ, ਸਿਹਤ ਵਿਭਾਗ ਦੀਆਂ ਟੀਮਾਂ ਉੱਥੇ ਆਲੇ-ਦੁਆਲੇ ਘਰਾਂ 'ਚ ਲਾਰਵਾ ਦੀ ਚੈਕਿੰਗ ਕਰਨ ਦੇ ਨਾਲ ਸਪਰੇਅ ਕਰਨ ਵਾਸਤੇ ਵੀ ਸਰਗਰਮ ਹਨ। ਨਾਲ ਲੱਗਦੇ 5 ਤੋਂ 7 ਘਰਾਂ 'ਚ ਲਾਜਮੀ ਤੌਰ 'ਤੇ ਸਪਰੇਅ ਕੀਤੀ ਜਾ ਰਹੀ ਹੈ। ਲੋਕਾਂ ਨੂੰ ਲਾਰਵਾ ਪੈਦਾ ਨਾ ਹੋਣ ਦੇਣ ਬਾਰੇ ਜਾਗਰੂਕ ਕੀਤਾ ਜਾ ਰਿਹਾ ਹੈ। ਹਰ ਸਾਲ ਬਰਸਾਤਾਂ ਤੋਂ ਬਾਅਦ ਅਕਤੂਬਰ ਨਵੰਬਰ ਦੇ ਤਿਉਹਾਰੀ ਸਮੇਂ ਦੌਰਾਨ ਡੇਂਗੂ ਬੁਖਾਰ ਦੀ ਨਾਮੁਰਾਦ ਬਿਮਾਰੀ ਮੌਸਮੀ ਚੱਕਰ ਦੇ ਹਿਸਾਬ ਨਾਲ ਸਾਡੇ ਇਲਾਕੇ 'ਚ ਫੈਲਦੀ ਹੈ। ਇਸ ਨੂੰ ਕਾਫੀ ਹੱਦ ਤਕ ਸਾਂਝੇ ਯਤਨਾਂ ਨਾਲ ਆਪਣੇ ਘਰਾਂ 'ਚ ਮੱਛਰ ਦੇ ਪੈਦਾਇਸ ਦੇ ਸਰੋਤ ਨਾ ਬਣਨ ਦੇਣ ਨਾਲ ਘਟਾਇਆ ਜਾ ਸਕਦਾ ਹੈ। ਇਸ ਬੁਖਾਰ ਰੋਗ ਨਾਲ ਲੋਕਾਂ 'ਚ ਕੁਝ ਧਾਰਨਾਵਾਂ ਅਤੇ ਮਿੱਥ ਘਰ ਕਰ ਗਏ ਹਨ। ਤੱਥ : ਇਹ ਬਿਲਕੁੱਲ ਸੱਚ ਨਹੀਂ ਹੈ, ਕਿਉਂਕਿ ਡੇਂਗੂ ਸਿਰਫ ਮਾਦਾ ਏਡੀਜ ਮੱਛਰ ਦੁਆਰਾ ਫੈਲਦਾ ਹੈ। ਇਹ ਮੱਛਰ ਖਾਸ ਤੌਰ 'ਤੇ ਦਿਨ ਵੇਲੇ ਕੱਟਦਾ ਹੈ। ਵੇਖਣ 'ਚ ਚਿੱਟੇ ਤੇ ਕਾਲੀ ਧਾਰੀਦਾਰ ਰੂਪ ਦਾ ਹੁੰਦਾ ਹੈ। ਇਹ ਮੱਛਰ ਉਦੋਂ ਹੀ ਕਿਸੇ ਵਿਅਕਤੀ ਨੂੰ ਇਹ ਵਾਇਰਸ ਟ੍ਰਾਂਸਫਰ ਕਰ ਸਕਦੇ ਹਨ, ਜਦੋਂ ਉਹ ਕਿਸੇ ਡੇਂਗੂ ਪੀੜਤ ਮਰੀਜ ਨੂੰ ਕੱਟਣ ਤੋਂ ਬਾਅਦ ਹੋਰਾਂ ਨੂੰ ਕੱਟਦੇ ਹਨ। ਇਹ ਮੱਛਰ ਆਮ ਤੌਰ 'ਤੇ ਦਿਨ ਦੇ ਦੌਰਾਨ ਇਕ ਤੋਂ ਵੱਧ ਵਿਅਕਤੀਆਂ ਨੂੰ ਕੱਟਦੇ ਹਨ। ਤੱਥ : ਹਾਲਾਂਕਿ ਪਲੇਟਲੇਟ ਦੀ ਗਿਣਤੀ ਦਾ ਘਟਣਾ ਡੇਂਗੂ ਦਾ ਮਹੱਤਵਪੂਰਨ ਸੰਕੇਤ ਹੈ ਪਰ ਜਦੋਂ ਵੀ ਪਲੇਟਲੇਟ ਘੱਟ ਹੋਣ, ਉਸ ਦਾ ਮਤਲਬ ਇਹ ਨਹੀਂ ਹੈ ਕਿ ਤੁਹਾਨੂੰ ਸਿਰਫ ਡੇਂਗੂ ਹੀ ਹੈ। ਇਹ ਲੈਪਟੋਸਪਾਇਰੋਸਿਸ, ਸਕ੍ਰਬ ਟਾਈਫਸ ਅਤੇ ਯੈਲੋ ਫੀਵਰ, ਚਿਕਨਗੁਨੀਆ, ਐੱਚ. ਆਈ. ਵੀ., ਸਕ੍ਰਬ ਟਾਈਫਸ, ਮਲੇਰੀਆ ਅਤੇ ਹੋਰ ਵਾਇਰਲ ਬੁਖਾਰ ਆਦਿ ਦੇ ਕਾਰਨ ਵੀ ਹੋ ਸਕਦਾ ਹੈ। ਤੱਥ : ਪਪੀਤੇ ਦੇ ਪੱਤੇ ਤੇ ਬੱਕਰੀ ਦਾ ਦੁੱਧ ਬਾਰੇ ਕੋਈ ਵੀ ਵਿਗਿਆਨਕ ਰਿਸਰਚ ਇਹ ਨਹੀਂ ਦੱਸਦੀ ਕਿ ਇਸ ਨਾਲ ਮਰੀਜ ਛੇਤੀ ਠੀਕ ਹੋ ਜਾਂਦਾ ਹੋਵੇ। ਡੇਂਗੂ ਤੋਂ ਰਿਕਵਰੀ ਕਰਨ ਅਤੇ ਦੁਬਾਰਾ ਚੁਸਤ-ਦਰੁਸਤ ਹੋਣ 'ਚ ਮਦਦ ਕਰਨ 'ਚ ਕੁਝ ਹੱਦ ਤੱਕ ਤਾਂ ਸਹਾਈ ਹੋ ਸਕਦਾ ਹੈ ਪਰ ਇਹ ਡੇਂਗੂ ਦਾ ਇਲਾਜ ਨਹੀਂ। ਇਸ ਲਈ ਤੁਸੀਂ ਇਸ ਨੂੰ ਹੱਲ ਸਮਝ ਕੇ ਇਸ 'ਤੇ ਭਰੋਸਾ ਨਹੀਂ ਕਰ ਸਕਦੇ। ਡੇਂਗੂ ਬੁਖਾਰ 'ਚ ਖਤਰੇ ਦੇ ਨਿਸਾਨ ਆਉਣ 'ਤੇ ਮਰੀਜ ਨੂੰ ਹਸਪਤਾਲ ਲੈ ਕੇ ਜਾਣ 'ਚ ਦੇਰ ਨਾ ਕਰੋ।

## ਕਾਰ ਸਵਾਰ ਨੂੰ ਪਾਬੰਦੀਸ਼ੁਦਾ ਦਾਤਰ ਅਤੇ ਕਿਰਪਾਨ ਨਾਲ ਕੀਤਾ ਕਾਬੂ

ਗੁਰਦਾਸਪੁਰ 28 ਅਕਤੂਬਰ। ਥਾਣਾ ਸਿਟੀ ਗੁਰਦਾਸਪੁਰ ਦੀ ਪੁਲਸ ਨੇ ਕਾਰ ਸਵਾਰ ਨੂੰ ਪਾਬੰਦੀਸ਼ੁਦਾ ਦਾਤਰ ਅਤੇ ਕਿਰਪਾਨ ਰੱਖਣ ਦੇ ਦੋਸ਼ਾਂ ਹੇਠ ਵਿਅਕਤੀ ਖਿਲਾਫ ਮਾਮਲਾ ਦਰਜ ਕੀਤਾ ਹੈ। ਪੁਲਸ ਅਧਿਕਾਰੀ ਨੇ ਦੱਸਿਆ ਕਿ ਐੱਸ. ਆਈ. ਸੋਮ ਲਾਲ ਪੁਲਸ ਪਾਰਟੀ ਸਮੇਤ ਹਨੂੰਮਾਨ ਚੌਕ ਗੁਰਦਾਸਪੁਰ ਵਿਖੇ ਨਾਕਾਬੰਦੀ ਕਰ ਕੇ ਵਾਹਨਾਂ ਦੀ ਚੈਕਿੰਗ ਕਰ ਰਹੇ ਸੀ ਤਾਂ ਇਕ ਕਾਰ ਨੰਬਰ ਪੀਬੀ.06.ਬੀਬੀ0041 ਤੇਜ ਰਫਤਾਰ ਨਾਲ ਆਈ, ਜਿਸਨੂੰ ਰੁਕਣ ਦਾ ਇਸ਼ਾਰਾ ਕੀਤਾ ਤਾਂ ਕਾਰ ਚਾਲਕ ਨਹੀਂ



ਰੁਕਿਆ ਅਤੇ ਅੱਗੇ ਚਲਾ ਗਿਆ, ਜਿਸ ਨੇ ਏ. ਜੀ. ਐੱਮ. ਮਾਲ ਦੇ ਸਾਹਮਣੇ ਭੀੜ ਭੜਕਾ ਹੋਣ ਕਰ ਕੇ ਕਾਰ ਖੜ੍ਹੀ ਕਰ ਕੇ ਆਪਣੇ ਹੱਥ 'ਚ ਦਾਤਰ ਫੜ ਕੇ ਗੱਡੀ 'ਚੋਂ ਬਾਹਰ ਨਿਕਲ ਕੇ ਸ਼ਰਾਬੀ ਹਾਲਤ ਵਿਚ ਉੱਚੀ-ਉੱਚੀ ਰੌਲਾ ਪਾਉਣ ਲੱਗ ਪਿਆ, ਜਿਸਨੂੰ ਤਫਤੀਸੀ ਅਫਸਰ ਨੇ ਮੌਕੇ 'ਤੇ ਪਹੁੰਚ ਕੇ ਕਾਬੂ ਕਰ ਕੇ ਉਸਦੇ ਹੱਥ ਵਿਚ ਫੜਿਆ ਦਾਤਰ ਅਤੇ ਕਾਰ 'ਚੋਂ ਬਰਾਮਦ ਛੋਟੀ ਕਿਰਪਾਨ ਨੂੰ ਕਬਜੇ 'ਚ ਲਿਆ। ਉਕਤ ਵਿਅਕਤੀ ਵੱਲੋਂ ਆਪਣੇ ਪਾਸ ਪਾਬੰਧੀਸ਼ੁਦਾ ਦਾਤਰ ਲੋਹਾ ਅਤੇ ਛੋਟੀ ਕਿਰਪਾਨ ਰੱਖ ਕੇ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਹੁਕਮਾਂ ਦੀ ਉਲੰਘਣਾ ਕੀਤੀ ਹੈ, ਜਿਸ ਤਹਿਤ ਪੁਲਸ ਨੇ ਉਕਤ ਕੰਵਲਜੀਤ ਸਿੰਘ ਨੂੰ ਗ੍ਰਿਫਤਾਰ ਕੀਤਾ ਹੈ।

## ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਨੂੰ ਹੋਇਆ ਡੇਂਗੂ

ਬਰਨਾਲਾ 28 ਅਕਤੂਬਰ। ਸੰਗਰੂਰ ਤੋਂ ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਨੂੰ ਡੇਂਗੂ ਹੋ ਗਿਆ ਹੈ। ਇਸ ਦੀ ਪੁਸ਼ਟੀ ਆਮ ਆਦਮੀ ਪਾਰਟੀ ਦੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਨੇ ਕੀਤੀ ਹੈ। ਉਨ੍ਹਾਂ ਦੱਸਿਆ ਕਿ ਸੰਸਦ ਮੈਂਬਰ ਗੁਰਮੀਤ ਸਿੰਘ ਮੀਤ ਹੇਅਰ ਪਿਛਲੇ ਕੁਝ ਦਿਨਾਂ ਤੋਂ ਬਿਮਾਰ ਹਨ। ਡੇਂਗੂ ਦੀ ਸਿ਼ਕਾਇਤ ਕਾਰਨ ਡਾਕਟਰਾਂ ਨੇ ਆਰਾਮ ਕਰਨ ਦੀ ਸਲਾਹ ਦਿੱਤੀ ਹੈ। ਮੀਤ ਹੇਅਰ 2022 ਵਿਚ ਬਰਨਾਲਾ ਹਲਕੇ ਤੋਂ ਵਿਧਾਇਕ ਚੁਣੇ ਗਏ ਸਨ। 2024 ਵਿਚ ਉਨ੍ਹਾਂ ਨੇ ਸੰਗਰੂਰ ਤੋਂ ਲੋਕ ਸਭਾ ਚੋਣ ਲੜੀ ਤੇ ਜਿੱਤ ਕੇ ਸੰਸਦ ਮੈਂਬਰ ਬਣ ਗਏ। ਇਸ ਮਗਰੋਂ ਉਨ੍ਹਾਂ ਨੇ ਵਿਧਾਇਕੀ ਤੋਂ ਅਸਤੀਫਾ ਦੇ ਦਿੱਤਾ ਸੀ, ਜਿਸ ਕਾਰਨ ਇੱਥੇ ਹੁਣ ਜਿ਼ਮਨੀ ਚੋਣ ਹੋਣ ਜਾ ਰਹੀ ਹੈ। ਇਸ ਵੇਲੇ ਸਿਆਸਤ ਦਾ ਦੌਰ ਸਿਖਰਾਂ 'ਤੇ ਹੈ, ਪਰ ਮੀਤ ਹੇਅਰ ਕੁਝ ਦਿਨਾਂ ਤੋਂ ਸਰਗਰਮ ਨਜਰ ਨਹੀਂ ਆ ਰਹੇ ਸਨ। ਨਾਮਜਦਗੀ ਪੱਤਰ ਦਾਖਲ ਕਰਨ ਦਾ ਅੱਜ ਆਖਰੀ ਦਿਨ ਹੈ ਤੇ ਬਰਨਾਲਾ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਹਰਿੰਦਰ ਸਿੰਘ ਧਾਲੀਵਾਲ ਨੇ ਨਾਮਜਦਗੀ ਪੱਤਰ ਦਾਖਲ ਕੀਤੇ। ਨਾਮਜਦਗੀ ਪੱਤਰ ਦਾਖਲ ਕਰਨ ਵੇਲੇ ਵੀ ਜਦੋਂ ਮੀਤ ਹੇਅਰ ਉਨ੍ਹਾਂ ਨਾਲ ਨਹੀਂ ਦਿਖੇ ਤਾਂ ਪੱਤਰਕਾਰਾਂ ਵੱਲੋਂ ਇਸ ਬਾਰੇ ਪੁੱਛਿਆ ਗਿਆ। ਇਸ 'ਤੇ ਗੁਰਮੀਤ ਸਿੰਘ ਮੀਤ ਹੇਅਰ ਦੇ ਦੋਸਤ ਅਤੇ ਆਮ ਆਦਮੀ ਪਾਰਟੀ ਦੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਨੇ ਦੱਸਿਆ ਕਿ ਮੀਤ ਹੇਅਰ ਪਿਛਲੇ ਕੁਝ ਦਿਨਾਂ ਤੋਂ ਬਿਮਾਰ ਹਨ।

## ਫਿਰੌਤੀ ਲਈ ਖ਼ੁਦ ਨੂੰ ਅਗਵਾ ਕਰਨ ਵਾਲਾ ਵਿਦਿਆਰਥੀ ਤੇ ਉਸ ਦੇ ਦੋ ਸਾਥੀ ਗ੍ਰਿਫਤਾਰ

ਸਾਹਜਹਾਂਪੁਰ 28 ਅਕਤੂਬਰ। ਉੱਤਰ ਪ੍ਰਦੇਸ ਦੇ ਸਾਹਜਹਾਂਪੁਰ ਜਿ਼ਲ੍ਹੇ 'ਚ ਪਰਿਵਾਰ ਤੋਂ ਪੈਸੇ ਵਸੂਲਣ ਲਈ ਆਪਣੇ ਆਪ ਨੂੰ ਅਗਵਾ ਕਰਵਾਉਣ ਦਾ ਨਾਟਕ ਕਰਨ ਅਤੇ 2 ਲੱਖ ਰੁਪਏ ਦੀ ਫਿਰੌਤੀ ਮੰਗਣ ਵਾਲੇ ਇਕ ਵਿਦਿਆਰਥੀ ਨੂੰ ਉਸ ਦੇ ਦੋ ਸਾਥੀਆਂ ਸਣੇ ਪੁਲਸ ਨੇ ਬੁੱਧਵਾਰ ਨੂੰ ਗ੍ਰਿਫਤਾਰ ਕਰ ਲਿਆ। ਪੁਲਸ ਸੁਪਰਡੈਂਟ ਰਾਜੇਸ ਐੱਸ. ਨੇ ਦੱਸਿਆ ਕਿ ਕਟੜਾ ਕਸਬੇ 'ਚ ਰਹਿਣ ਵਾਲਾ ਬੀ.ਬੀ.ਏ ਦਾ ਵਿਦਿਆਰਥੀ ਸੰਜੀਵ ਤਿਆਗੀ (22) ਬੀਤੇ ਸੋਮਵਾਰ ਨੂੰ ਬਰੇਲੀ ਤੋਂ ਆਪਣੀ ਮਾਰਕਸੀਟ ਲੈਣ ਦਾ ਕਹਿ ਕੇ ਘਰੋਂ ਨਿਕਲਿਆ ਸੀ ਪਰ ਉਹ ਦੇਰ ਰਾਤ ਤੱਕ ਘਰ ਨਹੀਂ ਪਰਤਿਆ। ਉਹਨਾਂ ਦੱਸਿਆ ਕਿ ਵਿਦਿਆਰਥੀ ਦੀ ਮਾਂ ਦੇ ਵਟਸਐਪ ਨੰਬਰ 'ਤੇ ਇਕ ਫੋਨ ਆਇਆ, ਜਿਸ ਵਿਚ ਕਿਹਾ ਕਿ ਤੁਹਾਡੇ ਮੁੰਡੇ ਨੂੰ ਅਗਵਾ ਕਰ ਲਿਆ ਗਿਆ ਹੈ। ਜੇਕਰ 2 ਲੱਖ ਰੁਪਏ ਦੀ ਫਿਰੌਤੀ ਨਾ ਦਿੱਤੀ ਤਾਂ ਉਸ ਦਾ ਕਤਲ ਕਰ ਦਿੱਤਾ ਜਾਵੇਗਾ। ਇਸ ਤੋਂ



ਬਾਅਦ ਪਰਿਵਾਰ ਵਾਲੇ ਪੁਲਸ ਸਟੇਸ਼ਨ ਪਹੁੰਚ ਗਏ, ਜਿਸ ਬਾਰੇ ਉਹਨਾਂ ਨੇ ਪੁਲਸ ਨੂੰ ਦੱਸਿਆ। ਪੁਲਸ ਸੁਪਰਡੈਂਟ ਨੇ ਦੱਸਿਆ ਕਿ ਇਸ ਤੋਂ ਬਾਅਦ ਉਨ੍ਹਾਂ ਦੇ ਹੁਕਮਾਂ 'ਤੇ ਇਕ ਟੀਮ ਬਣਾਈ ਗਈ ਅਤੇ ਸੰਜੀਵ ਦੇ ਪਰਿਵਾਰ ਵਾਲੇ ਫਿਰੌਤੀ ਦੀ ਰਕਮ ਲੈ ਕੇ ਬਹਿਗੁਲ ਨਦੀ ਨੇੜੇ ਨਿਰਧਾਰਤ ਸਥਾਨ 'ਤੇ ਪਹੁੰਚ ਗਏ। ਇਸ ਦੌਰਾਨ ਸੰਜੀਵ ਦੇ ਸਾਥੀ ਮੰਗੇਸ ਕੁਮਾਰ ਅਤੇ ਗੁਰਸਿੰਘਣ ਸਿੰਘ ਫਿਰੌਤੀ ਦੀ ਰਕਮ ਵਸੂਲਣ ਲਈ ਪੁੱਜੇ ਤਾਂ ਪੁਲਸ ਨੇ ਉਨ੍ਹਾਂ ਨੂੰ ਮੌਕੇ ਤੋਂ ਕਾਬੂ ਕਰ ਲਿਆ। ਉਨ੍ਹਾਂ ਦੱਸਿਆ ਕਿ ਕਾਬੂ ਕੀਤੇ ਮੁਲਜਮਾਂ ਨੇ ਪੁਲਸ ਵੱਲੋਂ ਕੀਤੀ ਪੁੱਛਗਿੱਛ ਦੌਰਾਨ ਖੁਲਾਸਾ ਕੀਤਾ ਹੈ ਕਿ ਉਹ ਸੰਜੀਵ ਦੇ ਦੋਸਤ ਹਨ ਅਤੇ ਉਸ ਨੇ ਹੀ ਉਸ ਦੇ ਅਗਵਾ ਦੀ ਵਾਰਦਾਤ ਨੂੰ ਅੰਜਾਮ ਦਿੱਤਾ ਸੀ। ਸੰਜੀਵ ਫਿਰੌਤੀ ਦੇ ਪੈਸੇ ਨਾਲ ਆਪਣੀਆਂ ਲੋੜਾਂ ਪੂਰੀਆਂ ਕਰਨਾ ਚਾਹੁੰਦਾ ਸੀ। ਪੁਲਸ ਸੁਪਰਡੈਂਟ ਨੇ ਦੱਸਿਆ ਕਿ ਇਸ ਮਾਮਲੇ 'ਚ ਮੰਗੇਸ ਅਤੇ ਗੁਰੁਸਨ ਦੇ ਨਾਲ-ਨਾਲ ਸੰਜੀਵ ਨੂੰ ਵੀ ਗ੍ਰਿਫਤਾਰ ਕਰਕੇ ਜੇਲ ਭੇਜ ਦਿੱਤਾ ਗਿਆ ਹੈ।

## ਅੰਮ੍ਰਿਤਪਾਲ ਦੇ ਸਾਥੀ ਗੁਰਿੰਦਰ ਔਜਲਾ ਨੂੰ ਜਾਨ ਦਾ ਖਤਰਾ ! ਹਾਈਕੋਰਟ ਪੁੱਜਾ ਮਾਮਲਾ

ਚੰਡੀਗੜ੍ਹ 28 ਅਕਤੂਬਰ। ਐੱਨ. ਐੱਸ. ਏ. ਅਧੀਨ ਅਸਾਮ ਦੀ ਡਿਬਰੂਗੜ੍ਹ ਜੇਲ੍ਹ 'ਚ ਬੰਦ ਅੰਮ੍ਰਿਤਪਾਲ ਸਿੰਘ ਦੇ ਨਾਲ ਜੇਲ੍ਹ 'ਚ ਬੰਦ ਸਾਥੀ ਗੁਰਿੰਦਰ ਔਜਲਾ ਨਾਲ ਜੁੜੀ ਵੱਡੀ ਖਬਰ ਸਾਹਮਣੇ ਆਈ ਹੈ। ਦਰਅਸਲ ਗੁਰਿੰਦਰ ਔਜਲਾ ਨੇ ਪੰਜਾਬ ਅਤੇ ਹਰਿਆਣਾ ਹਾਈਕੋਰਟ 'ਚ ਪਟੀਸ਼ਨ ਦਾਖਲ ਕੀਤੀ ਹੈ ਕਿ ਜੇਲ੍ਹ 'ਚ ਉਸ ਨੂੰ ਜਾਨ ਦਾ ਖਤਰਾ ਹੈ। ਇਸ ਲਈ ਉਸ ਨੂੰ ਦੇਸ਼ ਦੀ ਕਿਸੇ ਹੋਰ ਜੇਲ੍ਹ 'ਚ ਤਬਦੀਲ ਕੀਤਾ ਜਾਵੇ। ਇਕ ਨਿਊਜ ਚੈਨਲ ਦੇ ਹਵਾਲੇ ਨਾਲ ਦੱਸਿਆ ਜਾ ਰਿਹਾ ਹੈ ਕਿ ਐਡਵੋਕੇਟ ਸਿਮਰਨਜੀਤ ਸਿੰਘ ਨੇ ਕਿਹਾ ਹੈ ਕਿ ਉਹ ਇਸ ਮਾਮਲੇ ਸਬੰਧੀ ਪੰਜਾਬ ਦੇ ਮੁੱਖ ਸਕੱਤਰ ਅਤੇ ਡਿਬਰੂਗੜ੍ਹ ਜੇਲ੍ਹ ਸੁਪਰੀਡੈਂਟ ਨਾਲ ਵੀ ਮਿਲ ਚੱਕੇ ਹਨ, ਜਿਸ 'ਤੇ ਅਜੇ ਤੱਕ ਕੋਈ ਕਾਰਵਾਈ ਨਹੀਂ ਹੋਈ। ਦੱਸਿਆ ਜਾ ਰਿਹਾ ਹੈ ਕਿ ਪਹਿਲਾਂ ਔਜਲਾ ਨੇ ਬੈਰਕ ਬਦਲਣ ਦੀ ਮੰਗ ਕੀਤੀ ਸੀ, ਜਿਸ ਨੂੰ ਕਿਸੇ ਹੋਰ ਬੈਰਕ 'ਚ ਤਬਦੀਲ ਕੀਤਾ ਗਿਆ ਹੈ ਪਰ ਹੁਣ ਔਜਲਾ ਨੇ ਜੇਲ੍ਹ ਬਦਲਣ ਦੀ ਮੰਗ ਕੀਤੀ ਹੈ। ਔਜਲਾ ਦਾ ਕਹਿਣਾ ਹੈ ਕਿ ਡਿਬਰੂਗੜ੍ਹ ਜੇਲ੍ਹ 'ਚ ਉਸ ਨੂੰ ਡਰ ਹੈ ਕਿ ਇਸ ਜੇਲ੍ਹ 'ਚ ਉਸ ਨੂੰ ਕਿਸੇ ਹੋਰ ਕੇਸ 'ਚ ਫਸਾਇਆ ਜਾ ਸਕਦਾ ਹੈ। ਇਸ ਲਈ ਉਸ ਦੀ ਜੇਲ੍ਹ ਤਬਦੀਲ ਕੀਤੀ ਜਾਵੇ।

## ਐਕਸਾਈਜ ਵਿਭਾਗ ਦਾ ਐਕਸ਼ਨ, ਵੱਖ-ਵੱਖ ਥਾਵਾਂ 'ਤੇ ਛਾਪੇਮਾਰੀ ਦੌਰਾਨ 200 ਲਿਟਰ ਲਾਹਣ ਬਰਾਮਦ

ਬਟਾਲਾ/ਨੌਸਹਿਰਾ ਮੱਝਾ ਸਿੰਘ 28 ਅਕਤੂਬਰ। ਸਰਕਾਰ ਦੀਆਂ ਹਦਾਇਤਾਂ 'ਤੇ ਐਕਸਾਈਜ ਵਿਭਾਗ ਨਸਿ਼ਆਂ ਦੀ ਰੋਕਥਾਮ ਲਈ ਹੱਥ-ਪੱਲਾ ਮਾਰ ਰਿਹਾ ਹੈ ਪਰ ਇਸ ਦੇ ਬਾਵਜੂਦ ਵੀ ਨਸੇ ਦੀਆਂ ਖੇਪਾਂ ਬਰਾਮਦ ਹੋਣ ਨਾਲ ਐਕਸਾਈਜ ਵਿਭਾਗ ਦੀ ਕਾਰਗੁਜਾਰੀ 'ਤੇ ਸਵਾਲੀਆ ਚਿੰਨ੍ਹ ਲੱਗ ਰਿਹਾ ਹੈ। ਇਸੇ ਸਬੰਧ 'ਚ ਐਕਸਾਈਜ ਵਿਭਾਗ ਤੇ ਆਰ.ਕੇ. ਇੰਟਰਪ੍ਰਾਈਜਜ ਵੱਲੋਂ ਸਾਂਝੀ ਰੇਡ ਦੌਰਾਨ ਬਟਾਲਾ ਸਰਕਲ ਤੇ ਫਤਹਿਗੜ੍ਹ ਚੂੜੀਆਂ ਤੇ ਥਾਣਾ ਰੰਗੜ ਨੰਗਲ ਨਾਲ ਲਗਦੇ ਪਿੰਡਾਂ 'ਚੋਂ ਛਾਪੇਮਾਰੀ ਦੌਰਾਨ 200 ਲਿਟਰ ਲਾਹਣ ਬਰਾਮਦ ਕੀਤੀ ਗਈ। ਐਕਸਾਈਜ ਵਿਭਾਗ ਤੇ ਗੁਰਦਾਸਪੁਰ ਅਤੇ ਐੱਸ.ਐੱਸ.ਪੀ. ਬਟਾਲਾ ਸੁਹੇਲ ਕਾਸਿਮ ਮੀਰ ਵੱਲੋਂ ਮਿਲੀਆਂ ਹਦਾਇਤਾਂ ਦੇ ਮੱਦੇਨਜਰ ਈ.ਟੀ.ਓ. ਐਕਸਾਈਜ, ਇੰਸਪੈਕਟਰ ਵਿਜੇ ਕੁਮਾਰ, ਐਕਸਾਈਜ ਪੁਲਸ ਸਟਾਫ ਇੰਚਾਰਜ ਏ.ਐੱਸ.ਆਈ. ਸਰੂਪ ਸਿੰਘ ਸਿੰਘ, ਏ.ਐੱਸ.ਆਈ. ਦਵਿੰਦਰ ਸਿੰਘ, ਸਿਪਾਹੀ ਮਨਦੀਪ ਸਿੰਘ, ਆਰ.ਕੇ. ਇੰਟਰਪ੍ਰਾਈਜਜ ਦੇ ਬਟਾਲਾ ਹੈੱਡ ਤਜਿੰਦਰਪਾਲ ਤੇਜੀ, ਸਰਕਲ ਇੰਚਾਰਜ ਗੁੱਲੂ ਮਰੜ 'ਤੇ ਅਧਾਰਿਤ ਰੇਡ ਪਾਰਟੀ ਟੀਮ ਵਲੋਂ ਪਿੰਡ ਰੰਗੜ-ਨੰਗਲ ਤਹਿਤ ਆਉਂਦੇ ਪਿੰਡ ਲਾਧੂਭਾਣਾ, ਸੁਨੱਈਆ, ਮੂਲਿਆਂਵਾਲ, ਹਸਨਪੁਰ, ਸਰਵਾਲੀ, ਕਾਸਤੀਵਾਲ, ਲੋਧੀਨੰਗਲ, ਅਲੀਵਾਲ, ਸਾਮਪੁਰਾ 'ਚ ਤਲਾਸ਼ੀ ਮੁਹਿੰਮ ਤੇਜ ਕੀਤਾ ਹੋਈ ਸੀ। ਕਿਸੇ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਲਾਧੂਭਾਣਾ ਦੇ ਛਪੜ ਚੋ ਕਿਸੇ ਵਲੋਂ ਸਰਾਬ ਦਾ ਧੰਦਾ ਚਲਾਇਆ ਜਾ ਰਿਹਾ ਹੈ। ਰੇਡ ਪਾਰਟੀ ਟੀਮ ਨੇ ਮੌਕੇ 'ਤੇ ਜਾ ਕੇ ਰੇਡ ਕੀਤੀ ਤਾਂ 2 ਪਲਾਸਟਿਕ ਡਰੰਮੀਆਂ,





4 ਪਲਾਸਟਿਕ ਦੇ ਕੈਨਾਂ 'ਚ 200 ਲਿਟਰ ਲਾਹਣ ਬਰਾਮਦ ਕੀਤੀ ਗਈ।

ਜਿਸਨੂੰ ਬਾਅਦ 'ਚ ਐਕਸਾਈਜ ਵਿਭਾਗ ਵੱਲੋਂ ਨਸਟ ਕੀਤਾ ਗਿਆ। ਇਸ ਮੌਕੇ ਕਾਲਾ, ਕਾਕਾ, ਹਰਵਿੰਦਰ, ਰਾਜੂ, ਰਾਜਬੀਰ, ਹੈਪੀ, ਮੰਗਾ, ਪੱਪੂ, ਅਮਰਜੀਤ ਖੰਡੋ, ਸੱਤਾ, ਭੋਲਾ ਆਦਿ ਹਾਜਰ ਸਨ।

## ਬੈਂਗਲੁਰੂ ਇਮਾਰਤ ਹਾਦਸਾ: 6 ਹੋਰ ਲਾਸਾਂ ਬਰਾਮਦ, ਮਾਲਕ ਅਤੇ ਠੇਕੇਦਾਰ ਹਿਰਾਸਤ 'ਚ

ਬੈਂਗਲੁਰੂ 28 ਅਕਤੂਬਰ। ਕਰਨਾਟਕ ਦੇ ਬੇਂਗਲੁਰੂ ਦੇ ਬਾਬੂਸਪਾਲਿਆ 'ਚ ਇਕ ਉਸਾਰੀ ਅਧੀਨ ਇਮਾਰਤ ਦੇ ਡਿੱਗਣ ਤੋਂ ਬਾਅਦ ਖੋਜ ਅਤੇ ਬਚਾਅ ਕਾਰਜਾਂ ਦੌਰਾਨ 6 ਹੋਰ ਲੋਕਾਂ ਦੀਆਂ ਲਾਸਾਂ ਬਰਾਮਦ ਕੀਤੀਆਂ ਗਈਆਂ ਹਨ। ਪੁਲਸ ਨੇ ਬੁੱਧਵਾਰ ਨੂੰ ਇਹ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਨਾਲ ਹਾਦਸੇ 'ਚ ਜਾਨ ਗਵਾਉਣ ਵਾਲੇ ਲੋਕਾਂ ਦੀ ਗਿਣਤੀ ਹੁਣ 7 ਹੋ ਗਈ



ਹੈ। ਪੁਲਸ ਨੇ ਦੱਸਿਆ ਕਿ ਇਹ ਘਟਨਾ ਮੰਗਲਵਾਰ ਨੂੰ ਵਾਪਰੀ, ਜਿਸ ਤੋਂ ਬਾਅਦ ਫਾਇਰ ਐਂਡ ਐਮਰਜੈਂਸੀ ਵਿਭਾਗ, ਰਾਸਟਰੀ ਆਫਤ ਰਿਸਪਾਂਸ ਫੋਰਸ (ਐੱਨ.ਡੀ.ਆਰ.ਐੱਫ.) ਅਤੇ ਸਟੇਟ ਡਿਜਾਸਟਰ ਰਿਸਪਾਂਸ ਫੋਰਸ ਦੀਆਂ ਟੀਮਾਂ ਮੌਕੇ 'ਤੇ ਰਾਹਤ ਕਾਰਜਾਂ 'ਚ ਲੱਗੀਆਂ ਹੋਈਆਂ ਹਨ। ਇਕ ਸੀਨੀਅਰ ਪੁਲਸ ਅਧਿਕਾਰੀ ਨੇ ਦੱਸਿਆ ਕਿ ਮੁਨੀਰਾਜ ਰੈੱਡੀ ਦੇ ਪੁੱਤਰ ਭੁਵਨ ਰੈੱਡੀ ਅਤੇ ਇਮਾਰਤ ਦਾ ਨਿਰਮਾਣ ਕਰਨ ਵਾਲੇ ਠੇਕੇਦਾਰ ਮੁਨੀਅੱਪਾ ਨੂੰ ਹਿਰਾਸਤ 'ਚ ਲੈ ਲਿਆ ਗਿਆ ਹੈ। ਇਹ ਇਮਾਰਤ ਭੁਵਨ ਰੈਡੀ ਦੇ ਨਾਂ 'ਤੇ ਬਣ ਰਹੀ ਸੀ। ਅਧਿਕਾਰੀ ਨੇ ਕਿਹਾ ਕਿ ਸਿਰਫ ਚਾਰ ਮੰਜਿ਼ਲਾਂ ਨੂੰ ਬਣਾਉਣ ਦੀ ਇਜਾਜਤ ਦਿੱਤੀ ਗਈ ਸੀ ਪਰ ਸੱਤ ਮੰਜਿ਼ਲਾਂ ਦਾ ਨਿਰਮਾਣ ਕੀਤਾ ਗਿਆ ਸੀ। ਬਚਾਅ ਟੀਮਾਂ ਨੇ ਮੰਗਲਵਾਰ ਨੂੰ ਇਕ ਹੋਰ ਲਾਸ ਬਰਾਮਦ ਕੀਤੀ। ਅਧਿਕਾਰੀ ਨੇ ਦੱਸਿਆ ਕਿ ਇਸ ਘਟਨਾ ਤੋਂ ਬਾਅਦ 6 ਹੋਰ ਲਾਸਾਂ ਬਰਾਮਦ ਕੀਤੀਆਂ ਗਈਆਂ ਹਨ ਜਦਕਿ 6 ਲੋਕ ਜਖਮੀ ਹਨ।

## ਥੁੱਕ ਲਾ ਕੇ ਤੰਦੂਰ 'ਚ ਰੋਟੀਆਂ ਬਣਾ ਰਿਹਾ ਸੀ ਸ਼ਖਸ

ਬਾਰਾਬੰਕੀ 28 ਅਕਤੂਬਰ। ਢਾਬੇ 'ਤੇ ਗਾਹਕਾਂ ਲਈ ਪਕਾਈਆਂ ਜਾ ਰਹੀਆਂ ਤੰਦੂਰੀ ਰੋਟੀਆਂ ਵਿਚ ਥੁੱਕ ਲਾਉਣ ਦਾ ਮਾਮਲਾ ਸਾਹਮਣੇ ਆਇਆ ਹੈ। ਵਾਇਰਲ ਵੀਡੀਓ ਦਾ ਨੋਟਿਸ ਲੈਂਦਿਆਂ ਫੂਡ ਸੇਫਟੀ ਐਂਡ ਡਰੱਗ ਵਿਭਾਗ ਦੀ ਟੀਮ ਨੇ ਮਾਮਲੇ ਦੀ ਜਾਂਚ ਕਰਕੇ ਢਾਬੇ ਨੂੰ ਸੀਲ ਕਰ ਦਿੱਤਾ। ਪੁਲਸ ਨੇ ਦੋਸੀ ਵਿਅਕਤੀ ਨੂੰ ਹਿਰਾਸਤ 'ਚ ਲੈ ਲਿਆ ਹੈ। ਵਿਭਾਗ ਵੱਲੋਂ ਇਸ ਸਬੰਧੀ ਕੇਸ ਦਰਜ ਕੀਤਾ ਜਾ ਰਿਹਾ ਹੈ। ਉੱਤਰ ਪ੍ਰਦੇਸ ਦੀ ਯੋਗੀ ਆਦਿਤਿਆਨਾਥ ਸਰਕਾਰ ਭੋਜਨ ਵਿਚ ਥੁੱਕਣ ਵਾਲਿਆਂ 'ਤੇ ਸਿ਼ਕੰਜਾ ਕੱਸਣ ਲਈ ਆਰਡੀਨੈਂਸ ਲਿਆਉਣ ਜਾ ਰਹੀ ਹੈ ਪਰ ਫਿਰ ਵੀ ਭੋਜਨ ਵਿਚ ਥੁੱਕਣ ਜਾਂ ਕਿਸੇ ਹੋਰ ਤਰੀਕੇ ਨਾਲ ਗੰਦਾ ਕਰਨ ਦੇ ਮਾਮਲੇ ਰੁਕਣ ਦਾ ਨਾਂ ਨਹੀਂ ਲੈ ਰਹੇ ਹਨ। ਗਾਜੀਆਬਾਦ ਵਿਚ ਖਾਣਾ ਪਕਾਉਣ ਵਾਲੀ ਨੌਕਰਾਣੀ ਦੀ ਗੰਦੀ ਵੀਡੀਓ ਵਾਇਰਲ ਹੋਣ ਤੋਂ ਬਾਅਦ ਹੁਣ ਬਾਰਾਬੰਕੀ ਤੋਂ ਇਕ ਹੋਰ ਗੰਦੀ ਵੀਡੀਓ ਸਾਹਮਣੇ ਆਈ ਹੈ। ਇਸ ਵੀਡੀਓ 'ਚ ਇਕ ਵਿਅਕਤੀ ਥੁੱਕ ਕੇ ਤੰਦੂਰੀ ਰੋਟੀ ਬਣਾਉਂਦਾ ਨਜਰ ਆ ਰਿਹਾ ਹੈ। ਇਸ ਨੂੰ ਦੇਖ ਕੇ ਹਰ ਕੋਈ ਕਚੀਚੀਆਂ ਲਵੇਗਾ। ਮਿਲੀ ਜਾਣਕਾਰੀ ਮੁਤਾਬਕ ਪੂਰਾ ਮਾਮਲਾ ਬਾਰਾਬੰਕੀ ਦੇ ਰਾਮਨਗਰ ਥਾਣਾ ਖੇਤਰ ਦੇ ਅਧੀਨ ਪੈਂਦੇ ਸੁਧਿਆਮਊ ਕਸਬੇ ਦਾ ਹੈ, ਜਿੱਥੇ ਸੜਕ ਕਿਨਾਰੇ ਇਰਸ਼ਾਦ ਦਾ ਢਾਬਾ ਹੈ। ਇਰਸ਼ਾਦ ਤੰਦੂਰ ਵਿਚ ਰੋਟੀਆਂ ਪਕਾਉਣ ਤੋਂ ਪਹਿਲਾਂ ਥੁੱਕ ਲਾਉਂਦਾ ਸੀ। ਕਿਸੇ ਨੇ ਦੂਰੋਂ ਵੀਡੀਓ ਰਿਕਾਰਡ ਕਰ ਲਿਆ, ਜੋ ਹੁਣ ਵਾਇਰਲ ਹੋ ਰਿਹਾ ਹੈ। ਇਸ ਵੀਡੀਓ ਨੂੰ ਦੇਖ ਕੇ ਸਥਾਨਕ ਲੋਕਾਂ 'ਚ ਕਾਫੀ ਗੁੱਸਾ ਹੈ। ਹਾਲਾਂਕਿ ਵੀਡੀਓ ਸੋਸਲ ਮੀਡੀਆ 'ਤੇ ਵਾਇਰਲ ਹੋਣ ਤੋਂ ਬਾਅਦ ਪੁਲਸ ਨੇ ਸਖਤ ਕਾਰਵਾਈ ਕੀਤੀ ਹੈ। ਫੂਡ ਸੇਫਟੀ ਕਮਿਸਨਰ ਨੇ ਕਿਹਾ ਕਿ ਢਾਬੇ ਦੀ ਕੋਈ ਰਜਿਸਟ੍ਰੇਸਨ ਨਹੀਂ ਹੈ। ਸੰਚਾਲਕ ਨੂੰ ਢਾਬਾ ਬੰਦ ਕਰਨ ਦਾ ਨੋਟਿਸ ਦਿੱਤਾ ਗਿਆ ਹੈ ਅਤੇ ਵਿਭਾਗੀ ਮੁਲਾਜਮ ਵਲੋਂ ਮੁਲਜਮ ਖਿ਼ਲਾਫ ਕੇਸ ਦਰਜ ਕੀਤਾ ਜਾ ਰਿਹਾ ਹੈ। ਮੌਕੇ 'ਤੇ ਮਿਲਿਆ ਖਾਣ-ਪੀਣ ਦਾ ਸਾਮਾਨ ਵੀ ਜਬਤ ਕਰ ਲਿਆ ਗਿਆ ਹੈ। ਜਿਸ ਜਮੀਨ ਅਤੇ ਦੁਕਾਨ ਵਿਚ ਢਾਬਾ ਚਲਾਇਆ ਜਾ ਰਿਹਾ ਸੀ, ਉਸ ਦਾ ਵੀ ਪਤਾ ਲਾਇਆ ਜਾ ਰਿਹਾ ਹੈ। ਦੱਸ ਦੇਈਏ ਕਿ ਮੁੱਖ ਮੰਤਰੀ ਯੋਗੀ ਆਦਿਤਿਆਨਾਥ ਨੇ ਖਾਣ-ਪੀਣ ਦੀਆਂ ਵਸਤੂਆਂ ਵਿਚ ਮਨੁੱਖੀ ਰਹਿੰਦ-ਖੂੰਹਦ ਜਾਂ ਗੰਦਗੀ ਨਾਲ ਮਿਲਾਵਟ ਕਰਨ ਵਾਲਿਆਂ ਖਿ਼ਲਾਫ ਸਖਤ ਕਾਰਵਾਈ ਕਰਨ ਦੇ ਨਿਰਦੇਸ ਦਿੱਤੇ ਹਨ। ਮੁੱਖ ਮੰਤਰੀ ਯੋਗੀ ਨੇ ਸੂਬੇ ਦੇ ਸਾਰੇ ਹੋਟਲਾਂ, ਢਾਬਿਆਂ, ਰੈਸਟੋਰੈਂਟਾਂ ਅਤੇ ਸਬੰਧਤ ਅਦਾਰਿਆਂ ਦੀ ਡੂੰਘਾਈ ਨਾਲ ਜਾਂਚ ਅਤੇ ਤਸਦੀਕ ਕਰਨ ਦੇ ਨਿਰਦੇਸ ਵੀ ਦਿੱਤੇ ਹਨ। ਇਸ ਦੇ ਨਾਲ ਹੀ ਆਮ ਲੋਕਾਂ ਦੀ ਸਿਹਤ ਅਤੇ ਸੁਰੱਖਿਆ ਨੂੰ ਯਕੀਨੀ ਬਣਾਉਂਦੇ ਹੋਏ ਲੋੜ ਅਨੁਸਾਰ ਨਿਯਮਾਂ ਵਿਚ ਸੋਧ ਕਰਨ ਦੀਆਂ ਹਦਾਇਤਾਂ ਵੀ ਦਿੱਤੀਆਂ ਗਈਆਂ ਹਨ।

ਕੌਮੀ ਪਤ੍ਰਿਕਾ

ਮੁੱਖ ਸੰਪਾਦਕ-ਗੁਰਚਰਨ ਸਿੰਘ ਬੱਬਰ, ਸਵਾਮੀ ਪ੍ਰਿੰਟਰ ਪਬਲਿਸ਼ਰ ਅਤੇ ਐਡੀਟਰ ਨੇ ਕੌਮੀ ਪਤ੍ਰਿਕਾ ਪ੍ਰਿੰਟਿੰਗ ਪ੍ਰੈਸ ਏ-144 ਇੰਡਸਟ੍ਰਿਅਲ ਏਰੀਆ ਸੈਕਟਰ ਏ-4, ਟ੍ਰੋਨਿਕਾ ਸਿਟੀ ਲੋਨੀ ਗਾਜ਼ਿਆਬਾਦ ਤੋਂ ਛਪਵਾ ਕੇ 5, ਬਹਾਦੁਰ ਸ਼ਾਹ ਜਫਰ ਮਾਰਗ ਨਵੀਂ ਦਿੱਲੀ-110002 ਤੋਂ ਪ੍ਰਕਾਸ਼ਿਤ ਕੀਤਾ ਹੈ।

Edited Printed Published and Owned by Gurcharan Singh Babbar 5, Bahadur Shah Zafar Marg New Delhi 110002. Printed at Qaumi Patrika Printing Press A-4 Tronica City Loni Ghaziabad

Ph. : 011-41509689, 011-23315814

Mob. : 9971359517, 9312262300

E-mail address: qpatrika@gmail.com

R.N.I. No. 39272/81

Legal Advisors:
Advocate Mohd. Sajid
Advocate Dr. A.P.Singh
Advocate Manish Sharma
Advocate Pooja Bhaskar Sharma

ਦਿੱਲੀ ਵਿਧੁਤ ਵਿਨਿਯਾਮਕ ਆਯੋਗ
ਵਿਨਿਯਾਮਕ ਭਵਨ, ਸੀ-ਬਲਾੱਕ, ਸ਼ਿਵਾਲਿਕ, ਮਾਲਵੀਯ ਨਗਰ, ਨਵੀਂ ਦਿੱਲੀ-1100017
ਵੇਬਸਾਈਟ: www.derc.gov.in ਟੇਲੀਫੈਕਸ: 41080417

**ਜਨਤੱਕ ਸੂਚਨਾ ਲਈ ਸ਼ੁੱਧੀਪੱਤਰ**

**ਦਿੱਲੀ ਵਿਧੁਤ ਵਿਨਿਯਾਮਕ ਆਯੋਗ (ਟੈਰਿਫ ਆਧਾਰਿਤ ਪ੍ਰਤਿਸਪਰਧੀ ਬੋਲੀ ਦੇ ਤਹਿਤ ਅੰਤਰਰਾਜੀਯ ਪਾਰੇਸ਼ਣ ਪਰਿਯੋਜਨਾਵਾਂ ਦੇ ਵਿਕਾਸ ਦੇ ਲਈ ਸ਼ੁਰੂਆਤੀ ਸੀਮਾ) ਵਿਨਿਯਮ, 2024 ਦੇ ਪ੍ਰਾਰੂਪ 'ਤੇ ਟਿੱਪਣੀਆਂ/ਸੁਝਾਵ/ਆਪਤੀਆਂ ਆਮੰਤ੍ਰਿਤ ਲਈ**

ਦਿੱਲੀ ਵਿਧੁਤ ਵਿਨਿਯਾਮਕ ਆਯੋਗ, ਵਿਧੁਤ ਅਧਿਨੀਅਮ, 2003 (2003 ਦਾ 36) ਦੀ ਧਾਰਾ 61, 63 ਅਤੇ 86 (4) ਦੇ ਨਾਲ ਪਠਿਤ ਧਾਰਾ 181 (2) ਦੀ ਉਪ-ਧਾਰਾਵਾਂ (ਜੇਡ ਡੀ), ਅਤੇ (ਜੇਡ ਐਫ) ਅਤੇ (ਜੇਡ ਪੀ) ਦੇ ਅਧੀਨ ਪ੍ਰਦੱਤ ਸ਼ਕਤੀਆਂ ਅਤੇ ਇਸ ਨਿਮਿਤ ਸਾਮਰਥਯਕਾਰੀ ਸ਼ਕਤੀਆਂ ਦਾ ਪ੍ਰਯੋਗ ਕਰਦੇ ਹੋਏ, ਦਿੱਲੀ ਵਿਧੁਤ ਵਿਨਿਯਾਮਕ ਆਯੋਗ (ਟੈਰਿਫ ਆਧਾਰਿਤ ਪ੍ਰਤਿਸਪਰਧੀ ਬੋਲੀ ਦੇ ਤਹਿਤ ਅੰਤਰਰਾਜੀਯ ਪਾਰੇਸ਼ਣ ਪਰਿਯੋਜਨਾਵਾਂ ਦੇ ਵਿਕਾਸ ਦੇ ਲਈ ਸ਼ੁਰੂਆਤੀ ਸੀਮਾ) ਵਿਨਿਯਮ, 2024 ਦਾ ਪ੍ਰਾਰੂਪ ਤਿਆਰ ਕੀਤਾ ਹੈ।

ਆਯੋਗ ਨੇ 06.09.2024 ਨੂੰ ਪ੍ਰਕਾਸ਼ਿਤ ਜਨਤੱਕ ਸੂਚਨਾ ਦੇ ਮਾਧਿਅਮ ਤੋਂ ਪ੍ਰਮੁੱਖ ਸਮਾਚਾਰ ਪੱਤਰਾਂ 'ਚ ਵਿਨਿਯਮ ਦੇ ਪ੍ਰਾਰੂਪ 'ਤੇ ਆਪਣੇ ਸੁਝਾਅ/ਟਿੱਪਣੀਆਂ/ਆਪਤੀਆਂ ਆਮੰਤ੍ਰਿਤ ਕੀਤੀ ਸੀ ਜਿਸਨੂੰ ਪੇਸ਼ ਕਰਨ ਦੀ ਅੰਤਿਮ ਮਿਤੀ 30.09.2024 ਸੀ। ਹੁਣ ਹਿਤਧਾਰਕਾਂ ਤੋਂ ਅਨੁਰੋਧ 'ਤੇ ਸੁਝਾਅ/ਟਿੱਪਣੀਆਂ/ਆਪਤੀਆਂ ਪੇਸ਼ ਕਰਨ ਦੀ ਅੰਤਿਮ ਮਿਤੀ 15.11.2024 ਤੱਕ ਵਧਾ ਦਿੱਤੀ ਗਈ ਹੈ।

ਉਕਤ ਪ੍ਰਾਰੂਪ ਆਯੋਗ ਦੀ ਵੇਬਸਾਈਟ www.derc.gov.in 'ਤੇ ਉਪਲਬਧ ਹੈ।

ਹਿਤਧਾਰਕਾਂ ਤੋਂ ਅਨੁਰੋਧ ਹੈ ਕਿ ਦਿੱਲੀ ਵਿਧੁਤ ਵਿਨਿਯਾਮਕ ਆਯੋਗ (ਟੈਰਿਫ ਆਧਾਰਿਤ ਪ੍ਰਤਿਸਪਰਧੀ ਬੋਲੀ ਦੇ ਤਹਿਤ ਅੰਤਰਰਾਜੀਯ ਪਾਰੇਸ਼ਣ ਪਰਿਯੋਜਨਾਵਾਂ ਦੇ ਵਿਕਾਸ ਦੇ ਲਈ ਸ਼ੁਰੂਆਤੀ ਸੀਮਾ) ਵਿਨਿਯਮ, 2024 ਦੇ ਪ੍ਰਾਰੂਪ 'ਤੇ ਆਪਣੇ ਸੁਝਾਵ/ਟਿੱਪਣੀਆਂ/ਆਪੱਤੀਆਂ ਨੂੰ ਸਚਿਵ, ਡੀਈਆਰਸੀ ਨੂੰ ਡਾਕ ਜਾਂ ਈਮੇਲ secyderc@nic.in ਵੱਲੋਂ ਮਿਤੀ 15/11/2024 ਤਕ ਪ੍ਰੇਸ਼ਿਤ ਕੀਤਾ ਜਾ ਸਕਦਾ ਹੈ।

**ਰਾਜੇਸ਼ ਦਾਂਗੀ, ਸਚਿਵ**

**ਮਿਤੀ : 21/10/2024**

DIP/Shabdarth/Classified/0236/24-25

## ਪੈਟਰੋਲ ਪੰਪ 'ਤੇ ਪੈਂਚਰ ਦੀ ਦੁਕਾਨ 'ਚੋਂ ਚੋਰੀ ਦੇ ਮਾਮਲੇ 'ਚ ਇਕ ਕਾਬੂ

ਖਰੜ 28 ਅਕਤੂਬਰ। ਪਿੰਡ ਸਹੌੜਾਂ ਦੇ ਪੈਟਰੋਲ ਪੰਪ 'ਤੇ ਪੈਂਚਰ ਦੀ ਦੁਕਾਨ 'ਚੋਂ ਚੋਰੀ ਕਰਨ ਵਾਲੇ 2 ਮੁਲਜਮਾਂ ਖ਼ਿਲਾਫ਼ ਪਰਚਾ ਦਰਜ ਕੀਤਾ ਹੈ। ਪੁਲਸ ਨੇ ਪਿੰਡ ਸਹੌੜਾ ਦੇ ਮੁਲਜਮ ਜਮੀਰ ਮੁਹੰਮਦ ਨੂੰ ਗ੍ਰਿਫ਼ਤਾਰ ਕਰ ਕੇ ਅਦਾਲਤ 'ਚ ਪੇਸ਼ ਕੀਤਾ, ਜਿੱਥੋਂ ਪੁਲਸ ਤਿੰਨ ਦਿਨ ਰਿਮਾਂਡ 'ਤੇ ਲੈ ਕੇ



ਪੁੱਛਗਿੱਛ ਕਰ ਰਹੀ ਹੈ। ਉਸਦਾ ਸਾਥੀ ਫਰਾਰ ਦੱਸਿਆ ਜਾ ਰਿਹਾ ਹੈ। ਪੁਲਸ ਮੁਤਾਬਕ ਪਿੰਡ ਬੜਾਲੀ ਦੇ ਕੁਲਦੀਪ ਸਿੰਘ ਨੇ ਦੱਸਿਆ ਕਿ ਉਹ ਪੈਟਰੋਲ ਪੰਪ 'ਤੇ ਪੈਂਚਰ ਦੀ ਦੁਕਾਨ ਚਲਾਉਂਦਾ ਹੈ। ਪਿਛਲੀ ਰਾਤ ਉਹ ਦੋਸਤ ਦੇ ਜਨਮ ਦਿਨ ਦੀ ਪਾਰਟੀ 'ਚ ਕੁੱਝ ਸਮੇਂ ਲਈ ਦੁਕਾਨ ਬੰਦ ਕਰ ਕੇ ਗਿਆ ਸੀ। ਜਦੋਂ ਉਹ ਅੱਧੀ ਰਾਤ ਦੁਕਾਨ 'ਤੇ ਆਇਆ ਤਾਂ ਉਸ ਨੇ ਵੇਖਿਆ ਕਿ ਉਸ ਦੀ ਦੁਕਾਨ ਦੇ ਅੱਗੇ ਆਟੋ ਤੇ ਬੁਲੇਟ ਖੜ੍ਹਾ ਸੀ। ਉਸ ਨੇ ਦੋ ਲੋਕਾਂ ਨੂੰ ਦੁਕਾਨ ਦਾ ਤਾਲਾ ਤੋੜਦੇ ਦੇਖਿਆ। ਜਦੋਂ ਉਸ ਨੇ ਮੁਲਜਮਾਂ ਨੂੰ ਰੋਕਿਆ ਤਾਂ ਉਹ ਪਹਿਲਾਂ ਹੀ ਦੁਕਾਨ 'ਚੋਂ ਚੋਰੀ ਕੀਤਾ ਸਾਮਾਨ ਆਟੋ 'ਚ ਰੱਖ ਚੁੱਕੇ ਸਨ। ਉਸ ਨੂੰ ਵੇਖਦੇ ਹੀ ਆਟੋ 'ਚ ਫਰਾਰ ਹੋ ਗਏ। ਮੁਲਜਮ ਬੁਲੇਟ ਮੌਕੇ 'ਤੇ ਹੀ ਛੱਡ ਗਏ। ਉਸ ਨੇ ਦੁਕਾਨ 'ਚ ਵੇਖਿਆ ਤਾਂ ਗਾਹਕਾਂ ਦੇ ਪੈਂਚਰ ਲਾਉਣ ਲਈ ਦਿੱਤੇ ਟਿੱਪਰ ਦੇ 12 ਰਿਮ ਤੇ ਚਾਰ ਜੈਕ ਆਟੋ 'ਚ ਲੈ ਗਏ।

# ਨਕਲ ਦੀ ਗਾਰੰਟੀ ਦੇ ਸਹਾਰੇ ਚੱਲਦੀਆਂ ਵਿੱਦਿਅਕ ਸੰਸਥਾਵਾਂ ਨੇ ਵਧਾਈ ਚਿੰਤਾ

ਮਲੋਟ 24 ਅਕਤੂਬਰ। ਮਲੋਟ ਅਤੇ ਆਸਪਾਸ ਸਮੇਤ ਮਾਲਵਾ ਖੇਤਰ ਵਿਚ ਪੜ੍ਹਾਈ ਸਮੇਤ ਕੋਰਸਾਂ ਅਤੇ ਕਾਲਜਾਂ ਦੇ ਨਾਂ 'ਤੇ ਖੁੱਲ੍ਹੀਆਂ ਦੁਕਾਨਾਂ ਨੂੰ ਲੈ ਕੇ ਬੁੱਧੀਜੀਵੀ ਵਰਗ ਵਿਚ ਭਾਰੀ ਚਿੰਤਾ ਹੈ। ਜਾਣਕਾਰੀ ਅਨੁਸਾਰ ਗ੍ਰੈਜੂਏਸ਼ਨ ਸਮੇਤ ਵੱਖ-ਵੱਖ ਕੋਰਸਾਂ ਵਿਚ ਨਾਨ ਅਟੈਂਡਿੰਗ ਦਾਖਲੇ ਅਤੇ ਨਕਲ ਦੀ ਗਾਰੰਟੀ ਦੀਆਂ ਚਰਚਾਵਾਂ ਨੇ ਇਹ ਚਿੰਤਾ ਹੋਰ ਵਧਾ ਦਿੱਤੀ ਹੈ। ਕੁਝ ਸਾਲ ਪਹਿਲਾਂ ਸੈਂਕੜਿਆਂ ਦੀ ਗਿਣਤੀ ਵਿਚ ਵਿਦਿਆਰਥੀਆਂ ਵਾਲੀਆਂ ਇਨ੍ਹਾਂ ਸੰਸਥਾਵਾਂ ਵਿਚ ਹੁਣ ਹਜਾਰਾਂ ਦੀ ਗਿਣਤੀ ਵਿਚ ਦਾਖਲੇ ਹਨ ਜਦਕਿ ਪੜ੍ਹਾਈ, ਇਮਾਰਤਾਂ, ਬੁਨਿਆਦੀ ਢਾਂਚੇ ਅਤੇ ਹੋਰ ਸਹੂਲਤਾਂ ਦੀ ਘਾਟ ਹੈ। ਇਹ ਵਪਾਰਕ ਸੰਸਥਾਵਾਂ, ਸਿੱਖਿਆ ਨੂੰ ਸਿਓਂਕ ਵਾਂਗ ਖਾ ਰਹੀਆਂ ਹਨ, ਜਿਸ ਕਰਕੇ ਮਾਮਲਾ ਜਾਂਚ ਦਾ ਵਿਸ਼ਾ ਹੈ। ਇਸ ਸਬੰਧੀ ਸਿੱਖਿਆ ਨਾਲ ਜੁੜੇ ਕੁਝ ਮਾਹਿਰਾਂ ਨੇ ਦੱਸਿਆ ਕਿ ਮਲੋਟ, ਅਬੋਹਰ ਅਤੇ ਗਿੱਦੜਬਾਹਾ ਸਮੇਤ ਇਲਾਕੇ ਦੇ ਅੱਧੀ ਸਦੀ ਤੋਂ ਪੁਰਾਣੇ ਅਤੇ ਲੋਕਾਂ ਦੀ ਸਿੱਖਿਆ ਦੀ ਸਹੂਲਤ ਲਈ ਬਣੇ ਕਾਲਜਾਂ ਵਿਚ ਵਿਦਿਆਰਥੀਆਂ ਦੀ ਗਿਣਤੀ 600-700 ਤੱਕ ਵੀ ਨਹੀਂ ਜਦਕਿ ਕੁਝ ਸਾਲ ਪਹਿਲਾਂ ਜਿਹੜੀਆਂ ਸੰਸਥਾਵਾਂ ਵਿਚ ਵਿਦਿਆਰਥੀਆਂ ਦੀ ਗਿਣਤੀ 500 ਸੀ, ਹੁਣ 5 ਤੋਂ 6 ਹਜਾਰ ਤੱਕ ਵਿਦਿਆਰਥੀਆਂ ਦੇ ਦਾਖਲੇ ਹਨ। ਇਥੋਂ ਤੱਕ ਕਿ ਸਾਲਾਂ ਤੋਂ ਚੱਲ ਰਹੀ ਬਠਿੰਡਾ ਜ਼ਿਲ੍ਹੇ ਦੀ ਇਕ ਵੱਡੀ ਵਿੱਦਿਅਕ ਸੰਸਥਾ ਵਿਚ ਵੀ ਅਜੇ ਵੀ ਵਿਦਿਆਰਥੀਆਂ ਦੀ ਗਿਣਤੀ ਡੇਢ ਹਜਾਰ ਤੋਂ ਘੱਟ ਹੈ ਪਰ ਇਥੇ ਦੋ-ਤਿੰਨ ਸਾਲਾਂ ਵਿਚ ਬਣੇ ਕਾਲਜਾਂ ਨੇ ਵਿਦਿਆਰਥੀਆਂ ਦੇ ਦਾਖਲਿਆਂ ਨੂੰ ਲੈ ਕੇ ਜਾਦੂਈ ਅੰਕੜਾ ਪਾਰ ਕਰ ਲਿਆ ਹੈ। ਜਾਣਕਾਰੀ ਅਨੁਸਾਰ ਇਨ੍ਹਾਂ ਵਿਦਿਆਰਥੀਆਂ ਦੀ ਗਿਣਤੀ ਅਨੁਸਾਰ ਬਣਦੇ ਸੈਕਸ਼ਨਾਂ ਤੇ ਗ੍ਰੈਜੂਏਟ, ਪੋਸਟ ਗ੍ਰੈਜੂਏਟ ਅਤੇ ਸਾਇੰਸ ਸਮੇਤ ਵਿਸ਼ਿਆਂ ਅਨੁਸਾਰ ਲੋੜੀਂਦੇ ਅਧਿਆਪਕ ਅਤੇ ਬਾਕੀ ਸਟਾਫ ਨਾਕਾਫੀ ਹੈ। ਇਸ ਤੋਂ ਇਲਾਵਾ ਇੰਨੀ ਗਿਣਤੀ ਵਿਚ ਬੈਠਣ ਲਈ ਵਿਦਿਆਰਥੀਆਂ ਲਈ ਕਮਰਿਆਂ ਦਾ ਵੀ ਪ੍ਰਬੰਧ ਨਹੀਂ। ਜਾਣਕਾਰੀ ਅਨੁਸਾਰ ਇਸ ਖੇਤਰ ਵਿਚ ਬਣੀਆਂ ਇਨ੍ਹਾਂ ਵਿਚੋਂ ਕੁਝ ਇਕ ਨੂੰ ਖੁੱਲ੍ਹੇ ਤਾਂ 2-3 ਸਾਲ ਵੀ ਨਹੀਂ ਹੋਏ ਪਰ ਦਾਖਲੇ ਹਜਾਰ, ਡੇਢ ਹਜਾਰ ਤੋਂ ਉਪਰ ਦੱਸੇ ਜਾ ਰਹੇ ਹਨ। ਜਾਣਕਾਰੀ ਅਨੁਸਾਰ ਇਨ੍ਹਾਂ ਸੰਸਥਾਵਾਂ ਵਲੋਂ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿਚ ਖੁੱਲ੍ਹੀਆਂ ਅਕੈਡਮੀਆਂ ਰਾਹੀਂ ਵਿਦਿਆਰਥੀ ਦਾਖਲ ਕੀਤੇ ਜਾਂਦੇ ਹਨ। ਜਿਨ੍ਹਾਂ ਨੂੰ ਨਾ ਸਿਰਫ ਹਾਜਰੀਆਂ ਦੀ ਪੂਰੀ ਛੋਟ ਹੈ, ਬਲਕਿ ਨਕਲ ਦੀ ਵੀ ਗਾਰੰਟੀ ਦਿੱਤੀ ਜਾਂਦੀ ਹੈ। ਇਸ ਤਰ੍ਹਾਂ ਦੇ ਹੀ ਇਕ ਫਾਰਮੇਸੀ ਕਾਲਜ ਵਿਚ ਪੰਜਾਬ ਸਰਕਾਰ ਵਲੋਂ ਪ੍ਰੀਖਿਆ ਦੌਰਾਨ ਕੀਤੀ ਸਖਤੀ ਤੋਂ ਬਾਅਦ ਪਿਛਲੇ ਦੋ ਸਾਲਾਂ ਤੋਂ ਫਾਰਮੇਸੀ ਦੇ ਵਿਦਿਆਰਥੀਆਂ ਦਾ ਨਤੀਜਾ ਫੇਲ੍ਹ ਹੋਣ ਕਰਕੇ ਖੂਬ ਚਰਚਾ ਰਹੀ ਹੈ। ਜ਼ਿਕਰਯੋਗ ਹੈ ਕਿ ਜਿੱਥੇ ਪਿਛਲੇ ਸਮੇਂ ਅਬੋਹਰ ਨਾਲ ਸਬੰਧਤ ਇਕ ਕਾਲਜ ਵਲੋਂ ਇਕ ਇਮਾਰਤ ਵਿਚ ਦੋ-ਦੋ ਕਾਲਜ ਚਲਾਉਣ ਕਰਕੇ ਅਦਾਲਤ ਨੇ ਲੱਖਾਂ ਰੁਪਏ ਜੁਰਮਾਨਾ ਕੀਤਾ ਸੀ, ਉਥੇ ਇਕ ਸੰਸਥਾ ਨੂੰ ਯੂਨੀਵਰਸਿਟੀ ਵਲੋਂ ਦੋ ਸਾਲ ਪਹਿਲਾਂ ਪ੍ਰੀਖਿਆ ਮੌਕੇ ਕੈਮਰੇ ਲਾਉਣ ਦੀ ਹਦਾਇਤ ਕੀਤੀ ਸੀ ਪਰ ਜਾਣਕਾਰਾਂ ਨੇ ਦੱਸਿਆ ਕਿ ਟੈਂਟ ਲਾ ਕੇ ਬਣਾਏ ਜਾਂਦੇ ਪ੍ਰੀਖਿਆ ਹਾਲ ਵਿਚ ਕੈਮਰੇ ਕਿਵੇਂ ਲੱਗ ਸਕਦੇ ਹਨ। ਜੇਕਰ ਯੂਨੀਵਰਸਿਟੀ ਵਲੋਂ ਕੀਤੀਆ ਹਦਾਇਤਾਂ ਦੀ ਸਬੰਧਤ ਸੰਸਥਾਵਾਂ ਵਲੋਂ ਪਾਲਣਾ ਕੀਤੀ ਹੁੰਦੀ ਤਾਂ ਸ਼ਾਇਦ ਅੰਨ੍ਹੇਵਾਹ ਫਰਜੀ ਦਾਖਲਿਆਂ 'ਤੇ ਰੋਕ ਲੱਗੀ ਹੁੰਦੀ ਅਤੇ ਸਿੱਖਿਆ ਨੂੰ ਨਿੱਘਰਨ ਤੋਂ ਰੋਕਿਆ ਜਾ ਸਕਦਾ। ਇਹ ਮਾਮਲਾ ਨਾ ਸਿਰਫ ਸਿੱਖਿਆ ਦੇ ਵਪਾਰੀਕਰਨ ਦਾ ਹੈ ਬਲਕਿ ਸਬੰਧਤ ਯੂਨੀਵਰਸਿਟੀਆਂ ਵਿਚ ਫੈਲੇ ਭ੍ਰਿਸ਼ਟਾਚਾਰ ਦਾ ਵੀ ਹੋ ਸਕਦਾ ਹੈ ਜਿਸ ਕਰਕੇ ਇਨ੍ਹਾਂ ਸੰਸਥਾਵਾਂ ਉਪਰ ਅੰਕੁਸ਼ ਨਹੀਂ ਲੱਗ ਰਿਹਾ ਹੈ। ਇਸ ਕਰਕੇ ਹੀ ਸਿੱਖਿਆ ਪ੍ਰਤੀ ਗੰਭੀਰ ਲੋਕ ਇਸ ਮਾਮਲੇ ਨੂੰ ਯੂਨੀਵਰਸਿਟੀ ਅਤੇ ਮਾਣਯੋਗ ਅਦਾਲਤ ਤੱਕ ਲਿਜਾਣ ਲਈ ਵਿਚਾਰ ਰਹੇ ਹਨ ਤਾਂ ਜੋ ਅਗਲੇ ਮਹੀਨੇ ਹੋਣ ਵਾਲੀਆਂ ਪ੍ਰੀਖਿਆਵਾਂ ਮੌਕੇ ਅਜਿਹੀਆਂ ਸੰਸਥਾਵਾਂ ਵਿਚ ਯੂਨੀਵਰਸਿਟੀ ਦੇ ਨਿਯਮਾਂ ਨੂੰ ਲਾਗੂ ਕਰਾਇਆ ਜਾਵੇ।

## ਬੇਕਾਬੂ ਹੋ ਕੇ ਡਿਵਾਈਡਰ ਤੋੜ ਕੇ ਦੂਜੇ ਪਾਸੇ ਜਾ ਵੜੀ ਬੱਸ, ਬਾਈਕ 'ਤੇ ਜਾਂਦੇ ਪਤੀ-ਪਤਨੀ ਨੂੰ ਦਰੜਿਆ, ਮੌਤ

ਫਰੀਦਕੋਟ 28 ਅਕਤੂਬਰ। ਫਰੀਦਕੋਟ ਜ਼ਿਲ੍ਹੇ ਤੋਂ ਇਕ ਬਹੁਤ ਮੰਦਭਾਗੀ ਖਬਰ ਸਾਹਮਣੇ ਆ ਰਹੀ ਹੈ, ਜਿੱਥੇ ਪਿੰਡ ਚੰਦ ਬਾਜਾ ਨੇੜੇ ਇਕ ਬੱਸ ਬੇਕਾਬੂ ਹੋ ਕੇ ਡਿਵਾਈਡਰ 'ਚ ਜਾ ਵੱਜੀ ਤੇ ਡਿਵਾਈਡਰ ਨੂੰ ਤੋੜ ਕੇ ਦੂਜੇ ਪਾਸੇ ਬਾਈਕ 'ਤੇ ਜਾਂਦੇ ਪਤੀ-ਪਤਨੀ ਨੂੰ ਟੱਕਰ ਮਾਰ ਦਿੱਤੀ, ਜਿਸ ਕਾਰਨ ਉਨ੍ਹਾਂ ਦੋਵਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦਕਿ ਬੱਸ ਡਰਾਈਵਰ ਵੀ ਗੰਭੀਰ ਰੂਪ 'ਚ ਜਖਮੀ ਹੋ ਗਿਆ ਹੈ। ਮੌਕੇ 'ਤੇ ਪਹੁੰਚੀ ਪੁਲਸ ਨੇ ਜਖਮੀ ਡਰਾਈਵਰ ਨੂੰ ਤੁਰੰਤ ਹਸਪਤਾਲ ਪਹੁੰਚਾਇਆ, ਜਦਕਿ ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਵੀ ਹਸਪਤਾਲ ਪੋਸਟਮਾਰਟਮ ਲਈ ਭੇਜਿਆ ਗਿਆ। ਮੌਕੇ 'ਤੇ ਮੌਜੂਦ ਲੋਕਾਂ ਨੇ ਦੱਸਿਆ ਕਿ ਬੱਸ ਕਿਸੇ ਖਰਾਬੀ ਕਾਰਨ ਬੇਕਾਬੂ ਹੋ ਗਈ, ਜਿਸ ਕਾਰਨ ਇਹ ਇਕਦਮ ਮੁੜ ਗਈ ਤੇ ਡਿਵਾਈਡਰ ਨੂੰ ਤੋੜ ਕੇ ਦੂਜੇ ਪਾਸੇ ਜਾਂਦੇ ਪਤੀ-ਪਤਨੀ 'ਤੇ ਜਾ ਚੜ੍ਹੀ। ਪੁਲਸ ਵੱਲੋਂ ਲਾਸ਼ਾਂ ਦੀ ਜਾਂਚ ਕਰਨ ਉਪਰੰਤ ਮ੍ਰਿਤਕਾਂ ਕੋਲੋਂ ਉਨ੍ਹਾਂ ਦੇ ਪਛਾਣ ਪੱਤਰ ਪ੍ਰਾਪਤ ਹੋਏ, ਜਿਸ ਤੋਂ ਉਨ੍ਹਾਂ ਦੀ ਪਛਾਣ ਮੋਗਾ ਦੇ ਪ੍ਰੀਤ ਨਗਰ ਵਾਸੀਆਂ ਵਜੋਂ ਹੋਈ ਹੈ। ਉਹ ਜੇਲ੍ਹ 'ਚ ਆਪਣੇ ਕਿਸੇ ਰਿਸ਼ਤੇਦਾਰ ਨੂੰ ਮਿਲਣ ਉਪਰੰਤ ਘਰ ਵਾਪਸ ਜਾ ਰਹੇ ਸਨ, ਕਿ ਰਸਤੇ 'ਚ ਇਹ ਦਰਦਨਾਕ ਹਾਦਸਾ ਵਾਪਰ ਗਿਆ।

# 7 ਬੱਚਿਆਂ ਦੀ ਮਾਂ ਪ੍ਰੇਮੀ ਨਾਲ ਹੋਈ ਫਰਾਰ, ਮਾਸੂਮ ਬੱਚਿਆਂ ਦਾ ਰੋ-ਰੋ ਬੁਰਾ ਹਾਲ

ਨੈਸ਼ਨਲ ਡੈਸਕ 28 ਅਕਤੂਬਰ। ਉੱਤਰ ਪ੍ਰਦੇਸ ਦੇ ਕਨੌਜ ਜ਼ਿਲ੍ਹੇ ਤੋਂ ਇੱਕ ਹੈਰਾਨ ਕਰਨ ਵਾਲੀ ਘਟਨਾ ਸਾਹਮਣੇ ਆਈ ਹੈ, ਜਿੱਥੇ 7 ਬੱਚਿਆਂ ਦੀ ਮਾਂ ਆਪਣੇ ਪ੍ਰੇਮੀ ਨਾਲ ਫਰਾਰ ਹੋ ਗਈ। ਔਰਤ ਆਪਣੇ ਸੱਤ ਬੱਚਿਆਂ ਨੂੰ ਘਰ ਛੱਡ ਗਈ ਹੈ। ਜਦੋਂ ਬੱਚਿਆਂ ਨੂੰ ਇਸ ਗੱਲ ਦਾ ਪਤਾ ਲੱਗਾ ਤਾਂ ਉਹ ਆਪਣੀ ਮਾਸੀ ਨੂੰ ਲੈ ਕੇ ਥਾਣੇ ਪੁੱਜੇ। ਬੱਚਿਆਂ ਨੇ ਪੁਲਸ ਨੂੰ ਉਨ੍ਹਾਂ ਦੀ ਮਾਂ ਨੂੰ ਲੱਭਣ ਦੀ ਬੇਨਤੀ ਕੀਤੀ ਹੈ। ਫਿਲਹਾਲ ਪੁਲਸ ਨੇ ਜਾਂਚ ਸੁਰੂ ਕਰ ਦਿੱਤੀ ਹੈ। ਇਹ ਘਟਨਾ ਇਲਾਕੇ 'ਚ ਚਰਚਾ ਦਾ ਵਿਸ਼ਾ ਬਣੀ ਹੋਈ ਹੈ। ਪੂਰਾ ਮਾਮਲਾ ਕਨੌਜ ਜ਼ਿਲ੍ਹੇ ਦੇ ਗੁਰਸਹਾਏਗੰਜ ਕੋਤਵਾਲੀ ਇਲਾਕੇ ਦੇ ਇੱਕ ਪਿੰਡ ਦਾ ਹੈ। ਇੱਥੇ ਰਹਿਣ ਵਾਲਾ ਇੱਕ 40 ਸਾਲਾ ਵਿਅਕਤੀ ਬਾਹਰ ਕੰਮ ਕਰਦਾ ਹੈ। ਉਸ ਦੀ ਪਤਨੀ ਆਪਣੇ 7 ਬੱਚਿਆਂ ਨਾਲ ਪਿੰਡ 'ਚ ਰਹਿ ਰਹੀ ਸੀ। ਦੱਸਿਆ ਜਾ ਰਿਹਾ ਹੈ ਕਿ ਇਸ ਦੌਰਾਨ ਪਤਨੀ ਦਾ ਪਿੰਡ ਦੇ ਹੀ ਇਕ ਨੌਜਵਾਨ ਨਾਲ ਅਫੇਅਰ ਚੱਲ ਰਿਹਾ ਸੀ। ਕੱਲ੍ਹ ਪਤਨੀ



ਮੌਕਾ ਦੇਖ ਕੇ ਆਪਣੇ ਪ੍ਰੇਮੀ ਨਾਲ ਘਰੋਂ ਭੱਜ ਗਈ। ਜਦੋਂ ਔਰਤ ਘਰ ਨਹੀਂ ਪਰਤੀ ਤਾਂ ਬੱਚੇ ਚਿੰਤਤ ਹੋ ਗਏ ਅਤੇ ਮਾਮਲੇ ਦੀ ਜਾਣਕਾਰੀ ਆਪਣੀ ਮਾਸੀ ਨੂੰ ਦਿੱਤੀ। ਜਿਸ 'ਤੇ ਮਾਸੀ ਸਾਰੇ ਬੱਚਿਆਂ ਨੂੰ ਲੈ ਕੇ ਥਾਣਾ ਗੁਰਸਹਾਏਗੰਜ ਪਹੁੰਚੀ। ਜਿੱਥੇ ਬੱਚਿਆਂ ਨੇ ਪੁਲਸ ਨੂੰ ਆਪਣੀ ਮਾਂ ਨੂੰ ਲੱਭਣ ਦੀ ਬੇਨਤੀ ਕੀਤੀ। ਔਰਤ ਦੇ ਵੱਡੇ ਪੁੱਤਰ ਦੀ ਉਮਰ 13 ਸਾਲ ਅਤੇ ਸਭ ਤੋਂ ਛੋਟੀ ਬੇਟੀ ਦੀ ਉਮਰ 2 ਸਾਲ ਦੱਸੀ ਜਾ ਰਹੀ ਹੈ। ਦੂਜੇ ਪਾਸੇ ਘਟਨਾ ਦੀ ਸੂਚਨਾ ਮਿਲਦੇ ਹੀ ਫਰਾਰ ਔਰਤ ਦਾ ਪਤੀ ਵੀ ਪਿੰਡ ਪਰਤ ਆਇਆ। ਇਸ ਮਾਮਲੇ 'ਚ ਉਸ ਨੇ ਪੁਲਸ ਨੂੰ ਦਰਖਾਸਤ ਦੇ ਕੇ ਸ਼ਿਕਾਇਤ ਦਰਜ ਕਰਵਾਈ ਹੈ। ਪਤੀ ਨੇ ਪਿੰਡ ਦੀ ਹੀ ਇੱਕ ਹੋਰ ਔਰਤ 'ਤੇ ਪਤਨੀ ਨੂੰ ਭੱਜਣ 'ਚ ਮਦਦ ਕਰਨ ਦਾ ਦੋਸ਼ ਲਗਾਇਆ ਹੈ। ਫਿਲਹਾਲ ਪੁਲਸ ਨੇ ਦਰਖਾਸਤ ਲੈ ਕੇ ਪਰਿਵਾਰਕ ਮੈਂਬਰਾਂ ਨੂੰ ਔਰਤ ਨੂੰ ਜਲਦੀ ਲੱਭਣ ਲਈ ਕਿਹਾ ਹੈ। ਪਿੰਡ ਵਾਸੀਆਂ ਨੇ ਦੱਸਿਆ ਕਿ ਉਕਤ ਪਰਿਵਾਰ ਦੀ ਆਰਥਿਕ ਹਾਲਤ ਬਹੁਤੀ ਚੰਗੀ ਨਹੀਂ ਹੈ। ਪਤੀ ਰੁਜਗਾਰ ਲਈ ਸਹਿਰ ਤੋਂ ਬਾਹਰ ਗਿਆ ਹੋਇਆ ਸੀ। ਇਸ ਦੌਰਾਨ ਪਤਨੀ ਨੇ ਕਿਸੇ ਹੋਰ ਨੌਜਵਾਨ ਨਾਲ

## ਪੰਜਾਬ 'ਚ ਝੋਨੇ ਦੀ ਲਿਫਟਿੰਗ ਨੇ ਫੜ੍ਹੀ ਰਫਤਾਰ, ਜਾਣੋ 6 ਦਿਨਾਂ 'ਚ ਕਿੰਨਾ ਹੋਇਆ ਵਾਧਾ

ਚੰਡੀਗੜ੍ਹ 28 ਅਕਤੂਬਰ। ਪੂਰੇ ਪੰਜਾਬ 'ਚ ਝੋਨੇ ਦੀ ਲਿਫਟਿੰਗ ਨੇ ਰਫਤਾਰ ਫੜ੍ਹ ਲਈ ਹੈ। ਦਰਅਸਲ ਮੁੱਖ ਮੰਤਰੀ ਭਗਵੰਤ ਮਾਨ ਦੀਆਂ ਕੋਸ਼ਿਸ਼ਾਂ ਸਦਕਾ ਇਹ ਸਭ ਹੋ ਰਿਹਾ ਹੈ। ਜਾਣਕਾਰੀ ਮੁਤਾਬਕ ਸੂਬੇ ਅੰਦਰ ਪਿਛਲੇ 6 ਦਿਨਾਂ 'ਚ 3 ਗੁਣਾ ਲਿਫਟਿੰਗ ਵਧੀ ਹੈ। 21 ਅਕਤੂਬਰ ਤੱਕ ਜਿੱਥੇ ਸੂਬੇ 'ਚ ਲਿਫਟਿੰਗ 1.39 ਐੱਲ. ਐੱਮ. ਟੀ. ਸੀ, ਉੱਥੇ ਹੀ 26 ਅਕਤੂਬਰ ਨੂੰ ਇਹ ਵੱਧ ਕੇ 3.83 ਐੱਲ. ਐੱਮ. ਟੀ. ਹੋ ਗਈ ਹੈ। ਲਿਫਟਿੰਗ 'ਚ ਹਰ ਰੋਜ ਤੇਜੀ ਦੇਖਣ ਨੂੰ ਮਿਲ ਰਹੀ ਹੈ। ਪਿਛਲੀ 21 ਅਕਤੂਬਰ ਨੂੰ 139172 ਐੱਲ. ਐੱਮ. ਟੀ., 22 ਨੂੰ 231124, 23 ਨੂੰ 262890, 24 ਨੂੰ 262890, 25 ਨੂੰ 282055 ਅਤੇ 26 ਅਕਤੂਬਰ ਨੂੰ 383146 ਐੱਲ. ਐੱਮ. ਟੀ. ਝੋਨੇ ਦੀ ਲਿਫਟਿੰਗ ਹੋਈ ਹੈ। ਇਹ ਵੀ ਦੱਸ ਦੇਈਏ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਮੰਡੀਆਂ ਤੋਂ ਝੋਨੇ ਦੀ ਲਿਫਟਿੰਗ ਜੰਗੀ ਪੱਧਰ 'ਤੇ ਕਰਨ ਦੇ ਹੁਕਮ ਜਾਰੀ ਕੀਤੇ ਸਨ। ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਮੰਡੀਆਂ 'ਚ ਝੋਨੇ ਦੀ ਉਠਾਈ ਜਲਦੀ ਤੋਂ ਜਲਦੀ ਯਕੀਨੀ ਕਰਨ ਦੇ ਹੁਕਮ ਦਿੱਤੇ ਸਨ। ਉਨ੍ਹਾਂ ਨੇ ਚਿਤਾਵਨੀ ਦਿੱਤੀ ਸੀ

## ਤਰਨਾਹ ਦਰਿਆ ਰਾਹੀਂ ਪਾਕਿ ਵੱਲੋਂ ਸ਼ੱਕੀ ਹਾਲਾਤ 'ਚ ਭਾਰਤ ਦਾਖਲ ਹੋਈ ਕਿਸਤੀ, ਸੁਰੱਖਿਆ ਏਜੰਸੀਆਂ ਅਲਰਟ

ਬਮਿਆਲ/ਦੀਨਾਨਗਰ 28 ਅਕਤੂਬਰ। ਅੱਜ ਬਮਿਆਲ ਸੈਕਟਰ ਦੇ ਭਾਰਤ ਪਾਕਿਸਤਾਨ ਸਰਹੱਦ ਦੀ ਜੀਰੋ ਰੇਖਾ 'ਤੇ ਸਥਿਤ ਪਿੰਡ ਤਰਨਾਹ ਦਰਿਆ 'ਚੋਂ ਪਾਕਿਸਤਾਨ ਵੱਲੋਂ ਸ਼ੱਕੀ ਹਾਲਾਤ 'ਚ ਇੱਕ ਕਿਸਤੀ ਦੇ ਭਾਰਤ 'ਚ ਆਉਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਜਿਸ ਦੇ ਚਲਦੇ ਮੌਕੇ 'ਤੇ ਤਾਇਨਾਤ ਬੀ. ਐੱਸ. ਐੱਫ. ਬਟਾਲੀਅਨ 121 ਦੇ ਅਧਿਕਾਰੀਆਂ ਵੱਲੋਂ ਤੁਰੰਤ ਪੁਲਸ ਸਟੇਸਨ ਬਮਿਆਲ ਵਿਖੇ ਸੂਚਿਤ ਕੀਤਾ ਗਿਆ। ਜਿਸ ਤੋਂ ਬਾਅਦ ਬਮਿਆਲ ਪੁਲਸ ਵੱਲੋਂ ਮੌਕੇ 'ਤੇ ਪਹੁੰਚ ਕੇ ਇਸ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਦਰਅਸਲ ਇਹ ਮਾਮਲਾ ਸੈਕਟਰ ਬਮਿਆਲ ਦਾ ਹੈ । ਜਿੱਥੇ ਕਿ ਭਾਰਤ ਪਾਕਿਸਤਾਨ ਦੀ ਜੀਰੋ ਰੇਖਾ 'ਤੇ ਪਿੰਡ ਸਕੋਲ ਅਤੇ ਢੀਂਡਾ ਦੇ ਵਿਚਕਾਰ ਇਕ ਤਰਨਾਹ ਦਰਿਆ ਵੱਗਦਾ ਹੈ। ਜੋ ਕਿ ਪਾਕਿਸਤਾਨ ਵੱਲੋਂ ਭਾਰਤ ਵਿੱਚ ਪ੍ਰਵੇਸ ਕਰਦਾ ਹੈ। ਜਿੱਥੇ ਬੀਤੀ ਰਾਤ 8 ਵਜੇ ਦੇ ਕਰੀਬ ਅਚਾਨਕ ਇੱਕ ਕਿਸਤੀ ਪਾਕਿਸਤਾਨ ਵੱਲੋਂ ਭਾਰਤ ਵਿੱਚ ਪ੍ਰਵੇਸ ਕਰਦੀ ਦਿਖਾਈ ਦਿੱਤੀ ਜਿਸ ਨੂੰ ਬੀ. ਐੱਸ. ਐੱਫ. ਬਟਾਲੀਅਨ 121 ਦੇ ਜਵਾਨਾਂ ਵੱਲੋਂ ਤੁਰੰਤ ਕਬਜੇ 'ਚ ਲੈ ਲਿਆ ਅਤੇ ਆਪਣੇ ਅਧਿਕਾਰੀਆਂ ਨੂੰ ਸੂਚਿਤ ਕਰ ਦਿੱਤਾ ਗਿਆ। ਦਰਅਸਲ ਇਹ ਮਾਮਲਾ ਸੀਮਾ ਸੁਰਖਿਆ ਬਲ ਦੇ ਬੀ. ਓ. ਪੀ.



ਪੋਸਟ ਢੀਂਡਾ ਦੇ ਅਧੀਨ ਆਉਂਦਾ ਹੈ। ਜਿਸਦੇ ਚਲਦੇ ਉਥੋਂ ਦੇ ਅਧਿਕਾਰੀਆਂ ਵੱਲੋਂ ਤੁਰੰਤ ਪੰਜਾਬ ਪੁਲਸ ਨੂੰ ਸੂਚਿਤ ਕੀਤਾ ਗਿਆ ਅਤੇ ਬਮਿਆਲ ਤਾਇਨਾਤ ਏ .ਐੱਸ. ਆਈ ਵਿਜੇ ਕੁਮਾਰ ਆਪਣੀ ਟੀਮ ਤਹਿਤ ਮੌਕੇ 'ਤੇ ਪਹੁੰਚੇ ਅਤੇ ਮਾਮਲੇ ਦੀ ਜਾਂਚ ਕਰ ਰਹੇ ਹਨ।

## ਖੇਤਾਂ 'ਚ ਕੰਮ ਕਰਦੇ ਨੌਜਵਾਨ ਕਿਸਾਨ ਨਾਲ ਵਾਪਰ ਗਈ ਅਣਹੋਣੀ

ਲਹਿਰਾਗਾਗਾ 28 ਅਕਤੂਬਰ। ਨਜਦੀਕੀ ਪਿੰਡ ਘੋੜੇਨਬ ਵਿਖੇ ਜਹਿਰੀਲੇ ਜਾਨਵਰ ਦੇ ਕੱਟਣ ਨਾਲ ਨੌਜਵਾਨ ਕਿਸਾਨ ਦੀ ਮੌਤ ਹੋ ਗਈ। ਮ੍ਰਿਤਕ ਸਤਿਗੁਰ ਸਿੰਘ ਦੀ ਪਤਨੀ ਕਮਲ ਨੇ ਪੁਲਸ ਨੂੰ ਲਿਖਤੀ ਬਿਆਨ ਵਿਚ ਦੱਸਿਆ ਕਿ ਉਸ ਦਾ ਪਤੀ ਸਤਿਗੁਰ ਸਿੰਘ (40) ਖੇਤੀਬਾੜੀ ਦੇ ਨਾਲ-ਨਾਲ ਪੋਲਟਰੀ ਫਾਰਮ ਦਾ ਕੰਮਕਾਰ ਕਰਦਾ ਸੀ। 17 ਅਕਤੂਬਰ ਦੀ ਸਾਮ ਨੂੰ ਹਰ ਰੋਜ ਦੀ ਤਰ੍ਹਾਂ ਆਪਣੇ ਖੇਤ ਬਣੇ ਪੋਲਟਰੀ ਫਾਰਮ ਵਿਚ ਰੋਟੀ ਖਾ ਕੇ ਗਿਆ ਸੀ ਜੋ ਅਗਲੇ ਦਿਨ ਸਵੇਰੇ ਤੱਕ ਘਰ ਨਹੀ ਆਇਆ। ਜਦੋਂ ਉਹ 9 ਕੁ ਵਜੇ ਆਪਣੇ ਚਾਚੇ ਸਹੁਰੇ ਮਹਿੰਦਰ ਸਿੰਘ ਨਾਲ ਖੇਤ ਗਈ ਤਾਂ



ਵੇਖਿਆ ਸਤਿਗੁਰ ਸਿੰਘ ਕਮਰੇ ਅੰਦਰ ਬੇਹੋਸ਼ੀ ਦੀ ਹਾਲਤ ਵਿਚ ਪਿਆ ਸੀ ਤੇ ਉਸ ਦੇ ਖੱਬੇ ਪੈਰ 'ਤੇ ਕਿਸੇ ਜਹਿਰੀਲੇ ਜਾਨਵਰ ਵੱਲੋਂ ਕੱਟੇ ਜਾਣ ਦਾ ਨਿਸਾਨ ਸੀ, ਜਿਸ ਤੋਂ ਪਤਾ ਲੱਗਦਾ ਸੀ ਕਿ ਸਤਿਗੁਰ ਸਿੰਘ ਦੀ ਕਿਸੇ ਜਹਿਰੀਲੇ ਜਾਨਵਰ ਵੱਲੋਂ ਕੱਟਣ ਨਾਲ ਮੌਤ ਹੋਈ ਹੈ। ਪੁਲਸ ਨੇ ਮ੍ਰਿਤਕ ਦੀ ਪਤਨੀ ਦੇ ਬਿਆਨਾਂ ਦੇ ਅਧਾਰ 'ਤੇ ਕਾਰਵਾਈ ਕਰਦਿਆਂ ਸਿਵਲ ਹਸਪਤਾਲ ਮੂਨਕ ਵਿਖੇ ਮ੍ਰਿਤਕ ਦਾ ਪੋਸਟਮਾਰਟਮ ਕਰਵਾ ਕੇ ਲਾਸ ਪਰਿਵਾਰ ਦੇ ਹਵਾਲੇ ਕਰ ਦਿੱਤੀ। ਸਰਪੰਚ ਲਖਬੀਰ ਸਿੰਘ ਲੱਖਾ ਪੂਨੀਆ, ਸਾਬਕਾ ਸਰਪੰਚ ਬੀਰਬਲ ਸਿੰਘ ਤੇ ਕਲੱਬ ਪ੍ਰਧਾਨ ਕਰਮਜੀਤ ਸਿੰਘ ਨੇ ਦੱਸਿਆ ਕਿ ਮ੍ਰਿਤਕ ਦੇ ਸਿਰ ਸਰਕਾਰੀ ਤੇ ਪ੍ਰਾਈਵੇਟ ਲੱਖਾਂ ਰੁਪਏ ਦਾ ਕਰਜਾ ਹੈ । ਉਨਾਂ ਪੰਜਾਬ ਸਰਕਾਰ ਤੋਂ ਮ੍ਰਿਤਕ ਦਾ ਕਰਜਾ ਮੁਆਫ ਕਰਨ ਅਤੇ ਯੋਗ ਮੁਆਵਜੇ ਦੀ ਮੰਗ ਕੀਤੀ ਹੈ।

## ਆਨਲਾਈਨ ਕਾਰੋਬਾਰ ਦੇ ਚੱਕਰ 'ਚ 1.20 ਕਰੋੜ ਦੀ ਠੱਗੀ

ਬਠਿੰਡਾ 28 ਅਕਤੂਬਰ। ਥਾਣਾ ਸਾਈਬਰ ਕ੍ਰਾਈਮ ਦੀ ਪੁਲਸ ਨੇ ਆਨਲਾਈਨ ਕਾਰੋਬਾਰ ਦੇ ਮਾਮਲੇ 'ਚ ਇਕ ਵਿਅਕਤੀ ਨਾਲ 1.20 ਲੱਖ ਰੁਪਏ ਦੀ ਠੱਗੀ ਮਾਰਨ ਵਾਲੇ ਅਣਪਛਾਤੇ ਮੁਲਜਮਾਂ ਖ਼ਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਅਨੁਸਾਰ ਹਰਵਿੰਦਰ ਸਿੰਘ ਵਾਸੀ ਗੁਰੂ ਕੀ ਨਗਰੀ ਨੇ ਸਾਈਬਰ ਕ੍ਰਾਇਮ ਕੋਲ ਦਰਜ ਕਰਵਾਈ ਸ਼ਿਕਾਇਤ 'ਚ




ਦੱਸਿਆ ਕਿ ਉਸ ਨੇ ਹਾਲ ਹੀ ਵਿਚ ਐਲੋਨ ਮਸਕ ਅਤੇ ਇੰਫੋਸਿਸ ਦੇ ਚੇਅਰਮੈਨ ਨਾਰਾਇਣ ਮੂਰਤੀ ਦ ਆਰਟੀਫੀਸੀਅਲ ਇੰਟੈਲੀਜੈਂਸ ਕਾਰੋਬਾਰ ਬਾਰੇ ਇਕ ਵੀਡੀਓ ਦੇਖੀ ਸੀ। ਇਸ ਤੋਂ ਬਾਅਦ ਉਸਨੇ ਉਕਤ ਆਨਲਾਈਨ ਕਾਰੋਬਾਰ ਵਿਚ 200 ਡਾਲਰ ਦਾ ਨਿਵੇਸ ਕੀਤਾ, ਜਿਸ ਤੋਂ ਉਸਨੂੰ 100 ਡਾਲਰ ਦਾ ਮੁਨਾਫਾ ਹੋਇਆ। ਬਾਅਦ ਵਿਚ ਉਸ ਨੇ ਇਸ ਵਿਚ 1.20 ਕਰੋੜ ਰੁਪਏ ਦਾ ਨਿਵੇਸ ਕੀਤਾ, ਜਿਸ 'ਚੋਂ ਉਸ ਨੂੰ ਕੋਈ ਪੈਸਾ ਵਾਪਸ ਨਹੀਂ ਮਿਲਿਆ। ਬਾਅਦ 'ਚ ਵਾਰ-ਵਾਰ ਬੇਨਤੀ ਕਰਨ 'ਤੇ ਉਕਤ ਕਾਰੋਬਾਰ ਦੇ ਸੰਚਾਲਕ ਅਣਪਛਾਤੇ ਵਿਅਕਤੀਆਂ ਨੇ ਉਸ ਨੂੰ ਸਿਰਫ 500 ਡਾਲਰ ਹੀ ਵਾਪਸ ਭੇਜ ਦਿੱਤੇ, ਜਦਕਿ ਬਾਕੀ ਪੈਸੇ ਉਸ ਨੂੰ ਵਾਪਸ ਨਹੀਂ ਕੀਤੇ ਗਏ। ਅਜਿਹਾ ਕਰ ਕੇ ਮੁਲਜਮਾਂ ਨੇ ਉਸ ਨਾਲ 1.20 ਕਰੋੜ ਰੁਪਏ ਦੀ ਠੱਗੀ ਮਾਰੀ ਹੈ। ਪੁਲਸ ਨੇ ਸ਼ਿਕਾਇਤ ਦੇ ਆਧਾਰ 'ਤੇ ਅਣਪਛਾਤੇ ਚੋਰਾਂ ਖ਼ਿਲਾਫ ਮਾਮਲਾ ਦਰਜ ਕਰ ਕੇ ਅਗਲੀ ਕਾਰਵਾਈ ਸੁਰੂ ਕਰ ਦਿੱਤੀ ਹੈ।


**NAME CHANGE**
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

**NAME CHANGE**
I, SANTOSH KUMAR S/O VISHVA NATH PRASAD residing at PLOT NO-58&59, FLAT NO-B-2, STREET NO-5, HAVENS GARDEN MATIALA, DELHI-110059 have changed my name to SANTOSH KUMAR GUPTA for all future purposes

**NAME CHANGE**
I, ABDUL TAWWAB S/O Shri Abdul Rehman Resident of House No. C-16, Abhimanyu Gali, Near Babu Ram Chowk, Arjun Mohalla, Moujpur, Delhi-110053 have changed my name ABDUL TAUWAB to ABDUL TAWWAB for all future purposes.

**NAME CHANGE**
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

**NAME CHANGE**
I, PUNNAM DEVI Wife of No-14913053K Rank-HAV Name-NARENDER SINGH R/O C-7, LAXMI GARDEN, NAJAFGARH, NEW DELHI-110043 have changed my name from PUNNAM DEVI to POONAM DEVI for all future purposes vide Affidavit Dated 30/09/2023 before Executive Magistrate, Delhi.

**NAME CHANGE**
I, NEETAS DEVI Wife of No-3204848W Rank-HAV Name-DHARMENDRA SINGH R/O VILL-BISHUNDAS, PO-MURSAN, DISTT-HATHRAS, U.P-204213 have changed my name from NEETAS DEVI to NITESH DEVI for all future purposes vide Affidavit Dated 30/09/2023 before Notary Public, Delhi.

**NAME CHANGE**
I Manoj Ram S/o Ram Bilash Ram R/o Flat No-6, Tower-8,Hamelia Street,IRIS,Vatika City, Sector-49, Gurgaon, Haryana-122018, Have Changed My Name To Manoj Kumar For All Purpose

**NAME CHANGE**
I Taran Preet Singh Kochhar S/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Taranpreet Singh and Surname Kochhar for all purpose.

**NAME CHANGE**
I, Anupama D/o Pradeep Kumar R/o D-754/A, Gali No.1, Ashok Nagar, Shahdara, Delhi-110093 have changed my name to Anupama Chaudhary.

**NAME CHANGE**
I Kapil Kumar Yadav S/o Dinesh Yadav R/o House No-523 P, Sector-14,Gurgaon,Haryana-122001, Have Changed My Name To Kapil Yadav For All Purpose

**PUBLIC NOTICE**
I Jyoti pal W/O Sunil Kumar R/O WZ-125, Village Begumpur, North West Delhi , -110086.declare that name of mine has been wrongly written as Jyoti in my minor Daughter Yashika aged 14 years in her school cords and birth certificate no MCDOLR09368299 .The actual my name is Jyoti Pal.

**PUBLIC NOTICE**
It is for general information that I, BALJEET SINGH S/o GURCHARAN SINGH R/o 12/32, Geeta Colony, East Delhi-110031 declare that name of mine, my wife and my minor daughter has been wrongly written as BALJEET SINGH CHUGH, GURPREET KAUR CHUGH, JASLEEN KAUR CHUGH in my minor daughter JASLEEN KAUR aged 16 years in her 10th class Educational Documents. The actual name of mine, my wife and my minor daughter are BALJEET SINGH, GURPREET KAUR and JASLEEN KAUR respectively, which may be amended accordingly.

**NAME CHANGE**
I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

**NAME CHANGE**
I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

**NAME CHANGE**
I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

**NAME CHANGE**
I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHON-NAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

**NAME CHANGE**
I, KRISHAN KANTA W/o IC-29820P (Late) Col SHIV KUMAR (Retd.) R/O H-104, VIVEK VIHAR, NEAR KENDRIYA VIHAR-2, SEC-82, NOIDA, SALARPUR, GAUTAM BUDDHA NAGAR, UTTAR PRADESH-201304 have changed my name from KRISHAN KANTA to KRISHAN KANTA RANDEV for all future purposes vide Affidavit Dated 12/03/2024 before Notary Public, Delhi.



## ਦਫ਼ਤਰ ਮੁੱਖ ਨਿਰਵਾਚਨ ਅਧਿਕਾਰੀ, ਦਿੱਲੀ
## ਪੁਰਾਨਾ ਸੇਂਟ ਸਟੀਫਨ ਕੱਲੇਜ ਭਵਨ, ਕਸ਼ਮੀਰੀ ਗੇਟ, ਦਿੱਲੀ-110006

**ਕੋਈ ਮਤਦਾਤਾ ਨਾ ਛੁੱਟੇ**

ਮਿਤੀ 29.10.2024

## ਜਨਤੱਕ ਸੂਚਨਾ

ਜਨ ਸਾਧਾਰਨ ਨੂੰ ਇਹ ਸੂਚਿਤ ਕੀਤਾ ਜਾਂਦਾ ਹੈ ਕਿ ਰਾਸ਼ਟਰੀ ਰਾਜਧਾਨੀ ਦਿੱਲੀ ਦੀ ਸਾਰੀਆਂ 70 ਵਿਧਾਨਸਭਾ ਖੇਤਰਾਂ ਦੀਆਂ ਪ੍ਰਾਰੂਪ ਮਤਦਾਤਾ ਸੂਚੀ ਅਈਕ ਮਿਤੀ 01.01.2025 ਦੇ ਅਨੁਸਾਰ ਅੱਜ ਮਿਤੀ 29.10.2024 (ਮੰਗਲਵਾਰ) ਨੂੰ ਵਿਸ਼ੇਸ਼ ਸੰਖੇਪ ਪੁਨਰੀਖਣ ਪ੍ਰੋਗਰਾਮ ਦੇ ਅੰਤਰਗਤ ਪ੍ਰਕਾਸ਼ਿਤ ਕੀਤੀ ਜਾ ਰਹੀ ਹੈ। ਪ੍ਰਕਾਸ਼ਿਤ ਪ੍ਰਾਰੂਪ ਮਤਦਾਤਾ ਸੂਚੀ ਸਾਰੇ ਵੋਟਰ ਸੇਂਟਰਾਂ ਅਤੇ ਨਾਮਿਤ ਸਥਾਨਾਂ (ਸਾਰੇ ਪੋਲਿੰਗ ਬੂਥਾਂ) ਦੇ ਨਾਲ ਹੀ ਮੁੱਖ ਨਿਰਵਾਚਨ ਅਧਿਕਾਰੀ, ਦਿੱਲੀ ਦੀ ਵੇਬਸਾਈਟ www.ceodelhi.gov.in 'ਤੇ ਵੀ ਉਪਲਬਧ ਹੋਵੇਗੀ। ਵੋਟਰ ਸੇਂਟਰਾਂ ਅਤੇ ਨਾਮਿਤ ਸਥਾਨਾਂ ਦੀ ਸੂਚੀ ਵੇਬਸਾਈਟ 'ਤੇ ਉਪਲਬਧ ਹੈ।

ਵਿਸ਼ੇਸ਼ ਸੰਖੇਪ ਪੁਨਰੀਖਣ ਪ੍ਰੋਗਰਾਮ-2025 ਦਾ ਪ੍ਰਾਥਮਿਕ ਉਦੇਸ਼ ਉਨ੍ਹਾਂ ਨਵੇਂ ਯੋਗ ਮਤਦਾਤਾਵਾਂ ਅਤੇ ਹਟੇ ਹੋਏ ਮਤਦਾਤਾਵਾਂ ਦਾ ਨਾਮ ਮਤਦਾਤਾ ਸੂਚੀ 'ਚ ਜੋੜਨਾਂ ਹੈ ਜੋ 01.01.2025 ਅਈਕ ਮਿਤੀ ਨੂੰ ਜਾਂ ਉਸ ਤੋਂ ਪਹਿਲਾਂ 18 ਸਾਲ ਦੇ ਹੋ ਰਹੇ ਹਨ ਜਾਂ ਹੋ ਚੁੱਕੇ ਹਨ। ਇਸ ਪ੍ਰੋਗਰਾਮ ਦਾ ਇਕ ਹੋਰ ਉਦੇਸ਼ ਪੰਜੀਕ੍ਰਿਤ ਮਤਦਾਤਾਵਾਂ ਨੂੰ ਮਤਦਾਤਾ ਸੂਚੀ 'ਚ ਦਰਜ ਵੇਰਵੇ 'ਚ ਕੋਈ ਸੰਸ਼ੋਧਨ ਜਾਂ ਕਿਸੀ ਗਲਤ ਨਾਮ ਤੋਂ ਦਰਜ ਕਰਨ ਦੇ ਵਿਰੁੱਧ ਆਪਤੀ ਦਰਜ ਕਰਨ ਦਾ ਅਵਸਰ ਪ੍ਰਦਾਨ ਕਰਨਾ ਵੀ ਹੈ। ਸਾਰੇ ਦਾਵਿਆਂ ਅਤੇ ਆਪੱਤੀਆਂ ਫੱਰਮ-6,7,8, 'ਚ ਭਰ ਕੇ ਵਾਂਛਿਤ ਦਸਤਾਵੇਜਾਂ ਦੇ ਨਾਲ ਵੋਟਰ ਸੇਂਟਰ ਅਤੇ ਨਾਮਿਤ ਸਥਾਨਾਂ 'ਤੇ ਜਾਂ ਔਨਲਾਈਨ ਹੇਠਲਿਖਿਤ ਪ੍ਰੋਗਰਾਮ ਦੇ ਅਨੁਸਾਰ ਜਮ੍ਹਾਂ ਕੀਤੇ ਜਾ ਸਕਦੇ ਹਨ:-

| ਕ੍ਰਮ ਸੰਖਿਆ | ਗਤਿਵਿਧੀ | ਅਨੁਸੂਚੀ |
|---|---|---|
| 1 | ਪ੍ਰਾਰੂਪ ਮਤਦਾਤਾ ਸੂਚੀ ਦਾ ਪ੍ਰਕਾਸ਼ਨ | 29.10.2024 |
| 2 | ਦਾਵੇ ਅਤੇ ਆਪੱਤੀਆਂ ਜਮ੍ਹਾਂ ਕਰਨ ਦੀ ਅਵਧਿ | 29.10.2024 ਤੋਂ |
| 3 | ਸਾਰੇ ਨਾਮਿਤ ਮਤਦਾਨ ਕੇਂਦਰਾਂ 'ਤੇ ਵਿਸ਼ੇਸ਼ ਕੈਂਪ | 09.11.2024 (ਸ਼ਨੀਵਾਰ) ਅਤੇ 10.11.2024 (ਐਤਵਾਰ) 23.11.2024 (ਸ਼ਨੀਵਾਰ) ਅਤੇ 24.11.2024 (ਐਤਵਾਰ) |
| 4 | ਦਾਵੇ ਅਤੇ ਆਪੱਤੀਆਂ ਦਾ ਨਿਪਟਾਰਾ | 24.12.2024 ਤੱਕ |
| 5 | ਅੰਤਿਮ ਮਤਦਾਤਾ ਸੂਚੀ ਦਾ ਪ੍ਰਕਾਸ਼ਨ | 06.01.2025 |

ਇਸ ਤੋਂ ਇਲਾਵਾ ਜੋ ਪਾਤ੍ਰ ਨਾਗਰਿਕ ਸਾਲ 2025 'ਚ ਕਿਸੀ ਵੀ ਬਾਦ ਦੀ ਅਹਰਕ ਮਿਤੀ 01 ਅਪ੍ਰੈਲ, 2025, 01 ਜੁਲਾਈ 2025, ਜਾਂ 01 ਅਕਤੂਬਰ 2025, ਦੇ ਅਨੁਸਾਰ ਅਠਾਰਹ ਸਾਲ ਦੀ ਉਮਰ ਦਾ ਹੋਣ ਜਾ ਰਿਹਾ ਹੈ, ਉਹ 29.10.2024 ਤੋਂ ਸ਼ੁਰੂ ਹੋਣ ਵਾਲੇ ਵਿਸ਼ੇਸ਼ ਸੰਖੇਪ ਪੁਨਰੀਖਣ ਦੇ ਦੌਰਾਨ ਫੱਰਮ-6 'ਚ ਸੂਚੀ ਆਪਣਾ ਨਾਮ ਸ਼ਾਮਿਲ ਕਰਨ ਦੇ ਲਈ ਆਪਣਾ ਦਾਵਾ ਅਗ੍ਰਿਮ ਰੂਪ ਤੋਂ ਦਰਜ ਕਰ ਸਕਦੇ ਹਨ, ਹਾਂਲਾਕਿ ਏਸੇ ਅਗ੍ਰਿਮ ਆਵੇਦਨ ਸੰਬੰਧਿਤ ਤਿਮਾਹੀ ਦੇ ਪਹਿਲੇ ਮਹੀਨੇ 'ਚ ਹੀ ਨਿਪਟਾਏ ਜਾ ਸਕਣਗੇ।

ਇਹ ਜਨ ਸਾਧਾਰਨ ਦੀ ਜਾਣਕਾਰੀ ਦੇ ਲਈ ਹੈ ਕਿ ਮਤਦਾਤਾ ਪਹਿਚਾਨ ਪੱਤਰ ਰੱਖਣ ਮਾਤ੍ਰ ਤੋਂ ਚੋਣ ਦੇ ਦੌਰਾਨ ਵੋਟ ਪਾਉਣ ਦਾ ਅਧਿਕਾਰ ਨਹੀਂ ਮਿਲਦਾ। ਇਸ ਲਈ ਮਤਦਾਤਾ ਦਾ ਨਾਮ ਵਰਤਮਾਨ ਸੂਚੀ 'ਚ ਮੌਜੂਦ ਹੋਣ ਜ਼ਰੂਰੀ ਹੈ।

ਇਸ ਅਨੁਸਾਰ, ਮਤਦਾਤਾ ਪਹਿਚਾਣ ਪੱਤਰ ਧਾਰਕਾਂ ਤੋਂ ਇਹ ਅਨੁਰੋਧ ਕੀਤਾ ਜਾਂਦਾ ਹੈ ਕੀ ਉਹ ਹੇਠਲਿਖਿਤ ਤਰੀਕਿਆਂ ਤੋਂ ਪ੍ਰਾਰੂਪ ਮਤਦਾਤਾ ਸੂਚੀ 'ਚ ਆਪਣਾ ਨਾਮ ਜ਼ਰੂਰ ਜਾਂਚਣ।

I. ਔਨ ਲਾਈਨ – https://electoralsearch.eci.gov.in ਤੇ ਜਾਓ।

II. ਮੋਬਾਈਲ ਐਪ – "ਵੋਟਰ ਹੇਲਪਲਾਈਨ" ਆਪਣਾ ਨਾਮ ਮਤਦਾਤਾ ਸੂਚੀ 'ਚ ਦੇਖਣ ਅਤੇ ਹੋਰ ਤਮਾਮ ਚੁਨਾਵੀ ਸੇਵਾਵਾਂ ਦੇ ਲਈ।
"ਸਕਸ਼ਮ ਐਪ" ਦਿਵਿਆਂਗ ਜਨ ਦੇ ਲਈ (ਭਾਰਤ ਨਿਰਵਾਚਨ ਆਯੋਗ ਵਲੋਂ ਪੂਰੀ ਤਰ੍ਹਾਂ ਤੋਂ ਸੁਲਭ ਮੋਬਾਈਲ ਐਪ)

III. ਵੋਟਰ ਹੇਲਪਲਾਈਨ ਨੰ0– ਕੱਲ 1950

ਅਗਰ ਤੁਹਾਡਾ ਨਾਮ ਪ੍ਰਾਰੂਪ ਮਤਦਾਤਾ ਸੂਚੀ 'ਚ ਨਹੀਂ ਮਿਲਦਾ ਹੈ, ਤਾਂ ਤੁਰੰਤ ਔਫਲਾਈਨ ਜਾਂ ਔਨਲਾਈਨ ਮਾਧਿਅਮ ਤੋਂ ਫੱਰਮ-6 'ਚ ਹੇਠਅਨੁਸਾਰ ਆਵੇਦਨ ਕਰੋ।

| ਔਨ ਲਾਈਨ | ਔਫ ਲਾਈਨ |
|---|---|
| ਵੋਟਰ ਹੇਲਪਲਾਈਨ ਮੋਬਾਈਲ ਐਪ<br>ਸਕਸ਼ਮ ਮੋਬਾਈਲ ਐਪ (ਦਿਵਿਆਂਗ ਜਨ ਦੇ ਲਈ)<br>ਭਾਰਤ ਨਿਰਵਾਚਨ ਆਯੋਗ ਦੇ ਮਤਦਾਤਾ ਸੇਵਾ ਪੋਰਟਲ<br>www.voters.eci.gov.in | ਆਪਣੇ ਵਿਧਾਨ ਸਭਾ ਖੇਤਰ ਦੇ ਮਤਦਾਤਾ ਕੇਂਦਰ ਜਾਕੇ<br>ਆਪਣੇ ਪੋਲਿੰਗ ਬੂਥ ਜਾਕੇ |

ਵਧੇਰੇ ਜਾਣਕਾਰੀ ਦੇ ਲਈ www.ceodelhi.gov.in ਤੇ ਜਾਓ।

ਫੱਲੋ ਕਰੋ :- Social Media Handle : Facebook, Twitter, Instagram, @ceodelhioffice, youtube@chiefelectoralofficer,delhi

ਏਤਦ ਦਵਾਰਾ

DIP/Shabdarth/Classified/0241/24-25

ਮੁੱਖ ਨਿਰਵਾਚਨ ਅਧਿਕਾਰੀ, ਦਿੱਲੀ

# ਵਿਦਿਆਰਥੀਆਂ ਦੀ ਤਕਦੀਰ ਬਦਲਣ ਲਈ ਮਿਆਰੀ ਸਿੱਖਿਆ ਪ੍ਰਦਾਨ ਕਰਨਾ ਪੰਜਾਬ ਸਰਕਾਰ ਦੀ ਪ੍ਰਮੁੱਖ ਤਰਜੀਹ: ਭਗਵੰਤ ਸਿੰਘ ਮਾਨ

## ➣ ਸ਼ਹੀਦ ਮੇਜਰ ਰਵੀਇੰਦਰ ਸਿੰਘ ਸੰਧੂ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਦੀ ਨਵੀਂ ਇਮਾਰਤ ਕੀਤੀ ਲੋਕਾਂ ਨੂੰ ਸਮਰਪਿਤ ➣ ਸਿਹਤ, ਸਿੱਖਿਆ, ਬਿਜਲੀ, ਪਾਣੀ ਅਤੇ ਬੁਨਿਆਦੀ ਢਾਂਚਾ ਆਪ ਸਰਕਾਰ ਦੀਆਂ ਪੰਜ ਪ੍ਰਮੁੱਖ ਤਰਜੀਹਾਂ: ਮੁੱਖ ਮੰਤਰੀ

**ਚੰਡੀਗੜ੍ਹ, 28 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਇਥੇ ਕਿਹਾ ਕਿ ਸੂਬਾ ਸਰਕਾਰ ਵਿਦਿਆਰਥੀਆਂ ਨੂੰ ਸਕੂਲ ਪੱਧਰ 'ਤੇ ਮਿਆਰੀ ਸਿੱਖਿਆ ਦੇ ਕੇ ਉਨ੍ਹਾਂ ਦੀ ਤਕਦੀਰ ਬਦਲਣ ਲਈ ਅਣਥੱਕ ਯਤਨ ਕਰ ਰਹੀ ਹੈ।

ਮਾਲ ਰੋਡ 'ਤੇ ਸਥਿਤ ਸ਼ਹੀਦ ਮੇਜਰ ਰਵੀਇੰਦਰ ਸਿੰਘ ਸੰਧੂ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਦੀ ਨਵੀਂ ਇਮਾਰਤ ਨੂੰ ਲੋਕਾਂ ਨੂੰ ਸਮਰਪਿਤ ਕਰਨ ਉਪਰੰਤ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਨੇ ਸੂਬੇ ਵਿੱਚ ਸਿੱਖਿਆ ਕ੍ਰਾਂਤੀ ਲਿਆਂਦੀ ਹੈ ਜਿਸ ਨੇ ਸਮਾਜਿਕ-ਆਰਥਿਕ ਪਾੜੇ ਨੂੰ ਪੂਰਦਿਆਂ ਵਿਦਿਆਰਥੀਆਂ ਦੀ ਕਿਸਮਤ ਬਦਲ ਕੇ ਰੱਖ ਦਿੱਤੀ ਹੈ।



ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਸਿੱਖਿਆ ਖੇਤਰ ਨੂੰ ਸਭ ਤੋਂ ਵੱਧ ਤਰਜੀਹ ਦੇ ਰਹੀ ਹੈ ਕਿਉਂਕਿ ਵਿਦਿਆਰਥੀਆਂ ਦੀ ਭਲਾਈ ਤੋਂ ਵੱਧ ਕੁਝ ਵੀ ਮਹੱਤਵਪੂਰਨ ਨਹੀਂ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਹਿਲਾਂ ਮਾਪੇ ਸਰਕਾਰੀ ਸਕੂਲਾਂ ਵਿੱਚ ਦਿੱਤੀ ਜਾਂਦੀ ਸਿੱਖਿਆ ਵਿੱਚ ਵਿਸ਼ਵਾਸ ਨਹੀਂ ਰੱਖਦੇ ਸਨ ਪਰ ਹੁਣ ਇਹ ਸਕੂਲ ਆਧੁਨਿਕ ਸਿੱਖਿਆ ਦੇ ਮੰਦਰ ਬਣ ਗਏ ਹਨ। ਮੁੱਖ ਮੰਤਰੀ ਨੇ ਕਿਹਾ ਕਿ ਇਸ ਕਾਰਨ ਵੱਡੀ ਗਿਣਤੀ ਵਿੱਚ ਵਿਦਿਆਰਥੀ ਕਾਨਵੈਂਟ ਸਕੂਲਾਂ ਵਿੱਚੋਂ ਸਰਕਾਰੀ ਸਕੂਲਾਂ ਵਿੱਚ ਦਾਖ਼ਲਾ ਲੈਣ ਲਈ ਆ ਰਹੇ ਹਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸਿਹਤ, ਸਿੱਖਿਆ, ਬਿਜਲੀ, ਪਾਣੀ ਅਤੇ ਬੁਨਿਆਦੀ ਢਾਂਚਾ ਉਨ੍ਹਾਂ ਦੀ ਸਰਕਾਰ ਦੀਆਂ ਪੰਜ ਮੁੱਖ ਤਰਜੀਹਾਂ ਹਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਇਹ ਯਕੀਨੀ ਬਣਾ ਰਹੀ ਹੈ ਕਿ ਵਿਦਿਆਰਥੀਆਂ ਦੀ ਭਲਾਈ ਲਈ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਦੇ ਬਿਹਤਰ ਅਭਿਆਸ ਅਪਣਾਏ ਜਾਣ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਬਠਿੰਡਾ ਵਿੱਚ ਲੜਕੀਆਂ ਦਾ ਸਭ ਤੋਂ ਵੱਡਾ ਅਤੇ ਇਕਲੌਤਾ ਸਕੂਲ ਹੈ ਜਿੱਥੇ 2200 ਲੜਕੀਆਂ ਸਿੱਖਿਆ ਪ੍ਰਾਪਤ ਕਰ ਰਹੀਆਂ ਹਨ ਅਤੇ 1958 ਵਿੱਚ ਬਣੇ ਇਸ ਸਕੂਲ ਦੇ ਨਵੀਨੀਕਰਨ ਦੀ ਸਖ਼ਤ ਲੋੜ ਸੀ। ਉਨ੍ਹਾਂ ਦੱਸਿਆ ਕਿ ਸਕੂਲ ਦੀ ਨਵੀਂ ਪੰਜ ਮੰਜ਼ਿਲਾ ਇਮਾਰਤ 11 ਕਰੋੜ ਰੁਪਏ ਦੀ ਲਾਗਤ ਨਾਲ ਬਣਾਈ ਗਈ ਹੈ ਅਤੇ ਇਸ ਵਿੱਚ ਸਮਾਰਟ ਕਲਾਸਰੂਮ, ਸਾਇੰਸ ਲੈਬ, ਕੰਪਿਊਟਰ ਲੈਬ, ਲਾਇਬ੍ਰੇਰੀ ਸਮੇਤ 73 ਕਮਰੇ ਹਨ। ਭਗਵੰਤ ਸਿੰਘ ਮਾਨ ਨੇ ਦੱਸਿਆ ਕਿ ਪਹਿਲਾਂ ਇਹ ਸਕੂਲ ਦੋ ਸ਼ਿਫਟਾਂ ਵਿੱਚ ਚੱਲਦਾ ਸੀ ਪਰ ਹੁਣ ਵਿਦਿਆਰਥੀਆਂ ਦੀ ਭਲਾਈ ਲਈ ਇਹ ਇੱਕ ਸ਼ਿਫਟ ਵਿੱਚ ਹੀ ਚੱਲੇਗਾ।

ਸਿੱਖਿਆ ਦੇ ਖੇਤਰ ਵਿੱਚ ਸੂਬਾ ਸਰਕਾਰ ਵੱਲੋਂ ਕੀਤੀਆਂ ਗਈਆਂ ਹੋਰ ਪਹਿਲਕਦਮੀਆਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਪੰਜ ਦਿਨਾਂ ਲੀਡਰਸ਼ਿਪ ਵਿਕਾਸ ਪ੍ਰੋਗਰਾਮ ਲਈ 202 ਪ੍ਰਿੰਸੀਪਲਾਂ/ਸਿੱਖਿਆ ਅਧਿਕਾਰੀਆਂ ਦੇ ਛੇ ਬੈਚ ਸਿੰਗਾਪੁਰ ਭੇਜੇ ਹਨ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਹੀ ਪਿਛਲੇ ਹਫ਼ਤੇ 72 ਹੋਣਹਾਰ ਪ੍ਰਾਇਮਰੀ ਅਧਿਆਪਕਾਂ ਦੇ ਇੱਕ ਬੈਚ ਨੂੰ ਪੇਸ਼ੇਵਰ ਸਿਖਲਾਈ ਲਈ ਫਿਨਲੈਂਡ ਭੇਜਿਆ ਗਿਆ ਹੈ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸੇ ਤਰ੍ਹਾਂ 152 ਹੈੱਡਮਾਸਟਰ/ਸਿੱਖਿਆ ਅਫ਼ਸਰਾਂ ਦੇ ਤਿੰਨ ਬੈਚ, ਅਤਿ ਆਧੁਨਿਕ ਅਕਾਦਮਿਕ ਸਿਖਲਾਈ ਲਈ ਆਈ.ਆਈ.ਐਮ. ਅਹਿਮਦਾਬਾਦ ਵਿਖੇ ਵੀ ਭੇਜੇ ਗਏ ਸਨ। ਉਨ੍ਹਾਂ ਕਿਹਾ ਕਿ ਇਸ ਦਾ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਸੂਬੇ ਦੇ ਵਿਦਿਆਰਥੀ ਪੰਜਾਬ ਵਿੱਚ ਵਿਸ਼ਵ ਪੱਧਰੀ ਸਿੱਖਿਆ ਪ੍ਰਾਪਤ ਕਰਕੇ ਹਰ ਖੇਤਰ ਵਿੱਚ ਦੇਸ਼ ਦਾ ਨਾਮ ਰੌਸ਼ਨ ਕਰਨ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸਕੂਲ ਸਿੱਖਿਆ ਵਿਭਾਗ ਵਿੱਚ 10 ਸਾਲਾਂ ਤੋਂ ਵੱਧ ਸਮੇਂ ਤੋਂ ਕੰਮ ਕਰ ਰਹੇ 12316 ਯੋਗ ਕਰਮਚਾਰੀਆਂ ਨੂੰ ਰੈਗੂਲਰ ਕੀਤਾ ਹੈ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਅਪ੍ਰੈਲ 2022 ਤੋਂ ਹੁਣ ਤੱਕ ਕੁੱਲ 10361 ਅਧਿਆਪਕ ਭਰਤੀ ਕੀਤੇ ਜਾ ਚੁੱਕੇ ਹਨ ਅਤੇ ਹੋਰ ਨਵੇਂ ਅਧਿਆਪਕਾਂ ਦੀ ਭਰਤੀ ਪ੍ਰਕਿਰਿਆ ਵੀ ਜਾਰੀ ਹੈ। ਭਗਵੰਤ ਸਿੰਘ ਮਾਨ ਨੇ ਦੱਸਿਆ ਕਿ ਸਕੂਲ ਦੀ ਸੁਰੱਖਿਆ ਅਤੇ ਸਾਫ਼-ਸਫ਼ਾਈ ਲਈ ਕਰੀਬ 82 ਕਰੋੜ ਰੁਪਏ ਅਲਾਟ ਕੀਤੇ ਗਏ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਕੁੱਲ 118 ਸਰਕਾਰੀ ਸਕੂਲਾਂ ਨੂੰ ਅਤਿ-ਆਧੁਨਿਕ ਸਹੂਲਤਾਂ ਨਾਲ ਲੈਸ ਸਕੂਲ ਆਫ਼ ਐਮੀਨੈਂਸ ਵਜੋਂ ਤਬਦੀਲ ਕੀਤਾ ਜਾ ਰਿਹਾ ਹੈ ਅਤੇ ਸੂਬੇ ਦੇ ਸਾਰੇ ਸਰਕਾਰੀ ਸਕੂਲਾਂ ਵਿੱਚ ਹਾਈ ਸਪੀਡ ਫਾਈਬਰ ਵਾਈ-ਫਾਈ ਇੰਟਰਨੈੱਟ ਕੁਨੈਕਸ਼ਨਾਂ ਲਈ 29.3 ਕਰੋੜ ਰੁਪਏ ਦਾ ਬਜਟ ਮੁਹੱਈਆ ਕਰਵਾਇਆ ਗਿਆ ਹੈ। ਭਗਵੰਤ ਸਿੰਘ ਮਾਨ ਨੇ ਦੱਸਿਆ ਕਿ ਸਰਕਾਰੀ ਸਕੂਲਾਂ ਦੇ ਸਾਰੇ ਵਿਦਿਆਰਥੀਆਂ ਨੂੰ ਵਰਦੀਆਂ ਵੰਡੀਆਂ ਜਾ ਚੁੱਕੀਆਂ ਹਨ ਅਤੇ ਵਿਦਿਆਰਥੀਆਂ ਨੂੰ ਮੁਫ਼ਤ ਵਰਦੀਆਂ ਦੇਣ ਲਈ ਲਗਭਗ 35 ਕਰੋੜ ਰੁਪਏ ਦਾ ਬਜਟ ਜਾਰੀ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ 118 ਸਕੂਲ ਆਫ਼ ਐਮੀਨੈਂਸ ਅਤੇ ਲੜਕੀਆਂ ਦੇ 17 ਸੀਨੀਅਰ ਸੈਕੰਡਰੀ ਸਕੂਲਾਂ ਲਈ ਟਰਾਂਸਪੋਰਟ ਸਹੂਲਤ ਵੀ ਸ਼ੁਰੂ ਕੀਤੀ ਗਈ ਹੈ।

# ਪੰਜਾਬ ਦੇ ਸ਼ੈਲਰਾਂ 'ਚੋਂ ਚਾਵਲ ਨਾ ਚੁੱਕਣਾ, ਕੇਂਦਰ ਦੀ ਭਾਜਪਾ ਸਰਕਾਰ ਦੀ ਸਾਜਿਸ਼: ਸੰਧਵਾਂ



**ਚੰਡੀਗੜ੍ਹ, 28 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਵਿਧਾਨ ਸਭਾ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਹੈ ਕਿ ਪੰਜਾਬ ਦੇ ਸ਼ੈਲਰਾਂ 'ਚੋਂ ਚਾਵਲ ਨਾ ਚੁੱਕਣਾ, ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵੱਲੋਂ ਸੂਬੇ ਦੀ ਕਿਸਾਨੀ ਨੂੰ ਢਾਹ ਲਾਉਣ ਦੀ ਸਾਜਿਸ਼ ਹੈ।

ਸਪੀਕਰ ਸ. ਸੰਧਵਾਂ ਅਨਾਜ ਮੰਡੀ ਟਾਂਡਾ ਦੇ ਦੌਰੇ ਮੌਕੇ ਇਹ ਪ੍ਰਗਟਾਵਾ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਨਿਰਧਾਰਤ ਸਮੇਂ ਦੇ ਅੰਦਰ ਸ਼ੈਲਰਾਂ 'ਚੋਂ ਚਾਵਲ ਦੀ ਚੁਕਾਈ ਯਕੀਨੀ ਬਣਾਉਣ 'ਚ ਨਾਕਾਮ ਰਹੀ ਹੈ, ਨਾਲ ਹੀ ਘੱਟੋ-ਘੱਟ ਸਮਰਥਨ ਮੁੱਲ ਦੀ ਗਾਰੰਟੀ ਦੇਣ ਵਿੱਚ ਵੀ ਨਾਕਾਮ ਰਹੀ ਹੈ, ਜਿਸ ਕਾਰਨ ਕਿਸਾਨ ਸੰਕਟ ਵਿੱਚ ਘਿਰੇ ਹੋਏ ਹਨ।

ਸ. ਸੰਧਵਾਂ ਨੇ ਅਨਾਜ ਮੰਡੀ ਟਾਂਡਾ ਵਿਖੇ ਆਪਣੀ ਮੌਜੂਦਗੀ ਵਿੱਚ ਝੋਨੇ ਦੀ ਲਿਫਟਿੰਗ ਕਰਵਾਈ। ਉਨ੍ਹਾਂ ਕਿਹਾ ਕਿ ਕਿਸਾਨਾਂ, ਮਿੱਲ ਮਾਲਕਾਂ, ਆੜ੍ਹਤੀਆਂ ਤੇ ਮਜਦੂਰਾਂ ਦੇ ਸਹਿਯੋਗ ਨਾਲ ਮੰਡੀਆਂ ਵਿਚ ਫਸਲ ਦੀ ਖਰੀਦ, ਚੁਕਾਈ ਤੇ ਅਦਾਇਗੀ ਵਿੱਚ ਕੋਈ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ।

ਸਪੀਕਰ ਨੇ ਅੱਗੇ ਕਿਹਾ ਕਿ ਕੇਂਦਰ ਸਰਕਾਰ ਕਿਸਾਨਾਂ ਕੋਲੋਂ ਤਿੰਨ ਕਾਲੇ ਕਾਨੂੰਨ ਵਾਪਸ ਲੈਣ ਦਾ ਬਦਲਾ ਲੈਣ ਲਈ ਕਿਸਾਨਾਂ ਨੂੰ ਮੰਡੀਆਂ ਵਿੱਚ ਰੋਲਣਾ ਚਾਹੁੰਦੀ ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੂੰ ਗਿਣਤੀਆਂ-ਮਿਣਤੀਆਂ ਛੱਡ ਕੇ ਪੰਜਾਬ ਵੱਲੋ ਦੇਸ਼ ਦੇ ਅੰਨ ਭੰਡਾਰ ਵਿੱਚ ਪਾਏ ਯੋਗਦਾਨ ਦੇ ਮੱਦੇਨਜ਼ਰ ਸ਼ੈਲਰਾਂ 'ਚੋਂ ਚਾਵਲ ਚੁੱਕਵਾ ਕੇ ਤੁਰੰਤ ਰਾਹਤ ਪ੍ਰਦਾਨ ਕਰਨੀ ਯਕੀਨੀ ਬਣਾਉਣੀ ਚਾਹੀਦੀ ਹੈ।

# ਕੈਂਪ ਵਿੱਚ 76 ਯੂਨਿਟ ਖ਼ੂਨ ਦਾਨ




ਖ਼ੂਨ ਦਾਨ ਕਰਦੇ ਹੋਏ ਵਾਲੰਟੀਅਰ।

**ਪਟਿਆਲਾ, 28 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬੀ ਯੂਨੀਵਰਸਿਟੀ ਦੇ ਐੱਨਐੱਸਐੱਸ ਵਿਭਾਗ ਵੱਲੋਂ ਕੈਂਪਸ 'ਚ ਖ਼ੂਨਦਾਨ ਕੈਂਪ ਲਾਇਆ ਗਿਆ। ਗੁਰੂ ਤੇਗ ਬਹਾਦਰ ਹਾਲ ਵਿੱਚ ਚੇਅਰਮੈਨ ਨੈਬ ਸਿੰਘ ਸਰਾਓ ਦੀ ਅਗਵਾਈ ਹੇਠਲੀ ਐੱਨਜੀਓ 'ਪੰਜਾਬ ਯੂਨੀਅਨ ਫਾਰ ਸੋਸ਼ਲ ਹੈਲਪ (ਪੁਸ਼)' ਅਤੇ ਰੋਟਰੀ ਕਲੱਬ ਪਟਿਆਲਾ ਸਮੇਤ ਛਾਤਰ ਯੁਵਾ ਸੰਘਰਸ਼ ਸਮਿਤੀ ਦੇ ਸਹਿਯੋਗ ਨਾਲ ਲਾਏ ਗਏ ਇਸ ਕੈਂਪ 'ਚ 76 ਯੂਨਿਟ ਖ਼ੂਨਦਾਨ ਕੀਤਾ ਗਿਆ।

ਖ਼ੂਨਦਾਨੀਆਂ 'ਚ ਯੂਨੀਵਰਸਿਟੀ ਦੇ ਸੰਪਰਕ ਵਿਭਾਗ ਦੇ ਕਰਮਚਾਰੀ ਚੰਦਰ ਕੰਬੋਜ ਵੀ ਸ਼ਾਮਲ ਸਨ। ਇਸ ਮੌਕੇ ਐੱਨ.ਐੱਸ.ਐੱਸ. ਪ੍ਰੋਗਰਾਮ ਅਫ਼ਸਰਾਂ ਅਤੇ 27 ਵਾਲੰਟੀਅਰਾਂ ਸਮੇਤ ਹੋਰਨਾਂ ਨੇ ਵੀ ਸ਼ਿਰਕਤ ਕੀਤੀ। ਐੱਨਐੱਸਐੱਸ ਦੇ ਪ੍ਰੋਗਰਾਮ ਕੋਆਰਡੀਨੇਟਰ ਡਾ. ਅਨਹਦ ਸਿੰਘ ਗਿੱਲ ਨੇ ਕਿਹਾ ਕਿ ਖ਼ੂਨ ਦਾਨ ਨਾਲ ਸਰੀਰ ਨੂੰ ਕੋਈ ਨੁਕਸਾਨ ਨਹੀਂ ਹੁੰਦਾ। ਐੱਨਜੀਓ 'ਪੁਸ਼' ਦੇ ਚੇਅਰਮੈਨ ਨੈਬ ਸਿੰਘ ਸਰਾਓ ਨੇ ਦੱਸਿਆ ਕਿ ਇਸ ਮੌਕੇ ਸਰਕਾਰੀ ਰਜਿੰਦਰਾ ਹਸਪਤਾਲ ਦੇ ਬਲੱਡ ਬੈਂਕ ਤੋਂ ਸੁਖਵਿੰਦਰ ਸਿੰਘ ਅਤੇ ਟੀਮ ਪੁੱਜੀ ਸੀ ਜਿਨ੍ਹਾਂ ਦਾ ਪ੍ਰਬੰਧਕਾਂ ਨੇ ਸਨਮਾਨ ਵੀ ਕੀਤਾ।

## ਪੰਜਾਬ 'ਚ ਹਰਿਆਣਾ ਦੇ ਮੁਕਾਬਲੇ ਪਰਾਲੀ ਸਾੜਨ ਦੇ ਮਾਮਲਿਆਂ 'ਚ ਵੱਡੀ ਗਿਰਾਵਟ ਦਰਜ

# ਪੰਜਾਬ ਵਿੱਚ ਹੁਣ ਤੱਕ ਪਰਾਲੀ ਸਾੜਨ ਦੇ ਮਾਮਲਿਆਂ 'ਚ 16 ਫ਼ੀਸਦੀ ਕਮੀ ਆਈ, ਜੋ ਕਿ ਗੁਆਂਢੀ ਰਾਜ ਨਾਲੋਂ ਦੁੱਗਣੀ: ਗੁਰਮੀਤ ਸਿੰਘ ਖੁੱਡੀਆਂ

**ਚੰਡੀਗੜ੍ਹ, 28 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਪਰਾਲੀ ਸਾੜਨ ਦੇ ਮਾਮਲਿਆਂ ਨੂੰ ਘਟਾਉਣ ਦੇ ਰੁਝਾਨ ਨੂੰ ਬਰਕਰਾਰ ਰੱਖਦਿਆਂ ਪੰਜਾਬ ਨੇ ਪਰਾਲੀ ਨੂੰ ਅੱਗ ਲਗਾਉਣ ਦੀ ਸਮੱਸਿਆ 'ਤੇ ਕਾਬੂ ਪਾਉਣ ਵਿੱਚ ਮਹੱਤਵਪੂਰਨ ਸਫ਼ਲਤਾ ਹਾਸਲ ਕੀਤੀ ਹੈ। ਇਸ ਸਾਲ 23 ਅਕਤੂਬਰ ਤੱਕ ਪਿਛਲੇ ਸਾਲ ਦੇ ਮੁਕਾਬਲੇ ਪਰਾਲੀ ਨੂੰ ਅੱਗ ਲਾਉਣ ਦੇ ਮਾਮਲਿਆਂ ਵਿੱਚ 16 ਫੀਸਦ ਗਿਰਾਵਟ ਦਰਜ ਕੀਤੀ ਗਈ ਹੈ। ਸੂਬੇ ਵਿੱਚ ਇਸ ਸਾਲ 23 ਅਕਤੂਬਰ ਤੱਕ 1638 ਥਾਵਾਂ 'ਤੇ ਪਰਾਲੀ ਨੂੰ ਅੱਗ ਲਾਈ ਗਈ ਹੈ, ਜੋ ਪਿਛਲੇ ਸਾਲ ਦੇ 1946 ਮਾਮਲਿਆਂ ਤੋਂ ਕਾਫ਼ੀ ਘੱਟ ਹੈ।

ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ ਆਈ ਗਿਰਾਵਟ ਦੇ ਅੰਕੜੇ ਇਸ ਲਈ ਵੀ ਅਹਿਮ ਹਨ ਕਿਉਂਕਿ ਗੁਆਂਢੀ ਰਾਜ ਹਰਿਆਣਾ ਇਸ ਸਮੇਂ ਦੌਰਾਨ ਪਰਾਲੀ ਸਾੜਨ ਦੀ ਸਮੱਸਿਆ 'ਤੇ ਮਹਿਜ਼ 8 ਫੀਸਦ ਤੱਕ ਹੀ ਕਾਬੂ ਪਾ ਸਕਿਆ ਹੈ।

ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਪੰਜਾਬ ਵਿੱਚ ਸਾਲ 2020 ਦੇ ਮੁਕਾਬਲੇ ਸਾਲ 2024 ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ 88 ਫੀਸਦ ਦੀ ਵੱਡੀ ਗਿਰਾਵਟ ਦਰਜ ਕੀਤੀ ਗਈ ਹੈ। ਸਰਕਾਰੀ ਅੰਕੜਿਆਂ ਅਨੁਸਾਰ ਸਾਲ 2020 ਦੌਰਾਨ ਸੂਬੇ ਵਿੱਚ ਪਰਾਲੀ ਸਾੜਨ ਦੇ 13,894 ਮਾਮਲੇ ਸਾਹਮਣੇ ਆਏ ਸਨ ਜੋ ਇਸ ਸਾਲ ਬਹੁਤ ਹੱਦ ਤੱਕ ਘਟ ਕੇ ਮਹਿਜ਼ 1638



ਰਹਿ ਗਏ ਹਨ।

ਦੂਜੇ ਪਾਸੇ ਗੁਆਂਢੀ ਸੂਬੇ ਹਰਿਆਣਾ ਵਿੱਚ ਇਨ੍ਹਾਂ ਸਾਲਾਂ ਵਿੱਚ ਸਿਰਫ਼ 56 ਫੀਸਦ ਗਿਰਾਵਟ ਹੀ ਦਰਜ ਕੀਤੀ ਗਈ ਹੈ।

ਉਨ੍ਹਾਂ ਕਿਹਾ ਕਿ ਇਥੇ ਇਸ ਤੱਥ ਵੱਲ ਵੀ ਧਿਆਨ ਦੇਣ ਦੀ ਲੋੜ ਹੈ ਕਿ ਪੰਜਾਬ ਵਿੱਚ ਝੋਨੇ ਦੀ ਕਾਸ਼ਤ ਅਧੀਨ 32 ਲੱਖ ਹੈਕਟੇਅਰ ਤੋਂ ਵੱਧ ਰਕਬਾ ਹੈ, ਜੋ ਹਰਿਆਣਾ ਦੇ 15 ਲੱਖ ਹੈਕਟੇਅਰ ਰਕਬੇ ਤੋਂ ਦੁੱਗਣਾ ਹੈ।

ਪੰਜਾਬ ਸਰਕਾਰ ਨੇ ਇਸ ਸਾਲ ਹੁਣ ਤੱਕ ਕਿਸਾਨਾਂ ਨੂੰ 13,616 ਫ਼ਸਲੀ ਰਹਿੰਦ-ਖੂੰਹਦ ਪ੍ਰਬੰਧਨ (ਸੀ.ਆਰ.ਐਮ.) ਮਸ਼ੀਨਾਂ ਮੁਹੱਈਆ ਕਰਵਾ ਦਿੱਤੀਆਂ ਹਨ, ਜਿਸ ਨਾਲ 2018 ਤੋਂ ਹੁਣ ਤੱਕ ਕਿਸਾਨਾਂ ਨੂੰ ਦਿੱਤੀਆਂ ਗਈਆਂ ਮਸ਼ੀਨਾਂ ਦੀ ਕੁੱਲ ਗਿਣਤੀ 1.43 ਲੱਖ ਹੋ ਗਈ ਹੈ।

ਸ. ਖੁੱਡੀਆਂ ਨੇ ਕਿਹਾ ਕਿ ਪਰਾਲੀ ਸਾੜਨ 'ਤੇ ਕਾਬੂ ਪਾਉਣ ਅਤੇ ਕਿਸਾਨਾਂ ਵਿੱਚ ਜਾਗਰੂਕਤਾ ਪੈਦਾ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ 8000 ਤੋਂ ਵੱਧ ਨੋਡਲ ਅਫ਼ਸਰ ਤਾਇਨਾਤ ਕੀਤੇ ਗਏ ਹਨ।

ਮੰਤਰੀ ਨੇ 'ਉਨਤ ਕਿਸਾਨ' ਮੋਬਾਈਲ ਐਪ ਸ਼ੁਰੂ ਕਰਨ ਬਾਰੇ ਵੀ ਦੱਸਿਆ, ਜਿਸ ਰਾਹੀਂ ਛੋਟੇ ਅਤੇ ਸੀਮਾਂਤ ਕਿਸਾਨਾਂ ਤੱਕ ਪਰਾਲੀ ਪ੍ਰਬੰਧਨ ਮਸ਼ੀਨਾਂ ਦੀ ਸੁਖਾਲੀ ਪਹੁੰਚ ਬਣਾਉਣ ਲਈ 1.30 ਲੱਖ ਸੀ.ਆਰ.ਐਮ. ਮਸ਼ੀਨਾਂ ਨੂੰ ਇਸ ਐਪ ਨਾਲ ਜੋੜਿਆ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਸਾਲ ਪਰਾਲੀ ਪ੍ਰਬੰਧਨ ਲਈ 500 ਕਰੋੜ ਰੁਪਏ ਦੀ ਕਾਰਜ ਯੋਜਨਾ ਉਲੀਕੀ ਗਈ ਹੈ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਇਸ ਮੁੱਦੇ ਨਾਲ ਨਜਿੱਠਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।

ਕੈਬਨਿਟ ਮੰਤਰੀ ਨੇ ਕਿਹਾ ਕਿ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ ਕਮੀ ਆਉਣਾ, ਪੰਜਾਬ ਸਰਕਾਰ ਅਤੇ ਕਿਸਾਨ ਭਾਈਚਾਰੇ ਦੇ ਠੋਸ ਯਤਨਾਂ ਦਾ ਪ੍ਰਤੱਖ ਸਬੂਤ ਹੈ। ਉਨ੍ਹਾਂ ਕਿਹਾ ਕਿ ਸਾਡੀਆਂ ਪਹਿਲਕਦਮੀਆਂ, ਜਿਨ੍ਹਾਂ ਵਿੱਚ ਸੀ.ਆਰ.ਐਮ. ਮਸ਼ੀਨਾਂ ਦੀ ਵਿਵਸਥਾ ਅਤੇ ਨੋਡਲ ਅਫ਼ਸਰਾਂ ਦੀ ਨਿਯੁਕਤੀ ਸ਼ਾਮਲ ਹੈ, ਦੇ ਸਕਾਰਾਤਮਕ ਨਤੀਜੇ ਸਾਹਮਣੇ ਆ ਰਹੇ ਹਨ। ਉਨ੍ਹਾਂ ਕਿਹਾ ਕਿ 'ਉਨਤ ਕਿਸਾਨ' ਮੋਬਾਈਲ ਐਪ ਸਾਡੇ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਸਰੋਤਾਂ ਤੱਕ ਆਸਾਨ ਪਹੁੰਚ ਪ੍ਰਦਾਨ ਕਰਕੇ ਉਨ੍ਹਾਂ ਨੂੰ ਇਸ ਸਮੱਸਿਆ ਨਾਲ ਨਜਿੱਠਣ ਲਈ ਸਰਕਾਰ ਦੇ ਯਤਨਾਂ ਵਿੱਚ ਸਹਿਯੋਗ ਦਾ ਦੀ ਸਹੂਲਤ ਪ੍ਰਦਾਨ ਕਰ ਰਹੀ ਹੈ।

# ਐਡੀਸੀ ਨਿਰਮਲ ਅਉਸੇਪਚਨ ਨੇ ਸਵੱਛਤਾ ਮੁਹਿੰਮ ਨੂੰ ਸਫਲ ਬਣਾਉਣ ਲਈ ਦਿੱਤਾ ਸੱਦਾ

## ਭਾਰਤ ਸਰਕਾਰ ਦੀ 2 ਰੋਜ਼ਾ ਚਿੱਤਰ ਪ੍ਰਦਰਸ਼ਨੀ ਦਾ ਮਾਤਾ ਸੁੰਦਰੀ ਯੂਨੀਵਰਸਿਟੀ ਗਰਲਜ਼ ਕਾਲਜ ਵਿੱਚ ਆਗਾਜ਼

**ਮਾਨਸਾ, 28 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਸਰਕਾਰ ਦੇ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਕੇਂਦਰੀ ਸੰਚਾਰ ਬਿਊਰੋ ਵੱਲੋਂ ਦੇਸ਼ ਭਰ ਵਿੱਚ ਸਰਕਾਰ ਦੀਆਂ ਕਲਿਆਣਕਾਰੀ ਯੋਜਨਾਵਾਂ ਦੀ ਥੀਮ ਉੱਤੇ ਵੱਖੋ-ਵੱਖ ਥਾਵਾਂ @ਤੇ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਸੇ ਲੜੀ ਦੇ ਤਹਿਤ ਸ਼ਹਿਰ ਦੇ ਮਾਤਾ ਸੁੰਦਰੀ ਯੂਨੀਵਰਸਿਟੀ ਗਰਲਸ ਕਾਲਜ ਵਿੱਚ ਉਕਤ ਥੀਮ @ਤੇ ਦੋ ਰੋਜ਼ਾ ਚਿੱਤਰ ਪ੍ਰਦਰਸ਼ਨੀ ਲਾਈ ਗਈ ਹੈ, ਜਿਸ ਦਾ ਵੀਰਵਾਰ ਨੂੰ ਆਗਾਜ਼ ਹੋ ਗਿਆ।

ਇਸ ਮੌਕੇ ਜ਼ਿਲੇ ਦੇ ਐਡੀਸੀ ਨਿਰਮਲ ਅਉਸੇਪਚਨ ਨੇ ਮੁੱਖ ਮਹਿਮਾਨ ਵੱਜੋਂ ਸ਼ਿਰਕਤ ਕੀਤੀ। ਉਨ੍ਹਾਂ ਪ੍ਰੋਗਰਾਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਆਮ ਲੋਕਾਂ ਦੇ ਕਲਿਆਣ ਲਈ ਸਵੱਛ ਭਾਰਤ ਸਣੇ ਵੱਖੋ ਵੱਖ ਯੋਜਨਾਵਾਂ ਚਲਾਈਆਂ ਗਈਆਂ




ਹਨ। ਪਰ ਉਨ੍ਹਾਂ ਨੂੰ ਸਫਲ ਬਣਾਉਣ ਲਈ ਆਮ ਲੋਕਾਂ ਨੂੰ ਅੱਗੇ ਆਉਣਾ ਪਵੇਗਾ ਅਤੇ ਇਸੇ ਲੜੀ ਵਿੱਚ ਉਨ੍ਹਾਂ ਇਲਕਾਵਾਸੀਆਂ ਨੂੰ ਸਵੱਛਤਾ ਮੁਹਿੰਮ ਨੂੰ ਸਫਲ ਬਣਾਉਣ ਲਈ ਸੱਦਾ ਦਿੱਤਾ।

ਮੰਚ ਤੋਂ ਸੰਬੋਧਨ ਕਰਦਿਆਂ ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਸੈਂਟਰਲ ਬਿਊਰੋ ਆਫ ਕਮਿਊਨੀਕੇਸ਼ਨ ਅੰਮ੍ਰਿਤਸਰ ਦੇ ਮੁਖੀ ਗੁਰਮੀਤ ਸਿੰਘ ਨੇ ਕਿਹਾ ਕਿ ਮੰਤਰਾਲੇ ਵੱਲੋਂ ਲਾਈ ਗਈ ਚਿੱਤਰ ਪ੍ਰਦਰਸ਼ਨੀ ਦੇ ਜ਼ਰੀਏ ਵੱਖੋ ਵੱਖ ਮੰਤਰਾਲਿਆਂ ਦੀਆਂ ਯੋਜਨਾਵਾਂ ਬਾਰੇ ਲੋਕਾਂ ਨੂੰ ਜਾਣਕਾਰੀ ਦਿੱਤੀ ਜਾ ਰਹੀ ਹੈ। ਇਸਦੇ ਨਾਲ ਹੀ ਆਨਲਾਈਨ ਠੱਗੀ ਦਾ ਸ਼ਿਕਾਰ ਹੋ ਰਹੇ ਲੋਕਾਂ ਨੂੰ ਇਸ ਤੋਂ ਬਚਣ ਲਈ ਵੀ ਜਾਗਰੂਕ ਕੀਤਾ ਜਾ ਰਿਹਾ ਹੈ।

ਇਸ ਮੌਕੇ ਸੰਬੋਧਨ ਕਰਦਿਆਂ ਕਾਲਜ ਦੀ ਪ੍ਰਿੰਸੀਪਲ ਸ਼੍ਰੀਮਤੀ ਬਰਿੰਦਰ ਕੌਰ ਨੇ ਕਿਹਾ ਕਿ ਉਨ੍ਹਾਂ ਦੇ ਰਹਿਨੁਮਾਈ ਹੇਠ ਕਾਲਜ ਵਲੋਂ ਸਵੱਛ ਭਾਰਤ ਅਭਿਆਨ, ਫਿੱਟ ਇੰਡੀਆ ਸਣੇ ਵੱਖੋ ਵੱਖ ਯੋਜਨਾਵਾਂ ਨੂੰ ਹੇਠਲੇ ਪੱਧਰ ਤੱਕ ਸਫਲ ਬਣਾਉਣ ਵਿੱਚ ਅਹਿਮ ਭੂਮਿਕਾ ਅਦਾ ਕੀਤੀ ਗਈ ਹੈ। ਇਸਦੇ ਨਾਲ ਹੀ ਉਨ੍ਹਾਂ ਇਸ ਪ੍ਰੋਗਰਾਮ ਨੂੰ ਉਲੀਕਣ ਲਈ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੀ ਸ਼ਲਾਘਾ ਕੀਤੀ।

ਇਸ ਮੌਕੇ ਮੰਚ ਤੋਂ ਡਾਕਟਰ ਰੁਪਿੰਦਰ ਪਾਲ ਕੌਰ ਨੇ ਬੇਟੀ ਬਚਾਓ ਬੇਟੀ ਪੜ੍ਹਾਓ, ਮਨਰੀਤ ਸਿੱਧੂ ਨੇ ਪਾਣੀ ਦੀ ਸਾਂਭ ਸੰਭਾਲ, ਪ੍ਰੋਫੈਸਰ ਹਰਜੀਤ ਸਿੰਘ ਨੇ ਸਵੱਛ ਭਾਰਤ, ਅਮਨਦੀਪ ਕੌਰ ਨੇ ਫਿੱਟ ਇੰਡੀਆ ਦੇ ਵਿਸ਼ੇ ਉੱਤੇ ਸੰਬੋਧਨ ਕੀਤਾ, ਜੱਦਕਿ ਡਾਕਟਰ ਬਲਮ ਨੇ ਮੰਚ ਦਾ ਸੰਚਾਲਨ ਕੀਤਾ। ਇਸ ਦੌਰਾਨ ਵਿਦਿਆਰਥੀਆਂ ਦੇ ਪੋਸਟਰ ਮੇਕਿੰਗ ਅਤੇ ਲੇਖ ਮੁਕਾਬਲੇ ਵੀ ਕਰਵਾਏ ਗਏ, ਜਿਸ ਵਿੱਚ ਵਿਦਿਆਰਥੀਆਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਲੇਖ ਮੁਕਾਬਲੇ ਵਿੱਚ ਸਿਮਰਜੀਤ ਕੌਰ ਨੇ ਪਹਿਲਾ, ਸੀਮਾ ਕੌਰ ਨੇ ਦੂਜਾ, ਨਿਤਾਸ਼ਾ ਨੇ ਤੀਜਾ ਸਥਾਨ ਹਾਸਿਲ ਕੀਤਾ। ਜਦਕਿ ਪੋਸਟਰ ਮੇਕਿੰਗ ਮੁਕਾਬਲੇ ਵਿੱਚ ਰੇਨੂ ਬਾਲਾ ਨੇ ਪਹਿਲਾ, ਖੁਸ਼ਪ੍ਰੀਤ ਕੌਰ ਨੇ ਦੂਜਾ ਅਤੇ ਅਰਸ਼ਦੀਪ ਕੌਰ ਨੇ ਤੀਜਾ ਸਥਾਨ ਹਾਸਿਲ ਕੀਤਾ।

ਸੂਚਨਾ ਅਤੇ ਪ੍ਰਸਾਰਣ ਮੰਤਰਾਲੇ ਦੇ ਇਸ ਅਹਿਦ ਦੀ ਸ਼ਲਾਘਾ ਕਰਦਿਆਂ ਚਿੱਤਰ ਪ੍ਰਦਰਸ਼ਨੀ ਵੇਖਣ ਆਏ ਲੋਕਾਂ ਨੇ ਕਿਹਾ ਕਿ ਅਜਿਹੇ ਪ੍ਰੋਗਰਾਮਾਂ ਨਾਲ ਆਮ ਲੋਕਾਂ ਨੂੰ ਸਰਕਾਰ ਦੀਆਂ ਵੱਖੋ ਵੱਖ ਯੋਜਨਾਵਾਂ ਬਾਰੇ ਜਾਣੂ ਕਰਵਾਉਣਾ ਇੱਕ ਚੰਗਾ ਉਪਰਾਲਾ ਹੈ। ਬਹਿਰਹਾਲ ਇਸ ਪ੍ਰਦਰਸ਼ਨੀ ਦੌਰਾਨ ਨੁੱਕੜ ਨਾਟਕ ਸਣੇ ਵਿਦਿਆਰਥੀਆਂ ਦੀਆਂ ਸ਼ਾਨਦਾਰ ਪੇਸ਼ਕਾਰੀਆਂ ਨੇ ਲੋਕਾਂ ਦਾ ਦਿਲ ਜਿੱਤ ਲਿਆ।

# ਪੰਜਾਬੀ 'ਵਰਸਿਟੀ ਵਿੱਚ ਹਸਤ ਕਲਾਵਾਂ ਦੀ ਪ੍ਰਦਰਸ਼ਨੀ




ਪ੍ਰਦਰਸ਼ਨੀ ਦੌਰਾਨ ਇੱਕ ਸਟਾਲ 'ਤੇ ਮੌਜੂਦ ਵਿਦਿਆਰਥੀ।

**ਪਟਿਆਲਾ, 28 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬੀ ਯੂਨੀਵਰਸਿਟੀ ਦੇ ਇੰਟਰਪ੍ਰੈਨਿਓਰ ਇਨੋਵੇਸ਼ਨ ਐਂਡ ਕਰੀਅਰ ਹੱਬ ਅਧੀਨ ਆਉਂਦੇ ਸਬ ਗਰੁੱਪ 'ਰੂਰਲ ਟੂਰਿਜ਼ਮ ਅਤੇ ਟਰੈਡੀਸ਼ਨਲ ਆਰਟੀਫੈਕਟਸ' ਵੱਲੋਂ ਵਿਦਿਆਰਥੀਆਂ ਵੱਲੋਂ ਤਿਆਰ ਕੀਤੀਆਂ ਹੱਥ ਕਲਾਵਾਂ ਦੀ ਪ੍ਰਦਰਸ਼ਨੀ ਲਾਈ ਗਈ ਜਿਸ ਦਾ ਉਦਘਾਟਨ ਡੀਨ ਅਕਾਦਮਿਕ ਮਾਮਲੇ ਪ੍ਰੋ. ਨਰਿੰਦਰ ਕੌਰ ਮੁਲਤਾਨੀ ਅਤੇ ਰਜਿਸਟਰਾਰ ਪ੍ਰੋ. ਸੰਜੀਵ ਪੁਰੀ ਨੇ ਕੀਤਾ। ਰਜਿਸਟਰਾਰ ਪ੍ਰੋ. ਸੰਜੀਵ ਪੁਰੀ ਨੇ ਕਿਹਾ ਕਿ ਇਹ ਪ੍ਰਦਰਸ਼ਨੀ ਵਿਦਿਆਰਥੀਆਂ ਦੀ ਮਿਹਨਤ, ਸ਼ਿੱਦਤ ਅਤੇ ਹੁਨਰ ਨੂੰ ਦਰਸਾਉਂਦੀ ਹੈ। ]

ਵੱਖ-ਵੱਖ ਸਟਾਲਾਂ 'ਤੇ ਪ੍ਰਦਰਸ਼ਿਤ ਵਿਰਾਸਤੀ ਚੀਜ਼ਾਂ ਦੇ ਹਵਾਲੇ ਨਾਲ ਈਆਈਸੀਐੱਚ ਦੇ ਡਾਇਰੈਕਟਰ ਡਾ. ਬਲਵਿੰਦਰ ਸਿੰਘ ਸੂਚ ਨੇ ਕਿਹਾ ਕਿ ਅਜਿਹਾ ਕਰਨ ਨਾਲ ਜਿੱਥੇ ਵਿਦਿਆਰਥੀਆਂ ਵਿੱਚ ਹੁਨਰ ਪੈਦਾ ਹੁੰਦਾ ਹੈ, ਉਥੇ ਹੀ ਨਾਲ ਸਾਡੀ ਵਿਰਾਸਤ ਨੂੰ ਸੰਭਾਲਣ ਅਤੇ ਉਸ ਨੂੰ ਕਾਰੋਬਾਰ ਨਾਲ ਜੋੜ ਕੇ ਜੀਵਿਤ ਰੱਖਣ ਪੱਖੋਂ ਵੀ ਅਜਿਹੇ ਯਤਨ ਜ਼ਰੂਰੀ ਹਨ। ਕੋ-ਆਰਡੀਨੇਟਰ ਡਾ. ਗੁਰਪ੍ਰੀਤ ਸਿੰਘ ਅਤੇ 'ਰੂਰਲ ਟੂਰਿਜ਼ਮ ਅਤੇ ਟਰੈਡੀਸ਼ਨਲ ਆਰਟੀਫੈਕਟਸ' ਦੇ ਕਨਵੀਨਰ ਡਾ. ਨੈਨਾ ਨੇ ਦੱਸਿਆ ਕਿ ਇਸ ਵਿੱਚ ਪ੍ਰਦਰਸ਼ਨੀ ਵਿੱਚ ਵਿਦਿਆਰਥੀਆਂ ਨੇ ਸਿਲਾਈ, ਕਢਾਈ, ਪੇਂਟਿੰਗ, ਬੇਕਰੀ, ਰੇਜਨ ਆਰਟ ਆਦਿ ਦੀਆਂ ਵਸਤੂਆਂ ਪੇਸ਼ ਕੀਤੀਆਂ ਹਨ। ਇਸ ਮੌਕੇ ਵੱਖ-ਵੱਖ ਵਿਭਾਗਾਂ ਦੇ ਅਧਿਆਪਕ ਅਤੇ ਵਿਦਿਆਰਥੀਆਂ ਨੇ ਵਧ-ਚੜ੍ਹ ਕੇ ਪ੍ਰਦਰਸ਼ਨੀ ਵਿੱਚ ਸ਼ਿਰਕਤ ਕੀਤੀ।

# ਆਈਟੀਆਈ ਦੇ ਮੁਲਾਜ਼ਮਾਂ ਵੱਲੋਂ ਰੋਸ ਮੁਜ਼ਾਹਰਾ



ਪਟਿਆਲਾ ਵਿੱਚ ਮੰਗਾਂ ਦੇ ਹੱਕ 'ਚ ਰੋਸ ਪ੍ਰਗਟਾਉਂਦੇ ਹੋਏ ਮੁਲਾਜ਼ਮ ਤੇ ਹੋਰ ਜਥੇਬੰਦੀਆਂ।

**ਪਟਿਆਲਾ, 28 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ ਪਟਿਆਲਾ (ਆਈਟੀਆਈ) ਦੇ ਮੁੱਖ ਗੇਟ 'ਤੇ ਅੱਜ ਸਮੂਹ ਮੁਲਾਜ਼ਮ ਜਥੇਬੰਦੀਆਂ ਵੱਲੋਂ ਪ੍ਰਦਰਸ਼ਨ ਕੀਤਾ ਗਿਆ।

ਇਹ ਪ੍ਰਦਰਸ਼ਨ ਸਾਂਝਾ ਮੁਲਾਜ਼ਮ ਮੰਚ ਪੰਜਾਬ ਤੇ ਯੂਟੀ ਅਤੇ ਪੀਐਸਐਮਐਸਯੂ ਜਥੇਬੰਦੀ ਵੱਲੋਂ ਉਲੀਕੇ ਸੰਘਰਸ਼ ਤਹਿਤ ਆਈਟੀਆਈਜ਼ ਐਂਪਲਾਈਜ਼ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਜਰਨੈਲ ਸਿੰਘ ਪੱਟੀ ਵੱਲੋਂ ਉਪਰੋਕਤ ਜਥੇਬੰਦੀਆਂ ਦੇ ਸੰਘਰਸ਼ ਦੇ ਹੱਕ ਵਿੱਚ ਕੀਤਾ ਗਿਆ।

ਸੂਬਾ ਆਗੂ ਗੁਰਮੁੱਖ ਸਿੰਘ ਜਨਰਲ ਸਕੱਤਰ, ਹਰਪਾਲ ਸਿੰਘ ਸੂਬਾ ਕਮੇਟੀ ਮੈਂਬਰ, ਬਲਜੀਤ ਸਿੰਘ ਵਿਰਦੀ ਸੂਬਾ ਪ੍ਰੈੱਸ ਸਕੱਤਰ, ਨਿਰਮਲ ਸਿੰਘ ਭੰਗੂ ਸੂਬਾ ਕਮੇਟੀ ਮੈਂਬਰ ਆਦਿ ਨੇ ਕਿਹਾ ਕਿ ਪੰਜਾਬ ਸਰਕਾਰ ਗੁਆਂਢੀ ਸੂਬਿਆਂ ਵਾਂਗ ਦੀਵਾਲੀ ਦੇ ਤਿਉਹਾਰ ਤੋਂ ਪਹਿਲਾਂ-ਪਹਿਲਾਂ ਡੀਏ ਦੀਆਂ 15 ਫ਼ੀਸਦੀ ਕਿਸ਼ਤਾਂ ਜਾਰੀ ਕਰ ਕੇ ਗੁਆਂਢੀ ਸੂਬੇ ਦੇ ਅਤੇ ਕੇਂਦਰ ਸਰਕਾਰ ਦੇ ਬਰਾਬਰ ਕਰੇ ਅਤੇ ਵਿਧਾਨ ਸਭਾ ਚੋਣਾਂ 2022 ਦੌਰਾਨ ਮੁਲਾਜ਼ਮ ਵਰਗ ਨਾਲ ਕੀਤਾ ਵਾਅਦਾ ਪੁਰਾਣੀ ਪੈਨਸ਼ਨ ਸਕੀਮ ਜਲਦੀ ਬਹਾਲ ਕਰੇ ਅਤੇ 4,9,14 ਵਾਲੀ ਏਸੀਪੀ ਸਕੀਮ ਨੂੰ ਵੀ ਬਹਾਲ ਕਰੇ , ਵੱਖ-ਵੱਖ ਤਰ੍ਹਾਂ ਕੱਟੇ ਭੱਤੇ ਆਪਣੇ ਵਾਅਦੇ ਮੁਤਾਬਕ ਬਹਾਲ ਕਰੇ ਅਤੇ ਕੱਚੇ ਮੁਲਾਜ਼ਮ ਨੂੰ ਪੱਕਾ ਕਰੇ। ਇਸ ਮੌਕੇ ਮਨਿਸਟੀਰੀਅਲ ਸਟਾਫ਼ ਤੋਂ ਸੀਨੀਅਰ ਸਹਾਇਕ ਮੋਹਨ ਲਾਲ, ਅਮਨਦੀਪ ਸਿੰਘ, ਰਜਨੀਤ ਕੌਰ ਰਾਜਵਿੰਦਰ ਕੌਰ ਤੇ ਰਸ਼ਿਵੰਦਰ ਸਿੰਘ ਸਿੱਧੂ, ਸਟੋਰ ਕੀਪਰ ਸ਼ਿਵਚਰਨ ਸਿੰਘ, ਟੀਓ ਸੀਮਾ ਭੱਲਾ, ਇਕਬਾਲ ਸਿੰਘ ਅਤੇ ਸੁਖਵੰਤ ਸਿੰਘ ਇਸ ਤੋਂ ਇਲਾਵਾ ਇੰਸਟਰੱਕਟਰ ਅਰਜਿੰਦਰ ਪਾਲ ਸਿੰਘ, ਮਨੀਸ਼ ਕੁਮਾਰ, ਸਤਨਾਮ ਸਿੰਘ, ਜਗਜੀਤ ਸਿੰਘ ਅਤੇ ਸਾਰੇ ਗੈਸਟ ਫੈਕਲਟੀ ਇੰਸਟਰਕਟਰ ਤੇ ਦਰਜਾ ਚਾਰ ਮੈਂਬਰ ਵੀ ਮੌਜੂਦ ਸਨ।

# ਡਾ. ਬੀ ਐੱਸ ਸੰਧੂ ਸਕੂਲ ਦੀਆਂ ਲੜਕੀਆਂ ਨੇ ਜਿੱਤੇ ਮੈਡਲ




**ਦੇਵੀਗੜ੍ਹ, 28 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਡਾ. ਬੀ.ਐੱਸ. ਸੰਧੂ ਮੈਮੋਰੀਅਲ ਪਬਲਿਕ ਸਕੂਲ ਘੜਾਮ ਰੋਡ ਜੁਲਾਹਖੇੜੀ ਦੇ ਖਿਡਾਰੀਆਂ ਦਾ ਪ੍ਰਦਰਸ਼ਨ ਹਮੇਸ਼ਾਂ ਹੀ ਸ਼ਾਨਦਾਰ ਰਿਹਾ ਹੈ। ਸਕੂਲ ਦੇ ਚੇਅਰਮੈਨ ਹਰਦੀਪ ਸਿੰਘ ਸੰਧੂ ਅਤੇ ਪ੍ਰਿੰਸੀਪਲ ਰਜਿੰਦਰ ਕੌਰ ਸੰਧੂ ਨੇ ਦੱਸਿਆ ਕਿ ਸਿੱਖਿਆ ਵਿਭਾਗ ਵੱਲੋਂ ਕਰਵਾਏ ਗਏ ਜ਼ਿਲ੍ਹਾ ਪੱਧਰੀ ਕਿੱਕ ਬਾਕਸਿੰਗ ਖੇਡ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਈ ਮੈਡਲ ਜਿੱਤੇ ਹਨ। ਕਿੱਕ ਬਾਕਸਿੰਗ ਖੇਡ ਮੁਕਾਬਲੇ ਵਿੱਚ ਗੈਰੀ ਨੇ ਸੋਨ ਤਗਮਾ, ਅਰਪਨਦੀਪ ਕੌਰ ਨੇ ਚਾਂਦੀ ਦਾ ਤਗਮਾ, ਸਿਮਰਨ ਕੌਰ ਨੇ ਚਾਂਦੀ ਦਾ ਤਗਮਾ, ਗੁਰਮਨਪ੍ਰੀਤ ਕੌਰ ਨੇ ਚਾਂਦੀ ਦਾ ਤਗਮਾ, ਗੁਰਨੂਰ ਕੌਰ ਨੇ ਚਾਂਦੀ ਦਾ ਤਗਮਾ ਅਤੇ ਦਮਨਪ੍ਰੀਤ ਕੌਰ ਨੇ ਕਾਂਸੇ ਦਾ ਤਗਮਾ ਹਾਸਲ ਕੀਤਾ। ਸਕੂਲ ਚੇਅਰਮੈਨ ਹਰਦੀਪ ਸਿੰਘ ਸੰਧੂ, ਪ੍ਰਿੰਸੀਪਲ ਰਜਿੰਦਰ ਕੌਰ ਸੰਧੂ ਅਤੇ ਵਾਈਸ ਪ੍ਰਿੰਸੀਪਲ ਨੀਲਮਾ ਦੀਕਸ਼ਿਤ ਨੇ ਖੇਡਾਂ ਵਿੱਚ ਵਿਦਿਆਰਥੀਆਂ ਦੀ ਸਫ਼ਲਤਾ ਅਤੇ ਉਨ੍ਹਾਂ ਦੇ ਪਰਿਵਾਰਾਂ ਅਤੇ ਕੋਚ ਰਵਿੰਦਰ ਸਿੰਘ, ਸਪੋਰਟਸ ਕੋ-ਆਰਡੀਨੇਟਰ ਅਵਤਾਰ ਸਿੰਘ ਨੂੰ ਵੀ ਵਧਾਈ ਦਿੱਤੀ।

# ਸਾਈਨ ਬੋਰਡਾਂ ਨੂੰ ਪੰਜਾਬੀ ਭਾਸ਼ਾ 'ਚ ਲਿਖਣ ਨੂੰ ਤਰਜੀਹ ਦਿੱਤੀ ਜਾਵੇ: ਜ਼ਿਲ੍ਹਾ ਭਾਸ਼ਾ ਅਫ਼ਸਰ

**ਹੁਸ਼ਿਆਰਪੁਰ, 28 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਭਾਸ਼ਾ ਅਫ਼ਸਰ ਡਾ. ਜਸਵੰਤ ਰਾਏ ਨੇ ਦੱਸਿਆ ਕਿ ਭਾਸ਼ਾ ਵਿਭਾਗ ਵਲੋਂ ਰਾਜ ਵਿੱਚ ਸਾਰੇ ਸਾਈਨ ਬੋਰਡਾਂ ਨੂੰ ਪੰਜਾਬੀ ਭਾਸ਼ਾ (ਗੁਰਮੁਖੀ ਲਿਪੀ) ਵਿਚ ਲਿਖਵਾਏ ਜਾਣ ਦੀ ਮੁਹਿੰਮ ਤਹਿਤ ਜ਼ਿਲ੍ਹੇ ਵਿਚ ਸੂਚਨਾ ਬੋਰਡ ਲਿਖਣ ਸਮੇਂ ਪੰਜਾਬੀ ਸ਼ਬਦ ਜੋੜਾਂ ਸਬੰਧੀ ਕਿਸੇ ਕਿਸਮ ਦੀ ਪੁੱਛਗਿਛ ਜਾਂ ਜਾਣਕਾਰੀ ਬਾਰੇ ਜ਼ਿਲ੍ਹਾ ਭਾਸ਼ਾ ਦਫ਼ਤਰ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਡਾ. ਜਸਵੰਤ ਰਾਏ ਨੇ ਦੱਸਿਆ ਕਿ ਭਾਸ਼ਾ ਵਿਭਾਗ ਦੇ ਡਾਇਰੈਕਟਰ ਜਸਵੰਤ ਸਿੰਘ ਜ਼ਫ਼ਰ ਦੇ ਦਿਸ਼ਾ-ਨਿਰਦੇਸਾਂ ਅਨੁਸਾਰ ਸਮੂਹ ਸਰਕਾਰੀ, ਅਰਧ ਸਰਕਾਰੀ ਦਫ਼ਤਰਾਂ, ਵਿਭਾਗਾਂ, ਅਦਾਰਿਆਂ, ਸੰਸਥਾਵਾਂ, ਵਿਦਿਅਕ ਅਦਾਰਿਆਂ, ਬੋਰਡਾਂ, ਨਿਗਮਾਂ ਅਤੇ ਗੈਰ ਸਰਕਾਰੀ ਸੰਸਥਾਵਾਂ, ਪਬਲਿਕ ਅਤੇ ਪ੍ਰਾਈਵੇਟ ਦੁਕਾਨਾਂ ਤੇ ਵਪਾਰਕ ਅਦਾਰਿਆਂ ਆਦਿ ਦੇ ਨਾਮ ਪੰਜਾਬੀ 'ਚ ਲਿਖੋ।

# ਸ਼ੂਟਿੰਗ ਮੁਕਾਬਲੇ 'ਚ ਸਪਾਰਕਿੰਗ ਕਿਡਜ਼ ਸਕੂਲ ਮੋਹਰੀ

**ਪਾਤੜਾਂ, 28 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਸਪਾਰਕਿੰਗ ਕਿਡਜ਼ ਫਾਊਂਡੇਸ਼ਨ ਸਕੂਲ, ਪਾਤੜਾਂ ਨੇ ਦਿ ਇੰਡੋ ਬ੍ਰਿਟਿਸ਼ ਸਕੂਲ, ਨਾਭਾ ਵੱਲੋਂ ਕਰਵਾਏ ਗਏ ਸਹੋਦਿਆ ਏਅਰ ਸ਼ੂਟਿੰਗ ਮੁਕਾਬਲੇ ਵਿੱਚ ਸ਼ਾਨਦਾਰ ਕਾਰਗੁਜ਼ਾਰੀ ਦਿਖਾਈ ਹੈ। ਅੰਡਰ 19 ਲੜਕਿਆਂ ਦੇ ਵਰਗ ਵਿੱਚ ਹਰਸ਼ਦੀਪ ਸਿੰਘ ਨੇ ਸੋਨ ਤਗ਼ਮਾ, ਅਰਵਪ੍ਰੀਤ ਸਿੰਘ ਨੇ ਚਾਂਦੀ ਦਾ



ਤਗ਼ਮਾ ਅਤੇ ਗੁਰਦਿੱਤ ਨੇ ਕਾਂਸੀ ਦਾ ਤਗ਼ਮਾ ਜਿੱਤਿਆ ਹੈ। ਅੰਡਰ-19 ਲੜਕੀਆਂ ਦੇ ਰਿਜ਼ੁਲ ਗੋਇਲ ਨੇ ਸੋਨ ਤਗ਼ਮਾ, ਹਰਮਨਦੀਪ ਕੌਰ ਨੇ ਚਾਂਦੀ ਦਾ ਤਗ਼ਮਾ ਅਤੇ ਖੁਸ਼ਪ੍ਰੀਤ ਕੌਰ ਨੇ ਕਾਂਸੀ ਦਾ ਤਗ਼ਮਾ ਹਾਸਲ ਕੀਤਾ। ਅੰਡਰ-14 ਲੜਕੀਆਂ ਪਲਕਪ੍ਰੀਤ ਕੌਰ ਨੇ ਸੋਨ ਤਗ਼ਮਾ, ਸੀਰਤਜੋਤ ਕੌਰ ਨੇ ਚਾਂਦੀ ਦਾ ਤਗ਼ਮਾ ਹਾਸਲ ਕੀਤਾ। ਇਸ ਮੌਕੇ ਅੰਡਰ 19 ਅਤੇ ਅੰਡਰ 14 ਦੋਨਾਂ ਲੜਕਿਆਂ ਅਤੇ ਲੜਕੀਆਂ ਦੀਆਂ ਟੀਮਾਂ ਨੂੰ ਬੇਮਿਸਾਲ ਪ੍ਰਤਿਭਾ ਅਤੇ ਟੀਮ ਵਰਕ ਦਾ ਪ੍ਰਦਰਸ਼ਨ ਕਰਨ ਲਈ ਸਰਵੋਤਮ ਟੀਮ ਟਰਾਫੀਆਂ ਨਾਲ ਸਨਮਾਨਿਤ ਕੀਤਾ ਗਿਆ। ਪ੍ਰਿੰਸੀਪਲ ਹਰਮਨਦੀਪ ਕੌਰ ਹਰੀਕਾ ਨੇ ਸ਼ੂਟਿੰਗ ਕੋਚ ਦਵਿੰਦਰ ਸਿੰਘ ਨੂੰ ਅਣਥੱਕ ਮਿਹਨਤ ਲਈ ਵਧਾਈ ਦਿੱਤੀ। ਉਨ੍ਹਾਂ ਨੇ ਕਿਹਾ ਕਿ ਉਨ੍ਹਾਂ ਨੂੰ ਆਪਣੇ ਸਕੂਲ ਦੇ ਨੌਜਵਾਨ ਖਿਡਾਰੀਆਂ 'ਤੇ ਬਹੁਤ ਮਾਣ ਹੈ।

## ਸੰਪਾਦਕੀ

# ਮੰਡੀਆਂ ’ਚ ਰੁਲ਼ ਰਿਹਾ ਝੋਨਾ, ਕਿਸਾਨ ਬੈਠੇ ਧਰਨਿਆਂ ’ਤੇ

ਪੰਜਾਬ ਦੀਆਂ ਮੰਡੀਆਂ ਵਿੱਚ ਐਤਕੀਂ ਝੋਨੇ ਦੀ ਖਰੀਦ ਵਿੱਚ ਜੋ ਸਮੱਸਿਆਵਾਂ ਆ ਰਹੀਆਂ ਹਨ, ਉਨ੍ਹਾਂ ਤੋਂ ਨਾ ਕੇਵਲ ਖਰੀਦ ਏਜੰਸੀਆਂ ਦੀ ਢਿੱਲ-ਮੱਠ ਦਾ ਪਤਾ ਲਗਦਾ ਹੈ ਸਗੋਂ ਕੇਂਦਰ ਅਤੇ ਰਾਜ ਸਰਕਾਰ ਵਿੱਚ ਤਾਲਮੇਲ ਦੀ ਅਣਹੋਂਦ ਵੀ ਸਾਫ਼ ਜ਼ਾਹਿਰ ਹੋ ਰਹੀ ਹੈ। ਕੁਝ ਧਿਰਾਂ ਇਹ ਸਵਾਲ ਵੀ ਉਠਾ ਰਹੀਆਂ ਹਨ ਕਿ ਇਹ ਸੰਕਟ ਬਣ ਗਿਆ ਹੈ ਜਾਂ ਫਿਰ ਇਹ ਪੈਦਾ ਕੀਤਾ ਗਿਆ ਹੈ ? ਕਿਸਾਨ ਸ਼ਿਕਾਇਤਾਂ ਕਰ ਰਹੇ ਹਨ ਕਿ ਮੰਡੀਆਂ ਵਿੱਚ ਆਈ ਉਨ੍ਹਾਂ ਦੀ ਫ਼ਸਲ ਖਰੀਦੀ ਨਹੀਂ ਜਾ ਰਹੀ ਅਤੇ ਉਨ੍ਹਾਂ ਨੂੰ ਐਲਾਨੀ ਹੋਏ ਐੱਮਐੱਸਪੀ ਤੋਂ ਘੱਟ ਮੁੱਲ ’ਤੇ ਜਿਣਸ ਵੇਚਣ ਲਈ ਮਜਬੂਰ ਕੀਤਾ ਜਾ ਰਿਹਾ ਹੈ; ਮਿੱਲ ਮਾਲਕਾਂ ਦਾ ਕਹਿਣਾ ਹੈ ਕਿ ਉਨ੍ਹਾਂ ਦੀਆਂ ਮਿੱਲਾਂ ਵਿੱਚ ਨਵੀਂ ਜਿਣਸ ਰੱਖਣ ਲਈ ਥਾਂ ਨਹੀਂ ਹੈ। ਇਨ੍ਹਾਂ ਤੋਂ ਇਲਾਵਾ ਆੜ੍ਹਤੀਏ ਅਤੇ ਲੇਬਰ ਯੂਨੀਅਨਾਂ ਵੱਲੋਂ ਆਪਣੀਆਂ ਸ਼ਿਕਾਇਤਾਂ ਗਿਣਾਈਆਂ ਜਾ ਰਹੀਆਂ ਸਨ।

ਇਸੇ ਦੌਰਾਨ ਆਮ ਆਦਮੀ ਪਾਰਟੀ ਅਤੇ ਭਾਜਪਾ ਦੇ ਆਗੂਆਂ ਵਿਚਕਾਰ ਦੂਸ਼ਣਬਾਜ਼ੀ ਸ਼ੁਰੂ ਹੋ ਗਈ ਹੈ ਪਰ ਝੋਨੇ ਦੀ ਖਰੀਦ ਵਿੱਚ ਫ਼ੌਰੀ ਅੜਿੱਕਾ ਬਣ ਰਹੇ ਨੁਕਤਿਆਂ ਉੱਪਰ ਕੋਈ ਵੀ ਸਿਆਸੀ ਧਿਰ ਗੱਲ ਨਹੀਂ ਕਰ ਰਹੀ। ਕੁਝ ਦਿਨ ਪਹਿਲਾਂ ਸੰਯੁਕਤ ਕਿਸਾਨ ਮੋਰਚੇ ਦੇ ਆਗੂਆਂ ਅਤੇ ਆੜ੍ਹਤੀਆਂ ਦੇ ਆਗੂਆਂ ਨਾਲ ਪੰਜਾਬ ਦੇ ਮੁੱਖ ਮੰਤਰੀ ਨੇ ਮੁਲਾਕਾਤ ਕਰ ਕੇ ਝੋਨੇ ਦੀ ਖਰੀਦ ਨੂੰ ਸੁਚਾਰੂ ਬਣਾਉਣ ਲਈ ਦੋ ਦਿਨ ਮੰਗੇ ਸਨ ਜਿਸ ਦੇ ਜਵਾਬ ਵਿੱਚ ਕਿਸਾਨ ਆਗੂਆਂ ਨੇ ਉਨ੍ਹਾਂ ਨੂੰ ਚਾਰ ਦਿਨ ਦੇਣ ਦਾ ਭਰੋਸਾ ਦਿੱਤਾ ਸੀ ਪਰ ਨਾਲ ਹੀ ਇਹ ਚਿਤਾਵਨੀ ਵੀ ਦਿੱਤੀ ਸੀ ਕਿ ਜੇ ਫਿਰ ਵੀ ਖਰੀਦ ਅਤੇ ਚੁਕਾਈ ਨਾਲ ਜੁੜੀਆਂ ਸਮੱਸਿਆਵਾਂ ਦਾ ਨਿਬੇੜਾ ਨਾ ਹੋਇਆ ਤਾਂ ਉਹ ‘ਸਖ਼ਤ ਐਕਸ਼ਨ’ ਲੈਣ ਲਈ ਮਜਬੂਰ ਹੋਣਗੇ।

ਇਹ ਗੱਲ ਠੀਕ ਹੈ ਕਿ ਪੰਜਾਬ ਵਿੱਚ ਝੋਨੇ ਦੀ ਜਿੰਨੀ ਪੈਦਾਵਾਰ ਹੁੰਦੀ ਹੈ, ਓਨੀ ਹੋਰ ਕਿਸੇ ਸੂਬੇ ਵਿੱਚ ਨਹੀਂ ਹੁੰਦੀ ਅਤੇ ਜਿਣਸ ਦਾ ਬਹੁਤਾ ਜਾਂ ਕਹੋ ਸਾਰਾ ਹਿੱਸਾ ਮੰਡੀਆਂ ਵਿੱਚ ਵਿਕਣ ਲਈ ਆਉਂਦਾ ਹੈ ਕਿਉਂਕਿ ਰਾਜ ਵਿੱਚ ਚੌਲਾਂ ਦੀ ਖ਼ਪਤ ਬਹੁਤ ਘੱਟ ਹੈ ਪਰ ਝੋਨੇ ਦੀ ਖਰੀਦ ਵਿੱਚ ਜਿਸ ਕਿਸਮ ਦੀਆਂ ਦਿੱਕਤਾਂ ਆ ਰਹੀਆਂ ਹਨ, ਉਸ ਦੀ ਮਿਸਾਲ ਹੋਰ ਕਿਸੇ ਸੂਬੇ ਵਿੱਚ ਦੇਖਣ ਨੂੰ ਨਹੀਂ ਮਿਲਦੀ। ਕੀ ਕੇਂਦਰ ਸਰਕਾਰ ਨੂੰ ਪੰਜਾਬ ਦੇ ਚੌਲਾਂ ਦੀ ਹੁਣ ਕੋਈ ਲੋੜ ਨਹੀਂ ਰਹਿ ਗਈ ? ਸਾਉਣੀ ਦੇ ਇਸ ਖਰੀਦ ਸੀਜ਼ਨ ਦੌਰਾਨ ਪੰਜਾਬ ਦੇ ਅਰਥਚਾਰੇ ਵਿੱਚ ਕਰੀਬ 40 ਹਜ਼ਾਰ ਕਰੋੜ ਰੁਪਏ ਦੀ ਆਮਦ ਹੁੰਦੀ ਹੈ ਅਤੇ ਜੇ ਇਹ ਪੈਸਾ ਉਤਪਾਦਕਾਂ ਅਤੇ ਸੰਬੰਧਿਤ ਹੋਰਨਾਂ ਧਿਰਾਂ ਕੋਲ ਢੁਕਵੇਂ ਰੂਪ ਵਿੱਚ ਨਹੀਂ ਪਹੁੰਚਦਾ ਤਾਂ ਇਸ ਨਾਲ ਪੰਜਾਬ ਦੇ ਸਮੁੱਚੇ ਕਾਰੋਬਾਰ ਉੱਪਰ ਸੱਟ ਵੱਜੇਗੀ। ਸਾਰੇ ਪਾਸੇ ਪਿਆ ਖਿਲਾਰਾ ਇਸ ਚੀਜ਼ ਨੂੰ ਸੁਭਾਵਿਕ ਬਣਾਉਂਦਾ ਹੈ ਕਿ ਝੋਨੇ ਹੇਠਲੇ ਰਕਬੇ ਨੂੰ ਘਟਾਉਣ ਤੇ ਕਾਫੀ ਪ੍ਰਚਾਰੀ ਗਈ ਫ਼ਸਲੀ ਵੰਨ-ਸਵੰਨਤਾ ਲਿਆਉਣ ਵਿੱਚ ਹੁਣ ਅਣਮਿੱਥੇ ਸਮੇਂ ਦੀ ਦੇਰੀ ਨਹੀਂ ਕੀਤੀ ਜਾ ਸਕਦੀ।

ਪੰਜਾਬ ਦੇ ਕਿਸਾਨਾਂ ਨੂੰ ਝੋਨੇ ਨਾਲ ਬੰਨ੍ਹੀ ਰੱਖਣਾ ਆਫ਼ਤ ਨੂੰ ਸੱਦਾ ਦੇਣ ਦੇ ਬਰਾਬਰ ਹੈ। ਜਾਪਦਾ ਹੈ ਕਿ ਤਿੰਨ ਵਿਵਾਦਤ ਖੇਤੀ ਕਾਨੂੰਨਾਂ ਵਿਰੁੱਧ ਸਾਲ ਭਰ ਚੱਲੇ ਕਿਸਾਨਾਂ ਦੇ ਸੰਘਰਸ਼ ਤੋਂ ਕੇਂਦਰ ਨੇ ਕੋਈ ਸਬਕ ਨਹੀਂ ਸਿੱਖਿਆ।

ਕਿਸਾਨਾਂ ਦਾ ਇਹ ਡਰ ਕਿ ਕੇਂਦਰ ਸਰਕਾਰ ਆਉਣ ਵਾਲੇ ਸਮੇਂ ’ਚ ਖਰੀਦ ਤੋਂ ਹੱਥ ਪਿੱਛੇ ਖਿੱਚਣਾ ਚਾਹੁੰਦੀ ਹੈ, ਬੇਬੁਨਿਆਦ ਨਹੀਂ ਹੈ. ਸਾਰੀਆਂ ਵੱਡੀਆਂ ਫ਼ਸਲਾਂ ਲਈ ਮਹਿਜ਼ ਐੱਮਐੱਸਪੀ ਵਧਾਉਣ ਦਾ ਐਲਾਨ ਕਾਸ਼ਤਕਾਰਾਂ ਲਈ ਕਾਫੀ ਨਹੀਂ ਹੈ। ਮੱਕੀ ਤੇ ਦਾਲਾਂ ਵਰਗੀਆਂ ਫ਼ਸਲਾਂ ਨੂੰ ਐੱਮਐੱਸਪੀ ’ਤੇ ਖਰੀਦਣ ਲਈ ਮਜ਼ਬੂਤ ਢਾਂਚਾ ਖੜ੍ਹਾ ਕਰਨਾ ਪਏਗਾ। ਝੋਨੇ ਦੀ ਕਾਸ਼ਤ ਲਈ ਰਿਆਇਤਾਂ ਬੰਦ ਕਰਨ ਨਾਲ ਜ਼ਮੀਨੀ ਪੱਧਰ ’ਤੇ ਵੱਡਾ ਫ਼ਰਕ ਸਾਹਮਣੇ ਆ ਸਕਦਾ ਹੈ।

# ਕਿਸਾਨਾਂ ਦਾ ਦਾਣਾ ਦਾਣਾ ਖਰੀਦ ਕੇ ਵਚਨਬੱਧਤਾ ਪੂਰੀ ਕਰਾਂਗੇ : ਰਾਮ ਗੋਪਾਲ

### ਅਗੰਮਪੁਰ ਅਨਾਜ ਮੰਡੀ ਵਿਚ 4700 ਕੁਇੰਟਲ ਝੋਨੇ ਦੀ ਆਮਦ, 3890 ਕੁਇੰਟਲ ਖਰੀਦ ਕਰਕੇ 900 ਕੁਇੰਟਲ ਲਿਫਟਿੰਗ ਮੁਕੰਮਲ ਕੀਤੀ: ਜਸਪਾਲ ਸਿੰਘ ਢਾਹੇ

**ਸ੍ਰੀ ਆਨੰਦਪੁਰ ਸਾਹਿਬ, 28 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕਿਸਾਨ ਭਰਾਵਾਂ ਨੂੰ ਅਨਾਜ ਮੰਡੀਆਂ ਵਿੱਚ ਬਿਲਕੁੱਲ ਖੱਜਲ ਖੁਆਰ ਨਹੀ ਹੋਣ ਦਿੱਤਾ ਜਾਵੇਗਾ। ਅਗੰਮਪੁਰ ਅਨਾਜ ਮੰਡੀ ਵਿੱਚ ਹੁਣ ਤੱਕ 4700 ਕੁਇੰਟਲ ਝੋਨੇ ਦੀ ਆਮਦ ਹੋ ਚੁੱਕੀ ਹੈ, ਜਿਸ ਵਿੱਚੋਂ ਖਰੀਦ ਏਜੰਸੀ ਵੱਲੋਂ 3890 ਕੁਇੰਟਲ ਝੋਨਾ ਖਰੀਦਿਆਂ ਗਿਆ ਹੈ। ਇਸ ਵਿੱਚੋਂ 900 ਕੁਇੰਟਲ ਝੋਨੇ ਦੀ ਲਿਫਟਿੰਗ ਹੋ ਚੁੱਕੀ ਹੈ। ਸਬੰਧਿਤ ਏਜੰਸੀ ਵੱਲੋਂ ਕਿਸਾਨਾਂ ਨੂੰ ਜਿਣਸ ਦੀ ਅਦਾਇਗੀ ਸਮੇਂ ਸਿਰ ਕੀਤੀ ਜਾ ਰਹੀ ਹੈ।



ਇਹ ਪ੍ਰਗਟਾਵਾ ਰਾਮ ਗੋਪਾਲ ਚੋਧਰੀ ਆੜ੍ਹਤੀ ਤੇ ਜਸਪਾਲ ਸਿੰਘ ਢਾਹੇ ਸਰਪੰਚ (ਆਪ ਆਗੂ) ਨੇ ਅੱਜ ਅਗੰਮਪੁਰ ਅਨਾਜ ਮੰਡੀ ਦਾ ਦੌਰਾ ਕਰਨ ਮੌਕੇ ਕਿਸਾਨਾ ਆੜ੍ਹਤੀਆਂ ਨਾਲ ਗੱਲਬਾਤ ਕਰਦੇ ਹੋਏ ਕੀਤਾ। ਉਨ੍ਹਾਂ ਨੇ ਆਂਕੜੇ ਸਾਝੇ ਕਰਦੇ ਹੋਏ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਕਿਸਾਨਾਂ ਦੇ ਨਾਲ ਹਮੇਸ਼ਾ ਮੋਢੇ ਨਾਲ ਮੋਢਾ ਜੋੜ ਕੇ ਖੜੀ ਹੈ। ਕੇਂਦਰ ਸਰਕਾਰ ਵੱਲੋਂ ਕਿਸਾਨਾਂ ਵਿਰੁੱਧ ਇੱਕ ਗਿਣੀ ਮਿੱਥੀ ਸਾਜਿਸ਼ ਅਧੀਨ ਕਾਰਵਾਈ ਕੀਤੀ ਗਈ ਹੈ। ਕਿਸਾਨਾਂ/ਆੜਤੀਆਂ/ਮਜਦੂਰਾਂ/ਟ੍ਰਾਂਸਪੋਰਟਰਾਂ ਦੀ ਬੇਲੋੜੀ ਖੱਜਲ ਖੁਆਰੀ ਲਈ ਕੇਂਦਰ ਸਰਕਾਰ ਪੂਰੀ ਤਰਾਂ ਜਿੰਮੇਵਾਰ ਹੈ। ਅੱਜ ਜੋ ਕਿਸਾਨਾਂ ਦੇ ਨਾਮ ਤੇ ਸੋੜੀ ਸਿਆਸਤ ਕਰ ਰਹੇ ਹਨ, ਉਨ੍ਹਾਂ ਦੇ ਕਾਰਜਕਾਲ ਦੌਰਾਨ ਕਿਸਾਨ ਬੇਹੱਦ ਖੱਜਲ ਖੁਆਰ ਹੋਏ ਹਨ। ਉਨ੍ਹਾਂ ਕਿਹਾ ਕਿ ਰਵਾਇਤੀ ਪਾਰਟੀਆਂ ਇਹ ਚੇਤੇ ਰੱਖਣ ਕਿ ਉਨ੍ਹਾਂ ਨੇ ਕਦੇ ਕਿਸਾਨਾ ਦੇ ਹਿੱਤ ਦੀ ਗੱਲ ਨਹੀ ਕੀਤੀ। ਅੱਜ ਆਮ ਆਦਮੀ ਪਾਰਟੀ ਦੀ ਸਰਕਾਰ ਬਣ ਗਈ ਹੈ ਤੇ ਆਮ ਲੋਕਾਂ ਦੇ ਘਰਾਂ- ਪਰਿਵਾਰਾਂ ਦੇ ਬੱਚੇ ਅੱਗੇ ਆਏ ਹਨ, ਇਸ ਲਈ ਰਵਾਇਤੀ ਪਾਰਟੀਆਂ ਕੋਈ ਵੀ ਅਜਿਹਾ ਮੌਕਾ ਨਹੀ ਛੱਡਦੀਆਂ, ਜਿੱਥੇ ਸਰਕਾਰ ਨੂੰ ਭੰਡਿਆ ਜਾ ਸਕੇ, ਜਦੋ ਕਿ ਉਹ ਜਾਣਦੇ ਹਨ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਉਨ੍ਹਾਂ ਦੀ ਪੂਰੀ ਟੀਮ ਕਿਸਾਨਾਂ ਦੇ ਨਾਲ ਖੜ੍ਹੀ ਹੈ।

ਦੋਵੇਂ ਆਗੂਆਂ ਨੇ ਕਿਹਾ ਕਿ ਕਿਸਾਨਾਂ ਨੂੰ ਨਿਸ਼ਚਿਤ ਰਹਿਣਾ ਚਾਹੀਦਾ ਹੈ, ਉਨ੍ਹਾਂ ਦੀ ਫਸਲ ਦਾ ਦਾਣਾ ਦਾਣਾ ਖਰੀਦਿਆ ਜਾਵੇਗਾ ਅਤੇ ਅਦਾਇਗੀ ਵੀ ਸਿੱਧੀ ਕਿਸਾਨਾਂ ਨੂੰ ਕੀਤੀ ਜਾਵੇਗੀ। ਜਿਸ ਤਰਾਂ ਪਹਿਲਾ ਕਿਸਾਨਾਂ ਨੂੰ ਸਟਬਲ ਬਰਨਿੰਗ ਦੇ ਨਾਮ ਤੇ ਦੇਸ਼ ਦਾ ਵਾਤਾਵਰਣ ਪ੍ਰਦੂਸ਼ਿਤ ਕਰਨ ਦੇ ਦੋਸ਼ ਲਗਾ ਕੇ ਪ੍ਰੇਸ਼ਾਨ ਕੀਤਾ ਗਿਆ, ਪ੍ਰੰਤੂ ਹੁਣ ਆਂਕੜੇ ਤੇ ਤੱਥ ਸਾਹਮਣੇ ਆਏ ਹਨ, ਦੇਸ਼ ਵਿਚ ਕਿਤੇ ਵੀ ਪ੍ਰਦੂਸ਼ਣ ਕਿਸਾਨਾਂ ਵੱਲੋਂ ਨਹੀ ਫੈਲਾਇਆ ਗਿਆ।

ਇਸੇ ਤਰਾਂ ਹੁਣ ਰਵਾਇਤੀ ਪਾਰਟੀਆਂ ਦਾ ਚਿਹਰਾ ਬੇਨਕਾਬ ਹੋ ਗਿਆ ਹੈ, ਉਨ੍ਹਾਂ ਨੂੰ ਅਵਾਮ ਵੱਲੋਂ ਨਕਾਰਿਆ ਜਾ ਚੁੱਕਾ ਹੈ, ਇਸ ਲਈ ਉਹ ਦੋਹਰੇ ਮਾਪਦੰਢ ਅਪਨਾ ਰਹੇ ਹਨ, ਉਨ੍ਹਾਂ ਦੀ ਦੋਗਲੀ ਨੀਤੀ ਦਾ ਪਰਦਾ ਫਾਸ਼ ਹੋ ਗਿਆ ਹੈ। ਉਨ੍ਹਾਂ ਨੇ ਕਿਹਾ ਕਿ ਹੁਣ ਕਿਸਾਨਾਂ ਦੀ ਫਸਲ ਦੀ ਆਮਦ, ਖਰੀਦ, ਜਿਣਸ ਦੀ ਭਰਾਈ, ਲਿਫਟਿੰਗ, ਅਦਾਇਗੀ ਸ਼ੁਰੂ ਹੋ ਗਈ ਹੈ, ਇਸ ਲਈ ਕਿਸਾਨ ਪੂਰੀ ਤਰਾਂ ਨਿਸ਼ਚਿਤ ਹੋਣ। ਪੰਜਾਬ ਸਰਕਾਰ ਤੇ ਆਮ ਆਦਮੀ ਪਾਰਟੀ ਉਨ੍ਹਾਂ ਦੇ ਨਾਲ ਖੜ੍ਹੀ ਹੈ।

# ਪਰਾਲੀ ਸਾੜਨ ਵਾਲੇ ਕਿਸਾਨਾਂ ਦੀ ਸੂਚਨਾ ਦੇਣ ਲਈ ਸਰਕਾਰ ਨੰਬਰਦਾਰਾਂ ਦੀ ਡਿਊਟੀ ਲਗਾ ਕੇ ਭਾਈਚਾਰਕ ਸਾਂਝ ਨੂੰ ਖੋਰਾ ਲਾ ਰਹੀ ਹੈ : ਜ਼ੀਰਾ

**ਜ਼ੀਰਾ, 28 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਦੇ ਸੂਬਾ ਪ੍ਰਧਾਨ ਬਲਦੇਵ ਸਿੰਘ ਜ਼ੀਰਾ ਨੇ ਪ੍ਰੈਸ ਨੋਟ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਿਲ੍ਹਾ ਪ੍ਰਸ਼ਾਸ਼ਨ ਰਾਹੀਂ ਪੱਤਰ ਜਾਰੀ ਕਰਵਾ ਕੇ ਪਿੰਡਾਂ ਦੇ ਨੰਬਰਦਾਰਾਂ ਅਤੇ ਚੌਂਕੀਦਾਰਾਂ ਨੂੰ ਕਿਹਾ ਜਾ ਰਿਹਾ ਹੈ ਕਿ ਜਿਹੜੇ ਕਿਸਾਨ ਪਰਾਲੀ ਨੂੰ ਅੱਗ ਲਗਾਉਣਗੇ ਉਹਨਾਂ ਦੀ ਰਿਪੋਰਟ ਪਿੰਡ ਦੇ ਨੰਬਰਦਾਰ ਅਤੇ ਚੌਂਕੀਦਾਰ ਕਰਨਗੇ। ਸੂਬਾ ਪ੍ਰਧਾਨ ਜ਼ੀਰਾ ਨੇ ਕਿਹਾ ਕਿ ਸਰਕਾਰ ਪਰਾਲੀ ਦੀ ਸਾਂਭ ਸੰਭਾਲ ਕਰਨ ਅਤੇ ਮਸ਼ੀਨਰੀ ਦਾ ਪ੍ਰਬੰਧ ਕਰਨ ਵਿੱਚ ਨਕਾਮ ਰਹੀ ਹੈ। ਦੂਜੇ ਪਾਸੇ ਕੋਈ ਵੀ ਕਿਸਾਨ ਪਰਾਲੀ ਨੂੰ ਸਾੜਨਾ



ਨਹੀਂ ਚਾਹੁੰਦਾ ਪਰ ਕੋਈ ਹੋਰ ਹੱਲ ਨਾ ਹੋਣ ਕਾਰਨ ਪਰਾਲੀ ਸਾੜਨ ਲਈ ਮਜਬੂਰ ਹੈ । ਉਹਨਾਂ ਕਿਹਾ ਕਿ ਹੈਰਾਨੀ ਦੀ ਗੱਲ ਤਾਂ ਇਹ ਹੈ ਕਿ ਸਰਕਾਰ ਨੰਬਰਦਾਰਾਂ ਤੇ ਚੌਂਕੀਦਾਰਾਂ ਨੂੰ ਹੁਕਮ ਚਾੜ੍ਹ ਕੇ ਪਿੰਡਾਂ ਦੀ ਭਾਈਚਾਰਕ ਸਾਂਝ ਖਤਮ ਕਰਨ ਤੇ ਤੁਲੀ ਹੈ, ਸਰਕਾਰ ਦੇ ਇਸ ਫੈਸਲੇ ਦਾ ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦੀ ਹੈ ਅਤੇ ਮੰਗ ਕਰਦੀ ਹੈ ਕਿ ਸਰਕਾਰ ਉਪਰੋਕਤ ਹੁਕਮ ਤੁਰੰਤ ਵਾਪਿਸ ਲਵੇ। ਸੂਬਾ ਪ੍ਰਧਾਨ ਨੇ ਇਹ ਵੀ ਕਿਹਾ ਕਿ ਹੁਣ ਤੱਕ ਸਰਕਾਰ ਮੰਡੀਆਂ ਵਿੱਚੋ ਝੋਨਾ ਖਰੀਦਣ ਤੇ ਚੁਕਾਉਣ ਵਿੱਚ ਬੁਰੀ ਤਰ੍ਹਾਂ ਫੇਲ੍ਹ ਹੋ ਹੋਈ ਹੈ, ਖਰੀਦ ਨਾ ਹੋਣ ਤੇ ਕਿਸਾਨ ਮਿਥੇ ਰੇਟ ਤੋਂ ਘੱਟ ਰੇਟ ਤੇ ਝੋਨਾ ਵੇਚਣ ਲਈ ਮਜਬੂਰ ਹਨ । ਬਲਦੇਵ ਜ਼ੀਰਾ ਨੇ ਕਿਹਾ ਕਿ ਪੀ ਆਰ 126 ਦੀਆਂ ਕਿਸਮਾਂ ਵਾਲਾ ਝੋਨਾ ਮੁੱਖ ਮੰਤਰੀ ਵੱਲੋਂ ਕਹਿ ਕੇ ਕਿਸਾਨਾਂ ਤੋਂ ਲਗਵਾਇਆ ਗਿਆ ਸੀ । ਮੁੱਖ ਮੰਤਰੀ ਵੱਲੋਂ ਇਹ ਵੀ ਕਿਹਾ ਗਿਆ ਸੀ ਕਿ ਕਿਸਾਨ ਆਪਣਾ ਇਹ ਝੋਨਾ ਵੇਚਕੇ ਘਰ ਬਾਅਦ ਵਿੱਚ ਜਾਵੇਗਾ ਅਤੇ ਝੋਨੇ ਦੇ ਪੈਸੇ ਉਸਦੇ ਖਾਤੇ ਵਿੱਚ ਪਹਿਲਾ ਪਹੁੰਚ ਜਾਣਗੇ ਪਰ ਝੋਨੇ ਨੂੰ ਸ਼ੈਲਰ ਮਾਲਕ ਤੇ ਪੰਜਾਬ ਸਰਕਾਰ ਖਰੀਦਣ ਨੂੰ ਤਿਆਰ ਨਹੀਂ, ਪੰਜਾਬ ਦੀਆਂ ਸਾਰੀਆਂ ਮੰਡੀਆਂ ਝੋਨੇ ਨਾਲ ਭਰੀਆਂ ਪਈਆਂ ਹਨ । ਯੂਨੀਅਨ ਦੇ ਪ੍ਰਧਾਨ ਨੇ ਸਰਕਾਰ ਨੂੰ ਕਿਹਾ ਕਿ ਕਿਸਾਨਾਂ ਦੇ ਝੋਨੇ ਦਾ ਦਾਣਾ ਦਾਣਾ ਖਰੀਦੇ ਨਹੀਂ ਤਾਂ ਕਿਸਾਨਾਂ ਵਲੋਂ ਛੇਤੀ ਹੀ ਵੱਡਾ ਸੰਘਰਸ਼ ਵਿੱਢਿਆ ਜਾਵੇਗਾ।

# ਹੁਣ ਤੱਕ 125.73 ਕਰੋੜ ਰੁਪਏ ਦੀ ਅਦਾਇਗੀ ਕਿਸਾਨਾਂ ਨੂੰ ਕੀਤੀ ਜਾ ਚੁੱਕੀ

**ਸ਼੍ਰੀ ਚਮਕੌਰ ਸਾਹਿਬ, 28 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਰੂਪਨਗਰ ਦੇ ਡਿਪਟੀ ਕਮਿਸ਼ਨਰ ਸ਼੍ਰੀ ਹਿਮਾਂਸ਼ੂ ਜੈਨ ਨੇ ਸ਼੍ਰੀ ਚਮਕੌਰ ਸਾਹਿਬ ਅਨਾਜ ਮੰਡੀ ਦਾ ਦੌਰਾ ਕਰਕੇ ਝੋਨੇ ਦੀ ਖ਼ਰੀਦ ਤੇ ਚੁਕਾਈ ਦਾ ਜਾਇਜ਼ਾ ਲਿਆ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕੀਤੇ ਗਏ ਪ੍ਰਬੰਧਾਂ ਦੇ ਚੱਲਦਿਆਂ ਮੰਡੀਆਂ ਵਿੱਚ ਝੋਨੇ



ਦੀ ਖਰੀਦ ਕੀਤੀ ਫ਼ਸਲ ਦੀ ਚੁਕਾਈ ਵੀ ਤੇਜ਼ੀ ਨਾਲ ਕਰਵਾਈ ਜਾ ਰਹੀ ਹੈ।

ਸ਼੍ਰੀ ਹਿਮਾਂਸ਼ੂ ਜੈਨ ਨੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਜ਼ਿਲ੍ਹਾ ਰੂਪਨਗਰ ਦੀਆਂ ਅਨਾਜ ਮੰਡੀਆਂ ਵਿੱਚ ਹੁਣ ਤੱਕ 62 ਹਜਾਰ 065 ਮੀਟਰਕ ਟਨ ਝੋਨੇ ਦੀ ਆਮਦ ਹੋਈ ਹੈ ਅਤੇ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ 59 ਹਜਾਰ 354 ਮੀਟ੍ਰਿਕ ਟਨ ਦੀ ਖਰੀਦ ਕੀਤੀ ਜਾ ਚੁੱਕੀ ਹੈ।ਉਨ੍ਹਾਂ ਦੱਸਿਆ ਕਿ ਹੁਣ ਤੱਕ 125.73 ਕਰੋੜ ਰੁਪਏ ਦੀ ਅਦਾਇਗੀ ਕਿਸਾਨਾਂ ਨੂੰ ਕੀਤੀ ਜਾ ਚੁੱਕੀ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਿਛਲੇ ਦਿਨੀ ਲਿਫਟਿੰਗ ਦੀ ਕੁੱਝ ਸਮੱਸਿਆ ਆਈ ਸੀ ਜਿਸ ਨੂੰ ਪੰਜਾਬ ਸਰਕਾਰ ਵੱਲੋਂ ਹੱਲ ਕੀਤਾ ਗਿਆ ਹੈ ਤੇ ਕਿਸਾਨਾਂ ਦੀ ਖਰੀਦ ਕੀਤੀ ਜਿਣਸ ਦੀ ਲਿਫਟਿੰਗ ਹੁਣ ਤੇਜ਼ੀ ਨਾਲ ਸ਼ੁਰੂ ਹੋ ਗਈ ਹੈ।

ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਮੁਸ਼ਕਲ ਦਾ ਸਾਹਮਣਾ ਨਾ ਕਰਨਾ ਪਵੇ ਇਸ ਲਈ ਪੂਰਾ ਜ਼ਿਲ੍ਹਾ ਪ੍ਰਸ਼ਾਸਨ ਮੰਡੀਆਂ ਵਿੱਚ ਤਾਇਨਾਤ ਹੈ ਤੇ ਆਉਂਦੇ ਦਿਨਾਂ ਅੰਦਰ ਮੰਡੀਆਂ ਵਿੱਚੋਂ ਝੋਨੇ ਦੀ ਪੂਰੀ ਲਿਫ਼ਟਿੰਗ ਕਰ ਲਈ ਜਾਵੇਗੀ।

# ਡਿਪਟੀ ਕਮਿਸ਼ਨਰ ਅਤੇ ਐਸ.ਐਸ.ਪੀ. ਦੀ ਝੋਨੇ ਦੀ ਪ੍ਰੀਕ੍ਰਿਆਂ ਵਿੱਚ ਲੱਗੀਆਂ ਵੱਖ ਵੱਖ ਏਜੰਸੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ



**ਮਲੇਰਕੋਟਲਾ, 28 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕਿਸਾਨਾਂ ਨੂੰ ਝੋਨੇ ਦੀ ਫਸਲ ਦਾ ਘੱਟੋ ਘੱਟ ਸਮਰਥਨ ਮੁੱਲ ਮਿਲਣਾ ਯਕੀਨੀ ਬਣਾਉਣ, ਕਿਸਾਨਾਂ ਵੱਲੋਂ ਲਿਆਂਦੇ ਜਾਣ ਵਾਲੇ ਸੁੱਕੇ ਝੋਨੇ ਦੀ ਸਰਕਾਰੀ ਖਰੀਦ ਏਜੰਸੀਆਂ ਵੱਲੋਂ ਨਾਲੋ ਨਾਲ ਖਰੀਦ ਕਰਨ ਅਤੇ ਸ਼ੈਲਰਾਂ ਵਿੱਚ ਲਿਜਾਏ ਜਾ ਰਹੇ ਮਾਲ ਦੇ ਸੁਖਾਵੇਂ ਪ੍ਰਬੰਧਾਂ ਦੀ ਸਮੀਖਿਆ ਲਈ ਡਿਪਟੀ ਕਮਿਸ਼ਨਰ ਡਾ ਪੱਲਵੀ ਅਤੇ ਐਸ.ਐਸ.ਪੀ. ਗਗਨ ਅਜੀਤ ਸਿੰਘ ਦੀ ਪ੍ਰਧਾਨਗੀ ਹੇਠ ਇੱਕ ਅਹਿਮ ਮੀਟਿੰਗ ਦਾ ਆਯੋਜਨ ਕੀਤਾ ਗਿਆ । ਡਿਪਟੀ ਕਮਿਸ਼ਨ ਨੇ ਪੰਜਾਬ ਸਰਕਾਰ ਵੱਲੋਂ ਦਿੱਤੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਤਹਿਤ ਜ਼ਿਲ੍ਹੇ ਦੀਆਂ ਸਮੂਹ ਅਨਾਜ ਮੰਡੀਆਂ ਵਿੱਚੋਂ ਝੋਨੇ ਦੇ ਇੱਕ ਇੱਕ ਦਾਣੇ ਦੀ ਖਰੀਦ ਅਤੇ ਲਿਫਟਿੰਗ ਦੀ ਵਚਨਬੱਧਤਾ ਨੂੰ ਦੁਹਰਾਇਆ ।

ਮਾਲੇਰਕੋਟਲਾ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਜਿਸ ਤੇਜ਼ੀ ਨਾਲ ਝੋਨੇ ਦੀ ਆਮਦ ਹੋ ਰਹੀ ਹੈ ਉਸੇ ਤੇਜ਼ੀ ਨਾਲ ਖਰੀਦ ਏਜੰਸੀਆਂ ਵੱਲੋਂ ਝੋਨੇ ਦੀ ਖਰੀਦ ਕੀਤੀ ਜਾ ਰਹੀ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆ ਡਿਪਟੀ ਕਮਿਸ਼ਨਰ ਡਾ ਪੱਲਵੀ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਪਿਛਲੇ ਦਿਨ ਤੱਕ 44,178 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਹੈ ਅਤੇ ਇਸ ਵਿੱਚੋਂ 40,295 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਖਰੀਦ ਕੀਤੇ ਝੋਨੇ ਦੀ ਕਿਸਾਨਾਂ ਨੂੰ 79.63 ਕਰੋੜ ਰੁਪਏ ਦੀ ਅਦਾਇਗੀ ਵੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਨੇ ਹਦਾਇਤ ਕੀਤੀ ਕਿ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਪੇਸ਼ ਨਾ ਆਉਣ ਦਿੱਤੀ ਜਾਵੇ ਅਤੇ ਮੰਡੀਆਂ ਵਿੱਚ ਖਰੀਦੇ ਝੋਨੇ ਦੀ ਲਿਫਟਿੰਗ ਵਿੱਚ ਤੇਜੀ ਲਿਆਂਦੀ ਜਾਵੇ । ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਸੁੱਕੀ ਫਸਲ ਹੀ ਮੰਡੀਆਂ ਵਿੱਚ ਲੈ ਕੇ ਆਉਣ ਨੂੰ ਯਕੀਨੀ ਬਣਾਉਣ ਤਾਂ ਜੋ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ ।

ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਦੇ ਕਿਸਾਨਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਈ ਜਾਵੇ ਕਿਉਂਕਿ ਇਸ ਦਾ ਸਭ ਤੋਂ ਵੱਧ ਨੁਕਸਾਨ ਕਿਸਾਨਾਂ ਨੂੰ ਹੀ ਝੱਲਣਾ ਪੈਂਦਾ ਹੈ। ਉਨ੍ਹਾਂ ਕਿਸਾਨਾਂ ਨੂੰ ਸੱਦਾ ਦਿੱਤਾ ਕਿ ਪੰਜਾਬ ਸਰਕਾਰ ਵੱਲੋਂ ਪਰਾਲੀ ਦੇ ਸੁਚੱਜੇ ਪ੍ਰਬੰਧ ਲਈ ਦਿੱਤੀ ਜਾਂਦੀ ਆਧੁਨਿਕ ਖੇਤੀ ਮਸ਼ੀਨਰੀ ਦਾ ਵੱਧ ਤੋਂ ਵੱਧ ਲਾਭ ਉਠਾਉਣ ਤੇ ਪਰਾਲੀ ਨੂੰ ਖੇਤ ਵਿੱਚ ਹੀ ਵਾਹੁਣ ਨੂੰ ਤਰਜ਼ੀਹ ਦੇਣ।

# ਪਿੰਡ ਅਲੀਪੁਰ ਸੇਖਾਂ ਚ ਸਰਬ ਨਾਲ ਪੰਚਾਇਤ ਚੁਣ ਦਿੱਤਾ ਆਪਸੀ ਭਾਈਚਾਰਕ ਸਾਂਝ ਦਾ ਸੰਦੇਸ਼

**ਸਨੌਰ, 28 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਹਲਕਾ ਸਨੌਰ ਦੇ ਪਿੰਡ ਅਲੀਪੁਰ ਸੇਖਾਂ ਚ ਸਰਬ ਸੰਮਤੀ ਨਾਲ ਪੰਚਾਇਤ ਚੁਣ ਕੇ ਆਪਸੀ ਭਾਈਚਾਰਾ ਬਣਾ ਕੇ ਰੱਖਣ ਦਾ ਸੰਦੇਸ਼ ਦਿੱਤਾ ਗਿਆ। ਪਿੰਡ ਅਲੀਪੁਰ ਦੇ ਵਾਸੀਆ ਨੇ ਸਰਬ ਸੰਮਤੀ ਨਾਲ ਰੀਨਾ ਰਾਨੀ ਸਰਪੰਚ, ਕੁਲਦੀਪ ਕੌਰ ਪੰਚ, ਧਰਮਵੀਰ ਸਿੰਘ ਪੰਚ, ਪਰਮਜੀਤ ਕੌਰ ਨੂੰ ਪੰਚ ਚੁਣਿਆ।

ਪਿੰਡ ਅਲੀਪੁਰ ਸੇਖਾਂ ਦੀ ਪੰਚਾਇਤ ਨੇ ਪਿੰਡ ਵਾਸੀਆ ਦਾ ਧੰਨਵਾਦ ਕਰ ਸਮੇ ਸਮੇਂ ਤੇ ਵਿਕਾਸ ਕਾਰਜ ਕਰਨ ਦੀ ਗੱਲ ਆਖੀ। ਇਸ ਸੁੱਭ ਅਵਸਰ ਮੌਕੇ ਤੇਜਿੰਦਰ ਸਿੰਘ ਬਿੱਟੂ, ਸਾਬਕਾ ਸਰਪੰਚ, ਭਰਪੂਰ ਸਿੰਘ ਦੇ ਨਾਲ ਹੋਰ ਸਮੂੰਹ ਪਿੰਡ ਵਾਸੀ ਮੌਜੂਦ ਰਹੇ।

# ਪ੍ਰਧਾਨ ਮੰਤਰੀ ਵਿਸ਼ਵਕਰਮਾ ਸਕੀਮ ਦੀ ਜ਼ਿਲ੍ਹਾ ਪੱਧਰੀ ਕਮੇਟੀ ਦੀ ਮੀਟਿੰਗ ਦਾ ਆਯੋਜਨ

**ਤਰਨ ਤਾਰਨ, 28 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਭਾਰਤ ਸਰਕਾਰ ਦੀ ਪ੍ਰਧਾਨ ਮੰਤਰੀ ਵਿਸ਼ਵਕਰਮਾ ਸਕੀਮ ਦੀ ਜ਼ਿਲ੍ਹਾ ਪੱਧਰੀ ਕਮੇਟੀ ਦੀ ਮੀਟਿੰਗ ਸ੍ਰੀ ਰਾਜਦੀਪ ਸਿੰਘ ਬਰਾੜ ਵਧੀਕ ਡਿਪਟੀ ਕਮਿਸ਼ਨਰ (ਜ) ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਇਸ ਸਕੀਮ ਅਧੀਨ ਜ਼ਿਲ੍ਹਾ ਪੱਧਰ ਤੇ ਪ੍ਰਾਪਤ ਅਰਜ਼ੀਆਂ ਨੂੰ ਵਿਚਾਰਿਆ ਗਿਆ ਅਤੇ ਕਮੇਟੀ ਵੱਲੋਂ ਅਰਜ਼ੀਆਂ ਨੂੰ ਰਾਜ ਪੱਧਰੀ ਤੇ ਮੰਜ਼ੂਰੀ ਲਈ ਭੇਜਣਾ ਮੰਜ਼ੂਰ ਕੀਤਾ ਗਿਆ । ਵਧੀਕ ਡਿਪਟੀ ਕਮਿਸ਼ਨਰ (ਜ) ਵੱਲੋਂ ਦੱਸਿਆ ਗਿਆ ਕਿ ਇਹਨਾਂ ਅਰਜ਼ੀਆਂ ਨੂੰ ਲੈਵਲ 3 ਤੇ ਮੰਜ਼ੂਰੀ ਮਿਲਣ ਉਪਰੰਤ ਲਾਭਪਾਤਰੀਆਂ ਦੀ 2 ਤਰੀਕੇ ਦੀ ਟ੍ਰੇਨਿੰਗ 5 ਦਿਨ (ਬੇਸਿਕ) ਅਤੇ 15 ਦਿਨ (ਅਡਵਾਂਸ) ਟ੍ਰੇਨਿੰਗ ਹੋਵੇਗੀ ਜਿਸ ਦੌਰਾਨ ਲਾਭਪਾਤਰੀਆਂ ਨੂੰ ਵਜੀਫਾ ਵੀ ਮਿਲੇਗਾ । ਟ੍ਰੇਨਿੰਗ ਮੁਕੰਮਲ ਹੋਣ ਉਪਰੰਤ ਲਾਭਪਾਤਰੀਆਂ ਨੂੰ ਆਪਣੇ ਕੰਮ ਨਾਲ ਸਬੰਧਤ ਔਜ਼ਾਰਾਂ ਲਈ 15000 ਰੁਪਏ ਦਾ ਵਾਊਚਰ ਵੀ ਮਿਲੇਗਾ । ਸਕੀਮ ਬਾਰੇ ਵਧੇਰੇ ਜਾਣਕਾਰੀ ਦਿੰਦੇ ਹੋਏ ਓਹਨਾ ਦੱਸਿਆ ਕਿ ਇਸ ਸਕੀਮ ਅਧੀਨ 18 ਵੱਖ ਵੱਖ ਤਰਾਂ ਤੇ ਕਿੱਤਿਆਂ ਦਾ ਜੱਦੀ ਪੁਸ਼ਤੀ ਜਾਂ ਗੁਰੂ ਚੇਲਾ ਪ੍ਰੰਪਰਾ ਅਧੀਨ ਹੀ ਕੰਮ ਕਰਨ ਹੁਨਰਮੰਦ ਜਿਵੇ ਕਿ ਤਰਖਾਣ , ਘੁਮਿਆਰ, ਨਾਈ , ਧੋਬੀ, ਦਰਜੀ, ਲੁਹਾਰ, ਮਾਲਾਕਾਰ, ਰਾਜਮਿਸਤਰੀ, ਮੋਚੀ, ਮੂਰਤੀਕਾਰ ਆਦਿ ਟ੍ਰੇਨਿੰਗ, ਟੂਲ ਕਿੱਟ ਆਦਿ।

# ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਤਰਨਤਾਰਨ ਵੱਲੋਂ ਮਾਪੇ ਅਧਿਆਪਕ ਮਿਲਣੀ ਦੌਰਾਨ ਜ਼ਿਲ੍ਹੇ ਦੇ ਵੱਖ ਵੱਖ ਸਕੂਲਾਂ ਦਾ ਦੌਰਾ

**ਤਰਨ ਤਾਰਨ, 28 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਅਤੇ ਸਿੱਖਿਆ ਮੰਤਰੀ ਪੰਜਾਬ ਸ. ਹਰਜੋਤ ਸਿੰਘ ਬੈਂਸ ਦੇ ਦਿਸ਼ਾ ਨਿਰਦੇਸ਼ਾਂ ਹੇਠ ਪੰਜਾਬ ਵਿੱਚ ਸਿੱਖਿਆ ਦਾ ਪੱਧਰ ਉੱਚਾ ਚੁੱਕਣ ਲਈ ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ ਪੰਜਾਬ ਦੇ ਸਾਰੇ ਸਰਕਾਰੀ ਸਕੂਲਾਂ ਵਿੱਚ ਪ੍ਰੀ ਪ੍ਰਾਇਮਰੀ ਤੋਂ ਬਾਰ੍ਹਵੀਂ ਜਮਾਤ ਤੱਕ ਸਵੇਰੇ 9 ਵਜੇ ਤੋਂ ਦੁਪਹਿਰ ਦੇ 2.30 ਵਜੇ ਤੱਕ ਮਾਪੇ ਅਧਿਆਪਕ ਮਿਲਣੀ, ਮੈਗਾ ਪੀਟੀਐਮ (ਇੰਸਪਾਇਰ ਮੀਟ) ਦਾ ਆਯੋਜਨ ਕੀਤਾ ਗਿਆ। ਇਸੇ ਤਹਿਤ ਜ਼ਿਲ੍ਹਾ ਤਰਨਤਾਰਨ ਵਿੱਚ ਇਸ ਮਾਪੇ ਅਧਿਆਪਕ ਮਿਲਣੀ ਦਾ ਫੀਡਬੈਕ ਲੈਣ ਅਤੇ ਮਾਪਿਆਂ ਨੂੰ ਸਿੱਖਿਆ ਵਿਭਾਗ ਦੁਆਰਾ ਚਲਾਏ ਜਾ ਰਹੇ ਨਵੇਂ ਨਵੇਂ ਪ੍ਰੋਜੈਕਟਾਂ ਸਬੰਧੀ ਜਾਣਕਾਰੀ ਦੇਣ ਹਿੱਤ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸਿੱਖਿਆ ਤਰਨਤਾਰਨ ਸ਼੍ਰੀ ਰਾਜੇਸ਼ ਕੁਮਾਰ ਸ਼ਰਮਾ ਸਟੇਟ ਐਵਾਰਡੀ ਅਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸਿੱਖਿਆ ਤਰਨਤਾਰਨ ਸ਼੍ਰੀ ਸੁਰਿੰਦਰ ਕੁਮਾਰ ਵੱਲੋਂ ਜਿਲ੍ਹੇ ਦੇ ਵੱਖ ਵੱਖ ਬਲਾਕਾਂ ਵਿੱਚ ਵਿਜ਼ਟ ਕਰਦੇ ਹੋਏ ਸਰਕਾਰੀ ਪ੍ਰਾਇਮਰੀ ਸੈਂਟਰ ਸਕੂਲ ਕੈਰੋਂ ਕੰਨਿਆ, ਸਰਕਾਰੀ ਪ੍ਰਾਇਮਰੀ ਸਕੂਲ ਸਰਾਲੀ ਖੁਰਦ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਬੋਪਾਰਾਏ ਸਕੂਲਾਂ ਦਾ ਦੌਰਾ ਕੀਤਾ ਗਿਆ।ਇਸ ਮੌਕੇ ਸਕੂਲ ਸੈਂਟਰ ਸਕੂਲ ਕੈਰੋਂ ਵਿਖੇ ਪੀਟੀਐਮ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਉਹਨਾਂ ਅਧਿਆਪਕਾਂ ਦੀ ਮਿਹਨਤ ਦੀ ਸ਼ਲਾਘਾ ਕੀਤੀ ਅਤੇ ਮਾਪੇ ਅਧਿਆਪਕ ਮਿਲਣੀ ਮੌਕੇ ਵਿਸ਼ੇਸ਼ ਤੌਰ ਤੇ ਪਹੁੰਚੇ ਪਿੰਡ ਕੈਰੋਂ ਦੇ ਨਵਨਿਯੁਕਤ ਸਰਪੰਚ ਅਮਨਦੀਪ ਸਿੰਘ ਪੰਚਾਇਤ ਮੈਂਬਰ ਪ੍ਰਗਟ ਸਿੰਘ, ਗੁਰਪ੍ਰੀਤ ਸਿੰਘ, ਬਲਰਾਜ ਸਿੰਘ, ਬਲਬੀਰ ਸਿੰਘ, ਡਾਕਟਰ ਯੁਵਰਾਜ ਸਿੰਘ ਅਤੇ ਬਲਜਿੰਦਰ ਸਿੰਘ ਦਾ ਸਕੂਲਾਂ ਦੀ ਬਦਲੀ ਨੁਹਾਰ ਨੂੰ ਵੇਖਣ ਲਈ ਵਿਸ਼ੇਸ਼ ਤੌਰ ਤੇ ਪਹੁੰਚਾਉਣ ਲਈ ਧੰਨਵਾਦ ਕੀਤਾ। ਇਸ ਮੌਕੇ ਸਕੂਲ ਮੁਖੀ ਵੱਲੋਂ ਗੁਰਕਿਰਪਾਲ ਸਿੰਘ ਲਾਡੀ ਵੱਲੋਂ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਰਾਜੇਸ਼ ਕੁਮਾਰ ਸ਼ਰਮਾ,ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਸੁਰਿੰਦਰ ਕੁਮਾਰ ਅਤੇ ਆਈ ਸਮੂਹ ਪੰਚਾਇਤ ਨੂੰ ਸਨਮਾਨ ਚਿੰਨ੍ਹ ਅਤੇ ਸਿਰੋਪਾਓ ਭੇਂਟ ਕੀਤੇ ਗਏ।ਇਸ ਮੌਕੇ ਸਰਪੰਚ ਅਮਨਦੀਪ ਸਿੰਘ ਅਤੇ ਪੰਚਾਇਤ ਵੱਲੋਂ ਸਕੂਲ ਦੀ ਹੋਰ ਬਿਹਤਰੀ ਲਈ ਹਰ ਸੰਭਵ ਮਦਦ ਦੇਣ ਦਾ ਵਿਸ਼ਵਾਸ ਦਿਵਾਇਆ ਗਿਆ ਡੀਈਓ ਐਲੀਮੈਂਟਰੀ ਤਰਨਤਾਰਨ ਰਾਜੇਸ਼ ਕੁਮਾਰ ਸ਼ਰਮਾ ਨੇ ਸਮੂਹ ਪੰਚਾਇਤ ਅਤੇ ਮਾਪਿਆਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਵਿਦਿਆਰਥੀਆਂ ਦੇ ਨਤੀਜਿਆਂ , ਕੰਪੀਟੈਂਸੀ ਐਨਹੈਂਸਮੈਂਟ ਪਲਾਨ ਸਬੰਧੀ ਚੱਲ ਰਹੀਆਂ ਪਰੈਕਟਿਸ ਵਰਕਸੀ ?ਟਾ ਅਤੇ ਪੇਪਰਾਂ ਸਬੰਧੀ ਵਿਸ਼ਲੇਸ਼ਣ,ਦਾਖ਼ਲਾ ਮੁਹਿੰਮ ,ਉੱਚ ਮਿਆਰੀ ਸਿੱਖਿਅਕ ਗਤੀਵਿਧੀਆਂ ਅਤੇ ਸਿੱਖਿਆ ਦੇ ਸਰਵਪੱਖੀ ਵਿਕਾਸ ਦੇ ਪਰਮ ਉਦੇਸ਼ ਤਹਿਤ ਵਿਦਿਆਰਥੀਆਂ ਨੂੰ ਸਹੀ ਸੇਧ ਦੇਣ ਲਈ ਅਧਿਆਪਕਾਂ ਦੇ ਨਾਲ-ਨਾਲ ਮਾਪਿਆਂ ਦਾ ਰੋਲ ਬਹੁਤ ਮਹੱਤਵਪੂਰਨ ਹੁੰਦਾ ਹੈ। ਇਸ ਅਹਿਮੀਅਤ ਨੂੰ ਮੁੱਖ ਰੱਖਦਿਆਂ ਸਿੱਖਿਆ ਵਿਭਾਗ ਵੱਲੋਂ ਵਿਦਿਆਰਥੀਆਂ ਦੇ ਮਾਪਿਆਂ ਨਾਲ ਵਿਦਿਆਰਥੀਆਂ ਦੁਆਰਾ ਗੈਰ ਬੋਰਡ ਸਲਾਨਾ ਪ੍ਰੀਖਿਆਵਾਂ ਵਿੱਚ ਦਿਖਾਈ ਗਈ ਕਾਰਗੁਜ਼ਾਰੀ ਨੂੰ ਸਾਂਝਾ ਕਰਨ ਲਈ ਅਤੇ ਭਵਿੱਖ ਵਿੱਚ ਵਿਦਿਆਰਥੀਆਂ ਦੀ ਕਾਰਗੁਜ਼ਾਰੀ ਨੂੰ ਹੋਰ ਬਿਹਤਰ ਬਣਾਉਣ ਲਈ ਇਹ ਮਾਪੇ-ਅਧਿਆਪਕ ਮਿਲਣੀ ਆਯੋਜਿਤ ਕੀਤੀ ਜਾ ਰਹੀ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਉਹਨਾਂ ਦੱਸਿਆ ਕਿ ਵਿਭਾਗ ਵਿਦਿਆਰਥੀਆਂ ਦੀ ਭਲਾਈ ਲਈ ਮਾਪਿਆਂ ਨਾਲ ਲਗਾਤਾਰ ਰਾਬਤਾ ਬਣਾਈ ਰੱਖਣ ਲਈ ਹਮੇਸ਼ਾ ਯਤਨਸ਼ੀਲ ਰਹਿੰਦਾ ਹੈ। ਇਸ ਵਾਰ ਵੀ ਹਮੇਸ਼ਾ ਦੀ ਤਰ੍ਹਾਂ ਵਿਦਿਆਰਥੀਆਂ ਦੇ ਚੇਤੰਨ ਮਾਪਿਆਂ ਵੱਲੋਂ ਸਾਰੇ ਸਰਕਾਰੀ ਸਕੂਲਾਂ ਵਿੱਚ ਵਧ-ਚੜ੍ਹ ਕੇ ਸ਼ਿਰਕਤ ਕਰਨ ਲਈ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।

# ਪਿੰਡ ਤਾਸਲਪੁਰ ’ਚ ਨਵੀਂ ਬਣੀ ਪੰਚਾਇਤ ਨੇ ਕੀਤਾ ਪਿੰਡ ਵਾਸੀਆ ਦਾ ਧੰਨਵਾਦ



**ਸਨੌਰ, 28 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਨੌਰ ਦੇ ਪਿੰਡ ਤਾਸਲਪੁਰ ਚ ਨਵੇ ਚੁਣੇ ਸਰਪੰਚ ਰਮਨਪ੍ਰੀਤ ਸਿੰਘ ਨਾਲ ਪੰਚ ਪੰਚਾਇਤ ਨੇ ਪਿੰਡ ਵਾਸੀਆ ਦਾ ਧੰਨਵਾਦ ਕੀਤਾ ਕਿਹਾ ਕਿ ਪਿੰਡ ਚ ਵਿਕਾਸ ਕਾਰਜ ਸਮੇ ਸਿਰ ਕਰਵਾਏ ਜਾਣਗੇ । ਸਿਹਤ ਸਹੂਲਤਾ, ਖੇਡ ਗਰਾਊਂਡ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇਗਾ ਇਸ ਮੌਕੇ ਸਮੂੰਹ ਪੰਚਾਇਤ ਪਿੰਡ ਵਾਸੀ ਹਾਜ਼ਰ ਰਹੇ।

# ਆੜ੍ਹਤੀਆਂ ਐਸੋਸੀਏਸ਼ਨ ਸਾਹਨੇਵਾਲ ਦਾ ਸਰਬਸੰਮਤੀ ਨਾਲ ਕਰਨ ਅਨੇਜਾ ਨੂੰ ਪ੍ਰਧਾਨ ਕੀਤਾ ਨਿਯੁਕਤ



**ਮਾਛੀਵਾੜਾ ਸਾਹਿਬ, 28 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਆੜ੍ਹਤੀਆਂ ਐਸੋਸੀਏਸ਼ਨ ਸਾਹਨੇਵਾਲ ਦੇ ਸਮੂਹ ਮੈਂਬਰਾਂ ਦੀ ਮਾਰਕੀਟ ਕਮੇਟੀ ਸਾਹਨੇਵਾਲ ਵਿਖੇ ਮੀਟਿੰਗ ਹੋਈ। ਮੀਟਿੰਗ ਦੌਰਾਨ ਵੱਖ-ਵੱਖ ਮੁੱਦਿਆਂ ’ਤੇ ਵਿਚਾਰ ਵਟਾਂਦਰੇ ਕੀਤੇ ਗਏ। ਮੀਟਿੰਗ ਉਪਰੰਤ ਸਮੂਹ ਮੈਂਬਰਾਂ ਦੀ ਸਹਿਮਤੀ ਨਾਲ ਕਰਨ ਅਨੇਜਾ ਨੂੰ ਸਰਬਸੰਮਤੀ ਨਾਲ ਆੜ੍ਹਤੀਆਂ ਐਸੋਸੀਏਸ਼ਨ ਸਾਹਨੇਵਾਲ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ।ਇਸ ਮੌਕੇ ਹਾਜ਼ਰ ਮੈਂਬਰਾਂ ਨੇ ਕਰਨ ਅਨੇਜਾ ਦਾ ਮਠਿਆਈ ਨਾਲ ਮੂੰਹ ਮਿੱਠਾ ਕਰਵਾਕੇ ਗਲ ਵਿੱਚ ਫੁੱਲਾਂ ਦੇ ਹਾਰ ਪਾ ਕੇ ਸ਼ੁਭਕਾਮਨਾਵਾਂ ਦਿੱਤੀਆਂ।

ਇਸ ਮੌਕੇ ਨਵ-ਨਿਯੁਕਤ ਪ੍ਰਧਾਨ ਕਰਨ ਅਨੇਜਾ ਨੇ ਸਮੂਹ ਆੜ੍ਹਤੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਜੋ ਮੈਨੂੰ ਆੜ੍ਹਤੀਆਂ ਭਾਈਚਾਰੇ ਵੱਲੋਂ ਜ਼ਿੰਮੇਵਾਰੀ ਸੌਂਪੀ ਗਈ ਹੈ, ਉਹ ਉਸ ਨੂੰ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਨਿਭਾਉਣਗੇ ਅਤੇ ਸਾਰੇ ਭਾਈਚਾਰੇ ਨੂੰ ਨਾਲ ਲੈਕੇ ਚੱਲਣਗੇ। ਉਨ੍ਹਾਂ ਅੱਗੇ ਕਿਹਾ ਕਿ ਜੋ ਆੜ੍ਹਤੀਆਂ ਭਾਈਚਾਰੇ ਨੂੰ ਮੁਸ਼ਕਿਲਾਂ ਆਉਣਗੀਆਂ ਉਹਨਾਂ ਨੂੰ ਸਰਕਾਰਾਂ ਤੱਕ ਪਹੁੰਚਾਉਣ ਦੀ ਪੂਰੀ ਕੋਸ਼ਿਸ਼ ਕਰਾਂਗਾ ਅਤੇ ਆੜ੍ਹਤੀਏ ਭਾਈਚਾਰੇ ਨੂੰ ਬਣਦਾ ਹੱਕ ਲੈਣ ਲਈ ਪੂਰੀ ਤਨਦੇਹੀ ਨਾਲ ਮਿਹਨਤ ਕਰਾਂਗਾ।ਕਰਨ ਅਨੇਜਾ ਨੂੰ ਪ੍ਰਧਾਨ ਬਣਾਉਣ ਮੌਕੇ ਹੋਰਨਾਂ ਤੋਂ ਇਲਾਵਾ ਆੜ੍ਹਤੀਆਂ ਐਸੋਸੀਏਸ਼ਨ ਸਾਹਨੇਵਾਲ ਦੇ ਸਾਬਕਾ ਪ੍ਰਧਾਨ ਰਮੇਸ਼ ਕੁਮਾਰ ਪੱਪੂ,ਮਾਰਕੀਟ ਕਮੇਟੀ ਸਾਹਨੇਵਾਲ ਦੇ ਸਾਬਕਾ ਚੇਅਰਮੈਨ ਦਲਜੀਤ ਸਿੰਘ ਅਟਵਾਲ,ਸਾਬਕਾ ਪ੍ਰਧਾਨ ਜਗਵੀਰ ਸਿੰਘ ਪਾਂਗਲੀ, ਸਚਿਨ ਅਨੇਜਾ, ਸੁਖਵੰਤ ਸਿੰਘ ਸੁੱਖੀ , ਮਹਿੰਦਰਪਾਲ, ਸਾਬਕਾ ਪ੍ਰਧਾਨ ਹਰਬੰਸ ਲਾਲ ਬਠਲਾ, ਸਾਬਕਾ ਪ੍ਰਧਾਨ ਜਤਿੰਦਰ ਸਿੰਘ ਗਿੱਲ, ਸਾਬਕਾ ਪ੍ਰਧਾਨ ਸਰਬਜੀਤ ਸਿੰਘ ਗਰੇਵਾਲ, ਵਿਨੋਦ ਕੁਮਾਰ ਸਾਬਕਾ ਪ੍ਰਧਾਨ, ਅਮਰਦੀਪ ਸਿੰਘ ਗਿੱਲ, ਬਲਰਾਮ ਪਾਠਕ, ਇਕਬਾਲ ਸਿੰਘ ਝੱਜ, ਲਖਵੀਰ ਸਿੰਘ ਲੱਖਾ ਗਿੱਲ, ਹੈਰੀ ਅਨੇਜਾ, ਰਾਜੇਸ਼ ਕੁਮਾਰ ਰੰਗੂ, ਧਰਮਿੰਦਰ ਸਿੰਘ, ਗੁਰਸ਼ਰਨ ਸਿੰਘ ਸ਼ਰਨੀ, ਵਿਪਿਨ ਕੁਮਾਰ ਮਿੱਤਲ (ਡਿੰਪਲ), ਸਤੀਸ਼ ਮਲਿਕ, ਦਲਜੀਤ ਸਿੰਘ ਮਾਂਗਟ, ਸ਼ਿਵਰਾਜ ਵਰਮਾ, ਸੰਦੀਪ ਵਰਮਾ, ਮਿੱਠੂ ਚਾਹਿਲ, ਗੁਰਇਕਬਾਲ ਔਜਲਾ, ਯਸ਼ਪਾਲ ਮਲਕ, ਸੁਰੇਸ਼ ਗਰਗ, ਹਨੀਸ਼ ਕੁਮਾਰ, ਗੁਰਦੀਪ ਬੇਦੀ, ਜਸ਼ਨ, ਨਿੰਦਰ, ਗੁਰਮੇਲ ਸਿੰਘ, ਅਮਰੀਕ ਸਿੰਘ ਆਦਿ ਸਮੂਹ ਆੜ੍ਹਤੀਆਂ ਭਾਈਚਾਰਾ ਹਾਜ਼ਰ ਸਨ।

# ਕੇਵਲ ਢਿੱਲੋਂ ਦੇ ਹੱਕ ਚ ਪ੍ਰਚਾਰ ਕਰਨ ਪੁੱਜੇ ਗੁਜਰਾਤ ਦੇ ਸਾਬਕਾ ਮੁੱਖ ਮੰਤਰੀ ਵਿਜੇ ਰੂਪਾਨੀ



**ਬਰਨਾਲਾ, 28 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਗੁਜਰਾਤ ਦੇ ਸਾਬਕਾ ਮੁੱਖ ਮੰਤਰੀ ਤੇ ਭਾਜਪਾ ਪੰਜਾਬ ਦੇ ਇੰਚਾਰਜ਼ ਵਿਜੇ ਰੂਪਾਨੀ ਬਰਨਾਲਾ ਜ਼ਿਮਨੀ ਚੋਣ ਲਈ ਭਾਜਪਾ ਦੇ ਉਮੀਦਵਾਰ ਕੇਵਲ ਸਿੰਘ ਢਿੱਲੋਂ ਦੇ ਹੱਕ ’ਚ ਚੋਣ ਪ੍ਰਚਾਰ ਕਰਨ ਲਈ ਬਰਨਾਲਾ ਪੁੱਜੇ। ਵਿਜੇ ਰੂਪਾਨੀ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਫ਼ਰੰਟ ’ਤੇ ਫ਼ੇਲ੍ਹ ਸਾਬਤ ਹੋਈ ਹੈ, ਜਿਸ ਤੋਂ ਸਾਰੇ ਵਰਗਾਂ ਦੇ ਲੋਕ ਪਰੇਸ਼ਾਨ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਹਾਲਾਤ ਦਿਨੋਂ-ਦਿਨ ਖ਼ਰਾਬ ਹੁੰਦੇ ਜਾ ਰਹੇ ਹਨ ਤੇ ਸੂਬੇ ’ਚ ਅਮਨ ਕਾਨੂੰਨ ਦੀ ਸਥਿਤੀ ਬਿਲਕੁੱਲ ਭੰਗ ਹੋ ਚੁੱਕੀ ਹੈ।

ਮੰਡੀਆਂ ’ਚ ਝੋਨੇ ਦੀ ਲਿਫ਼ਟਿੰਗ ਸਬੰਧੀ ਪੰਜਾਬ ਸਰਕਾਰ ਵਲੋਂ ਕੇਂਦਰ ’ਤੇ ਲਗਾਏ ਜਾ ਰਹੇ ਦੋਸ਼ਾਂ ਸਬੰਧੀ ਸਵਾਲਾਂ ਦਾ ਜਵਾਬ ਦਿੰਦਿਆਂ ਵਿਜੇ ਰੂਪਾਨੀ ਨੇ ਕਿਹਾ ਕਿ ‘ਆਪ’ ਸਰਕਾਰ ਜਿਸ ਕੰਮ ’ਚ ਅਸਫ਼ਲ ਹੋ ਜਾਂਦੀ ਹੈ, ਉਸ ਦਾ ਠੀਕਰਾ ਉਹ ਕੇਂਦਰ ਸਰਕਾਰ ’ਤੇ ਭੰਨ੍ਹ ਦਿੱਤੀ ਹੈ, ਜਦਕਿ ਫ਼ਸਲ ਦੀ ਲਿਫ਼ਟਿੰਗ ਦੀ ਜ਼ਿੰਮੇਵਾਰੀ ਸੂਬਾ ਸਰਕਾਰ ਦੀ ਹੀ ਹੁੰਦੀ ਹੈ। ‘ਆਪ’ ਸਰਕਾਰ ਵਲੋਂ ਬਿਨਾਂ ਵਜ੍ਹਾ ਕੇਂਦਰ ਨੂੰ ਬਦਨਾਮ ਕੀਤਾ ਜਾ ਰਿਹਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਪੰਜਾਬ ਦੀਆਂ ਚਾਰ ਸੀਟਾਂ ’ਤੇ ਹੋ ਰਹੀਆਂ ਜ਼ਿਮਨੀ ਚੋਣਾਂ ’ਚ ਲੋਕ ਭਾਜਪਾ ਦਾ ਸਾਥ ਦੇਕੇ ‘ਆਪ’ ਸਰਕਾਰ ਨੂੰ ਚੁਣੌਤੀ ਦੇਣ ਕਿ ਹੁਣ ਆਮ ਆਦਮੀ ਪਾਰਟੀ ਦੀ ਧੋਖੇਬਾਜ਼ੀ ਇੱਥੇ ਨਹੀਂ ਚੱਲੇਗੀ। ਉਨ੍ਹਾਂ ਕਿਹਾ ਕਿ ਪੰਜਾਬ ’ਚ ਭਾਰਤੀ ਜਨਤਾ ਪਾਰਟੀ ਦਾ ਵੋਟ ਬੈਂਕ ਲਗਾਤਾਰ ਵੱਧ ਰਿਹਾ ਹੈ ਤੇ ਸੂਬੇ ਦੇ ਲੋਕ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀਆਂ ਨੀਤੀਆਂ ਤੋਂ ਖੁਸ਼ ਹੋ ਕੇ ਲਗਾਤਾਰ ਭਾਜਪਾ ਨਾਲ ਜੁੜ ਰਹੇ ਹਨ। ਉਨ੍ਹਾਂ ਕਿਹਾ ਕਿ ਲੰਘੀਆਂ ਲੋਕ ਸਭਾ ਚੋਣਾਂ ’ਚ ਭਾਜਪਾ ਦਾ ਵੋਟ ਸ਼ੇਅਰ ਸ਼੍ਰੋਮਣੀ ਅਕਾਲੀ ਦਲ ਨਾਲੋਂ ਵੀ ਵੱਧ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਸਾਰੀਆਂ ਪਾਰਟੀਆਂ ਨੂੰ ਮੌਕਾ ਦੇ ਕੇ ਦੇਖ ਚੁੱਕੇ ਹਨ ਤੇ ਹੁਣ ਉਨ੍ਹਾਂ ਨੇ ਭਾਜਪਾ ਨੂੰ ਮੌਕਾ ਦੇਣ ਦਾ ਮਨ ਬਣਾ ਲਿਆ ਹੈ।

# ਨਗਰ ਨਿਗਮ ਚੋਣਾਂ ਸਬੰਧੀ ਭਾਜਪਾ ਦੀ ਜ਼ਿਲ੍ਹਾ ਕੋਰ ਕਮੇਟੀ ਦੀ ਮੀਟਿੰਗ



**ਲੁਧਿਆਣਾ, 28 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਕੋਰ ਕਮੇਟੀ ਦੀ ਮੀਟਿੰਗ ਜ਼ਿਲ੍ਹਾ ਭਾਜਪਾ ਪ੍ਰਧਾਨ ਰਜਨੀਸ਼ ਧੀਮਾਨ ਦੀ ਪ੍ਰਧਾਨਗੀ ਹੇਠ ਭਾਜਪਾ ਦਫ਼ਤਰ ਦੁੱਗਰੀ ਵਿਖੇ ਹੋਈ, ਜਿਸ ਵਿੱਚ ਪੰਜਾਬ ਅਤੇ ਹਰਿਆਣਾ ਹਾਈਕੋਰਟ ਵੱਲੋਂ ਨਗਰ ਨਿਗਮ ਚੋਣਾਂ ਨੂੰ ਲੈ ਕੇ ਪੰਜਾਬ ਸਰਕਾਰ ਨੂੰ ਲਗਾਈ ਫਟਕਾਰ ਉਤੇ ਵਿਚਾਰ ਵਟਾਂਦਰਾ ਕੀਤਾ ਗਿਆ।ਇਸ ਮੌਕੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਰਜਨੀਸ਼ ਧੀਮਾਨ ਨੇ ਕਿਹਾ ਕਿ ’ਆਪ’ ਸਰਕਾਰ ਪਿਛਲੇ ਦੋ ਸਾਲਾਂ ਤੋਂ ਨਗਰ ਨਿਗਮ ਚੋਣਾਂ ਕਰਵਾਉਣ ਤੋਂ ਟਾਲਾ ਵੱਟ ਰਹੀ ਹੈ, ਜਿਸ ਨੂੰ ਵੇਖਦੇ ਹੋਏ ਪੰਜਾਬ ਅਤੇ ਹਰਿਆਣਾ ਹਾਈਕੋਰਟ ਨੇ ਪੰਜਾਬ ਸਰਕਾਰ ਨੂੰ ਫਟਕਾਰ ਲਗਾਈ ਹੈ ਅਤੇ ਨਗਰ ਨਿਗਮ ਚੋਣਾਂ 31 ਦਸੰਬਰ ਤੋਂ ਪਹਿਲਾਂ ਕਰਵਾਉਣ ਦੇ ਨਿਰਦੇਸ਼ ਦਿੱਤੇ ਹਨ। ਹਾਈਕੋਰਟ ਨੇ ਸੂਬੇ ਦੀ ਨਵੇਂ ਸਿਰੇ ਤੋਂ ਸੀਮਾਬੰਦੀ ਕੀਤੇ ਬਿਨਾਂ ਚੋਣਾਂ ਕਰਵਾਉਣ ਲਈ 15 ਦਿਨਾਂ ਦੀ ਸਮਾਂ ਸੀਮਾ ਤੈਅ ਕੀਤੀ ਹੈ।

ਹੁਕਮ ਜਾਰੀ ਕਰਦਿਆਂ ਕਿਹਾ ਗਿਆ ਹੈ ਕਿ ਜੇਕਰ ਨਵੀਂ ਵਾਰਡਬੰਦੀ ਤੈਅ ਨਹੀਂ ਹੋਈ ਤਾਂ ਪੁਰਾਣੀ ਵਾਰਡਬੰਦੀ ਅਨੁਸਾਰ ਹੀ ਚੋਣਾਂ ਕਰਵਾਈਆਂ ਜਾਣ, ਧੀਮਾਨ ਨੇ ਕਿਹਾ ਕਿ ਭਾਵੇਂ ’ਆਪ’ ਸਰਕਾਰ ਨਵੀਂ ਵਾਰਡਬੰਦੀ ਜਾਂ ਪੁਰਾਣੀ ਵਾਰਡਬੰਦੀ ’ਤੇ ਚੋਣਾਂ ਕਰਵਾਏ, ਸਾਡੇ ਵਰਕਰ ਚੋਣ ਲੜਨ ਲਈ ਤਿਆਰ ਹਨ।

ਅਗਰ ’ਆਪ’ ਸਰਕਾਰ ਅਦਾਲਤ ਦੇ ਹੁਕਮਾਂ ’ਤੇ ਵੀ ਚੋਣਾਂ ਕਰਵਾਉਣ ਤੋਂ ਭੱਜਦੀ ਹੈ ਤਾਂ ਭਾਜਪਾ ਪੂਰੇ ਪੰਜਾਬ ’ਚ ਇਸ ਦਾ ਵਿਰੋਧ ਕਰੇਗੀ। ਇਸ ਮੌਕੇ ਭਾਜਪਾ ਦੇ ਸੂਬਾ ਜਨਰਲ ਸਕੱਤਰ ਅਨਿਲ ਸਰੀਨ, ਸੂਬਾ ਮੀਤ ਪ੍ਰਧਾਨ ਜਤਿੰਦਰ ਮਿੱਤਲ, ਸਕੱਤਰ ਰੇਣੂ ਥਾਪਰ, ਪ੍ਰਦੇਸ਼ ਦੇ ਸਾਬਕਾ ਜਨਰਲ ਸਕੱਤਰ ਜੀਵਨ ਗੁਪਤਾ, ਪਰਵੀਨ ਬਾਂਸਲ, ਸਾਬਕਾ ਜ਼ਿਲ੍ਹਾ ਪ੍ਰਧਾਨ ਡਾ: ਸੁਭਾਸ਼ ਵਰਮਾ, ਪੁਸ਼ਪੇਂਦਰ ਸਿੰਘਲ, ਜ਼ਿਲ੍ਹਾ ਜਨਰਲ ਸਕੱਤਰ ਸ. ਨਰਿੰਦਰ ਸਿੰਘ ਮੱਲੀ, ਸੀਨੀਅਰ ਭਾਜਪਾ ਆਗੂ ਰਮੇਸ਼ ਸ਼ਰਮਾ, ਸਾਬਕਾ ਵਿਧਾਇਕ ਪ੍ਰੇਮ ਮਿੱਤਲ, ਜਗਮੋਹਨ ਸ਼ਰਮਾ, ਪ੍ਰੈਸ ਸਕੱਤਰ ਡਾ: ਸਤੀਸ਼ ਕੁਮਾਰ ਆਦਿ ਹਾਜ਼ਰ ਸਨ।

# ਰੂਹਾਨੀ ਰੁਤਬੇ ਦੀ ਬਾਤ ਹੈ ਜੁਗਨੀ



ਮਰਦ ਅਤੇ ਔਰਤਾਂ ਜੁਗਨੀ ਨੂੰ ਇਕ ਗਹਿਣੇ ਵਜੋਂ ਵੀ ਪਹਿਨਦੇ ਹਨ। ਨਾਮ ਜਪਣ ਵੇਲੇ ਹੱਥ ਨਾਲ ਫੇਰਨ ਵਾਰੀ ਤਸਬੀਹ ਨੂੰ ਵੀ ਕਈ ਵਾਰ ਜੁਗਨੀ ਕਹਿ ਲਿਆ ਜਾਂਦਾ ਹੈ...

ਸੁਖਵੀਰ ਸਿੰਘ ਕੰਗ

ਜੁਗਨੀ ਪੰਜਾਬੀ ਲੋਕ ਗੀਤਾਂ ਦੀ ਇਕ ਪ੍ਰਮੁੱਖ ਸ਼ੈਲੀ ਹੈ ਜੋ ਪੰਜਾਬੀ ਗੀਤ ਅਤੇ ਸੰਗੀਤ ਪ੍ਰੇਮੀਆਂ ਵਿਚ ਬਹੁਤ ਹਰਮਨ ਪਿਆਰੀ ਹੈ। ਇਸ ਨੂੰ ਚੜ੍ਹਦੇ ਅਤੇ ਲਹਿੰਦੇ ਪੰਜਾਬ ਵਿਚ ਚਾਹ ਕੇ ਗਾਇਆ ਅਤੇ ਸੁਣਿਆ ਜਾਂਦਾ ਹੈ। ਅਲਗੋਜ਼ਿਆਂ ਦੇ ਸੁਰ ਦੀ ਚਾਸ਼ਣੀ ’ਚ ਭਿੱਜੀ ਜੁਗਨੀ ਹਰ ਸੰਗੀਤ ਰਸੀਏ ਦਾ ਮਨ ਮੋਹ ਲੈਂਦੀ ਹੈ। ਪੰਜਾਬੀ ਗਾਇਕੀ ਦੇ ਇਸ ਸੂਹੇ ਰੰਗ ਦਾ ਪਿਛੋਕੜ ਅਤੇ ਇਤਿਹਾਸ ਬਹੁਤ ਪੁਰਾਣਾ ਹੈ। ਇਹ ਪੰਜਾਬੀ ਤੋਂ ਇਲਾਵਾ, ਮੁਲਤਾਨੀ, ਫ਼ਾਰਸੀ, ਅਰਬੀ ਆਦਿ ਭਾਸ਼ਾਵਾਂ ਵਿਚ ਵੀ ਪ੍ਰਚੱਲਿਤ ਹੈ। ਜੁਗਨੀ ਗਾਉਣ ਵਾਲੇ ਪੁਰਾਣੇ ਅਤੇ ਜੱਦੀ-ਪੁਸ਼ਤੀ ਗਾਇਕਾਂ ਨੂੰ ਸੁਣਨ ਤੇ ਇਹ ਆਭਾਸ ਸਹਿਜੇ ਹੀ ਹੋ ਜਾਂਦਾ ਹੈ ਕਿ ਜੁਗਨੀ ਇਨਸਾਨੀ ਰੂਹ ਦੀ ਗੱਲ ਹੈ, ਇਹ ਜ਼ਿੰਦਗੀ ਦਾ ਸਾਰ ਹੈ ਅਤੇ ਰੱਬ ਦੇ ਨਾਂ ਦੀ ਤਸ਼ਬੀਹ ਹੈ :

ਅਵਲ ਨਾਮ ਅੱਲਾ ਦਾ ਲਈਏ,
ਫੇਰ ਦਰੂਦ ਨਬੀ ਨੂੰ ਕਹੀਏ,
ਹਰ ਦਮ ਅਜਿਜ਼ੀ ਵਿਚ ਰਹੀਏ,
ਓ ਪੀਰ ਮੇਰਿਆ ਜੁਗਨੀ ਰਹਿੰਦੀ ਆ
ਨਾਮ ਅਲੀ ਦਾ ਲੈਂਦੀ ਆ...

## ਦੰਦ ਕਥਾਵਾਂ ਵਿਚ ਸਾਂਭੀ ਜੁਗਨੀ

ਗੀਤਾਂ ਅਤੇ ਦੰਦ ਕਥਾਵਾਂ ਵਿਚ ਸਾਂਭੀ ਜੁਗਨੀ ਦੇ ਅਰੰਭ ਅਤੇ ਪਿਛੋਕੜ ਬਾਰੇ ਕੋਈ ਪ੍ਰਮਾਣਿਕ ਤੱਥ ਤਾਂ ਨਹੀਂ ਮਿਲਦੇ ਪਰ ਇਸ ਦੀ ਪੁਰਾਣੀ ਗਾਇਕੀ ਦੇ ਕੇਂਦਰੀ ਭਾਵ ਨੂੰ ਮਹਿਸੂਸ ਕਰ ਕੇ ਅਤੇ ਇਸ ਸਬੰਧੀ ਪੜ੍ਹੇ-ਸੁਣੇ ਬਿਰਤਾਂਤਾਂ ਦੇ ਅਧਾਰ ’ਤੇ ਕਿਹਾ ਜਾ ਸਕਦਾ ਹੈ ਕਿ ਜੁਗਨੀ ਹਜ਼ਾਰਾਂ ਸਾਲ ਪਹਿਲਾਂ ਹੋਂਦ ਵਿਚ ਆ ਚੁੱਕੀ ਸੀ। ਪੁਰਾਤਨ ਸਮੇਂ ਤੋਂ ਸਿੱਧ, ਯੋਗੀ, ਪੀਰ ਅਤੇ ਫ਼ਕੀਰ ਆਪਣੇ ਗਲ਼ੇ ਵਿਚ ਧਾਤ ਦਾ ਕੈਪਸੂਲ-ਨੁਮਾ ਤਵੀਤ ਧਾਗੇ ਜਾਂ ਮਾਲ਼ਾ ਵਿਚ ਪਰੋ ਕੇ ਧਾਰਨ ਕਰ ਕੇ ਰੱਖਦੇ ਸਨ ਜੋ ਉਨ੍ਹਾਂ ਦੀ ਸਾਧਨਾ, ਯੋਗ ਅਤੇ ਫ਼ਕੀਰੀ ਦੀ ਕਮਾਈ ਅਤੇ ਰੂਹ ਹੁੰਦਾ ਸੀ। ਇਸ ਨੂੰ ਯੋਗ-ਗ੍ਰਹਿਣੀ ਕਿਹਾ ਜਾਂਦਾ ਸੀ ਜੋ ਅੱਗੇ ਚੱਲ ਕੇ ਯੋਗਿਨੀ ਅਤੇ ਫਿਰ ਜੁਗਨੀ ਬਣ ਗਈ। ਕੁਝ ਯੋਗੀ ਜਾਂ ਫ਼ਕੀਰ ਇਸ ਨੂੰ ਡੌਲ਼ੇ ਨਾਲ ਵੀ ਬੰਨ ਲੈਂਦੇ ਸਨ।

## ਜੁਬਲੀ ਸ਼ਬਦ

ਇਸ ਤੋਂ ਬਿਨ੍ਹਾਂ ਇਕ ਹੋਰ ਦੰਦ ਕਥਾ ਸੁਣਨ ਨੂੰ ਮਿਲਦੀ ਹੈ ਕਿ ਭਾਰਤ ਵਿਚ ਆਪਣੇ ਸਾਮਰਾਜ ਦੇ ਪੰਜਾਹ ਵਰ੍ਹੇ ਪੂਰੇ ਹੋਣ ਤੇ 1887 ਵਿਚ ਬਰਤਾਨਵੀ ਰਾਣੀ ਵਿਕਟੋਰੀਆ ਨੇ ਗੋਲਡਨ ਜੁਬਲੀ ਦੇ ਜਸ਼ਨਾਂ ਵਜੋਂ ਇਕ ਮਸ਼ਾਲ ਪੂਰੇ ਭਾਰਤ ਦੇ ਪ੍ਰਮੁੱਖ ਸ਼ਹਿਰਾਂ ਵਿਚ ਘੁੰਮਾਈ ਸੀ ਇਹ ਮਸ਼ਾਲ ਜਿਸ ਸ਼ਹਿਰ ਜਾਂਦੀ ਤਾਂ ਉੱਥੇ ਇਕੱਠ ਕਰ ਕੇ ਅੰਗਰੇਜ਼ ਅਫ਼ਸਰਾਂ ਅਤੇ ਉਨ੍ਹਾਂ ਦੇ ਹਮਾਇਤੀਆਂ ਵੱਲੋਂ ਜਸ਼ਨ ਮਨਾਇਆ ਜਾਂਦਾ ਸੀ। ਇਸ ਦੇ ਵਿਰੋਧ ਵਜੋਂ ਪੰਜਾਬ ਦੇ ਸੁਤੰਤਰਤਾ ਸੰਗਰਾਮੀਆਂ ਨੇ ਅੰਗਰੇਜ਼ਾਂ ਦੇ ਜਸ਼ਨ ਦੇ ਮੁਕਾਬਲੇ ਵਜੋਂ ਉਸੇ ਸ਼ਹਿਰ, ਉਸੇ ਸਮੇਂ ਬਰਾਬਰ ਇਕੱਠ ਕਰ ਕੇ ਆਪਣਾ ਗੁੱਸਾ ਜ਼ਾਹਰ ਕਰਨ ਦਾ ਫ਼ੈਸਲਾ ਕੀਤਾ। ਇਕੱਠ ਕਰਨ ਅਤੇ ਵਧੇਰੇ ਲੋਕਾਂ ਨੂੰ ਬਿਠਾਈ ਰੱਖਣ ਲਈ ਅੰਮ੍ਰਿਤਸਰ ਜ਼ਿਲ੍ਹੇ ਦੇ ਦੋ ਕਵੀਸ਼ਰਾਂ ਨੂੰ ਬੁਲਾ ਕੇ ਹਰ ਪ੍ਰੋਗਰਾਮ ਉੱਤੇ ਜੁਬਲੀ ਵਿਰੋਧੀ ਗੀਤ ਗਾਉਣ ਲਈ ਕਿਹਾ ਗਿਆ। ਬਿਸ਼ਨਾ ਅਤੇ ਮਾਂਦਾ ਨਾਂ ਦੇ ਇਨ੍ਹਾਂ ਅਨਪੜ੍ਹ ਗਾਇਕਾਂ ਨੇ ‘ਜੁਬਲੀ’ ਸ਼ਬਦ ਨੂੰ ‘ਜੁਗਨੀ’ ਸਮਝਦਿਆਂ ਆਪਣੇ ਹਿਸਾਬ ਨਾਲ ਮੌਕੇ ’ਤੇ ਸਬੰਧਤ ਸ਼ਹਿਰ ਦਾ ਨਾਂ ਲੈ ਕੇ ਗੀਤ ਜੋੜ ਲਏ :

ਜੁਗਨੀ ਜਾ ਵੜੀ ਮਜੀਠੇ,
ਕੋਈ ਰੰਨ ਨਾ ਚੱਕੀ ਪੀਠੇ,
ਪੁੱਤ ਗੱਭਰੂ ਮੁਲਕ ਵਿਚ ਮਾਰੇ,
ਰੋਵਣ ਅੱਖੀਆਂ ਪਰ ਬੁੱਲ੍ਹ ਸੀਤੇ,
ਪੀਰ ਮੇਰਿਆ ਓਏ ਜੁਗਨੀ ਆਈ ਆ,
ਇਨ੍ਹਾਂ ਕਿਹੜੀ ਜੋਤ ਜਗਾਈ ਆ।
ਜੁਗਨੀ ਜਾ ਵੜੀ ਲੁਧਿਆਣੇ,
ਉਹਨੂੰ ਪੈ ਗਏ ਅੰਨੇ ਕਾਣੇ
ਮਾਰਨ ਮੁੱਕੀਆਂ ਮੰਗਣ ਦਾਣੇ,
ਪੀਰ ਮੇਰਿਆ ਉਏ ਜੁਗਨੀ ਕਹਿੰਦੀ ਆ
ਜਿਹੜੀ ਨਾਮ ਸਾਈਂ ਦਾ ਲੈਂਦੀ ਆ।

### ਨਿਪੁੰਨ ਯੋਗੀ ਦਾ ਚਿੰਨ੍ਹ

*ਯੋਗੀ ਆਪਣੇ ਚੇਲਿਆਂ ਨੂੰ ਯੋਗ ਵਿੱਦਿਆ ਵਿਚ ਨਿਪੁੰਨ ਹੋ ਜਾਣ ਤੇ ਉਨ੍ਹਾਂ ਨੂੰ ਯੋਗ ਦੇਣ ਵੇਲੇ ਉਨ੍ਹਾਂ ਦੇ ਗਲ਼ ਵਿਚ ਇਹ ਯੋਗਿਨੀ ਧਾਰਨ ਕਰਾਉਂਦੇ ਸਨ, ਭਾਵ ਇਹ ਯੋਗ ਗ੍ਰਹਿਣ ਅਤੇ ਨਿਪੁੰਨ ਯੋਗੀ ਦੇ ਚਿੰਨ੍ਹ ਵਜੋਂ ਪ੍ਰਚੱਲਿਤ ਹੋਈ। ਇਸੇ ਤਰ੍ਹਾਂ ਹੀ ਇਸਲਾਮ ਦੀ ਸੰਗੀਤ ਪ੍ਰੇਮੀ ਸੰਪਰਦਾਏ ਸੂਫ਼ੀ ਮਤ ਵਿਚ ਵੀ ਇਸੇ ਤਰ੍ਹਾਂ ਪੀਰ-ਮੁਰਸ਼ਦ ਆਪਣੇ ਸਭ ਤੋਂ ਕਾਬਲ ਸ਼ਾਗਿਰਦ ਨੂੰ ਜਦੋਂ ਆਪਣੀ ਗੱਦੀ ਦਿੰਦੇ ਜਾਂ ਖ਼ਾਸ ਅਵਸਥਾ ਵਿਚ ਪੁੱਜਣ ਵਾਲੇ ਦਰਵੇਸ਼ ਨੂੰ ਫ਼ਕੀਰੀ ਬਖ਼ਸ਼ਦੇ ਤਾਂ ਉਹ ਵੀ ਆਪਣੀ ਯੋਗਿਨੀ ਭਾਵ ਰੂਹ ਉਸ ਨੂੰ ਧਾਰਨ ਕਰਵਾ ਦਿੰਦੇ ਸਨ। ਇਸ ਤਰ੍ਹਾਂ ਯੋਗਿਨੀ ਅੱਗੇ ਤੋਂ ਅੱਗੇ ਚਲਦੀ ਰਹਿੰਦੀ ਸੀ। ਕਠਿਨ ਸਾਧਨਾ ਅਤੇ ਚਿੱਲ੍ਹੇ ਕੱਟ ਕੇ ਮਿਲੀ ਯੋਗਿਨੀ ਇਕ ਰੁਤਬਾ ਮੰਨੀ ਜਾਂਦੀ ਸੀ। ਇਸ ਅਵਸਰ ’ਤੇ ਜਸ਼ਨ ਵੀ ਮਨਾਏ ਜਾਂਦੇ ਸਨ, ਜਿਨ੍ਹਾਂ ਵਿਚ ਰੱਬ, ਅੱਲਾ, ਪੀਰ, ਮੁਰਸ਼ਦ ਜਾਂ ਗੁਰੂ ਦੀ ਸਿਫ਼ਤ ਸਲਾਹ ਦਾ ਗਾਇਨ ਵੀ ਹੁੰਦਾ ਸੀ। ਇਸ ਤਰ੍ਹਾਂ ਜੁਗਨੀ ਵਰਗਾ ਪਾਕ-ਪਵਿੱਤਰ ਗਹਿਣਾ ਕਦੇ ਸਿੱਧਾਂ, ਯੋਗੀਆਂ ਅਤੇ ਪੀਰਾਂ ਦੀ ਕਮਾਈ ਹੁੰਦਾ ਸੀ ਜਿਸ ਨੂੰ ਧਾਰਨ ਕਰ ਕੇ ਉਹ ਲੋਕਾਈ ਦੀ ਸੇਵਾ ਅਤੇ ਸੁਧਾਰ ਕਰਦੇ ਸਨ। ਇਹ ਪੰਜਾਬੀ ਲੋਕ ਗੀਤਾਂ ਵਿਚਲੀ ਯੋਗਿਨੀ ਤੋਂ ਬਣੀ ਜੁਗਨੀ ਦਾ ਅਰੰਭ ਅਤੇ ਅਸਲ ਵਜੂਦ ਹੈ।*

### ਯੋਗੀ ਫ਼ਕੀਰ

ਇਕ ਦੰਦ ਕਥਾਂ ਅਨੁਸਾਰ ਕਿਹਾ ਜਾਂਦਾ ਹੈ ਕਿ ਪੁਰਾਤਨ ਸਮੇਂ ਤੋਂ ਸਿੱਧ, ਯੋਗੀ, ਪੀਰ ਅਤੇ ਫ਼ਕੀਰ ਆਪਣੇ ਗਲ਼ੇ ਵਿਚ ਧਾਤ ਦਾ ਕੈਪਸੂਲ-ਨੁਮਾ ਤਵੀਤ ਧਾਗੇ ਜਾਂ ਮਾਲ਼ਾ ਵਿਚ ਪਰੋ ਕੇ ਧਾਰਨ ਕਰ ਕੇ ਰੱਖਦੇ ਸਨ ਜੋ ਉਨ੍ਹਾਂ ਦੀ ਸਾਧਨਾ, ਯੋਗ ਅਤੇ ਫ਼ਕੀਰੀ ਦੀ ਕਮਾਈ ਅਤੇ ਰੂਹ ਹੁੰਦਾ ਸੀ। ਇਸ ਨੂੰ ਯੋਗ-ਗ੍ਰਹਿਣੀ ਕਿਹਾ ਜਾਂਦਾ ਸੀ ਜੋ ਅੱਗੇ ਚੱਲ ਕੇ ਯੋਗਿਨੀ ਅਤੇ ਫਿਰ ਜੁਗਨੀ ਬਣ ਗਈ।



## ਜੁਗਨੀ ਦੇ ਸਫ਼ਰ ਦਾ ਇਕ ਮੋੜ

ਕਈ ਜੁਗਨੀ ਦੀ ਉਪਜ ਆਜ਼ਾਦੀ ਦੀ ਲੜਾਈ ਨਾਲ ਜੋੜ ਦਿੰਦੇ ਹਨ ਪਰ ਇਹ ਸਹੀ ਨਹੀਂ ਹੈ। ਇਸ ਨੂੰ ਅਸੀਂ ਜੁਗਨੀ ਦੇ ਸਫ਼ਰ ਦਾ ਇਕ ਮੋੜ ਹੀ ਕਹਿ ਸਕਦੇ ਹਾਂ। ਜਿਸ ਨੇ ਜੁਗਨੀ ਨੂੰ ਸ਼ਹਿਰਾਂ ਅਤੇ ਕਸਬਿਆਂ ਨਾਲ ਜੋੜ ਦਿੱਤਾ। ਕਈ ਵਾਰ ਜੁਗਨੀ ਤੋਂ ਸੋਹਣੀ ਮੁਟਿਆਰ ਦਾ ਭਾਵ ਵੀ ਲੈ ਲਿਆ ਜਾਂਦਾ ਹੈ। ਕਾਫ਼ੀ ਗਾਇਕਾਂ ਨੇ ਇਸ ਭਾਵ ਵਿਚ ਵੀ ਗਾਇਆ ਹੈ। ਰਾਤ ਨੂੰ ਉੱਡਦੇ ਹੋਏ ਰੋਸ਼ਨੀ ਬਿਖੇਰਨ ਵਾਲੇ ਜੀਵ ਜੁਗਨੂੰ ਦੀ ਮਾਦਾ ਨੂੰ ਵੀ ਕਈ ਜੁਗਨੀ ਕਹਿ ਦਿੰਦੇ ਹਨ। ਮਰਦ ਅਤੇ ਔਰਤਾਂ ਜੁਗਨੀ ਨੂੰ ਇਕ ਗਹਿਣੇ ਵਜੋਂ ਵੀ ਪਹਿਨਦੇ ਹਨ। ਨਾਮ ਜਪਣ ਵੇਲੇ ਹੱਥ ਨਾਲ ਫੇਰਨ ਵਾਰੀ ਤਸਬੀਹ ਨੂੰ ਵੀ ਕਈ ਵਾਰ ਜੁਗਨੀ ਕਹਿ ਲਿਆ ਜਾਂਦਾ ਹੈ।

ਜੁਗਨੀ ਨੂੰ ਸੰਗੀਤਕ ਰੂਪ ਵਿਚ ਗਾਉਣ ਵਾਲਿਆਂ ਦੀ ਗੱਲ ਕਰੀਏ ਤਾਂ ਸਭ ਤੋਂ ਪਹਿਲਾਂ ਦੋ ਨਾਂ ਉੱਭਰਦੇ ਹਨ, ਪਹਿਲਾ ਪਿੰਡ ਕੋਟ ਇਨਾਇਤ ਖਾਂ (ਪਾਕਿਸਤਾਨ) ਵਾਲਾ ਨਵਾਬ ਹੈ, ਜੋ ਨੈਬ ਕੋਟੀਆ ਘੁਮਿਆਰ ਦੇ ਨਾਂ ਨਾਲ ਮਸ਼ਹੂਰ ਹੈ ਅਤੇ ਦੂਸਰਾ ਵੀ ਪਾਕਿਸਤਾਨ ਦੇ ਕਸਬੇ ਲਾਲਾ ਮੂਸਾ ਦਾ ਆਲਮ ਲੁਹਾਰ ਹੈ, ਜੋ ਚਿਮਟੇ ਵਾਲਾ ਤਖ਼ੱਲਸ ਨਾਲ ਮਸ਼ਹੂਰ ਹੈ। ਨੈਬ ਕੋਟੀਆ ਜਦੋਂ ਆਪਣੇ ਪੁੱਤਰਾਂ ਸਰਜਾ, ਮਿਰਜਾ, ਬੂਟੇ ਅਤੇ ਜਾਨੇ ਨਾਲ ਗਾਉਂਦਿਆ ਜਦੋਂ ‘ਪੀਰ ਮੇਰਿਆ ਜੁਗਨੀ’ ਤੋਂ ਬਾਅਦ ਜਦੋਂ ‘ਉਏ’ ਕਹਿੰਦਾ ਹੈ ਤਾਂ ਸੰਗੀਤ ਰਸੀਆਂ ਦੇ ਕਾਲਜੇ ਧੂ ਪਾ ਦਿੰਦਾ ਹੈ, ਉਹ ਜੁਗਨੀ ਲੋਰੀ ਵਾਂਗ ਗਾਉਂਦਾ ਹੈ :

ਅਵੱਲ ਸਿਫ਼ਤ ਖ਼ੁਦਾ ਦੀ ਆਖਾਂ
ਜਿਹੜਾ ਪਰਵਰਦਿਗਾਰ,
ਦੂਜੀ ਸਿਫ਼ਤ ਰਸੂਲ ਇਲ-ਲਿਲਹਾ ਦੀ,
ਆਖਾਂ ਹਮਦ ਹਜ਼ਾਰ,
ਤੀਜੀ ਸਿਫ਼ਤ ਉਨ੍ਹਾਂ ਦੀ ਆਖਾਂ,
ਜਿਹੜੇ ਪਿਆਰੇ ਯਾਰ,
ਨਾਮ ਨਵਾਬ ਤੇ ਜਾਤ ਕੰਮੀ ਦੀ,
ਜੁਗਨੀ ਕਰਾਂ ਤਿਆਰ
ਪੀਰ ਮੇਰਿਆ ਜੁਗਨੀ ਉਏ,
ਪੀਰ ਮੇਰਿਆ ਜੁਗਨੀ ਕਹਿੰਦੀ ਆ
ਜਿਹੜੀ ਨਾਮ ਅੱਲਾ ਦਾ ਲੈਂਦੀ ਆ।

ਇਸੇ ਤਰ੍ਹਾਂ ਆਲਮ ਲੁਹਾਰ ਨੇ ਜਿੱਥੇ ਬਹੁਤ ਸਾਰੀਆਂ ਲੋਕ-ਕਥਾਵਾਂ ਅਤੇ ਗੀਤਾਂ ਨੂੰ ਪੰਜਾਬੀ ਲੋਕ ਗਾਇਕੀ ਦੀ ਝੋਲੀ ਪਾਇਆ ਉੱਥੇ ਉਸ ਨੇ ਜੁਗਨੀ ਨੂੰ ਵੀ ਬੜੀ ਰੂਹ ਨਾਲ ਗਾਇਆ :

ਅਲੀ ਵਾਕ ਇਮਾਮ ਦਾ,
ਮੈਂ ਵਿਰਦ ਕਰਾਂ ਦਮ ਦਮ,
ਇਹਨੂੰ ਪੈਣ ਉਜੱਲੇ ਨੂਰ ਦੇ,
ਜਿਉਂ ਕਤਰੇ ਸ਼ਬਨਮ,
ਮੈਂ ਪੜ੍ਹੀ ਨਮਾਜ਼ ਐ ਇਸ਼ਕ ਦੀ,
ਦੂਰ ਹੋਏ ਸਭ ਗ਼ਮ,
ਓ ਮੈਂ ਗਾਵਾਂ ਜੁਗਨੀ।

ਇੱਥੇ ਬੁੱਢਾ ਸ਼ੇਖ ਦੀ ਜੁਗਨੀ ਦਾ ਵੀ ਜਿਕਰ ਕਰਨਾ ਬਣਦਾ ਹੈ :

ਇਹ ਜਿੱਤਣ ਨਾਲੋਂ ਹਾਰਨ ਚੰਗਾ ਜੇ,
ਤੂੰ ਸੁਣ ਮਸਤ ਫ਼ਕੀਰਾ,
ਜਿੱਤ ਜਾਏਂ ਤੇ ਛੱਲਾ ਕੱਚ ਦਾ,
ਹਾਰ ਜਾਏਂ ਤੇ ਹੀਰਾ,
ਓ ਪੀਰ ਮੇਰਿਆ ਤੇਰੀ ਜੁਗਨੀ
ਸਾਈਂ ਬੋਹੜਾਂ ਵਾਲਿਆਂ ਤੇਰੀ ਜੁਗਨੀ।

## ਪੰਜਾਬੀ ਗਾਇਕੀ ਅਤੇ ਜੁਗਨੀ

ਜੇਕਰ ਪੰਜਾਬੀ ਗਾਇਕੀ ਅਤੇ ਜੁਗਨੀ ਦਾ ਦਮ ਦੇਖਣਾ ਹੋਵੇ ਤਾਂ ਬੀਬਾ ਗੁਰਮੀਤ ਬਾਵਾ ਜੀ ਦੀ ਜੁਗਨੀ ਸੁਣੀ ਜਾ ਸਕਦੀ ਹੈ। ਆਪਣੀ ਬੁਲੰਦ ਆਵਾਜ਼ ਨਾਲ ਹੱਥ ਦੀ ਉਂਗਲ ਅਤੇ ਬਾਂਹ ਖੜ੍ਹੀ ਕਰਕੇ ਅਤੇ ਕਦੇ ਹੱਥ ਕੰਨ ਵੱਲ ਕਰ ਕੇ ਤੇ ਕੂਹਣੀ ਉਤਾਂਹ ਵੱਲ ਕਰ ਕੇ ਜਦੋਂ ਉਹ ਲੰਬੀ ਹੇਕ ਲਾਉਂਦੇ ਹਨ ਤਾਂ ਸੁਣਨ ਵਾਲਿਆਂ ਦੇ ਸਾਹ ਰੁਕ ਜਾਂਦੇ ਹਨ ਅਤੇ ਲੂੰ ਕੰਡੇ ਖੜ੍ਹੇ ਹੋ ਜਾਂਦੇ ਹਨ। 45 ਸੈਕਿੰਡ ਤਕ ਦੀ ਲੰਬੀ ਹੇਕ ਦੀ ਮਲਿਕਾ ਜਦੋਂ ਜੁਗਨੀ ਗਾਉਂਦੀ ਹੈ ਅਤੇ ਕਚੀਚੀ ਲੈ ਕੇ ਬੰਦ ਦੀ ਆਖ਼ਰੀ ਸਤਰ ਕਹਿੰਦੀ ਹੈ ਤਾਂ ਲੋਕ ਅਸ਼-ਅਸ਼ ਕਰ ਉੱਠਦੇ ਹਨ। ਗੀਤ ਦਾ ਬੰਦ ਮੁਕਾ ਕੇ ਸਟੈਂਡ ਵਾਲੇ ਮਾਈਕ ਤੋਂ ਝੁਕ ਕੇ ਪਿੱਛੇ ਹੱਟਣ ਦਾ ਉਨ੍ਹਾਂ ਦਾ ਆਪਣਾ ਹੀ ਅੰਦਾਜ਼ ਰਿਹਾ ਹੈ।

ਜੁਗਨੀ ਨੂੰ ਆਲਮੀ ਪ੍ਰਸਿੱਧੀ ਦੇਣ ਵਿਚ ਆਲਮ ਲੁਹਾਰ ਦੇ ਪੁੱਤਰ ਆਰਿਫ਼ ਲੁਹਾਰ ਦਾ ਵੀ ਅਹਿਮ ਯੋਗਦਾਨ ਹੈ। ਅੱਜ ਦੀ ਪੰਜਾਬੀ ਲੋਕ ਗਾਇਕੀ ਦੇ ਨਾਮਵਰ ਤੇ ਦਮਦਾਰ ਫ਼ਨਕਾਰ ਨੇ ਕੋਕ ਸਟੂਡੀਓ ਵਿਚ ਮੀਸ਼ਾ ਸ਼ਫੀ ਨਾਲ ਇਕ ਨਿਵੇਕਲੇ ਸੰਗੀਤ ਵਿਚ ਜੁਗਨੀ ਗਾ ਕੇ ਇਸ ਨੂੰ ਹੋਰ ਪ੍ਰਸਿੱਧੀ ਅਤੇ ਵਧੇਰੇ ਹਰਮਨ ਪਿਆਰਤਾ ਦਿਵਾਈ :

ਏ ਵੇ ਅੱਲਾ ਵਾਲਿਆਂ ਦੀ ਜੁਗਨੀ ਜੀ,
ਏ ਵੇ ਨਬੀ ਪਾਕ ਦੀ ਜੁਗਨੀ ਜੀ,
ਏ ਵੇ ਮੌਲਾ ਅਲੀ ਵਾਲੀ ਜੁਗਨੀ ਜੀ,
ਏ ਵੇ ਮੇਰੇ ਪੀਰ ਦੀ ਜੁਗਨੀ ਜੀ,
ਦਮ ਗੁਟਕੂੰ, ਦਮ ਗੁਟਕੂੰ, ਕਰੇ ਸਾਈਂ,
ਇਹ ਕਲਮਾਂ ਨਬੀ ਦਾ ਪੜ੍ਹੇ ਸਾਈਂ।

ਨੈਬ ਕੋਟੀਆ ਘੁਮਿਆਰ, ਆਲਮ ਲੁਹਾਰ ਅਤੇ ਗੁਰਮੀਤ ਬਾਵਾ ਨੇ ਜੁਗਨੀ ਅਲਗੋਜ਼ਿਆ ਨਾਲ ਗਾਈ। ਇਨ੍ਹਾਂ ਨੇ ਜੁਗਨੀ ਦੇ ਵੱਖੋ-ਵੱਖ ਬੰਦ ਗਾਏ ਹਨ ਅਤੇ ਭਾਸ਼ਾ ਦਾ ਵੀ ਫ਼ਰਕ ਹੈ, ਫਿਰ ਵੀ ਇਨ੍ਹਾਂ ਦੇ ਕੁਝ ਬੰਦ ਸਾਂਝੇ ਹਨ :

ਮੇਰੀ ਜੁਗਨੀ ਦੇ ਧਾਗੇ ਬੱਗੇ,
ਜੁਗਨੀ ਓਹਦੇ ਮੂੰਹੋਂ ਫੱਬੇ,
ਜਿਸ ਨੂੰ ਸੱਟ ਇਸ਼ਕ ਦੀ ਲੱਗੇ,
ਓ ਪੀਰ ਮੇਰਿਆ ਜੁਗਨੀ ਕਹਿੰਦੀ ਆ,
ਜਦ ਨਾਮ ਅਲੀ ਦਾ ਲੈਂਦੀ ਆ।
ਔਖੀ ਕਾਰ ਫ਼ਕੀਰੀ ਵਾਲੀ,
ਚੜ੍ਹ ਸੂਲੀ ’ਤੇ ਬਹਿਣਾ,
ਦਰ-ਦਰ ’ਤੇ ਨੇ ਟੁੱਕੜ ਮੰਗਣੇ,
ਮਾਈਏ ਭੈਣੇ ਕਹਿਣਾ,
ਭਾਵੇਂ ਲੱਖਾਂ ਹੀਲੇ ਕਰੀਏ,
ਇੱਥੇ ਜੋ ਬਣਿਆ ਸੋ ਰਹਿਣਾ
ਓ ਪੀਰ ਮੇਰਿਆ ਜੁਗਨੀ।

ਇਸ ਤੋਂ ਬਿਨ੍ਹਾਂ ਹੋਰ ਵੀ ਗਾਇਕਾਂ ਨੇ ਜੁਗਨੀ ਗਾਈ, ਜਿਸ ਵਿੱਚੋਂ ਬਹੁਤੇ ਗਾਇਕਾਂ ਦੀ ਜੁਗਨੀ ਅਸਲ ਸਿਧਾਂਤ ਤੋਂ ਦੂਰ ਹੈ। ਜੁਗਨੀ ਤਾਂ ਰੂਹ ਅਤੇ ਰਹਿਬਰ ਦੇ ਰਿਸ਼ਤੇ ਦੀ ਪਾਕ-ਪਵਿੱਤਰ ਨਿਸ਼ਾਨੀ ਦੀ ਬਾਤ ਹੈ। •

85678-72291

# ਰੁੱਖਾਂ ਤੇ ਮਨੁੱਖਾਂ ਦੀ ਨੇੜਤਾ

ਤ੍ਰਿਵੈਣੀ ਨਿੰਮ, ਪਿੱਪਲ ਤੇ ਬੋਹੜ ਦੇ ਇੱਕੋ ਥਾਂ ਲੱਗੇ ਦਰੱਖਤਾਂ ਦੇ ਝੁੰਡ ਨੂੰ ਕਿਹਾ ਜਾਂਦਾ ਸੀ। ਪੁਰਾਣੇ ਸਮਿਆਂ ਵਿਚ ਮੰਨਿਆਂ ਜਾਂਦਾ ਸੀ ਕਿ ਇਸ ਨੂੰ ਲਗਾਉਣ ਨਾਲ ਸਵਰਗ ਦੀ ਪ੍ਰਾਪਤੀ ਹੁੰਦੀ ਹੈ ਜਦਕਿ ਅਜਿਹਾ ਕੁਝ ਵੀ ਨਹੀਂ ਸੀ। ਕੀ ਸੀ ਤ੍ਰਿਵੈਣੀ ਤੇ ਸਵਰਗ ਦੀ ਸਚਾਈ ਆਓ ਇਸ ਵਾਰੇ ਚਰਚਾ ਕਰੀਏ। ਵਿਗਿਆਨ ਦਾ ਆਰੰਭ ਤਾਂ ਉਦੋਂ ਹੀ ਹੋ ਗਿਆ ਸੀ ਜਦੋਂ ਮਨੁੱਖ ਨੇ ਪੱਥਰਾਂ ਨੂੰ ਰਗੜ ਕੇ ਅੱਗ ਬਾਲਣੀ ਸਿੱਖ ਲਈ ਸੀ। ਵਿਗਿਆਨ ਦੀ ਪਹਿਲੀ ਖੋਜ ਜੇਕਰ ਪਹੀਏ ਦੀ ਖੋਜ ਨੂੰ ਮੰਨ ਲਿਆ ਜਾਵੇ ਤਾਂ ਕੁਝ ਗ਼ਲਤ ਨਹੀਂ ਹੋਵੇਗਾ। ਪੁਰਾਣੇ ਸਮਿਆਂ ਦੇ ਸਿਆਣੇ ਬਜ਼ੁਰਗ ਵਿਗਿਆਨ ਦੀ ਸੋਚ ਜਾਣ ਚੁੱਕੇ ਸਨ ਉਸ ਇਸ ਨੂੰ ਅਪਣਾਉਣਾ ਵੀ ਚਾਹੁੰਦੇ ਸਨ ਪਰ ਉਸ ਸਮੇਂ ਦੇ ਲੋਕਾਂ ਦਾ ਬੌਧਿਕ ਪੱਧਰ ਵਿਗਿਆਨ ਦਾ ਹਾਣੀ ਨਹੀਂ ਸੀ। ਇਹ ਸਭ ਗੱਲਾਂ ਉਨ੍ਹਾਂ ਦੀ ਸਮਝ ਤੋਂ ਬਾਹਰ ਸਨ। ਉਨ੍ਹਾਂ ਦੇ ਦਿਮਾਗ਼ ’ਚ ਸਿਰਫ਼ ਧਰਮ ਹੀ ਫਿੱਟ ਬੈਠਦਾ ਸੀ ਕਿਉਂਕਿ ਜ਼ਿਆਦਾ ਧਰਮੀ ਹੋਣ ’ਤੇ ਕਮਲੇ ਹੋਣ ’ਚ ਜ਼ਿਆਦਾ ਫ਼ਰਕ ਨਹੀਂ ਹੁੰਦਾ ਸੋ ਬਜ਼ੁਰਗਾਂ ਨੇ ਲੋਕਾਂ ਦਾ ਮਾਨਸਿਕ ਪੱਧਰ ਵਾਚਦੇ ਹੋਏ ਉਨ੍ਹਾਂ ਵਿਗਿਆਨਕ ਸਚਾਈਆਂ ਨੂੰ ਧਰਮ ਨਾਲ ਜੋੜ ਦਿੱਤਾ ਕਿਉਂਕਿ ਲੋਕ ਸਿਰਫ਼ ਧਰਮ ਦੀ ਭਾਸ਼ਾ ਨੂੰ ਸਮਝਦੇ ਸਨ। ਨਿੰਮ ਇਕ ਡਾਕਟਰੀ ਪੌਦਾ ਹੈ ਜਿਸ ਦੀ ਵਰਤੋਂ ਚਮੜੀ ਦੀਆਂ ਬਿਮਾਰੀਆਂ ਲਈ ਬਣਨ ਵਾਲੀਆਂ ਦਵਾਈਆਂ, ਕਰੀਮਾਂ ਅਤੇ ਸਾਬਣਾਂ ’ਚ ਕੀਤੀ ਜਾਂਦੀ ਹੈ, ਪਿੱਪਲ ਸਭ ਤੋਂ ਵੱਧ ਕਾਰਬਨ ਡਾਈਅਕਸਾਈਡ ਸੋਖਦਾ ਹੈ। ਬੋਹੜ ਦੁਆਰਾ ਛੱਡੀ ਗਈ ਆਕਸੀਜਨ ਸਾਰੇ ਰੁੱਖਾਂ ਤੋਂ ਜ਼ਿਆਦਾ ਮਾਤਰਾਂ ’ਚ ਹੁੰਦੀ ਹੈ ਹੁਣ ਵਿਗਿਆਨਕ ਤੱਥ ਉਨ੍ਹਾਂ ਲੋਕਾਂ ਦੀ ਸਮਝ ਤੋਂ ਬਾਹਰ ਦੀਆਂ ਗੱਲਾਂ ਸਨ, ਇਸ ਲਈ ਉਨ੍ਹਾਂ ਨੂੰ ਸਮਝਾਉਣ ਲਈ ਇਸ ਨਾਲ ਸਵਰਗ ਮਿਲਣ ਦੀ ਮਨਘੜਤ ਕਹਾਣੀ ਜੋੜ ਦਿੱਤੀ ਗਈ। ਧਰਮੀ ਲੋਕ ਇੱਥੇ ਨਰਕ ਵਰਗੇ ਮਾਹੌਲ ’ਚ ਰਹਿਣ ਲਈ ਤਿਆਰ ਸਨ ਪਰ ਮੌਤ ਤੋਂ ਬਾਅਦ ਸਵਰਗ ਹੀ ਜਾਣਾ ਚਾਹੁੰਦੇ ਹਨ। ਬੱਸ ਫਿਰ ਕੀ ਸੀ ਹਰ ਬੰਦਾ ਸਵਰਗ ਜਾਣ ਲਈ ਕਾਹਲਾ ਸੀ। ਫਿਰ ਕੀ ਚਾਰੇ ਪਾਸੇ ਤ੍ਰਿਵੈਣੀਆਂ ਹੀ ਤ੍ਰਿਵੈਣੀਆਂ ਇਸ ਤਰ੍ਹਾਂ ਸਾਰਾ ਵਾਤਾਵਰਨ ਹਰਿਆ ਭਰਿਆ ਹੋ ਗਿਆ। ਇਸੇ ਤਰ੍ਹਾਂ ਭੂਤਾਂ ਪ੍ਰੇਤਾਂ ਤੋਂ ਘਰ ਦੀ ਸੁਰੱਖਿਆ ਲਈ ਦਰਵਾਜ਼ੇ ਤੇ ਦੁਕਾਨਾਂ ’ਤੇ ਮਿਰਚਾਂ ਅਤੇ ਨਿੰਬੂ ਲਟਕਾਏ ਜਾਂਦੇ ਸੀ ਪਰ ਜੇਕਰ ਵਿਗਿਆਨ ਪੱਖੋਂ ਵਾਚੀਏ ਤਾਂ ਨਿੰਬੂ ਤੇ ਮਿਰਚਾਂ ਕਈ ਤਰ੍ਹਾਂ ਦੇ ਜਿਵਾਣੂਆਂ ਦਾ ਖ਼ਾਤਮਾ ਕਰਦੇ ਹਨ ਅਤੇ ਘਰ ’ਚੋਂ ਬਦਬੂ ਨੂੰ ਦੂਰ ਕਰ ਕੇ ਖੁਸ਼ਬੂ ਫੈਲਾਉਂਦੇ ਹਨ। ਜਿਸ ਘਰ ’ਚ ਨਵ ਜੰਮਿਆਂ ਬੱਚਾ ਹੁੰਦਾ ਹੈ ਉਸ ਬੱਚੇ ਦੀ ਜਿੰਨ ਪ੍ਰੇਤ ਤੋਂ ਰੱਖਿਆ ਲਈ ਦਰਵਾਜ਼ੇ ਕੋਲ ਪਾਥੀ ਬਾਲ ਕੇ ਰੱਖੀ ਜਾਂਦੀ ਸੀ। ਬਾਹਰੋਂ ਆਉਣ ਵਾਲੇ ਇਨਸਾਨ ਦੇ ਹੱਥ ਧੁਵਾਏ ਜਾਂਦੇ ਸਨ। ਘਰ ਦੇ ਦਰਵਾਜ਼ੇ ਅੱਗੇ ਨਿੰਮ ਬੰਨ੍ਹਿਆਂ ਜਾਂਦਾ ਸੀ। ਆਪਣੇ ਤੇ ਦੂਜੇ ਘਰਾਂ ਦੇ ਦਰਵਾਜ਼ਿਆਂ ਅੱਗੇ ਵੀ ਨਿੰਮ ਬੰਨ੍ਹ ਦਿੱਤਾ ਜਾਂਦਾ ਸੀ। ਇਹ ਸਾਰੇ ਵਹਿਮ ਭੂਤਾਂ ਪ੍ਰੇਤਾਂ ਤੋਂ ਬੱਚੇ ਦੀ ਰੱਖਿਆ ਲਈ ਕੀਤੇ ਜਾਂਦੇ ਸਨ ਅਤੇ ਜਣੇਪੇ ਵਾਲੀ ਔਰਤ ਦਾ ਖ਼ਾਸ ਖ਼ਿਆਲ ਰੱਖਿਆ ਜਾਂਦਾ ਸੀ। ਮੰਨਿਆ ਜਾਂਦਾ ਸੀ ਕਿ ਜਣੇਪੇ ਵਿਚ ਮਰੀ ਔਰਤ ਕਚੀਲ (ਚੁੜੇਲ)ਬਣ ਜਾਂਦੀ ਹੈ ਉਸ ਦੀ ਗਤੀ ਨਹੀਂ ਹੁੰਦੀ। ਇਸ ਲਈ ਜਣੇਪੇ ਵਾਲੀ ਔਰਤ ਦਾ ਖ਼ਾਸ ਖ਼ਿਆਲ ਰੱਖਿਆ ਜਾਂਦਾ ਸੀ। ਇਸ ਦੀ ਵਿਗਿਆਨਕ ਸਚਾਈ ਇਹ ਸੀ ਕਿ ਜਣੇਪੇ ’ਚ ਔਰਤ





ਕਮਜ਼ੋਰ ਹੋ ਜਾਂਦੀ ਸੀ। ਉਸ ਨੂੰ ਬਿਮਾਰੀਆਂ ਜਲਦੀ ਪਕੜ ’ਚ ਲੈ ਲੈਂਦੀਆਂ ਸਨ। ਪਾਥੀ ਬਾਲਣ ਦਾ ਮਤਲਬ ਇਹ ਸੀ ਕਿ ਘਰ ਵਿਚ ਮੱਛਰ ਮੱਖੀ ਅਤੇ ਹੋਰ ਜ਼ਹਿਰੀਲੇ ਕਿਸਮ ਦੇ ਕੀੜੇ ਦਾਖ਼ਲ ਹੋ ਕੇ ਬੱਚੇ ਨੂੰ ਕੱਟ ਸਕਦੇ ਹਨ, ਉਨ੍ਹਾਂ ਨੂੰ ਭਜਾਉਣ ਲਈ ਪਾਥੀ ਬਾਲ ਕੇ ਧੂੰਆਂ ਕੀਤਾ ਜਾਂਦਾ ਸੀ। ਘਰ ਦੇ ਦਰਵਾਜ਼ੇ ਉੱਤੇ ਨਿੰਮ ਇਸ ਲਈ ਬੰਨ੍ਹਿਆ ਜਾਂਦਾ ਸੀ ਕਿ ਇਹ ਇਕ ਜੀਵਾਣੂ ਨਾਸ਼ਕ ਰੁੱਖ ਹੈ ਇਸ ਦੇ ਟਾਹਣੀ, ਪੱਤੇ ਅਤੇ ਨਿਮੋਲੀਆਂ ਉਹ ਕਈ ਕਿਸਮ ਦੀਆਂ ਛੂਤ ਦੀਆਂ ਬਿਮਾਰੀਆਂ ਦੇ ਕਿਟਾਣੂਆਂ ਨੂੰ ਖ਼ਤਮ ਕਰਦੇ ਹਨ ਇਸ ਲਈ ਮੰਨਿਆ ਜਾਂਦਾ ਸੀ ਜੋ ਕੋਈ ਬਿਮਾਰੀ ਜਾਂ ਕਿਟਾਣੂ ਬੱਚੇ ਕੋਲ ਨਾ ਆਵੇ। ਇਸ ਲਈ ਨਿੰਮ ਦਰਵਾਜ਼ੇ ਅੱਗੇ ਬੰਨ੍ਹ ਦਿੱਤਾ ਜਾਂਦਾ ਸੀ ਕਿਉਂਕਿ ਸ਼ਰੀਕੇ ਦੇ ਲੋਕ ਬੱਚੇ ਨੂੰ ਮਿਲਣ ਆਉਣਗੇ ਉਨ੍ਹਾਂ ਨੂੰ ਮਨ੍ਹਾਂ ਤਾਂ ਨਹੀਂ ਕੀਤਾ ਜਾ ਸਕੇਗਾ ਕਿ ਛੋਟੇ ਬੱਚੇ ਦੀ ਸੁਰੱਖਿਆ ਦਾ ਸਵਾਲ ਹੈ, ਤੁਸੀ ਨਾ ਆਓ। ਸੋ ਨਿੰਮ ਬੰਨ੍ਹ ਕੇ ਸੁਰੱਖਿਅਤ ਮਹਿਸੂਸ ਕੀਤਾ ਜਾਂਦਾ ਸੀ। ਸਿਰਫ਼ ਉਨ੍ਹਾਂ ਲੋਕਾਂ ਲਈ ਇਸ ਸਚਾਈ ਨੂੰ ਵਹਿਮ ਨਾਲ ਜੋੜਨਾਂ ਪੈਂਦਾ ਹੈ ਜਿਹੜੇ ਲੋਕ ਅੰਧਵਿਸ਼ਵਾਸੀ ਹੁੰਦੇ ਹਨ। ਵਾਤਾਵਰਨ ਸ਼ੁੱਧ ਤੇ ਸਾਫ਼ ਹੋਵੇਗਾ ਤਾਂ ਧਰਤੀ ਸਵਰਗ ਬਣ ਜਾਵੇਗੀ। ਮਰਨ ਤੋਂ ਬਾਅਦ ਵਾਲਾ ਸਵਰਗ ਤਾਂ ਪਤਾ ਨਹੀਂ ਮਿਲੇਗਾ ਜਾਂ ਨਹੀਂ ਪਰ ਜਿਉਂਦੇ ਜੀ ਸਵਰਗ ਜ਼ਰੂਰ ਮਿਲ ਸਕੇਗਾ। ਸੋ ਵਹਿਮਾਂ ਤੋਂ ਬਚੋਂ ਵਿਗਿਆਨ ਸੋਚ ਅਪਣਾਓ।

### ਦਰਵਾਜ਼ੇ ’ਤੇ ਨਿੰਮ ਬੰਨ੍ਹਣਾ

*ਘਰ ਦੇ ਦਰਵਾਜ਼ੇ ਉੱਤੇ ਨਿੰਮ ਇਸ ਲਈ ਬੰਨ੍ਹਿਆ ਜਾਂਦਾ ਸੀ ਕਿ ਇਹ ਜੀਵਾਣੂ ਨਾਸ਼ਕ ਰੁੱਖ ਹੈ। ਇਸ ਦੇ ਟਾਹਣੀ, ਪੱਤੇ ਤੇ ਨਿਮੋਲੀਆਂ ਕਈ ਕਿਸਮ ਦੀਆਂ ਛੂਤ ਦੀਆਂ ਬਿਮਾਰੀਆਂ ਦੇ ਕਿਟਾਣੂਆਂ ਨੂੰ ਖ਼ਤਮ ਕਰ ਦਿੰਦੇ ਹਨ। ਮੰਨਿਆ ਜਾਂਦਾ ਸੀ ਜੋ ਕੋਈ ਬਿਮਾਰੀ ਜਾਂ ਕਿਟਾਣੂ ਨਵ-ਜਨਮੇ ਬੱਚੇ ਕੋਲ ਨਾ ਆਵੇ। ਇਸ ਲਈ ਨਿੰਮ ਦਰਵਾਜ਼ੇ ’ਤੇ ਬੰਨ੍ਹ ਦਿੱਤਾ ਜਾਂਦਾ ਸੀ ਕਿਉਂਕਿ ਸ਼ਰੀਕੇ ਦੇ ਲੋਕ ਬੱਚੇ ਨੂੰ ਮਿਲਣ ਆਉਣਗੇ ਉਨ੍ਹਾਂ ਨੂੰ ਮਨ੍ਹਾਂ ਤਾਂ ਨਹੀਂ ਕੀਤਾ ਜਾ ਸਕੇਗਾ ਕਿ ਛੋਟੇ ਬੱਚੇ ਦੀ ਸੁਰੱਖਿਆ ਦਾ ਸਵਾਲ ਹੈ।*

• ਹਰਚਰਨ ਕੌਰ
99158-65550

# ਮੇਲ ਮਿਲਾਪ ਦਾ ਦਾਇਰਾ ਵਧਾਉਂਦੇ ਹਨ ਮੇਲੇ

ਤਰਸੇਮ ਸਿੰਘ ‘ਭੰਗੂ’

ਜੰਗਲਾਂ ਵਿੱਚੋਂ ਨਿਕਲ ਕੇ ਮਨੁੱਖ ਨੇ ਜਦੋਂ ਆਲੇ-ਦੁਆਲੇ ਵਿਚਰਨਾ ਸ਼ੁਰੂ ਕੀਤਾ ਤਾਂ ਮਨੁੱਖੀ ਮੇਲ-ਮਿਲਾਪ ਦਾ ਦਾਇਰਾ ਵਧਿਆ। ਵੱਖ-ਵੱਖ ਸਮਾਜਾਂ ਵਿਚ ਬੱਝਣ ਤੋਂ ਬਾਅਦ ਹੀ ਸ਼ਾਇਦ ਮਨੁੱਖ ਨੂੰ ਸੱਭਿਅਕ ਅਤੇ ਸਮਾਜਿਕ ਪ੍ਰਾਣੀ ਦਾ ਦਰਜਾ ਮਿਲਿਆ। ਹੌਲੀ-ਹੌਲੀ ਮਨੁੱਖ ਰਿਸ਼ਤਿਆਂ ਵਿਚ ਬੱਝ ਗਿਆ। ਸਮਾਜ ਰੂਪੀ ਮਜ਼ਬੂਤ ਸੰਗਲ ਨੂੰ ਜੋੜੀ ਰੱਖਣ ਲਈ ਰਿਸ਼ਤੇ ਅਹਿਮ ਕੜੀ ਵਜੋਂ ਕੰਮ ਕਰਦੇ ਹਨ। ਮੇਲ-ਮਿਲਾਪ ਨਾਲ ਹੀ ਸਮਾਜਿਕ ਸਰਗਰਮੀਆਂ ਵਧਦੀਆਂ ਹਨ ਅਤੇ ਸੱਭਿਆਚਾਰ ਵਿਗਸਦਾ ਹੈ ਤੇ ਅੱਗੇ ਵਧਦਾ ਹੈ। ਸੱਥਾਂ ’ਚ ਬੈਠਣਾ, ਦੋਸਤਾਂ ਦਾ ਮੇਲ-ਮਿਲਾਪ, ਰਹੁ-ਰੀਤਾਂ ਅਤੇ ਤਮਾਮ ਸਰਗਰਮੀਆਂ ਸਾਡੇ ਸੱਭਿਆਚਾਰ ਦੀਆਂ ਚੂਲਾਂ ਹਨ। ਵਿਕਾਸ ਇਸ ਦੇ ਇਰਦ-ਗਿਰਦ ਹੀ ਘੁੰਮਦਾ ਹੈ।

## ਮੇਲਿਆਂ ਦੀ ਧਰਤੀ


ਭਾਰਤ ਨੂੰ ਮੇਲਿਆਂ ਦੀ ਧਰਤੀ ਵੀ ਕਹਿ ਲਿਆ ਜਾਵੇ ਤਾਂ ਵੀ ਕੋਈ ਅਤਿ ਕਥਨੀ ਨਹੀਂ। 365 ਦਿਨਾਂ ਵਿੱਚੋਂ ਕੋਈ ਅਜਿਹਾ ਦਿਨ ਨਹੀਂ ਹੋਵੇਗਾ ਜਿਸ ਦਿਨ ਕਿਧਰੇ ਕੋਈ ਮੇਲਾ ਨਾ ਲੱਗਦਾ ਹੋਵੇ।

ਪੰਜਾਬ ਵਿਚ ਗੁਰੂਆਂ, ਪੀਰਾਂ, ਫ਼ਕੀਰਾਂ, ਸਾਧੂ-ਸੰਤਾਂ ਅਤੇ ਹੋਰ ਰੱਬ ਦੇ ਭਗਤਾਂ ਦੇ ਨਾਂ ’ਤੇ ਅਨੇਕਾਂ ਮੇਲੇ ਲੱਗਦੇ ਹਨ। ਵਿਸਾਖੀ, ਦੀਵਾਲੀ, ਰੱਖੜ-ਪੁੰਨਿਆਂ, ਜਗਰਾਵਾਂ ਦੀ ਰੌਸ਼ਨੀ, ਹੋਲਾ ਮਹੱਲਾ, ਜਰਗ ਦਾ ਮੇਲਾ, ਚੋਲ਼ੇ ਦਾ ਮੇਲਾ, ਸ਼ਹੀਦੀ ਜੋੜ ਮੇਲਾ, ਛਪਾਰ ਦਾ ਮੇਲਾ, ਮੁਕਤਸਰ ਦਾ ਮਾਘੀ ਮੇਲਾ, ਲੌਂਗੋਵਾਲ ਦੀਆਂ ਤੀਆਂ, ਮਾਝੇ ਵਿਚ ਬੱਬੇ ਹਾਲੀ, ਘੋਨੇਵਾਲਾ ਅਤੇ ਮਾਕੋਵਾਲ ਦੀਆਂ ਛਿੰਝਾਂ ਬਹੁਤ ਮਸ਼ਹੂਰ ਹਨ। ਮੇਲੇ ਸਾਡੀ ਵਿਰਾਸਤ ਹਨ। ਜਿਹੜੀਆਂ ਕੌਮਾਂ ਆਪਣੀ ਵਿਰਾਸਤ ਨਹੀਂ ਸੰਭਾਲਦੀਆਂ ਉਹ ਜ਼ਿਆਦਾ ਦੇਰ ਜ਼ਿੰਦਾ ਨਹੀਂ ਰਹਿੰਦੀਆਂ।

## ਪੰਜਾਬੀਆਂ ਦੇ ਸੁਭਾਅ

ਮੇਲੇ ਮਿਲਣ ਦਾ ਸਬੱਬ ਹੁੰਦੇ ਹਨ। ਪੰਜਾਬੀਆਂ ਦੇ ਸੁਭਾਅ ਵਿਚ ਹੀ ਮਿਲਾਪ ਹੈ। ਅਖੇ, ‘ਮੇਲਾ ਮੇਲੀਆਂ ਦਾ, ਯਾਰਾਂ ਬੇਲੀਆਂ ਦਾ।’ ਮੇਲੇ ਤੋਂ ਕਈ ਸ਼ਬਦ ਪੈਦਾ ਹੋਏ ਹਨ। ਮੇਲ ਲਫ਼ਜ਼ ਵੀ ਮਿਲਣ ਤੋਂ ਬਣਿਆ ਹੈ। ਵਿਆਹ ਸ਼ਾਦੀ ਵਿਚ ਨਾਨਕਾ ਮੇਲ ਦੀ ਖ਼ਾਸ ਅਹਿਮੀਅਤ ਹੁੰਦੀ ਹੈ। ਮੇਲ ਵਿਚ ਆਈਆਂ ਔਰਤਾਂ ਨੂੰ ਮੇਲਣਾਂ ਕਿਹਾ ਜਾਂਦਾ ਹੈ। ਚਾਰ ਦਹਾਕੇ ਪਹਿਲਾਂ ਵਿਆਹ ਤੋਂ ਦੋ ਦਿਨ ਪਹਿਲਾਂ ਮੇਲ ਆਉਣਾ ਸ਼ੁਰੂ ਹੋ ਜਾਂਦਾ ਸੀ ਪਰ ਅਜੋਕੇ ਪਦਾਰਥਵਾਦੀ ਅਤੇ ਵਪਾਰਕ ਬਿਰਤੀਆਂ ਵਾਲੇ ਯੁੱਗ ਵਿਚ ਸਾਡੇ ਸੱਭਿਆਚਾਰ ਦਾ ਰੰਗ ਵੀ ਫਿੱਕਾ ਪੈ ਗਿਆ ਹੈ। ਹੁਣ ਤਾਂ ਪੈਲਸਾਂ ਵਿਚ ਕੁਝ ਘੰਟਿਆਂ ਦਾ ਹੀ ਮੇਲ ਹੁੰਦਾ ਹੈ। ਜਗ ਜਿਉਂਦਿਆਂ ਦੇ ਮੇਲੇ ਤਾਂ ਹੁੰਦੇ ਹੀ ਨੇ ਪਰ ਅਸਲ ਮੇਲੇ ਮਿਲਦਿਆਂ ਦੇ ਹੁੰਦੇ ਹਨ।

**ਤੈਨੂੰ ਭਾਲਦਿਆਂ ਥੱਕ ਗਈਆਂ ਅੱਖੀਆਂ ਵੇ ਮੇਲਾ ਮੈਨੂੰ ਦੱਖ ਨਾ ਦੇਵੇ।’*
**ਕਿਤੇ ਮੇਲੇ ’ਚ ਨਜ਼ਰ ਨਾ ਆਇਆ ਵੇ ਸਾਰਾ ਮੇਲਾ ਛਾਣ ਮਾਰਿਆ।*
**ਮੇਲੇ ਮੁਕਸਰ ਦੇ ਚੱਲ ਚੱਲੀਏ ਨਣਦ ਦਿਆ ਵੀਰਾ।*
**ਚੱਲ ਚੱਲੀਏ ਜਰਗ ਦੇ ਮੇਲੇ ਨੀ ਮੁੰਡਾ ਤੇਰਾ ਮੈਂ ਚੱਕ ਲਊਂ।*





### ਬਾਪੂ ਦੀ ਭਾਲ

ਛੋਟੇ ਹੁੰਦਿਆਂ ਆਪਣੇ ਪਿੰਡ ਦਾ ਮੇਲਾ ਤੇ ਕਈ ਹੋਰ ਮੇਲੇ ਬਾਪੂ ਦੇ ਮੋਢਿਆਂ ’ਤੇ ਚੜ੍ਹ ਕੇ ਵੇਖੇ ਸਨ। ਅੱਜ ਪੂਰੇ ਪੰਜਾਹ ਸਾਲਾਂ ਬਾਅਦ ਰੁਪਈਏ ਤੋਂ ਦੋ ਹਜ਼ਾਰ ਤਕ ਦੇ ਨੋਟ ਜੇਬ ਵਿਚ ਪਾਈ ਨਵੀਂ ਕਾਰ ਦੇ ਲਾਗੇ ਖਲੋਤਾ ਹਾਂ। ਇਸ ਵੇਲੇ ਬਾਪੂ ਬਣਿਆ ਆਪਣੇ-ਆਪ ਨੂੰ ਬਾਲ ਤਸੱਵਰ ਕਰਦਾ ਆਪਣੇ ਪਿੰਡ ਦੇ ਮੇਲੇ ’ਚੋਂ ਬਾਪੂ ਨੂੰ ਭਾਲ ਰਿਹਾ ਹਾਂ ਪਰ ਬਾਪੂ ਦਿੱਸ ਨਹੀਂ ਰਿਹਾ, ਕਿਹਦੇ ਮੋਢਿਆਂ ’ਤੇ ਚੜ੍ਹ ਕੇ ਮੇਲਾ ਵੇਖਿਆ ਜਾਵੇ! ਕਾਰ ਮਾਲਕ ਹੋਣ ਦੀ ਕੋਈ ਖ਼ੁਸ਼ੀ ਨਹੀਂ ਹੈ ਕਿਉਂਕਿ ਕੋਈ ਹਾਣੀ ਨਜ਼ਰ ਨਹੀਂ ਆ ਰਿਹਾ। ਜੋ ਕਹਿ ਸਕੇ, ‘ਉਏ ਧਰਮਿਆਂ ਤੂੰ ਗੱਡੀ ਲੈ ਲਈ ?

## ਲੋਕ ਸਾਹਿਤ ਦਾ ਹਿੱਸਾ

ਮੇਲਿਆਂ ਦੇ ਸਬੰਧ ਵਿਚ ਅਜਿਹੇ ਅਨੇਕਾਂ ਹੀ ਲੋਕ ਗੀਤਾਂ ਦੇ ਮੁੱਖੜੇ ਅਤੇ ਬੋਲੀਆਂ ਸਾਡੇ ਲੋਕ ਸਾਹਿਤ ਦਾ ਹਿੱਸਾ ਹਨ। ਜੋ ਮਿਲਣ ਲਈ ਤੜਪਦੀਆਂ ਰੂਹਾਂ ਦੇ ਦਿਲਾਂ ਦੀ ਤਰਜਮਾਨੀ ਕਰਦੀਆਂ ਹਨ। ਪੰਜਾਬ ਵਿਚ ਮੱਸਿਆ ਤਾਂ ਹਰ ਮਹੀਨੇ ਕਈ ਜਗ੍ਹਾ ਲੱਗਦੀ ਹੈ। ਅਵਿੱਦਤ ਮਨ ਧਾਰਮਿਕ ਥਾਂ ’ਤੇ ਸੁੱਖਣਾ ਸੁੱਖ ਕੇ ਮਨ ਦੀ ਮੁਰਾਦ ਪੂਰੀ ਕਰਨਾ ਲੋਚਦਾ ਹੈ। ਹਰ ਮੱਸਿਆ ਜਾਣ ਵਾਲੀ ਨੂੰ ਕੋਈ ਮਸਖਰਾ ਇੰਜ ਕਾਨੀ ਵੀ ਕੱਸਦਾ ਹੈ :

ਸੁੱਖ ਲਈਆਂ ਪੰਜ ਮੱਸਿਆ
ਪਹਿਲੀ ਮੱਸਿਆ ਕੰਨਾਂ ਨੂੰ ਹੱਥ ਲਾਵੇ।

ਮੱਧ ਵਰਗੀ ਕਿਸਾਨ ਆਪਣੀ ਔਰਤ ਨੂੰ ਮੱਸਿਆ ਜਾਣ ਦੀ ਤਿਆਰੀ ਖਿੱਚਦੀ ਵੇਖ, ਖੇਤੀ ਦੇ ਕੰਮ ਨੂੰ ਪਹਿਲ ਦਿੰਦਾ ਇਸ ਬੋਲੀ ਰਾਹੀਂ ਰੋਕਦਾ, ਇੰਜ ਆਖਦਾ ਹੈ,

ਤੈਨੂੰ ਮੱਸਿਆ ਜਾਣ ਦੀ ਪੈ ਗਈ
ਇੱਥੇ ਮੇਰਾ ਚੱਲੇ ਵੇਲਣਾ ਭਾਣੋ
ਹੋ ਕੇ ਤਿਆਰ ਵੇਖ ਲੈ ਮਾਰੂ ਜਾਣੋਂ।

### ਸਮਰੱਥਾ

ਪੰਜਾਬ ਦੇ ਹਰੇਕ ਪਿੰਡ ਵਿਚ ਕੋਈ ਨਾ ਕੋਈ ਛੋਟਾ-ਵੱਡਾ ਮੇਲਾ ਜ਼ਰੂਰ ਲੱਗਦਾ ਹੈ। ਕੋਈ ਸਮਾਂ ਸੀ, ਜਦੋਂ ਮੇਲੇ ਵਿਚ ਖ਼ਰਚਣ ਵਾਸਤੇ ਰੁਪਈਆ ਲੈਣ ਲਈ ਬਾਪੂ ਦੀਆਂ ਕਈ ਈਨਾਂ ਮੰਨਣੀਆਂ ਪੈਂਦੀਆਂ ਸਨ। ਜਿਵੇਂ ਡੰਗਰ ਚਾਰਨੇ, ਪਾਣੀ ਪਿਲਾਉਣਾ, ਪੱਠੇ ਵੱਢਣੇ, ਕੁਤਰਨੇ, ਪੜ੍ਹਨਾ ਆਦਿ। ਸ਼ਾਇਦ ਉਸ ਸਮੇਂ ਬਾਪੂ ਰੁਪਈਆ ਦੇਣ ਦੇ ਸਮਰੱਥ ਵੀ ਨਹੀਂ ਸੀ ਪਰ ਬਾਪੂ ਦੇਵੇ ਜਾਂ ਨਾ ਬਾਪੂ ਤੋਂ ਚੋਰੀ ਬੇਬੇ ਜ਼ਰੂਰ ਮੁੱਠੀ ’ਚ ਰੁਪਈਆ ਫੜਾ ਦਿੰਦੀ ਸੀ।

## ਜਵਾਨ ਹੋਣ ਦਾ ਭਰਮ

ਡੰਗਰ ਚਾਰਦਿਆਂ ਤਾਂ ਝੋਟਾ ਹੀ ਕਿਸੇ ਜਹਾਜ਼ ਤੋਂ ਘੱਟ ਨਹੀਂ ਹੁੰਦਾ ਸੀ। ਹੋ ਸਕਦੈ ਮੇਰੇ ਹਾਣੀ ਵੀ ਮੇਰੇ ਵਾਂਗ ਦਾਹੜੀਆਂ ਕਾਲੀਆਂ ਕਰ ਕੇ ਜਵਾਨ ਹੋਣ ਦਾ ਭਰਮ ਪਾਲਦੇ ਮੇਰੇ ਨੇੜਿਓਂ ਹੀ ਗੁਜ਼ਰ ਰਹੇ ਹੋਣ ਜਾਂ ਕਬੀਲਦਾਰੀਆਂ ਨਜਿੱਠਦੇ ਉਮਰੋਂ ਪਹਿਲਾਂ ਹੀ ਬੁੱਢੇ ਹੋ ਗਏ ਹੋਣ ਪਰ ਪਛਾਣਨ ਤੋਂ ਅਸਮਰਥ ਹਾਂ।

ਮੇਲੇ ਦੇ ਸ਼ੋਰ ਵਿਚ ਇਕ ਪਾਸੇ ਸੱਭਿਆਚਾਰਕ ਪ੍ਰੋਗਰਾਮ ਚੱਲ ਰਿਹਾ ਹੈ। ਗਾਇਕ ਜੋੜੀ ਗਾ ਰਹੀ ਹੈ ਲੋਕ ਨੋਟ ਵਾਰ ਰਹੇ ਹਨ। ਰੁਪਈਏ ਨਹੀਂ, ਵੱਖ-ਵੱਖ ਕਈ ਛੋਟੇ-ਵੱਡੇ ਨੋਟ ਉੱਡ ਰਹੇ ਹਨ। ਕੋਈ ਬਜ਼ੁਰਗ ਖਲੋਤਿਆਂ ਤੋਂ ਪੁੱਛ ਰਿਹਾ ਹੈ, ‘ਕੌਣ ਆਇਆ ਗਾਉਣ ਐਤਕੀਂ ਬੱਲਿਆ ?

‘ਹੱਛਾ, ਅਣਖ-ਉਣਖ ਤਾਂ ਮੈਨੂੰ ਦੀਂਹਦੀ ਨ੍ਹੀਂ ਇਹਦੇ ’ਚ, ਕਿਹੋ ਜਿਹੇ ਗੌਣ ਗਾਈ ਜਾਂਦਾ, ਮੇਲੇ ਆਈਆਂ ਧੀਆਂ ਭੈਣਾਂ ਦੀ ਵੀ ਭੋਰਾ ਸ਼ਰਮ ਨਈ, ਸਹੁਰੀ ਦੇ ਅਣਖੀ ਬਣੇ ਫਿਰਦੇ ਐ! ਕੁੜੀ ਸੁਹਣੀ ਲਈ ਫਿਰਦਾ ਕਾਲਾ ਜਿਹਾ।’ ਬੁੜ-ਬੁੜ ਕਰਦਾ ਬਾਬਾ ਅੱਗੇ ਤੁਰ ਜਾਂਦਾ ਹੈ।

## ਅੱਗੇ ਹੋਣ ਦੀ ਕੋਸ਼ਿਸ਼

ਮੈਂ ਗੱਡੀ ਇਕ ਪਾਸੇ ਲਾ ਕੇ ਜਿੱਧਰ ਕੁਸ਼ਤੀਆਂ ਹੋਣੀਐ ਉਧਰ ਨੂੰ ਅਹੁਲਦਾ ਹਾਂ। ਤਿੰਨ ਢੋਲੀ ਡੱਗੇ ’ਤੇ ਡੱਗਾ ਮਾਰਦੇ ਕੁਝ ਸੁਣਨ ਨਹੀਂ ਦੇ ਰਹੇ। ਪਹਿਲੇ ਮੇਲਿਆਂ ਵਰਗਾ ਇਕੱਠ ਨਹੀਂ ਹੈ। ਵਾਹਣ ਦੇ ਚਾਰ-ਚੁਫੇਰੇ ਲੋਕ ਇਕ ਦੂਜੇ ਤੋਂ ਅੱਗੇ ਹੋਣ ਦੀ ਕੋਸ਼ਿਸ਼ ਕਰ ਰਹੇ ਹਨ। ਘੁਲਣ ਆਏ ਭਲਵਾਨਾਂ ਨੇ ਬੈਠਕਾਂ ਮਾਰਨੀਆਂ ਸ਼ੁਰੂ ਕਰ ਦਿੱਤੀਆਂ ਹਨ ਪਰ ਮੈਨੂੰ ਬੱਚੋ ਮਾਕੋਵਾਲੀਆ, ਜੀਤਾ, ਸੰਹਿਸਰਾ ਅਤੇ ਫੱਤੂ ਭੀਲੀਏ ਵਰਗਾ ਦਰਸ਼ਨੀ ਜਵਾਨ ਇਨ੍ਹਾਂ ’ਚੋਂ ਕੋਈ ਵੀ ਨਜ਼ਰ ਨਹੀਂ ਆ ਰਿਹਾ। ਇਕ ਪਾਸੇ ਢਿਲਕੇ ਪਰ ਮਜ਼ਬੂਤ ਸਰੀਰ ਵਾਲਾ ਬਜ਼ੁਰਗ ਮੁੰਗਲੀਆਂ ਫੇਰਦਾ ਕੈਪਸੂਲਾਂ ਦੀ ਪਦਾਇਸ਼ ਭਲਵਾਨਾਂ ਨਾਲੋਂ ਜਵਾਨ ਲੱਗ ਰਿਹਾ ਹੈ। ਗੱਡੀ ਹੋਈ ਮਾਲੀ ਦੀ ਝੰਡੀ ਨੇੜੇ ਨਰੋਏ ਸਰੀਰ ਦਾ ਇਕ ਗੱਭਰੂ ਬੈਠਕਾਂ ਮਾਰ ਰਿਹਾ ਹੈ। ਲਾਗੋਂ ਸੁਣਨ ’ਤੇ ਪਤਾ ਲੱਗਾ ਹੈ ਕਿ ਆਪਣੇ ਪਿੰਡ ਦਾ ਈ ਐ, ਕਿਸ ਲਾਣੇ ’ਚੋਂ ਆ ਪਤਾ ਨਹੀਂ। ਇਹ ਵੀ ਸੁਣਨ ਨੂੰ ਮਿਲਿਆ ਕਿ ਪ੍ਰਬੰਧਕਾਂ ’ਚੋਂ ਪਿੰਡ ਪੱਖੀ ਮੁਹਤਬਰ ਦੀ ਕੁਸ਼ਤੀ ਕਿਸੇ ਮਾੜੇ ਪਹਿਲਵਾਨ ਨਾਲ ਪਾਉਣੀ ਚਾਹੁੰਦਾ ਹੈ ਤਾਂ ਕਿ ਮੇਜ਼ਬਾਨ ਪਿੰਡ ਦੀ ਝੰਡੀ ਬਣੀ ਰਹੇ ਪਰ ਇਕ ਪਾਸਿਓਂ ਸੱਚ ’ਤੇ ਪਹਿਰਾ ਦੇਣ ਵਾਲੇ ਪ੍ਰਬੰਧਕ ਨੇ ਬਾਹਰੋਂ ਆਏ ਕਿਸੇ ਭਲਵਾਨ ਨਾਲ ਕੁਸ਼ਤੀ ਲੜਨ ਦਾ ਐਲਾਨ ਕਰ ਦਿੱਤਾ ਹੈ। ਸਾਰੇ ਘੋਲ਼ਾਂ ਵਿਚ ਏਹੀ ਘੋਲ਼ ਲੱਗ ਰਿਹਾ ਹੈ। ਬਾਕੀ ਤਾਂ ਬਸ ਸਾਹ ਰੋਕੀ ਲੋਕ ਕੁਸ਼ਤੀ ਵੇਖਦੇ ਇਹੀ ਕਿਆਫ਼ੇ ਲਾ ਰਹੇ ਸਨ ਕਿ ਐਤਕੀਂ ਮਾਲੀ ਬਾਹਰਲੇ ਨੇ ਲੈ ਜਾਣੀ ਆ। ਏਹ ਕੀ, ਪੈਂਤੀ ਮਿੰਟ ਤਕ ਥੱਲਿਓਂ ਨਾ ਨਿਕਲ ਸਕਣ ਵਾਲਾ ਮੇਜ਼ਬਾਨ ਪਿੰਡ ਦਾ ਗੱਭਰੂ ਬਾਹਰਲੇ ਗੱਭਰੂ ਦੀਆਂ ਬਾਹਾਂ ਜਕੜ ਕੇ ਉੱਤੋਂ ਦੀ ਬਾਜ਼ੀ ਲਵਾ ਮੋਢੇ ਲਾ ਦਿੰਦਾ ਹੈ। ਢਹਿ ਗਿਆ, ਢਹਿ ਗਿਆ ਦਾ ਰੌਲਾ ਪੈ ਜਾਂਦਾ ਹੈ। ਢਾਹੁਣ ਵਾਲਾ ਇਕ ਲੱਤ ’ਤੇ ਇਕ ਬਾਂਹ ਚੁੱਕ ਕੇ ਭੰਗੜੇ ਦੇ ਅੰਦਾਜ਼ ’ਚ ਗੇੜੀ ਦਿੰਦਾ ਹੈ।

## ਭੁਲੇਖਾ ਪੈਣਾ

ਚਾਚੇ ਦੇ ਪੁੱਤ ਭਰਾ ਦੇ ਘਰ ਪੰਹੁਚਦਾ ਹਾਂ। ਘਰ ’ਚ ਮੇਲਾ ਵੇਖਣ ਆਏ ਰਿਸ਼ਤੇਦਾਰਾਂ ਦਾ ਵਿਆਹ ਵਿਚ ਆਏ ਮੇਲ ਵਾਂਗ ਭੁਲੇਖਾ ਪੈਂਦਾ ਹੈ। ‘ਓ ਆ ਭਾਊ, ਤੂੰ ਤਾਂ ਸ਼ਹਿਰੀਆ ਬਣ ਕੇ ਮਿਲਣੋ-ਗਿਲਣੋ ਈ ਗਿਆ।’ ਚਾਚੇ ਦਾ ਪੁੱਤ ਬਾਹਾਂ ’ਚ ਘੁੱਟਦਿਆਂ ਆਖਦਾ ਹੈ। ਕਈ ਹਾਣੀ ਰਿਸ਼ਤੇਦਾਰ ਬੱਗੇ ਹੋਏ ਪਛਾਣੇ ਨਹੀਂ ਗਏ, ਇਵੇਂ ਹੀ ਉਹ ਵੀ ਨਹੀਂ ਪਛਾਣ ਸਕੇ। ਗਈ ਰਾਤ ਤਕ ਖ਼ੂਬ ਯਾਦਾਂ ਤਾਜ਼ੀਆਂ ਹੋਈਆਂ ਹਨ। ਰਿਸ਼ਤੇਦਾਰਾਂ ਨਾ ਮਿਲਣ ਦੇ ਗਿਲੇ ਵੀ ਕੀਤੇ ਹਨ। ਮਹਿਸੂਸ ਹੋਇਆ ਕਿ ਰਿਸ਼ਤੇਦਾਰੀਆਂ ਤੇ ਮੇਲੇ ਮਿਲਦਿਆਂ ਦੇ ਹੀ ਹੁੰਦੇ ਹਨ। ਖਲੋਤੇ ਤਾਂ ਪਾਣੀ ਵੀ ਬੋਅ ਮਾਰ ਜਾਂਦੇ ਹਨ। ਰਿਸ਼ਤਿਆਂ ’ਚ ਆਈ ਖੜੋਤ ਵੀ ਸਾਡੇ ਅਮੀਰ ਸੱਭਿਆਚਾਰ ਨੂੰ ਢਾਹ ਲਾਉਂਦੀ ਹੈ। ਕਿਸੇ ਠੀਕ ਕਿਹਾ ਹੈ, ‘ਪਾਣੀ ਵਗਦਿਆਂ ਦੇ ਤੇ ਰਿਸ਼ਤੇ ਮਿਲਦਿਆਂ ਦੇ।’ ਆਓ, ਮੇਲ ਮਿਲਾਪ ਦਾ ਦਾਇਰਾ ਵਧਾਅ ਕੇ ਆਪਣੀ ਅਮੀਰ ਵਿਰਾਸਤ ਨੂੰ ਸੰਭਾਲੀਏ ਤਾਂ ਜੋ ਸਾਡੀਆਂ ਗੁਆਚ ਰਹੀਆਂ ਕਦਰਾਂ ਕੀਮਤਾਂ ਜ਼ਿੰਦਾ ਰਹਿ ਸਕਣ। •

94656-56214

ਕੌਮੀ ਪਤ੍ਰਿਕਾ

# ਅਸੀਂ ਕਿਉਂ ਨਹੀਂ ਸਿੱਖਦੇ ਵਕਤ ਨਾਲ ਚੱਲਣਾ

ਮਲਕੀਤ ਸਿੰਘ

ਬਜ਼ੁਰਗਾਂ ਦੀ ਟਾਹਣੀ 'ਚ ਬੈਠੇ ਅਕਸਰ ਇਹ ਗੱਲ ਸੁਣਨ ਨੂੰ ਮਿਲ ਜਾਂਦੀ ਹੈ ਕਿ ਲੋਕਾਂ 'ਚ ਪਹਿਲਾਂ ਜਿਹਾ ਪਿਆਰ ਨਹੀਂ ਰਿਹਾ। ਲੋਕ ਮਤਲਬ ਤਕ ਸੀਮਿਤ ਹੋ ਚੁੱਕੇ ਹਨ ਕੋਈ ਕਿਸੇ ਦਾ ਦੁੱਖ ਵਢਾਉਣਾ ਤਾਂ ਦੂਰ ਦੱਸਣ 'ਤੇ ਵੀ ਸੁਣਨਾ ਨਹੀਂ ਚਾਹੁੰਦੇ। ਸਮੇਂ ਦੀ ਭੱਜ ਦੌੜ 'ਚ ਮਨੁੱਖ ਆਪਣਿਆਂ ਤੋਂ ਵੀ ਬਹੁਤ ਦੂਰ ਹੋ ਚੁੱਕਾ ਹੈ। ਸਵੇਰੇ ਦੀ ਸ਼ੁਰੂਆਤ ਸੂਰਜ ਚੜ੍ਹਨ ਤੋਂ ਬਾਅਦ ਹੁੰਦੀ ਹੈ। ਜਾਗ ਲਿਆਉਣ ਲਈ ਸਮਾਂ ਨਿਸਚਿਤ ਕਰ ਕੇ ਅਲਾਰਮ ਲਗਾ ਲਏ ਜਾਂਦੇ ਹਨ। ਸੈਰ ਸਪਾਟਾ ਡਾਕਟਰ ਵੱਲੋਂ ਦਿੱਤੀ ਗਈ ਸਜ਼ਾ ਜਾਂ ਦਵਾਈ ਸਮਝੀ ਜਾ ਰਹੀ ਹੈ। ਦਿਨ ਦਾ ਬਹੁਤਾ ਸਮਾਂ ਮੋਬਾਈਲ ਲੈਪਟਾਪ 'ਤੇ ਗੁਜਰਦਾ ਵਿਖਾਈ ਦਿੰਦਾ। ਵਕਤ 'ਚ ਕੋਈ ਤਬਦੀਲੀ ਨਹੀਂ ਮਤਲਬ ਕੋਈ ਵਾਧ ਘਾਟ ਨਹੀਂ ਸਗੋਂ ਮਨੁੱਖ 'ਚ ਭਾਰੀ ਤਬਦੀਲੀ ਆ ਚੁੱਕੀ ਹੈ ਜਿੱਥੇ ਜਿੱਥੇ ਤਕਨੀਕ ਯੁੱਗ ਦਾ ਸਹਿਯੋਗ ਮਿਲ ਰਿਹਾ ਹਰ ਇਨਸਾਨ ਮੂੰਹੋਂ ਸੁਣਨ ਨੂੰ ਇਹੋ ਮਿਲਦਾ ਹੈ ਕਿ ਵਕਤ ਨਹੀਂ। ਫ਼ਰਕ ਸਿਰਫ਼ ਤੇ ਸਿਰਫ਼ ਇਹੀ ਰਹਿ ਗਿਆ ਹੈ ਕਿ ਅਸੀਂ ਵਕਤ ਨਾਲ ਨਹੀਂ ਚਲਦੇ।



ਸਮੇਂ ਨਾਲ ਨਾ ਕੀਤੇ ਕੰਮ, ਕਦੇ ਪੂਰੇ ਨਹੀਂ ਹੁੰਦੇ ਸਗੋਂ ਸਾਨੂੰ ਜ਼ਿੰਦਗੀ 'ਚ ਪਿੱਛੇ ਜ਼ਰੂਰ ਧਕੇਲ ਦਿੰਦੇ ਹਨ। ਇਨ੍ਹਾਂ ਕੰਮਾਂ ਨੂੰ ਪੂਰਾ ਕਰਨ ਲਈ ਦਿਨ ਰਾਤ ਕਰ ਦਿੰਦੇ ਹਾਂ।

ਇਨ੍ਹਾਂ ਕੰਮਾਂ ਦੀ ਦੇਰੀ ਕਾਰਨ ਅਸੀਂ ਕਰੀਬੀ ਰਿਸ਼ਤੇਦਾਰ ਜਾਂ ਸਾਥੀਆ ਨੂੰ ਦੂਰ ਕਰ ਬੈਠਦੇ ਹਾਂ। ਮਤਲਬ ਕਿ ਉਨ੍ਹਾਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਕਰ ਪਾਉਂਦੇ। ਆਮ ਸੁਣਨ ਨੂੰ ਮਿਲਦਾ ਹੈ ਕਿ ਉਹ ਕਦੇ ਜ਼ਬਾਨ 'ਤੇ ਖਰਾ ਨਹੀਂ ਉਤਰਦਾ ਜਾ ਉਤਰਦੀ। ਅਸਲ ਅਸੀਂ ਆਪਣੀ ਜ਼ਿੰਦਗੀ ਵਿਚ ਵਕਤ ਨੂੰ ਅਹਿਮੀਅਤ ਨਹੀਂ ਦੇ ਰਹੇ। ਬਹੁਤੇ ਧਰਮੀ ਕਈ ਕਈ ਘੰਟੇ ਲਾਈਨਾਂ 'ਚ ਲੱਗ ਕੇ ਵਕਤ ਖ਼ਰਾਬ ਕਰਨ ਨੂੰ ਸ਼ਰਧਾ ਦਾ ਨਾ ਦਿੰਦੇ ਹਨ। ਪਿਛਲੇ ਦਿਨੀਂ ਇਕ ਨਵਾਂ ਵਿਆਹਿਆ ਜੋੜਾ ਆਪਣੇ ਪਰਿਵਾਰ ਸਮੇਤ ਦਰਦਨਾਕ ਸੜਕ ਹਾਦਸੇ 'ਚ ਪਰਿਵਾਰ ਸਮੇਤ ਖ਼ਤਮ ਹੋ ਗਿਆ। ਅਜਿਹੀ ਦਰਦਨਾਕ ਖ਼ਬਰਾਂ ਵੀ ਚਾਹ ਦੀਆਂ ਚੁਸਕੀਆ ਸਮੇਤ ਪੜ੍ਹ ਕੇ ਖ਼ਤਮ ਹੋ ਜਾਂਦੀ ਆ ਹਨ। ਸੋਚਿਆ ਜਾਵੇ ਤਾਂ ਇਸ ਪਰਿਵਾਰ ਦੀਆਂ ਖ਼ੁਸ਼ੀਆਂ ਪਲਾਂ ਵਿਚ ਦਰਦਨਾਕ ਹਾਦਸੇ ਨੇ ਗ਼ਮਗੀਨ ਮਾਹੌਲ 'ਚ ਤਬਦੀਲ ਕਰ ਛੱਡੀਆਂ। ਗੱਲ ਤਾਂ ਇੱਥੇ ਆ ਮੁਕਦੀ ਏ ਕਿ ਜਿਸ ਤਨ ਲਾਗੇ ਸੋਈ ਜਾਣੇ, ਕੌਣ ਜਾਣੇ ਪੀੜ ਪਰਾਈ। ਕੋਈ ਕਿਸੇ ਦੇ ਦਰਦ ਨੂੰ ਨਹੀਂ ਜਾਣਦਾ, ਦਰਦ 'ਚ ਸ਼ਾਮਲ ਹੋਣਾ ਮਜਬੂਰੀ ਸਮਝੀ ਜਾਣ ਲੱਗ ਪਈ ਹੈ। •

98762-12222

## ਕਵਿਤਾਵਾਂ

### ਨਫ਼ਰਤ ਦਾ ਰੰਗ

ਘੋਲਿਆ ਕਿਸ ਨੇ ਨਫ਼ਰਤ ਦਾ ਰੰਗ,
ਵਿਚ ਪੰਜਾਬ ਦੇ ਪਾਣੀਆਂ।
ਰਲ ਮਿਲ ਕੇ ਹੁਣ ਖੇਡਣ ਨਾ ਹੀ,
ਹਾਣੀ ਸੰਗ ਹਾਣੀਆਂ।

ਲਹੂ ਦੇ ਰਿਸ਼ਤੇ ਟੁੱਟਦੇ ਲੱਗਦੇ,
ਜਿਉਂ ਟੁੱਟਦੇ ਪੱਤੇ ਟਾਹਣੀਆਂ।
ਪੁੱਤ ਜਿਨ੍ਹਾਂ ਦੇ ਮੁੜ ਨਾ ਪਰਤੇ,
ਰੋਵਣ ਮਾਵਾਂ ਮਰ ਜਾਣੀਆਂ।

ਚਾਲਾਂ ਚਲਦੇ ਸੱਤਾਧਾਰੀ,
ਪਾੜਨ ਮਿੱਤਰਾਂ ਦੀਆਂ ਢਾਣੀਆਂ।
ਮੁੱਦਿਆ ਵਿੱਚੋਂ ਮੁੱਦੇ ਲੱਭਦੇ,
ਫਿਰ ਪਾਉਂਦੇ ਫਿਰਨ ਕਹਾਣੀਆਂ।

ਅੰਗਿਆਰ ਪਏ ਹਰ ਪਾਸੇ ਵਰ੍ਹਦੇ,
ਧਰਮਾਂ ਦੇ ਨਾਂ 'ਤੇ ਦੰਗੇ ਕਰਦੇ।
ਪਾਉਂਦੇ ਬਲਦੀ 'ਤੇ ਤੇਲ ਜਦ ਉਹ,
ਉਲਝਾਉਂਦੇ ਹੋਰ ਵੀ ਤਾਣੀਆਂ।

• ਮਨਿੰਦਰ ਕੌਰ 'ਬਸੀ'
98784-38722

### ਸੜਕਾਂ ਵਿਚ ਟੋਏ

ਸੜਕਾਂ ਵਿਚ ਟੋਏ ਪੈ ਗਏ ਨੇ।
ਕਈ ਜਾਨਾਂ ਲੈ ਕੇ ਬਹਿ ਗਏ ਨੇ।

ਆਈਆਂ ਸਰਕਾਰਾਂ, ਮੰਗੀਆਂ ਵੋਟਾਂ
ਕਰਾਂਗੇ ਹੀਲਾ, ਵਾਅਦਾ ਕਰਦੇ ਆਂ
ਬਸ, ਇੰਨਾ ਹੀ ਕਹਿ ਗਏ ਨੇ
ਸੜਕਾਂ ਵਿਚ ਟੋਏ ਪੈ ਗਏ ਨੇ।

ਮਿਲ ਗਈਆਂ ਵੋਟਾਂ
ਬਣ ਗਈਆਂ ਸਰਕਾਰਾਂ
ਹੁਣ ਨਾ ਕੋਈ ਲੈਂਦਾ ਸਾਰਾਂ
ਸੜਕਾਂ ਦੀਆਂ ਸਾਰਾਂ
ਜਨਤਾਂ ਦੀਆਂ ਸਾਰਾਂ
ਜਦ ਨਿਕਲਿਆ ਮਤਲਬ
ਦੇਖ ਪਾਸਾ ਵੱਟ
ਕੌਣ ਹੋ ਤੁਸੀਂ ?
ਇਹ ਕਹਿ ਗਏ ਨੇ
ਸੜਕਾਂ ਵਿੱਚ ਟੋਏ ਪੈ ਗਏ ਨੇ।

ਭੋਲੀ ਜਨਤਾ ਨਾ ਹੱਕ ਜਾਣਦੀ
ਪੰਜ ਸਾਲ ਵੋਟਾਂ ਦੀ ਸਜਾ ਮਾਣਦੀ
ਨਾ ਕਰੇ ਸਰਕਾਰਾਂ ਕੰਮ ਤਾਂ ਲਾਹੋ ਥੱਲੇ
ਕੋਈ ਇਹੋ-ਜਿਹਾ ਵੀ ਕਾਨੂੰਨ ਚੱਲੇ
'ਅਮਰ' ਇਹੋ ਜਿਹੇ ਕਾਨੂੰਨ ਵੀ
ਦੇਸ਼ 'ਚ ਹੈਗੇ ਨੇ
ਸੜਕਾਂ ਵਿਚ ਟੋਏ ਪੈ ਗਏ ਨੇ
ਕਈ ਜਾਨਾਂ ਲੈ ਕੇ ਬਹਿ ਗਏ ਨੇ।

• ਅਮਰਜੀਤ ਕੌਰ 'ਲਾਲਪੁਰ'
89680-39646

### ਮਾਂ ਦੀ ਲੋਰੀ

ਮਾਂ ਦਾ ਆਂਚਲ ਬਣ ਛਾਂ
ਦਿੰਦਾ, ਰੁੱਖਾਂ ਦਾ ਪਰਛਾਵਾਂ।
ਗੋਦੀ ਪਾ ਕੇ ਸੁੱਖ ਦਿੰਦੀਆਂ,
ਜਿਉਂ ਬੱਚਿਆਂ ਨੂੰ ਮਾਵਾਂ।

ਥੱਕਿਆ-ਟੁੱਟਿਆ
ਰਾਹੀ ਆਵੇ,
ਠੰਡਾ ਝੌਂਕਾ ਹਵਾ ਦਾ ਪਾਵੇ,
ਵਿਛਾ ਕੇ ਚਾਦਰ
ਰੁੱਖ ਦੇ ਥੱਲੇ,
ਗੂੜੀ ਨੀਂਦਰ ਉਹ ਸੌਂ ਜਾਵੇ,
ਮਾਂ ਲੋਰੀ ਵਾਂਗ
ਨੀਂਦਰ ਦੇਵਣ,
ਚੱਲਦੀਆਂ ਜਦ ਹਵਾਵਾਂ।

ਰੁੱਖਾਂ ਨਾਲ ਹੀ ਜੀਵਨ ਚੱਲੇ,
ਬਿਨ ਇਨ੍ਹਾਂ ਤੋਂ
ਸਾਹ ਨਾ ਪੱਲੇ,
ਇਨ੍ਹਾਂ ਨੂੰ ਕੱਟ ਕੇ
ਮੌਤ ਸਹੇੜਨ,
ਅੱਜ ਦੇ ਲੋਕੀ ਹੋ ਗਏ ਝੱਲੇ,
ਰੁੱਖ ਕੱਟ ਹੋ ਕੇ
ਮੁੱਕਦੇ ਜਾਵਣ,
ਸੁੰਨੀਆਂ ਹੋ ਰਹੀਆਂ ਥਾਵਾਂ।

ਘਰਾਂ ਲਈ ਖਿੜਕੀ
ਤੇ ਦਰਵਾਜੇ,
ਅਲਗੋਜੇ ਤੇ ਬਣ ਦੇ ਬਾਜੇ,
ਬਾਲਣ ਰੂਪ 'ਚ ਵਰਤ ਰੁੱਖਾਂ ਨੂੰ,
ਖਾਣੇ ਬਣਦੇ ਤਾਜ਼ੇ-ਤਾਜ਼ੇ,
ਲੱਕੜ ਤੋਂ ਬਣੇ ਢੋਲ ਤੇ ਤੂੰਬੀ,
ਵਰਗੇ ਸਾਜ ਵਜਾਵਾਂ।

ਡਬਲਬੈੱਡ ਅਤੇ ਮੰਜਾ ਪੀੜ੍ਹਾ,
ਰੱਖ ਹੋ ਜਾਂਦਾ ਕੱਪੜਾ-ਲੀੜਾ,
ਪੂਰੀ ਜ਼ਿੰਦਗੀ
ਸਾਥ ਨਿਭਾਉਂਦਾ,
ਜਿਹਦਾ ਲੱਕੜ ਹੁੰਦਾ ਚੀੜਾ,
ਕਿਹੜੇ-ਕਿਹੜੇ
ਕੰਮ ਇਹ ਆਉਂਦੇ,
ਕੀ-ਕੀ ਹੋਰ ਸੁਣਾਵਾਂ।

ਅੰਤ ਸਮੇਂ
ਰੁੱਖ ਈ ਕੰਮ ਆਵਣ,
ਮੁਰਦੇ ਤਾਈਂ ਵੀ ਜਲਾਵਣ,
ਰੁੱਖਾਂ ਪਾਸੋਂ ਬਾਲਣ ਲੈ ਕੇ,
ਲੋਕੀ ਮੁਰਦਾ
ਲਾਸ਼ 'ਤੇ ਪਾਵਣ,
ਪਰਸ਼ੋਤਮ ਤਾਂ ਬਸ
ਇੱਕੋ ਰੱਖੇ,
ਰੱਖਦਾ ਨਹੀਂ ਦੋ ਰਾਵਾਂ।

ਪੰਛੀ ਇਨ੍ਹਾਂ 'ਤੇ
ਘਰ ਬਣਾਵਣ,
ਚੋਗਾ ਲੈ ਕੇ ਵਾਪਸ ਆਵਣ,
ਹਰੇ ਭਰੇ ਰੁੱਖ ਲੱਗਣ ਪਿਆਰੇ,
ਸਭਨਾਂ ਦੇ ਇਹ
ਮਨ ਨੂੰ ਭਾਵਣ,
ਸਰੋਏ ਰੁੱਖਾਂ ਦੇ
ਗੁਣਾਂ ਦੀ ਗੁੱਠਲੀ,
ਕੀਕਣ ਖੋਲ੍ਹ ਦਿਖਾਵਾਂ।

ਹੜ੍ਹਾਂ ਦੀ ਮਾਰੋਂ ਬਚਾਉਂਦੇ,
ਕਾਹਤੋਂ ਲੋਕੀ
ਕਦਰ ਨਾ ਪਾਉਂਦੇ,
ਰੁੱਖਾਂ ਦੇ ਸੀਨੇ
ਫੇਰ ਕੇ ਆਰੀ,
ਪੈਸੇ ਵੱਟ ਕੇ ਜ਼ਸ਼ਨ ਮਨਾਉਂਦੇ,
ਰੁੱਖ ਲਗਾਓ ਜੀਵਨ ਬਚਾਓ,
ਸਭ ਨੂੰ ਇਹ ਸਮਝਾਵਾਂ।

• ਪਰਸ਼ੋਤਮ ਲਾਲ ਸਰੋਏ
92175-44348



# ਕਦੇ ਹੁੰਦਾ ਸੀ ਅਧਿਆਪਕ ਦਾ ਉੱਚਾ ਰੁਤਬਾ

ਜਸਵਿੰਦਰ ਸਿੰਘ ਖੁੱਡੀਆਂ



**ਵਿਦਿਆਰਥੀ ਤੇ ਅਧਿਆਪਕ ਦਾ ਰਿਸ਼ਤਾ ਪਰਸਪਰ ਪਿਆਰ ਅਤੇ ਅਪਣੱਤ 'ਤੇ ਨਿਰਭਰ ਕਰਦਾ ਹੈ। ਇਹ ਰਿਸ਼ਤਾ ਬਿਨਾਂ ਕਿਸੇ ਮੁਨਾਫ਼ਾਖ਼ੋਰੀ ਦੇ ਸਿਰਫ਼ ਗਿਆਨ ਦੇ ਅਦਾਨ-ਪ੍ਰਦਾਨ ਦਾ ਹੁੰਦਾ ਹੈ...**

ਗੁਰੂ ਜਾਂ ਮੁਰਸ਼ਦ ਦਾ ਰੁਤਬਾ ਸਾਡੇ ਧਾਰਮਿਕ ਗ੍ਰੰਥਾਂ ਅਨੁਸਾਰ ਅੱਵਲ ਦਰਸਾਇਆ ਗਿਆ ਹੈ। ਗੁਰੂ ਹੀ ਹੈ ਜੋ ਰਾਹ ਦਸੇਰਾ ਹੈ। ਗੁਰੂ ਹੀ ਬੱਚੇ ਦੇ ਮਨ ਦੀ ਕੋਰੀ ਫੱਟੀ 'ਤੇ ਪੂਰਨੇ ਪਾਉਂਦਾ ਹੈ। ਗੁਰੂ ਹੀ ਕੱਚੀ ਮਿੱਟੀ ਨੂੰ ਸਾਂਚੇ ਵਿਚ ਢਾਲ਼ ਕੇ ਸ਼ਖ਼ਸੀਅਤ ਦੀ ਉਸਾਰੀ ਕਰਦਾ ਹੈ। ਸਮਾਜਿਕ ਤਬਦੀਲੀ ਹਰ ਪੱਧਰ 'ਤੇ ਵਾਪਰਦੀ ਹੈ ਤੇ ਇਹ ਹਰ ਸ਼ੈਅ ਨੂੰ ਆਪਣੇ ਕਲਾਵੇ ਵਿਚ ਲੈ ਲੈਂਦਾ ਹੈ। ਸੰਸਾਰ ਪੱਧਰ 'ਤੇ ਵਾਪਰ ਰਹੀਆਂ ਆਰਥਿਕ ਅਤੇ ਸਮਾਜਿਕ ਤਬਦੀਲੀ ਵਿਅਕਤੀਗਤ ਤਬਦੀਲੀਆਂ ਦਾ ਕਾਰਨ ਵੀ ਬਣਦੀਆਂ ਹਨ। ਕੋਈ ਸਮਾਂ ਸੀ ਜਦੋਂ ਅਧਿਆਪਕ ਦਾ ਰੁਤਬਾ ਅਤੇ ਮਾਣ ਸਤਿਕਾਰ ਸਮਾਜਿਕ ਪੱਧਰ 'ਤੇ ਸਭ ਤੋਂ ਉੱਪਰ ਹੁੰਦਾ ਸੀ। ਅਧਿਆਪਕ ਨੂੰ ਹਰ ਬੱਚੇ ਦੁਆਰਾ ਆਪਣੇ ਮਾਪਿਆਂ ਸਮਾਨ ਸਮਝਿਆ ਜਾਂਦਾ ਸੀ। ਬੱਚਿਆਂ ਦੇ ਮਾਪੇ ਵੀ ਅਧਿਆਪਕਾਂ ਦਾ ਦਿਲੋਂ ਸਤਿਕਾਰ ਕਰਦੇ ਸਨ। ਸਮਾਜ ਵਿਚ ਅਧਿਆਪਕ ਦਾ ਇਕ ਖ਼ਾਸ ਰੁਤਬਾ ਮੰਨਿਆ ਜਾਂਦਾ ਸੀ। ਅਧਿਆਪਕ ਨੂੰ ਰਾਜਨੀਤਿਕ, ਅਫ਼ਸਰਸ਼ਾਹੀ ਅਤੇ ਆਮ ਵਰਗ ਦੇ ਲੋਕਾਂ ਵੱਲੋਂ ਸਭ ਤੋਂ ਵੱਧ ਸਤਿਕਾਰਤ ਸਮਝਿਆ ਜਾਂਦਾ ਸੀ।

ਹੌਲੀ-ਹੌਲੀ ਸਮਾਜ ਵਿਚ ਖ਼ਪਤ ਸੱਭਿਆਚਾਰ ਦਾ ਬੋਲਬਾਲਾ ਹੋਣ ਨਾਲ ਸਮਾਜਿਕ ਤਾਣੇ ਬਾਣੇ ਵਿਚ ਵੀ ਇਹ ਸੱਭਿਆਚਾਰ ਉੱਤਰਨਾ ਸ਼ੁਰੂ ਹੋ ਗਿਆ। ਖ਼ਪਤ ਸੱਭਿਆਚਾਰ ਦਾ ਮੁੱਢਲਾ ਤੇ ਮੁੱਖ ਸਿਧਾਂਤ ਮੁਨਾਫ਼ਾ ਖੋਰੀ ਹੈ। ਇੱਥੇ ਸਿਰਫ਼ ਉਸ ਦਾ ਹੀ ਮੁੱਲ ਪੈਂਦਾ ਹੈ ਜਿਸ ਤੋਂ ਕੋਈ ਮੁਨਾਫ਼ਾ ਖੱਟਿਆ ਜਾ ਸਕਦਾ ਹੈ। ਬਦਲਦੇ ਸਮਾਜਿਕ ਸੰਦਰਭਾਂ ਨੇ ਕਿੱਤਿਆਂ ਪ੍ਰਤੀ ਸੋਚ ਨੂੰ ਵੀ ਬਦਲਣਾ ਸ਼ੁਰੂ ਕਰ ਦਿੱਤਾ। ਜਿਹੜੇ ਕਿੱਤੇ ਨਿਰੋਲ ਵਪਾਰਕ ਜਾਂ ਮਤਲਬਪ੍ਰਸਤੀ ਦੇ ਸਨ ਉਨ੍ਹਾਂ ਦੀ ਕਦਰ ਦਿਨੋ ਦਿਨ ਵਧਦੀ ਗਈ। ਰਾਜਨੀਤਕ, ਥਾਣਿਆਂ, ਕਚਹਿਰੀਆਂ, ਮਾਲ ਮਹਿਕਮੇ ਨਾਲ ਸਬੰਧਤ ਕਿੱਤੇ ਅਤੇ ਇਸ ਨਾਲ ਸਬੰਧਤ ਵਿਅਕਤੀਆਂ, ਚਾਹੇ ਉਹ ਹੇਠਲੇ ਦਰਜੇ ਦੇ ਕਰਮਚਾਰੀ ਹੀ ਕਿਉਂ ਨਾ ਹੋਣ, ਆਮ ਵਰਗ ਉਨ੍ਹਾਂ ਨਾਲ ਸੁਖਾਲੇ ਸਮਾਜਿਕ ਸਰੋਕਾਰ ਰੱਖਣ ਦੀ ਕੋਸ਼ਿਸ਼ ਕਰਦਾ ਹੈ। ਵਧ ਰਹੇ ਭ੍ਰਿਸ਼ਟਾਚਾਰ ਅਤੇ ਅਨੈਤਿਕਤਾ ਕਰਕੇ ਹਰ ਕੋਈ ਚਾਹੁੰਦਾ ਹੈ ਕਿ ਉਸ ਦੀ ਪਹੁੰਚ ਸਰਕਾਰੀ ਤੰਤਰ ਤੱਕ ਹੋਵੇ। ਇਸ ਪਹੁੰਚ ਲਈ ਚੋਰ ਮੋਰੀ ਦਾ ਕੰਮ ਇਨ੍ਹਾਂ ਉਪਰੋਕਤ ਲਿਹਾਜ਼ ਰਾਹੀਂ ਲਿਆ ਜਾਂਦਾ ਹੈ।

ਇਸ ਦੇ ਉਲਟ ਅਧਿਆਪਕ ਅਤੇ ਵਿਦਿਆਰਥੀ ਦਾ ਰਿਸ਼ਤਾ ਨਿਰੋਲ ਭਾਵਨਾਤਮਕ ਹੈ ਅਤੇ ਮਹਿਜ਼ ਆਪਸੀ ਪਰਸਪਰ ਪਿਆਰ ਅਤੇ ਅਪਣੱਤ ਉੱਤੇ ਹੀ ਨਿਰਭਰ ਕਰਦਾ ਹੈ। ਇਹ ਰਿਸ਼ਤਾ ਬਿਨਾਂ ਕਿਸੇ ਮਤਲਬਪ੍ਰਸਤੀ ਜਾਂ ਮੁਨਾਫ਼ਾਖ਼ੋਰੀ ਦੇ ਸਿਰਫ਼ ਗਿਆਨ ਦੇ ਅਦਾਨ ਪ੍ਰਦਾਨ ਦਾ ਹੀ ਰਿਸ਼ਤਾ ਹੈ। ਖ਼ਪਤ ਸੱਭਿਆਚਾਰ ਨੇ ਸਮਾਜਿਕ ਸਮਝ ਨੂੰ ਇਸ ਕਦਰ ਪ੍ਰਭਾਵਿਤ ਕੀਤਾ ਹੈ ਕਿ ਵਿਅਕਤੀਗਤ ਤੌਰ 'ਤੇ ਅਸੀਂ ਸਿਰਫ਼ ਮੁਨਾਫ਼ਾਖ਼ੋਰ ਰਿਸ਼ਤੇ ਹੀ ਨਿਭਾਉਣਾ ਚਾਹੁੰਦੇ ਹਾਂ, ਭਾਵਨਾਤਮਕ ਰਿਸ਼ਤਿਆਂ ਲਈ ਥਾਂ ਦਿਨੋ ਦਿਨ ਸੁੰਗੜ ਰਿਹਾ ਹੈ।

ਅਧਿਆਪਕ ਅਤੇ ਵਿਦਿਆਰਥੀ ਦੀ ਭਾਵਨਾਤਮਕ ਸਾਂਝ ਨੂੰ ਸਭ ਤੋਂ ਵੱਡਾ ਖੋਰਾ ਪ੍ਰਾਈਵੇਟ ਅਦਾਰਿਆਂ ਦੇ ਸ਼ੁਰੂ ਹੋਣ ਤੋਂ ਬਾਅਦ ਹੋਇਆ। ਵਿਦਿਆਰਥੀ ਦਾ ਅਧਿਆਪਕ ਨਾਲ ਅਤੇ ਉਨ੍ਹਾਂ ਦੇ ਮਾਪਿਆ ਦਾ ਅਧਿਆਪਕ ਨਾਲ ਰਿਸ਼ਤਾ ਨਿਵਾਣ ਵੱਲ ਜਾ ਰਿਹਾ ਹੈ। ਜਦੋਂ ਬੱਚਿਆਂ ਦੀ ਸਕੂਲੀ ਪੜ੍ਹਾਈ ਪੂਰੀ ਹੋ ਜਾਂਦੀ ਹੈ ਤਾਂ ਮਾਪੇ ਅਤੇ ਬੱਚੇ ਉਨ੍ਹਾਂ ਦੇ ਅਧਿਆਪਕ ਨਾਲ ਨਿੱਜੀ ਸੰਪਰਕ ਵਿਚ ਬਹੁਤ ਘੱਟ ਰਹਿੰਦੇ ਹਨ ਕਿਉਂ ਜੋ ਰਿਸ਼ਤੇ ਦੀ ਤਾਸੀਰ ਭਾਵਨਾਤਮਕ ਤੋਂ ਸਿਰਫ਼ ਮਤਲਬਪ੍ਰਸਤੀ ਤਕ ਸੀਮਤ ਰਹਿ ਜਾਂਦੀ ਹੈ। ਇਸ ਦੇ ਉਲਟ ਉਹ ਵਿਅਕਤੀ ਜਿਨ੍ਹਾਂ ਦੀ ਸਰਕਾਰੇ, ਦਰਬਾਰੇ, ਥਾਣੇ, ਕਚਹਿਰੀਆਂ, ਮਾਲ ਮਹਿਕਮੇ ਆਦਿ ਤਕ ਕੋਈ ਥੋੜ੍ਹੀ ਬਹੁਤ ਵੀ ਆਉਣੀ ਜਾਣੀ ਹੋਵੇ ਉਨ੍ਹਾਂ ਨਾਲ ਆਮ ਵਰਗ ਦੇ ਲੋਕ ਰੋਜ਼ਮਰਾ ਦੇ ਕੰਮਾਂ ਤੋਂ ਬਿਨਾਂ ਵੀ ਦੁਆ ਸਲਾਮ ਕਰਨਾ ਜਾਰੀ ਰੱਖਦੇ ਹਨ। ਇਸ ਦਾ ਸਿੱਧਾ ਕਾਰਨ ਇਹੀ ਹੈ ਕਿ ਮੌਜੂਦਾ ਭ੍ਰਿਸ਼ਟਾਚਾਰ ਅਤੇ ਸਿਫ਼ਾਰਸ਼ਬਾਜ਼ੀ ਦੇ ਮਾਹੌਲ ਅੰਦਰ ਆਮ ਲੋਕਾਂ ਨੂੰ ਆਸ ਹੁੰਦੀ ਹੈ ਕਿ ਇਹ ਵਿਅਕਤੀ ਕਿਸੇ ਦਿਨ ਸਾਡੇ ਕੰਮ ਆ ਸਕਦਾ ਹੈ। ਇਸ ਤਰ੍ਹਾਂ ਦੀਆਂ ਮੌਕਾਪ੍ਰਸਤ ਸਾਂਝਾਂ ਉਸਾਰਨ ਪਿੱਛੇ ਕੰਮ ਕਰਦੀ ਮਾਨਸਿਕਤਾ ਵੀ ਮੁਨਾਫ਼ਾਖ਼ੋਰੀ ਤੇ ਕੇਂਦਰਿਤ ਹੁੰਦੀ ਹੈ। ਵਿਦਿਆਰਥੀ ਅਤੇ ਅਧਿਆਪਕ ਦੇ ਰਿਸ਼ਤੇ ਵਿਚ ਆ ਰਹੇ ਭਾਵਨਾਤਮਕ ਨਿਘਾਰ ਦਾ ਇਕ ਹੋਰ ਕਾਰਨ ਜਨਤਕ ਅਦਾਰਿਆਂ ਵਿਚ ਚੱਲ ਰਿਹਾ ਨਿੱਜੀਕਰਨ ਦਾ ਦੌਰ ਵੀ ਹੈ। ਸਕੂਲਾਂ, ਕਾਲਜਾਂ, ਯੂਨੀਵਰਸਿਟੀਆਂ ਤੱਕ ਦੇ ਅਧਿਆਪਕ ਠੇਕੇਦਾਰੀ ਸਿਸਟਮ ਦੀ ਮਾਰ ਹੰਢਾ ਰਹੇ ਹਨ। ਕਾਲਜਾਂ ਅਤੇ ਯੂਨੀਵਰਸਿਟੀਆਂ ਵਿਚ ਕਈ ਦਹਾਕਿਆਂ ਤੋਂ ਪੱਕੀ ਭਰਤੀ ਦਾ ਰਸਤਾ ਬੰਦ ਕੀਤਾ ਹੋਇਆ ਹੈ। ਸਕੂਲ ਅਧਿਆਪਕ ਅਤੇ ਇਕ ਦਿਹਾੜੀਦਾਰ ਕਾਮੇ ਦੀਆਂ ਉਜਰਤਾਂ ਵਿਚ ਕੋਈ ਬਹੁਤਾ ਫ਼ਰਕ ਨਹੀਂ ਹੈ। ਇਕ ਅਧਿਆਪਕ ਸਮਝੌਤੇ ਅਧੀਨ ਰੁਜ਼ਗਾਰ ਪ੍ਰਾਪਤ ਕਰਦਾ ਹੈ। ਇਹ ਸਿੱਧੇ ਤੌਰ 'ਤੇ ਕਿਰਤ ਦੀ ਲੁੱਟ ਹੈ। ਉੱਚ ਵਿੱਦਿਆ ਪ੍ਰਾਪਤ ਬੇਰੁਜ਼ਗਾਰਾਂ ਨੂੰ ਮਜ਼ਦੂਰਾਂ ਤੋਂ ਵੀ ਘੱਟ ਮਿਹਨਤਾਨਾ ਦੇ ਕੇ ਉਨ੍ਹਾਂ ਦਾ ਆਰਥਿਕ ਸ਼ੋਸ਼ਣ ਕੀਤਾ ਜਾਂਦਾ ਹੈ। ਇਕ ਅਧਿਆਪਕ ਜਦੋਂ ਤਕ ਆਰਥਿਕ ਮੁਸ਼ਕਿਲਾਂ ਵਿਚ ਹੀ ਘਿਰਿਆ ਰਹੇਗਾ ਉਹ ਆਪਣੀ ਪੂਰੀ ਤਨਦੇਹੀ ਨਾਲ ਆਪਣਾ ਫ਼ਰਜ਼ ਨਹੀਂ ਨਿਭਾ ਸਕੇਗਾ। ਅਜਿਹੀ ਮਾਨਸਿਕ ਸਥਿਤੀ ਦਾ ਸਿੱਧਾ ਅਸਰ ਅਧਿਆਪਕ ਵਿਦਿਆਰਥੀ ਦੇ ਪਰਸਪਰ ਰਿਸ਼ਤੇ ਉੱਪਰ ਵੀ ਪੈਂਦਾ ਹੈ। ਮੁਫ਼ਤ ਅਤੇ ਲਾਜ਼ਮੀ ਸਿੱਖਿਆ ਦੇ ਅਧਿਕਾਰ ਨੇ ਵੀ ਵਿਦਿਆਰਥੀਆਂ ਅਤੇ ਅਧਿਆਪਕਾਂ ਦਾ ਫਾਇਦੇ ਨਾਲੋਂ ਨੁਕਸਾਨ ਜ਼ਿਆਦਾ ਕੀਤਾ ਹੈ। ਇਸ ਨਾਲ ਅੱਠ ਜਮਾਤਾਂ ਪਾਸ ਕਰਨ ਵਾਲੇ ਅਨਪੜ੍ਹ ਹੀ ਪੈਦਾ ਕੀਤੇ ਹਨ। ਬੱਚਿਆਂ ਦੀ ਨਜ਼ਰ ਵਿਚ ਅਧਿਆਪਕ ਅਤੇ ਸਿੱਖਿਆ ਦਾ ਰੁਤਬਾ ਬਹੁਤ ਹੇਠਾਂ ਤਕ ਆ ਗਿਆ ਹੈ।

ਸਿੱਖਿਆ ਹੀ ਕਿਸੇ ਕੌਮ ਜਾਂ ਰਾਜ ਲਈ ਭਵਿੱਖ ਦਾ ਖ਼ਾਕਾ ਤਿਆਰ ਕਰਦੀ ਹੈ। ਪੰਜਾਬ ਅੰਦਰ ਅਧਿਆਪਕ ਆਪਣੀਆਂ ਮੰਗਾਂ ਨੂੰ ਲੈ ਕੇ ਲੰਬੇ ਸਮੇਂ ਤੋਂ ਸੰਘਰਸ਼ ਦੇ ਰਸਤੇ 'ਤੇ ਹਨ। ਸੰਵਾਦ ਲਈ ਕੋਈ ਜਗ੍ਹਾ ਨਾ ਰੱਖ ਕੇ ਸਿਰਫ਼ ਤਾਨਾਸ਼ਾਹੀ ਹੁਕਮ ਸੁਣਾਉਣ ਦਾ ਚਲਣ ਲਗਾਤਾਰ ਜਾਰੀ ਹੈ। ਬਹੁਤ ਸਾਰੇ ਅਜਿਹੇ ਵਿਭਾਗ ਜੋ ਭ੍ਰਿਸ਼ਟਾਚਾਰ ਦੀਆਂ ਸਿਖਰਾਂ ਛੂਹੰਦੇ ਹਨ, ਉਨ੍ਹਾਂ ਦੇ ਮੁਕਾਬਲਨ ਅਧਿਆਪਕ ਵਰਗ ਅੱਜ ਵੀ ਆਪਣਾ ਕੰਮ ਇਮਾਨਦਾਰੀ ਨਾਲ ਕਰਦਾ ਹੈ। ਸਿੱਖਿਆ ਦਾ ਮੁੱਖ ਘਾੜਾ ਅਧਿਆਪਕ ਹੀ ਹੈ। ਬਾਕੀ ਸਾਰਾ ਸਕੂਲੀ ਬੁਨਿਆਦੀ ਢਾਂਚਾ ਸਿਰਫ਼ ਅਧਿਆਪਕ ਦਾ ਸਹਾਇਕ ਤਾਂ ਹੋ ਸਕਦਾ ਹੈ, ਉਸ ਦਾ ਬਦਲ ਨਹੀਂ। ਜੇਕਰ ਅਧਿਆਪਕ ਮਾਨਸਿਕ, ਆਰਥਿਕ ਅਤੇ ਸਮਾਜਿਕ ਪੱਧਰ ਤੇ ਸੰਤੁਸ਼ਟ ਹੋਵੇਗਾ ਤਾਂ ਹੀ ਉਹ ਚੰਗੇ ਵਿਦਿਆਰਥੀ ਪੈਦਾ ਕਰ ਸਕਦਾ ਹੈ। ਮੌਜੂਦਾ ਰਾਜਨੀਤਿਕ, ਪ੍ਰਸ਼ਾਸ਼ਨਿਕ ਅਤੇ ਨਾਗਰਿਕ ਪੱਧਰ 'ਤੇ ਸਾਂਝੇ ਯਤਨ ਕਰਦਿਆਂ ਅਧਿਆਪਕ ਦੀ ਮਾਨਸਿਕ ਅਤੇ ਆਰਥਿਕ ਸੰਤੁਸ਼ਟੀ ਨੂੰ ਧਿਆਨ ਵਿਚ ਰੱਖਦਿਆਂ ਉਸ ਦਾ ਸਮਾਜਿਕ ਰੁਤਬਾ ਉੱਚਾ ਚੁੱਕਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਇਕ ਪ੍ਰਸੰਨ ਅਤੇ ਸੰਤੁਸ਼ਟ ਅਧਿਆਪਕ ਹੀ ਪਿੰਡ , ਸੂਬੇ ਅਤੇ ਦੇਸ਼ ਨੂੰ ਵਿਕਾਸ ਦੇ ਰਸਤੇ ਦਾ ਪਾਂਧੀ ਬਣਾ ਸਕਦਾ ਹੈ। •

95016-91300

## ਕਹਾਣੀ

# ਜੋਗੀ ਜੋਗ ਕਮਾ ਗਿਆ

ਪ੍ਰਦੀਪ ਥਿੰਦ

'ਕਿਉਂ ਆਉਂਦੀ ਏ ਹਰ ਰੋਜ਼, ਪਤਾ ਉਹ ਮਕਾਨ ਛੱਡ ਕੇ ਕਦੋਂ ਦਾ ਤੁਰ ਗਿਆ!' ਜੋਤ ਨੂੰ ਇਸ ਸਵਾਲ ਦਾ ਜਵਾਬ ਰੋਜ਼ ਦੇਣਾ ਪੈਂਦਾ। 'ਬਸ ਯਕੀਨ ਜਿਹਾ ਨਹੀਂ ਹੁੰਦਾ, ਉਸ ਦੇ ਯਕੀਨ 'ਤੇ ਹੀ ਇੰਨਾ ਯਕੀਨ ਹੋ ਗਿਆ ਕਿ ਉਹ ਮੈਨੂੰ ਛੱਡ ਕੇ ਜਾ ਹੀ ਨਹੀਂ ਸਕਦਾ। ਉਸ ਦੇ ਵਾਅਦਿਆਂ ਵਿਚ ਉਸ ਦੇ ਦਾਅਵਿਆਂ ਵਿਚ ਸਿਰਫ਼ ਤੇ ਸਿਰਫ਼ ਪਿਆਰ ਸੀ, ਤੜਫ਼ ਸੀ ਧੋਖਾ ਤਾਂ ਦੂਰ-ਦੂਰ ਤਕ ਨਹੀਂ ਸੀ। ਉਹ ਮੇਰੇ ਗਲ਼ ਲੱਗ ਕਿੰਨੀ ਵਾਰ ਬੱਚਿਆਂ ਵਾਂਗੂ ਰੋਇਆ ਸੀ। ਸ਼ਿਕਾਇਤਾਂ ਕਰਦਾ ਕਦੀ ਰੱਬ ਨੂੰ ਕਦੀ ਦੋਸਤਾਂ ਦੀਆਂ ਕਦੀ ਆਪਣੇ ਦੁੱਖਾਂ ਦੀਆਂ। ਉਸ ਦੇ ਰੋਣ ਵਿਚ ਕੋਈ ਮਿਲਾਵਟ ਨਹੀਂ ਸੀ। ਭਟਕ ਗਿਆ ਹੋਵੇਗਾ, ਰਾਹ ਭੁੱਲ ਗਿਆ ਹੋਵੇਗਾ ਕਿਸੇ ਦੋਸਤ ਕੋਲ ਰਹਿਣ ਲੱਗ ਪਿਆ ਹੋਵੇਗਾ। ਸ਼ਬਦਾਂ ਦਾ ਜਾਦੂਗਰ ਏ ਕੋਈ ਮਿਲ ਗਈ ਹੋਵੇਗੀ। ਹੁਸਨ ਦੀ ਜਾਦੂਗਰਨੀ। ਮੈਂ ਇਹ ਸਭ ਕਿੱਥੇ ਜਾਣਦੀ ਹਾਂ, ਮੈਂ ਤੇ ਉਸ ਨੂੰ ਜਾਂ ਖ਼ੁਦ ਨੂੰ ਜਾਣਦੀ ਸੀ ਤੇ ਉਸ ਨੂੰ ਜਾਣਦੀ-ਜਾਣਦੀ ਖ਼ੁਦ ਨੂੰ ਹੀ ਭੁੱਲ ਗਈ। ਆ ਜਾਵੇਗਾ ਯਕੀਨ ਏ ਮੈਨੂੰ। ਲਾਪਰਵਾਹ ਹੈ, ਬੇਪਰਵਾਹ ਨਹੀਂ।'

ਇੰਨਾ ਕਹਿ ਕੇ ਉਹ ਤੁਰ ਜਾਂਦੀ।

ਆਂਡ ਗੁਆਂਢ ਰਿਸ਼ਤੇਦਾਰ ਸਭ ਉਸ ਨੂੰ ਸਮਝਾ-ਸਮਝਾ ਹਾਰ ਗਏ ਪਰ ਉਹ ਤਾਂ ਸਮਝਾਂ ਤੋਂ ਕਿੱਧਰੇ ਦੂਰ ਜਾ ਰਹੀ ਸੀ ਉਸ ਦੀ ਭਾਲ ਵਿਚ, ਸਮਝਾਂ ਤੇ ਉਸ ਨੂੰ ਪੈਰੀਂ ਬੇੜੀਆਂ ਲੱਗ ਰਹੀਆਂ ਸਨ। ਹੁਣ ਤੇ ਹਾਰ ਸ਼ਿੰਗਾਰ ਵੀ ਸਮੇਂ ਦੀ ਬਰਬਾਦੀ ਜਾਪਦਾ ਸੀ, ਓਹੀ ਸਮਾਂ ਉਹ ਉਸ ਦੀ ਭਾਲ ਵਿਚ ਵਰਤਣ ਲੱਗੀ। ਹੁਣ ਦਰਵਾਜ਼ੇ ਤੇ ਦਸਤਕ ਦਿਨ ਵਿਚ ਦੋ ਵਾਰ, ਤਿੰਨ ਵਾਰ ਜਾਂ ਬੇਵਕਤ ਦੇਣ ਲੱਗ ਪਈ। ਐਨਕਾਂ ਵਾਲੇ ਡਾਕਟਰ ਨੇ ਉਸ ਨੂੰ ਪਾਗ਼ਲ ਕਰਾਰ ਦੇ ਦਿੱਤਾ। ਘਰਦਿਆਂ ਦੀ ਜਵਾਨ ਧੀਅ ਜਿਸ ਦੇ ਵਿਆਹ ਦੀ ਖ਼ੁਸ਼ੀ ਹੰਢਾਉਣੀ ਸੀ ਉਸ ਨੂੰ ਦਿਮਾਗ਼ੀ ਹਸਪਤਾਲਾਂ ਵਿਚ ਲੈ ਕੇ ਘੁੰਮਣ ਲੱਗੇ। ਕਿਸੇ ਸਿਆਣੇ ਨੇ ਦੱਸ ਪਾਈ ਕਿ ਉਸ ਕਮਰੇ ਵਿਚ ਆਤਮਾ ਹੈ ਉਸ ਲੜਕੇ ਦੀ ਛੇ ਮਹੀਨੇ ਦੀਪ ਬਾਲੋ ਤੇ ਉਸ ਨੂੰ ਉਸ ਕਮਰੇ ਵਿਚ ਹੀ ਕਿਸੇ ਬਜ਼ੁਰਗ ਔਰਤ ਦੀ ਦੇਖ ਰੇਖ ਵਿਚ ਸੌਣ ਦਿਉ। ਮਾਪਿਆਂ ਨੇ ਮਨ ਲਈ ਗੱਲ।



ਛੇ ਮਹੀਨੇ ਸਾਲਾਂ ਵਿਚ ਬਦਲ ਗਏ ਤੇ ਜੋਤ ਬਜ਼ੁਰਗ ਔਰਤ ਬਣ ਗਈ, ਦੀਪ ਹਮੇਸ਼ਾਂ ਬਲ਼ਦਾ ਰਿਹਾ। ਮਾਂ ਬਾਪ ਨੇ ਹਿੰਮਤ ਕਦੋਂ ਦੀ ਹਾਰ 'ਤੀ ਸੀ, ਸਭ ਰੱਬ ਤੇ ਛੱਡ ਕੇ ਤੁਰ ਗਏ, ਉਮਰ ਭੋਗ ਕੇ। ਪਿੱਛੋਂ ਕਿਸੇ ਸਾਰ ਨਾ ਲਈ। ਹਾਂ ਕੋਈ ਰੋਟੀ, ਕੋਈ ਕੱਪੜੇ ਕੋਈ ਹੋਰ ਜਿਊਣ ਲਈ ਜ਼ਰੂਰੀ ਚੀਜ਼ਾਂ ਉਸ ਨੂੰ ਦਿਆਲੂ ਲੋਕ ਦੇ ਜਾਂਦੇ ਸੀ। ਅਜਿਹੇ ਲੋਕ ਵੀ ਹੋ ਸਕਦੇ ਨੇ ਜੋ ਸਿਰਫ਼ ਉਡੀਕ ਵਿਚ ਉਮਰ ਗੁਜ਼ਾਰ ਦੇਣ। ਇਹ ਹਰ ਕਿਸੇ ਨੂੰ ਹੈਰਾਨ ਵੀ ਤੇ ਪਰੇਸ਼ਾਨ ਵੀ ਕਰਦਾ।

ਇਕ ਸਵੇਰ ਕਿਸੇ ਜੋਗੀ ਅਲਖ ਜਗਾਇਆ। ਜੋਤ ਥੋੜ੍ਹਾ ਆਟਾ ਕੌਲੀ ਵਿਚ ਲੈ ਕੇ ਉਸ ਨੂੰ ਦੇਣ ਲੱਗੀ

,'ਜੋਤ ਏ ਤੂੰ!'

'ਹਾਂ।' ਜੋਤ ਨੇ ਇੰਨਾ ਕਿਹਾ ਤੇ ਵਾਪਸ ਮੁੜ ਗਈ। 'ਰੁਕ ਜੋਤ।' ਪਿੱਛੋਂ ਜੋਗੀ ਨੇ ਆਵਾਜ਼ ਦਿੱਤੀ।

'ਦੀਪ ਨਹੀਂ ਆਇਆ ਮੁੜ ਕੇ ਉਸ ਦਾ ਕਸੂਰ ਨਹੀਂ ਸੀ, ਉਹ ਅਕਸਰ ਤੇਰੇ ਨਾਲ ਜਲਦੀ ਤੁਰ ਜਾਣ ਦੀਆਂ ਗੱਲਾਂ ਕਰਦਾ ਹੁੰਦਾ ਸੀ ਤੂੰ ਅੱਗਿਓਂ ਉਸ ਨੂੰ ਖ਼ੁਦ ਉਸ ਤੋਂ ਇਕ ਦਿਨ ਪਹਿਲਾਂ ਜਾਣ ਦੀ ਗੱਲ ਕਹਿ ਚੁੱਪ ਕਰਾ ਦਿੰਦੀ। ਉਹ ਰਿਹਾ ਮੇਰੇ ਨਾਲ ਇਕ ਸਾਲ ਕਾਹਲ ਸੀ ਉਸ ਨੂੰ ਜਾਣ ਦੀ। ਤੁਰ ਗਿਆ ਸਾਹ ਦੀ ਤਕਲੀਫ਼ ਸੀ ਉਸ ਨੂੰ। ਮੈਂ ਉਸ ਨੂੰ ਕਿੰਨੀ ਵਾਰ ਤੜਫ਼ਦੇ ਵੇਖਿਆ, ਮੌਤ ਦੇ ਮੂੰਹ 'ਚੋਂ ਨਿਕਲਦੇ ਵੇਖਿਆ। ਇਕ ਦਿਨ ਨਿਗਲ ਗਈ ਚੰਦਰੀ ਮੌਤ। ਉਹ ਤੈਨੂੰ ਚੇਤੇ ਕਰਦਿਆਂ-ਕਰਦਿਆਂ ਆਪਣੀ ਬੇਬਸੀ 'ਤੇ ਰੋਂਦਾ ਰਹਿੰਦਾ ਸੀ। ਉਸ ਨੇ ਕਿੰਨੀ ਵਾਰ ਕਿਹਾ ਕਿ ਪੰਜਾਬ ਜਾ ਕੇ ਆਉਣਾ ਪਰ ਵਕਤ ਹੀ ਨ੍ਹੀਂ ਮਿਲਿਆ, ਤੇਰੇ ਬਾਰੇ ਖ਼ਬਰ ਪੜ੍ਹੀ ਸੀ ਕਿਸੇ ਅਖ਼ਬਾਰ ਵਿਚ 'ਪਿਆਰ ਦੀ ਜਗਦੀ ਜੋਤ' ਦਿਲ ਤੋਂ ਰਿਹਾ ਨਾ ਗਿਆ। ਆਉਣਾ ਪਿਆ ਸੱਚ ਦੱਸਣ ਲਈ। ਜਿਉਂਦੀ ਰਹਿ।'

ਉਸ ਦੀਆਂ ਗੱਲਾਂ ਸੁਣ ਕੇ ਸਰਦਲ 'ਤੇ ਜੋਤ ਨਹੀਂ ਸੀ, ਸ਼ਾਇਦ ਉਹ ਤੇ ਦੀਪ ਦੇ ਤੁਰ ਜਾਣ ਦੀ ਖ਼ਬਰ ਸੁਣ ਕੇ ਹੀ ਜੋਤੀ ਬਣ ਉਸ ਕੋਲ ਜਾ ਕੇ ਬਲ਼ ਰਹੀ ਸੀ। ਸਰਦਲ 'ਤੇ ਇਕ ਬਜ਼ੁਰਗ ਔਰਤ ਦੀ ਲਾਸ਼ ਸੀ। ਦੀਪ ਜੋਤੀ ਇਕ ਹੋ ਚੁੱਕੇ ਸਨ। •

86991-57303

# ਬੱਚਿਆਂ ਨੂੰ ਦਿਓ ਚੰਗੇ ਸੰਸਕਾਰ

ਬੱਚੇ ਦੇ ਜਨਮ ਲੈਣ ਸਾਰ ਹੀ ਉਸ ਦੀ ਸਿੱਖਣ ਪ੍ਰਕਿਰਿਆ ਸ਼ੁਰੂ ਹੋ ਜਾਂਦੀ ਹੈ। ਬੱਚੇ ਦਾ ਇਹ ਸੁਭਾਅ ਹੁੰਦਾ ਹੈ ਕਿ ਉਹ ਕੁਝ ਨਾ ਕੁਝ ਨਵਾਂ ਸਿੱਖੇ ਫਿਰ ਭਾਵੇਂ ਉਹ ਚੰਗਾ ਹੋਵੇ ਜਾਂ ਬੁਰਾ। ਪੁਰਾਣੇ ਸਮਿਆਂ ਵਿਚ ਸੰਯੁਕਤ ਪਰਿਵਾਰ ਹੁੰਦੇ ਸਨ ਅਤੇ ਇਸੇ ਕਾਰਨ ਪਰਿਵਾਰ ਦੇ ਮੈਂਬਰ ਬੱਚੇ ਨੂੰ ਚੰਗੇ ਸੰਸਕਾਰ ਦਿੰਦੇ ਰਹਿੰਦੇ ਸਨ ਪਰੰਤੂ ਅੱਜ ਕੱਲ੍ਹ ਬਹੁਗਿਣਤੀ ਪਰਿਵਾਰ ਇਕਹਿਰੇ ਹੋ ਗਏ ਅਤੇ ਇਕਹਿਰੇ ਪਰਿਵਾਰ ਹੋਣ ਕਰਕੇ ਬੱਚੇ ਨੂੰ ਚੰਗੇ ਸੰਸਕਾਰ ਦੇਣ ਦੀ ਜ਼ਿੰਮੇਵਾਰੀ ਮਾਤਾ-ਪਿਤਾ ਸਿਰ ਆ ਗਈ ਹੈ। ਘਰ ਬੱਚੇ ਦਾ ਪਹਿਲਾ ਸਕੂਲ ਹੁੰਦਾ ਹੈ ਅਤੇ ਮਾਂ ਬੱਚੇ ਦੀ ਪਹਿਲੀ ਅਧਿਆਪਕਾ। ਘਰ ਵਿੱਚੋਂ ਆਪਣੇ ਮਾਤਾ ਪਿਤਾ ਤੋਂ ਹੀ ਬੱਚਾ ਚੰਗੇ ਸੰਸਕਾਰ ਸਿੱਖਦਾ ਹੈ। ਬੱਚੇ ਵਿਚ ਚੰਗੇ ਸੰਸਕਾਰਾਂ ਦੇ ਲਈ ਜ਼ਰੂਰੀ ਹੈ ਕਿ ਮਾਤਾ ਪਿਤਾ ਬੱਚੇ ਦੇ ਲਈ ਰੋਲ ਮਾਡਲ ਬਣਨ ਤਾਂ ਜੋ ਬੱਚਾ ਮਾਤਾ ਪਿਤਾ ਨੂੰ ਆਪਣਾ ਆਦਰਸ਼ ਮੰਨ ਕੇ ਚੰਗੇ ਸੰਸਕਾਰ ਗ੍ਰਹਿਣ ਕਰ ਸਕੇ।

ਹਰ ਇਕ ਬੱਚੇ ਨੂੰ ਘਰ ਵਿੱਚੋਂ ਇਹ ਸਿੱਖਿਆ ਮਿਲਣੀ ਚਾਹੀਦੀ ਹੈ ਕਿ ਉਹ ਆਪਣੇ ਮਾਤਾ ਪਿਤਾ ਦਾ ਸਨਮਾਨ ਕਰਨ, ਇਸ ਲਈ ਜ਼ਰੂਰੀ ਹੈ ਕਿ ਬੱਚੇ ਦੇ ਮਾਤਾ-ਪਿਤਾ ਘਰ ਵਿਚ ਰਹਿ ਰਹੇ ਬੱਚੇ ਦੇ ਦਾਦਾ-ਦਾਦੀ, ਨਾਨਾ-ਨਾਨੀ ਦਾ ਸਨਮਾਨ ਕਰਨ ਤਾਂ ਜੋ ਦੇਖਾ ਦੇਖੀ ਬੱਚਾ ਆਪਣੇ ਮਾਤਾ-ਪਿਤਾ ਦਾ ਸਨਮਾਨ ਕਰਨ ਲੱਗ ਜਾਵੇ। ਬੱਚਿਆਂ ਨੂੰ ਕਿਸੇ ਵੀ ਨਵੇਂ ਕੰਮ ਨੂੰ ਸ਼ੁਰੂ ਕਰਨ ਵੇਲੇ ਮਾਤਾ ਪਿਤਾ ਦੀ ਸਲਾਹ ਜ਼ਰੂਰ ਲੈਣੀ ਚਾਹੀਦੀ ਹੈ ਕਿਉਂਕਿ ਮਾਤਾ ਪਿਤਾ ਕੋਲ ਜ਼ਿੰਦਗੀ ਦਾ ਵੱਡਾ ਤਜਰਬਾ ਹੁੰਦਾ ਹੈ। ਬੱਚਿਆਂ ਨੂੰ ਚੰਗੇ ਇਨਸਾਨਾਂ ਦੀਆਂ ਜੀਵਨੀਆਂ ਪੜ੍ਹ ਕੇ ਸੁਣਾਉਣੀਆਂ ਚਾਹੀਦੀਆਂ ਹਨ।

ਬੱਚਿਆਂ ਨੂੰ ਇਮਾਨਦਾਰ ਬਣਨ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ ਇਸ ਲਈ ਮਾਤਾ-ਪਿਤਾ ਨੂੰ ਬੱਚਿਆ ਅੱਗੇ ਮਿਸਾਲ ਪੇਸ਼ ਕਰਨੀ ਚਾਹੀਦੀ ਹੈ। ਬੱਚਿਆਂ ਨੂੰ ਇਹ ਗੱਲ ਸਮਝਾਉਣੀ ਚਾਹੀਦੀ ਹੈ ਕਿ ਇਮਾਨਦਾਰੀ ਦੇ ਰਸਤੇ 'ਤੇ ਚੱਲ ਕੇ ਹਰ ਹਾਲ ਕਾਮਯਾਬੀ ਮਿਲਣੀ ਤੈਅ ਹੈ। ਬਚਪਨ ਵਿਚ ਮਿਲੀ ਇਮਾਨਦਾਰੀ ਦੀ ਸਿੱਖਿਆ ਕਾਰਨ ਭਵਿੱਖ ਵਿਚ ਬੱਚਾ ਭ੍ਰਿਸ਼ਟਾਚਾਰ ਦੇ ਰਸਤੇ ਨਹੀਂ ਚੱਲੇਗਾ। ਇਸ ਲਈ ਬੱਚਿਆਂ ਨੂੰ ਇਮਾਨਦਾਰ ਲੋਕਾਂ ਦੀਆਂ ਕਹਾਣੀਆਂ ਸੁਣਾਉਣੀਆਂ ਚਾਹੀਦੀਆਂ ਹਨ ਅਤੇ ਉਨ੍ਹਾਂ ਉੱਤੇ ਅਮਲ ਕਰਨ ਲਈ ਬੱਚਿਆਂ ਨੂੰ ਪ੍ਰੇਰਿਤ ਕਰਨਾ ਚਾਹੀਦਾ ਹੈ।ਬੱਚਿਆਂ ਵਿਚ ਸਹਿਯੋਗ ਦੀ ਭਾਵਨਾ ਵਿਕਸਿਤ ਕਰਨੀ ਚਾਹੀਦੀ ਹੈ। ਘਰ ਦੀਆਂ ਛੋਟੀਆਂ ਮੋਟੀਆਂ ਜ਼ਿੰਮੇਵਾਰੀਆਂ ਵਿਚ ਬੱਚਿਆਂ ਤੋਂ ਕੁਝ ਸਹਿਯੋਗ ਲੈਣਾ ਚਾਹੀਦਾ ਹੈ ਤਾਂ ਜੋ ਬੱਚਿਆਂ ਅੰਦਰ ਇਕ ਦੂਜੇ ਨਾਲ ਸਹਿਯੋਗ ਕਰਨ ਦੀ ਭਾਵਨਾ ਵਿਕਸਿਤ ਹੋ ਸਕੇ। ਹੌਲੀ-ਹੌਲੀ ਇਹ ਆਦਤ ਬੱਚੇ ਦਾ ਸੁਭਾਅ ਬਣ ਜਾਵੇਗੀ ਅਤੇ ਘਰ ਤੋਂ ਮਿਲੀ ਸਹਿਯੋਗ ਕਰਨ ਦੀ ਭਾਵਨਾ ਬਾਹਰ ਵਾਲੇ ਲੋਕਾਂ ਲਈ ਅਤੇ ਬੱਚੇ ਦੇ ਸੁੰਦਰ ਭਵਿੱਖ ਲਈ ਸਹਾਈ ਹੋਵੇਗੀ।



ਬੱਚਿਆਂ ਅੰਦਰ ਪ੍ਰੇਮ ਦੀ ਭਾਵਨਾ ਪੈਦਾ ਕਰਨੀ ਚਾਹੀਦੀ ਹੈ। ਬਚਪਨ ਵਿਚ ਸਿੱਖੀ ਪ੍ਰੇਮ ਦੀ ਭਾਵਨਾ ਭਵਿੱਖ ਵਿਚ ਦੇਸ਼ ਅਤੇ ਕਿੱਤੇ ਪ੍ਰਤੀ ਲਾਹੇਵੰਦ ਸਾਬਿਤ ਹੋਵੇਗੀ ਜਿਸ ਨਾਲ ਦੇਸ਼ ਅੰਦਰ ਇਕ ਦੂਜੇ ਪ੍ਰਤੀ ਪਿਆਰ ਵੱਧੇਗਾ ਅਤੇ ਦਿਲਾਂ ਵਿੱਚੋਂ ਨਫ਼ਰਤ ਖ਼ਤਮ ਹੋਵੇਗੀ। ਅੱਜ ਦੇ ਬੱਚਿਆਂ ਵਿਚ ਸਹਿਣ-ਸ਼ਕਤੀ ਦੀ ਬਹੁਤ ਕਮੀ ਹੈ ਉਹ ਹਰ ਇਕ ਗੱਲ ਤੇ ਖਿੱਝ ਜਾਂਦੇ ਹਨ ਅਤੇ ਗੁੱਸਾ ਕਰਦੇ ਹਨ ਜਿਸ ਨਾਲ ਜਿੱਥੇ ਉਨ੍ਹਾਂ ਦੀ ਸਿਹਤ 'ਤੇ ਮਾੜਾ ਅਸਰ ਪੈਂਦਾ ਹੈ ਉੱਥੇ ਹੀ ਮਾਤਾ ਪਿਤਾ ਨੂੰ ਕਈ ਵਾਰ ਨਮੋਸ਼ੀ ਦਾ ਸਾਹਮਣਾ ਵੀ ਕਰਨਾ ਪੈਂਦਾ ਹੈ। ਇਸ ਲਈ ਬੱਚਿਆਂ ਅੰਦਰ ਸਹਿਣ-ਸ਼ਕਤੀ ਦੀ ਆਦਤ ਪਾਉਣੀ ਚਾਹੀਦੀ ਹੈ। ਇਹ ਗੁਣ ਬੱਚਿਆਂ ਅੰਦਰ ਸਕਾਰਾਤਮਕ ਸੋਚ ਪੈਦਾ ਕਰੇਗਾ ਉੱਥੇ ਹੀ ਬੱਚਾ ਛੋਟੀਆ-ਛੋਟੀਆਂ ਗੱਲਾਂ ਉੱਤੇ ਗੁੱਸਾ ਨਹੀਂ ਕਰੇਗਾ।

ਸਕੂਲ ਅਤੇ ਮਾਪਿਆਂ ਦਾ ਇਹ ਮੁੱਢਲਾ ਫ਼ਰਜ਼ ਬਣਦਾ ਹੈ ਕਿ ਆਪਣੇ ਬੱਚਿਆਂ ਅੰਦਰ ਦੇਸ਼ ਭਗਤੀ ਦੀ ਭਾਵਨਾ ਪੈਦਾ ਕਰਨ। ਬੱਚਿਆਂ ਅੰਦਰ ਦੇਸ਼ ਪਿਆਰ, ਦੇਸ਼ ਪ੍ਰਤੀ ਜ਼ਿੰਮੇਵਾਰੀ ਦਾ ਅਹਿਸਾਸ ਕਰਵਾਇਆ ਜਾਣਾ ਅਤੀ ਜ਼ਰੂਰੀ ਹੈ ਤਾਂ ਜੋ ਕਿਸੇ ਮੁਸ਼ਕਿਲ ਸਮੇਂ ਬੱਚੇ ਦੇਸ਼ ਲਈ ਕੁਝ ਕਰ ਕੇ ਦਿਖਾ ਸਕਣ। ਇਸ ਲਈ ਬੱਚਿਆਂ ਨੂੰ ਦੇਸ਼ ਭਗਤਾਂ ਅਤੇ ਦੇਸ਼ ਨੂੰ ਪਿਆਰ ਕਰਨ ਵਾਲੇ ਸੂਰਬੀਰਾਂ ਦੀਆਂ ਕਹਾਣੀਆਂ ਸੁਣਾ ਕੇ ਪ੍ਰੇਰਿਤ ਕਰਨਾ ਚਾਹੀਦਾ ਹੈ। ਜ਼ਿੰਦਗੀ ਵਿਚ ਚੰਗੇ ਸੰਸਕਾਰਾਂ ਦਾ ਹੋਣਾ ਅਤੀ ਜ਼ਰੂਰੀ ਹੈ ਕਿਉਂਕਿ ਕਿਸੇ ਵੀ ਵਿਅਕਤੀ ਦੀ ਪਹਿਚਾਣ ਉਸ ਦੇ ਚੰਗੇ ਗੁਣਾ ਕਰਕੇ ਕੀਤੀ ਜਾਂਦੀ ਹੈ ਨਾ ਕਿ ਉਸ ਦੀ ਧਨ ਦੌਲਤ ਨਾਲ। ਚੰਗੇ ਸੰਸਕਾਰ ਵਾਲੇ ਵਿਅਕਤੀ ਦਾ ਸਦਾ ਆਦਰ ਹੀ ਕੀਤਾ ਜਾਂਦਾ ਹੈ ਇਸ ਲਈ ਸਾਡੇ ਸੰਸਕਾਰ ਅਜਿਹੇ ਹੋਣੇ ਚਾਹੀਦੇ ਹਨ ਜੋ ਸਮਾਜ ਲਈ ਇਕ ਮਿਸਾਲ ਬਣ ਸਕਣ।

• ਪ੍ਰਿੰਸ ਅਰੋੜਾ
98554-83000

# ਘਰ ਨੂੰ ਘਰ ਬਣਾਈ ਰੱਖੋ

**ਲੜਕੀ ਵਿਆਹੀ ਆਉਂਦੀ ਹੈ ਤਾਂ ਉਸ ਵਾਸਤੇ ਸਾਰਾ ਮਾਹੌਲ ਨਵਾਂ ਹੁੰਦਾ ਹੈ। ਹਰ ਘਰ ਦੇ ਤੌਰ ਤਰੀਕੇ ਅਲੱਗ ਹੁੰਦੇ ਹਨ। ਬਹੁਤ ਸਾਰੇ ਲੋਕ ਕਹਿੰਦੇ ਹਨ ਕਿ ਲੜਕੀ ਇਕ ਥਾਂ ਤੋਂ ਦੂਸਰੀ ਥਾਂ ਲਗਾਏ ਪੌਦੇ ਵਾਂਗ ਹੁੰਦੀ ਹੈ ਜਿਸ ਨੂੰ ਪਿਆਰ ਦੇ ਪਾਣੀ ਦੀ ਜ਼ਰੂਰਤ ਹੁੰਦੀ ਹੈ...**

ਪ੍ਰਭਜੋਤ ਕੌਰ ਢਿੱਲੋਂ

ਘਰ ਨੂੰ ਘਰ ਬਣਾਉਣ ਲਈ ਬਹੁਤ ਜ਼ਰੂਰੀ ਹੈ ਕਿ ਘਰ ਸ਼ਾਂਤਮਈ ਵਾਤਾਵਰਣ ਹੋਵੇ। ਅਜਿਹਾ ਵਾਤਾਵਰਣ ਤਾਂ ਹੀ ਹੋ ਸਕਦਾ ਹੈ ਜੇਕਰ ਪਰਿਵਾਰ ਦੇ ਹਰ ਮੈਂਬਰ ਦੀ ਇੱਛਾ ਹੋਵੇ। ਬਹੁਤੇ ਘਰਾਂ ਵਿਚ ਲੜਕੇ ਦੇ ਵਿਆਹ ਤੋਂ ਬਾਅਦ ਬਵਾਲ ਖੜ੍ਹਾ ਹੋ ਜਾਂਦਾ ਹੈ। ਪੁਲਿਸ ਕੇਸ ਅਤੇ ਅਦਾਲਤਾਂ ਤਕ ਗੱਲ ਪਹੁੰਚ ਜਾਂਦੀ ਹੈ। ਇੱਥੇ ਬਹੁਤ ਸਾਰੀਆਂ ਗੱਲਾਂ ਸਾਹਮਣੇ ਆਉਂਦੀਆਂ ਹਨ, ਉਨਾਂ ਦਾ ਧਿਆਨ ਰੱਖਣਾ ਬਹੁਤ ਜ਼ਰੂਰੀ ਹੈ। ਘਰ ਨੂੰ ਬਣਾਉਣ ਵਿਚ ਲੜਕੇ ਦੇ ਮਾਂ ਬਾਪ ਨੇ ਆਪਣੀ ਸਾਰੀ ਜ਼ਿੰਦਗੀ ਦੀ ਕਮਾਈ ਲਗਾਈ ਹੁੰਦੀ ਹੈ, ਉਸ ਘਰ ਨਾਲ ਉਨ੍ਹਾਂ ਦੀਆਂ ਬਹੁਤ ਸਾਰੀਆਂ ਯਾਦਾਂ ਅਤੇ ਭਾਵਨਾਵਾਂ ਜੁੜੀਆਂ ਹੁੰਦੀਆਂ ਹਨ। ਉਸ ਘਰ ਦੇ ਉਹ ਮਾਲਕ ਹਨ। ਬੇਟੇ ਉੱਪਰ ਉਨ੍ਹਾਂ ਨੇ ਜ਼ਿੰਦਗੀ ਭਰ ਦੀ ਕਮਾਈ ਖ਼ਰਚੀ ਹੁੰਦੀ ਹੈ। ਉਹ ਪਿਆਰ ਅਤੇ ਇੱਜ਼ਤ ਦੇ ਪੂਰੀ ਤਰ੍ਹਾਂ ਨਾਲ ਹੱਕਦਾਰ ਹਨ। ਲੜਕੀ ਵਿਆਹੀ ਆਉਂਦੀ ਹੈ ਤਾਂ ਉਸ ਵਾਸਤੇ ਸਾਰਾ ਮਾਹੌਲ ਨਵਾਂ ਹੁੰਦਾ ਹੈ। ਹਰ ਘਰ ਦੇ ਤੌਰ ਤਰੀਕੇ ਅਲੱਗ ਹੁੰਦੇ ਹਨ। ਬਹੁਤ ਸਾਰੇ ਲੋਕ ਕਹਿੰਦੇ ਹਨ ਕਿ ਲੜਕੀ ਇਕ ਥਾਂ ਤੋਂ ਦੂਸਰੀ ਥਾਂ ਲਗਾਏ ਪੌਦੇ ਵਾਂਗ ਹੁੰਦੀ ਹੈ। ਯਾਦ ਰੱਖੋ ਜੇ ਪੌਦੇ ਦੀਆਂ ਜੜ੍ਹਾਂ ਠੀਕ ਹੋਣਗੀਆਂ, ਕੱਟੀਆਂ ਹੋਈਆਂ ਨਹੀਂ ਹੋਣਗੀਆਂ, ਮਤਲਬ ਕੁਝ ਪਹਿਲੇ ਵਾਲੀ ਧਰਤੀ ਵਿਚ ਰਹਿ ਗਈਆਂ ਤਾਂ ਅਗਲੀ ਧਰਤੀ (ਸਹੁਰਾ ਪਰਿਵਾਰ) ਜਿੰਨੀ ਮਰਜ਼ੀ ਉਪਜਾਊ ਹੋਵੇ, ਪੌਦੇ ਦੀਆਂ ਜੜ੍ਹਾਂ ਨਹੀਂ ਜੰਮਣਗੀਆਂ। ਜਦੋਂ ਲੜਕੀ ਵਿਆਹੀ ਜਾਂਦੀ ਹੈ ਤਾਂ ਉਸ ਨੂੰ ਅਗਲੇ ਘਰ ਦੇ ਤੌਰ ਤਰੀਕੇ ਅਪਣਾਉਣੇ ਚਾਹੀਦੇ ਹਨ ਨਾ ਕਿ ਉਨ੍ਹਾਂ ਨੂੰ ਬਦਲਣ ਲੱਗ ਜਾਵੇ।



ਕੁਝ ਹੋਰ ਗੱਲਾਂ ਜੋ ਧਿਆਨ ਰੱਖਣ ਵਾਲੀਆਂ ਹਨ ਜਿਵੇਂ :

- ਆਮ ਕਰ ਕੇ ਲੜਕੀ ਦੀ ਮਾਂ ਵਾਰ-ਵਾਰ ਫੋਨ ਕਰਕੇ, ਸਹੁਰੇ ਪਰਿਵਾਰ ਬਾਰੇ ਪੁੱਛਦੀ ਹੈ। ਲੜਕੀ ਨੂੰ ਤੁਸੀਂ ਇਸ ਨਾਲ ਉਤਸ਼ਾਹਿਤ ਕਰ ਰਹੇ ਹੁੰਦੇ ਹੋ। ਉਹ ਵਧਾ ਚੜ੍ਹਾ ਕੇ ਗੱਲਾਂ ਦੱਸਣ ਲੱਗ ਜਾਂਦੀ ਹੈ।
- ਲੜਕੀ ਨੂੰ ਵਾਰ-ਵਾਰ ਪੇਕੇ ਘਰ ਫੋਨ ਕਰਨ ਤੋਂ ਮਨ੍ਹਾ ਕਰਨਾ ਚਾਹੀਦਾ ਹੈ।
- ਲੜਕੀ ਦਾ ਵਾਰ-ਵਾਰ ਪੇਕੇ ਘਰ ਆਉਣਾ ਵੀ ਸਮੱਸਿਆ ਖੜੀ ਕਰਦਾ ਹੈ।
- ਲੜਕੀ ਨੂੰ ਘਰ ਦੇ ਕੰਮ ਕਰਨ ਦੀ ਸਲਾਹ ਦਿਉ ਨਾ ਕਿ ਏਹ ਕਹੋ ਕਿ ਤੂੰ ਨੌਕਰ ਨਹੀਂ ਹੈ।
- ਲੜਕੇ ਨੂੰ ਕਦੇ ਵੀ ਉਸ ਦੇ ਮਾਪਿਆਂ ਤੋਂ ਉਸੇ ਸ਼ਹਿਰ ਵਿਚ ਰਹਿੰਦਿਆਂ ਅਲੱਗ ਰਹਿਣ ਲਈ ਮਜਬੂਰ ਨਾ ਕਰੋ। ਲੜਕੀ ਰੂਪੀ ਪੌਦੇ ਦੀਆਂ ਜੜ੍ਹਾਂ ਵੀ ਨਹੀਂ ਲੱਗਣ ਦਿੱਤੀਆਂ ਅਤੇ ਲੜਕੇ ਦੀਆਂ ਜੜ੍ਹਾਂ ਵੀ ਹਿਲਾ ਦਿੱਤੀਆਂ।
- ਲੜਕੇ ਨੂੰ ਉਸ ਦੇ ਮਾਪਿਆਂ ਖਿਲਾਫ਼ ਖੜ੍ਹਾ ਨਾ ਕਰੋ, ਜਿੰਨੀ ਜ਼ਹਿਰ ਉਸ ਦੇ ਕੰਨਾਂ ਵਿਚ ਘੋਲੋਗੇ, ਉਹ ਉਸ ਜ਼ਹਿਰ ਨੂੰ ਹਰ ਜਗ੍ਹਾ ਉਗਲੇਗਾ।
- ਵਿਆਹ ਤੋਂ ਬਾਅਦ ਲੜਕੀ ਜੇਕਰ ਨੌਕਰੀ ਕਰਦੀ ਹੈ ਤਾਂ ਉਸ ਦੇ ਪੈਸਿਆਂ ਨੂੰ ਆਪਣੇ ਹੱਥਾਂ ਵਿਚ ਰੱਖਣ ਦੀ ਆਦਤ ਛੱਡ ਦਿਉ।
- ਲੜਕੀ ਦੀਆਂ ਵਿਆਹ ਤੋਂ ਬਾਅਦ ਸਹੁਰੇ ਪਰਿਵਾਰ ਪ੍ਰਤੀ ਜ਼ਿਮੇਵਾਰੀਆਂ ਹੁੰਦੀਆਂ ਹਨ।ਜਦੋਂ ਉਹ ਪੇਕਿਆਂ ਦੇ ਘਰ ਹੀ ਵੜੀ ਰਹੇਗੀ ਤਾਂ ਉਹ ਜ਼ਿਮੇਵਾਰੀ ਨਿਭਾਅ ਨਹੀਂ ਸਕਦੀ।
- ਸੁਹਰੇ ਪਰਿਵਾਰ ਨੂੰ ਵੀ ਨਵੀਂ ਆਈ ਲੜਕੀ ਨੂੰ ਘਰ ਵਿਚ ਸਹਿਜ ਮਾਹੌਲ ਦੇਣਾ ਚਾਹੀਦਾ ਹੈ।
- ਰੋਕ ਟੋਕ ਦੀ ਭਾਸ਼ਾ ਨਾ ਵਰਤੋ। ਜੇਕਰ ਸਮਝਾਉਣ ਤੋਂ ਬਾਅਦ ਵੀ ਘਰ ਦਾ ਮਾਹੌਲ ਖ਼ਰਾਬ ਹੁੰਦਾ ਹੈ ਤਾਂ ਇਕ ਚੁੱਪ ਸੌ ਸੁੱਖ ਦਾ ਫਾਰਮੂਲਾ ਅਪਨਾ ਕੇ ਵੇਖੋ।
- ਘਰ ਨੂੰ ਲੜਾਈ ਦਾ ਅਖਾੜਾ ਬਣਾਉਣ ਤੋਂ ਪ੍ਰਹੇਜ਼ ਕਰੋ।
- ਜਿਹੜੀਆਂ ਤਬਦੀਲੀਆਂ ਹੋ ਸਕਦੀਆਂ ਹਨ ਕਰ ਲਵੋ।
- ਸੱਸ ਸਹੁਰਾ ਉਸ ਘਰ ਦੇ ਮਾਲਕ ਹਨ, ਉਨ੍ਹਾਂ ਨੂੰ ਮੂਰਖ ਸਮਝਣਾ ਤੇ ਦੱਸਣਾ, ਤੁਹਾਡੀ ਸੋਚ ਅਤੇ ਅਕਲ ਦਾ ਪੱਧਰ ਦਸਦਾ ਹੈ।
- ਹਰ ਛੋਟੀ-ਛੋਟੀ ਗੱਲ ਮਾਂ ਨੂੰ ਨਾ ਦੱਸੋ। ਲੜਕੀ ਦੀ ਮਾਂ ਨੂੰ ਵੀ ਆਪਣੀ ਸਮਝਦਾਰੀ ਵਿਖਾਉਣ ਤੋਂ ਪ੍ਰਹੇਜ਼ ਕਰਨਾ ਚਾਹੀਦਾ ਹੈ। ਜਿਹੜੀ ਮਾਂ ਧੀ ਦੇ ਸਹੁਰੇ ਪਰਿਵਾਰ ਵਿਚ ਦਖ਼ਲ ਦਿੰਦੀ ਹੈ ਉਹ ਕਿਸੇ ਵੀ ਪਾਸਿਓਂ ਸਮਝਦਾਰ ਨਹੀਂ ਹੁੰਦੀ।

ਹਰ ਘਰ ਦੇ ਆਪਣੇ ਕਾਇਦੇ ਹੁੰਦੇ ਹਨ, ਉਹ ਉਨ੍ਹਾਂ ਦਾ ਘਰ ਹੈ। ਉਸ ਘਰ ਨੂੰ ਚਲਾਉਣ ਦਾ ਉਨ੍ਹਾਂ ਦਾ ਹੱਕ ਹੈ। ਆਪਣੀ ਬੇਟੀ ਦੇ ਸਹੁਰੇ ਘਰ ਨੂੰ ਘਰ ਰਹਿਣ ਦਿਉ। ਕਿਸੇ ਵੀ ਘਰ ਵਿਚ ਬਾਹਰੀ ਦਖ਼ਲ ਅੰਦਾਜ਼ੀ ਤਬਾਹੀ ਮਚਾਉਣ ਦਾ ਹੀ ਕੰਮ ਕਰਦੀ ਹੈ। ਲੜਕੇ ਨੂੰ ਆਪਣੇ ਮਾਪਿਆਂ ਦਾ ਸਤਿਕਾਰ ਕਰਨਾ ਚਾਹੀਦਾ ਹੈ। ਉਨਾਂ ਨੇ ਆਪਣੇ ਫ਼ਰਜ਼ ਨਿਭਾਏ ਹਨ ਹੁਣ ਤੁਹਾਡੀ ਵਾਰੀ ਹੈ ਆਪਣੇ ਫ਼ਰਜ਼ ਪੂਰੇ ਕਰਨ ਦੀ। •

# ਜ਼ਿੰਦਗੀ ਨੂੰ ਜਿਊਣਾ ਚਾਹੀਦਾ ਹੈ, ਢੋਣਾ ਨਹੀਂ

ਅਕਸਰ ਮਨ ਵਿਚ ਖ਼ਿਆਲ ਆਉਂਦਾ ਹੈ ਕਿ ਜ਼ਿੰਦਗੀ ਕੀ ਹੈ? ਮਨ ਜ਼ਿੰਦਗੀ ਬਾਰੇ ਜਾਣਨਾ ਚਾਹੁੰਦਾ ਹੈ, ਇਸ ਨੂੰ ਸਮਝਣਾ। ਜ਼ਿੰਦਗੀ ਪ੍ਰਤੀ ਹਰ ਇਕ ਮਨੁੱਖ ਦਾ ਆਪੋ ਆਪਣਾ (ਸਮੇਂ, ਸਥਿਤੀ, ਸਥਾਨ, ਸਮਝ, ਤਜਰਬੇ, ਅਨੁਭਵ, ਗਿਆਨ ਅਨੁਸਾਰ) ਨਜ਼ਰੀਆ, ਸਮਝ ਤੇ ਕਲਪਨਾ ਹੈ।

ਰੁੱਤਬੇ , ਗਿਆਨ, ਤਜਰਬੇ, ਅਮੀਰੀ, ਗ਼ਰੀਬੀ, ਸੋਚ ਅਨੁਸਾਰ ਹਰ ਕਿਸੇ ਲਈ ਜ਼ਿੰਦਗੀ ਦੀ ਪਰਿਭਾਸ਼ਾ, ਜ਼ਿੰਦਗੀ ਪ੍ਰਤੀ ਸਮਝ ਅਤੇ ਜ਼ਿੰਦਗੀ ਅਲੱਗ-ਅਲੱਗ ਹੈ ਪਰ ਇਹ ਇਕ ਸਹੀ ਗੱਲ ਹੈ ਕਿ ਜ਼ਿੰਦਗੀ ਇਕ ਰੰਗਮੰਚ ਦੀ ਤਰ੍ਹਾਂ ਹੈ। ਜਿੱਥੇ ਅਸੀਂ ਸਾਰੇ ਸਮੇਂ, ਸਥਿਤੀ ਤੇ ਹਾਲਾਤ ਅਨੁਸਾਰ ਵੱਖ-ਵੱਖ ਤਰ੍ਹਾਂ ਦੀ ਭੂਮਿਕਾ ਨਿਭਾਉਂਦੇ ਹਾਂ ਅਤੇ ਦੁਨੀਆ ਵਿਚ ਇਸ ਰੰਗਮੰਚ 'ਤੇ ਨਿਭਾਈ ਹੋਈ ਆਪਣੀ ਭੂਮਿਕਾ ਅਨੁਸਾਰ ਉਹੋ ਜਿਹੀਆਂ ਪੈੜਾਂ ਯਾਦਾਂ, ਨਿਸ਼ਾਨ, ਚੇਤੇ, ਛੱਡ ਜਾਂਦੇ ਹਾਂ।

ਚੇਤਿਆਂ ਵਿਚ ਆਸਵੰਦ , ਸਕਾਰਾਤਮਕ, ਯਥਾਰਥਵਾਦੀ ਭੂਮਿਕਾ ਵਜੋਂ ਵਸਣ ਲਈ ਸਾਨੂੰ ਇਸ ਰੰਗਮੰਚ 'ਤੇ ਆਪਣੀ ਭੂਮਿਕਾ ਉਸਾਰੂ, ਸੁਚਾਰੂ ਤੇ ਇਮਾਨਦਾਰੀ ਭਰੀ ਨਿਭਾ ਕੇ , ਦੂਸਰਿਆਂ ਦਾ ਭਲਾ ਕਰ ਕੇ, ਮਾਨਵਤਾ, ਜੀਵ ਜੰਤ ਦੀ ਭਲਾਈ ਦੇ ਉਪਰਾਲੇ ਕਰਕੇ , ਲੋੜਵੰਦਾਂ ਦੀ ਸਹਾਇਤਾ ਕਰਕੇ ਅਤੇ ਨਿਮਰਤਾ ਭਰਪੂਰ ਵਿਵਹਾਰ ਅਪਣਾ ਕੇ ਜ਼ਿੰਦਗੀ ਦੇ ਰੰਗਮੰਚ 'ਤੇ ਆਪਣਾ ਕਿਰਦਾਰ ਉਸਾਰੂ, ਸੁਚਾਰੂ ਤੇ ਉੱਤਮ ਬਣਾਉਣਾ ਚਾਹੀਦਾ ਹੈ। ਜ਼ਿੰਦਗੀ ਦੇ ਸਕੂਲ ਵਿਚ ਅਸੀਂ ਅਨੇਕਾਂ ਜੀਵਨ ਤਜਰਬੇ , ਸਿੱਖਿਆਵਾਂ, ਗਿਆਨ ਤੇ ਅਨੁਭਵ ਹਾਸਲ ਕਰਦੇ ਹਾਂ ਜਿਸ ਨੂੰ ਸਾਨੂੰ ਮੌਖਿਕ ਜਾਂ ਲਿਖਤੀ ਰੂਪ ਵਿਚ ਦੂਸਰਿਆਂ ਤਕ ਵੰਡਣਾ ਤੇ ਪਹੁੰਚਾਉਣਾ ਚਾਹੀਦਾ ਹੈ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਸੰਜੋ ਕੇ ਰੱਖਣਾ ਚਾਹੀਦਾ ਹੈ।

ਜ਼ਿੰਦਗੀ ਦੇ ਰੰਗਮੰਚ ਵਿਚ ਜੇਕਰ ਅਸੀਂ ਸਹੀ ਅਤੇ ਉਸਾਰੂ ਤੇ ਵਧੀਆ ਭੂਮਿਕਾ ਨਿਭਾਵਾਂਗੇ, ਤਦ ਹੀ ਸਹੀ ਹੋ ਸਕਦਾ ਹੈ। ਪਿਛੋਕੜ 'ਤੇ ਨਜ਼ਰ ਮਾਰਿਆਂ ਪਤਾ ਲੱਗਦਾ ਹੈ ਕਿ ਜਿਨ੍ਹਾਂ ਨੇ ਵੀ ਜ਼ਿੰਦਗੀ ਦੇ ਰੰਗਮੰਚ ਵਿਚ ਨਕਾਰਾਤਮਕ ਭੂਮਿਕਾ ਅਦਾ ਕੀਤੀ, ਉਹ ਦੁਨੀਆ ਵਿਚ ਅੱਜ ਵੀ ਬੁਰਾਈ ਦੇ ਪ੍ਰਤੀਕਾਂ ਵਜੋਂ ਜਾਣੇ ਜਾਂਦੇ ਰਹੇ। ।ਜ਼ਿੰਦਗੀ ਦੇ ਰੰਗਮੰਚ ਵਿਚ ਉਸਾਰੂ ਅਤੇ ਉੱਤਮ ਭੂਮਿਕਾ ਨਿਭਾਉਣ ਵਾਲਿਆਂ ਨੂੰ ਦੁਨੀਆਂ ਅੱਜ ਵੀ ਯਾਦ ਕਰਦੀ ਹੈ, ਪ੍ਰਣਾਮ ਕਰਦੀ ਹੈ ਅਤੇ ਸਤਿਕਾਰ ਵਜੋਂ ਉਨ੍ਹਾਂ ਨੂੰ ਯਾਦ ਕੀਤਾ ਜਾਂਦਾ ਹੈ। ਇਸ ਨੂੰ ਮੁੱਖ ਰੱਖਦੇ ਹੋਏ ਜ਼ਿੰਦਗੀ ਵਿਚ ਪਿਆਰ, ਭਾਈਚਾਰਕ ਸਾਂਝ, ਮਿਲਵਰਤਨ, ਨਿਮਰਤਾ ਪਰ ਉਪਕਾਰ ਮਾਨਵਤਾ ਅਤੇ ਜੀਵ ਜੰਤ ਦੀ ਭਲਾਈ ਦੀ ਧਾਰਨਾ ਬਣਾਈ ਰੱਖਣਾ ਤੇ ਉਸ 'ਤੇ ਅਮਲ ਕਰਨਾ ਜ਼ਰੂਰੀ ਹੋ ਜਾਂਦਾ ਹੈ। ਜ਼ਿੰਦਗੀ ਦੇ ਇਸ ਰੰਗਮੰਚ ਵਿਚ ਜ਼ਿੰਦਗੀ ਤੋਂ ਵੱਡੇ ਵਡੇਰਿਆਂ ਤੇ ਮਹਾਂਪੁਰਸ਼ਾਂ ਦੇ ਤਜਰਬਿਆਂ ਤੋਂ ਅਤੇ ਚੰਗੀਆਂ ਪੁਸਤਕਾਂ ਤੋਂ ਸਿੱਖਦੇ ਰਹਿਣਾ ਚਾਹੀਦਾ ਹੈ। ਜ਼ਿੰਦਗੀ ਨੂੰ ਜਿਊਣਾ ਚਾਹੀਦਾ ਹੈ, ਢੋਣਾ ਨਹੀਂ ਚਾਹੀਦਾ ।

ਜ਼ਿੰਦਗੀ ਦੇ ਰੰਗਮੰਚ ਦਾ ਅਨੰਦ ਕੇਵਲ ਤੇ ਕੇਵਲ ਸਾਦਗੀ ਦਾ ਗੁਣ ਧਾਰਨ ਕਰਕੇ ਹੀ ਮਾਣਿਆ ਜਾ ਸਕਦਾ ਹੈ ਕਿਉਂਕਿ ਸਾਦਗੀ ਸਕੂਨ ਦਾ ਆਧਾਰ ਬਣਦੀ ਹੈ। ਪਰਾਏ ਧਨ, ਪਰਾਈ ਵਾਸਤੂ , ਪਰਾਏ ਤਨ ਦੀ ਲਾਲਸਾ ਤੇ ਪ੍ਰਾਪਤੀ ਦੀ ਇੱਛਾ ਜ਼ਿੰਦਗੀ ਨੂੰ ਨਰਕ / ਦੁਸ਼ਵਾਰ ਬਣਾ ਦਿੰਦੀ ਹੈ। ਅਜਿਹੀ ਚਾਹਤ ਜ਼ਿੰਦਗੀ ਵਿੱਚੋਂ ਖ਼ੁਸ਼ੀਆਂ ਖੇੜੇ ਅਨੰਦ ਖੋਹ ਲੈਂਦੀ ਹੈ ਤੇ ਜ਼ਿੰਦਗੀ ਦਾ ਰੰਗਮੰਚ ਬੇਰੰਗ ਹੋ ਜਾਂਦਾ ਹੈ। ਈਰਖਾ, ਲੋਭ, ਦਿਖਾਵਾ, ਬਿਨਾਂ ਮਿਹਨਤ ਧਨ ਪ੍ਰਾਪਤੀ ਦੀ ਲਾਲਸਾ ਅਤੇ ਨਾ ਖ਼ਤਮ ਹੋਣ ਵਾਲੀਆਂ ਇੱਛਾਵਾਂ ਮਨੁੱਖ ਦੀ ਜ਼ਿੰਦਗੀ ਨੂੰ ਅਤੇ ਜ਼ਿੰਦਗੀ ਦੇ ਇਸ ਰੰਗਮੰਚ ਨੂੰ ਬਦਰੰਗ, ਖੋਖਲਾ ਤੇ ਅਸ਼ਾਂਤ ਕਰ ਦਿੰਦੇ ਹਨ। ਇਸ ਲਈ ਜ਼ਿੰਦਗੀ ਦੇ ਇਸ ਰੰਗਮੰਚ ਦਾ ਭਰਪੂਰ ਅਨੰਦ ਲੈਣ ਲਈ ਸਾਦਗੀ, ਇਮਾਨਦਾਰੀ, ਪਰਉਪਕਾਰ ਦੀ ਭਾਵਨਾ ਅਤੇ ਕਰਮਸ਼ੀਲਤਾ ਵਰਗੇ ਮਹਾਨ ਗੁਣਾਂ ਦੇ ਧਾਰਨੀ ਬਣਨਾ ਸਹੀ ਹੋ ਸਕਦਾ ਹੈ ਤਾਂ ਜੋ ਜ਼ਿੰਦਗੀ ਅਤੇ ਜ਼ਿੰਦਗੀ ਦਾ ਰੰਗਮੰਚ ਸੱਚਮੁੱਚ ਰੰਗਾਂ, ਖ਼ੁਸ਼ੀਆਂ, ਖੇੜਿਆਂ, ਸਕੂਨ ਤੇ ਅਨੰਦ ਦਾ ਮੰਚ ਬਣ ਜਾਵੇ। ਜਦੋਂ ਅਸੀਂ ਜ਼ਿੰਦਗੀ ਨੂੰ ਜਿਊਣਾ ਸਿੱਖ ਲਾਗੇ ਤਾਂ ਸਾਡਾ ਜੀਵਨ ਹੀ ਨਹੀਂ ਆਲਾ-ਦੁਆਲਾ ਵੀ ਖ਼ੁਸ਼ਗਵਾਰ ਹੋ ਜਾਵੇਗਾ। ਤੁਸੀਂ ਅਜਿਹਾ ਕਰਕੇ ਤਾਂ ਦੇਖੋ।

• ਮਾਸਟਰ ਸੰਜੀਵ ਧਰਮਾਣੀ
94785-61356

# ਸ਼ਹਿਰ ਨੂੰ ਸਾਫ ਸੁਥਰਾ ਰੱਖਣ ਵਿੱਚ ਸਹਿਯੋਗ ਦੇਣ ਸ਼ਹਿਰ ਨਿਵਾਸੀ: ਕਾਰਜ ਸਾਧਕ ਅਫਸਰ

**ਫ਼ਤਹਿਗੜ੍ਹ ਸਾਹਿਬ, 28 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਸਾਫ ਸਫਾਈ ਸਿਹਤਮੰਦ ਸਮਾਜ ਲਈ ਬਹੁਤ ਜ਼ਰੂਰੀ ਹੈ ਕਿਉਂਕਿ ਗੰਦਗੀ ਨਾਲ ਕਈ ਗੰਭੀਰ ਬਿਮਾਰੀਆਂ ਫੈਲਣ ਦਾ ਖ਼ਤਰਾ ਬਣਿਆਂ ਰਹਿੰਦਾ ਹੈ। ਇਸ ਲਈ ਨਗਰ ਕੌਂਸਲ ਦੇ ਸਫਾਈ ਕਰਮਚਾਰੀਆਂ ਵੱਲੋਂ ਸ਼ਹਿਰ ਨੂੰ ਸਾਫ ਸੁਥਰਾ ਰੱਖਣ ਲਈ ਸਖਤ ਮਿਹਨਤ ਨਾਲ ਆਪਣੇ ਫਰਜ਼ਾਂ ਦੀ ਪੂਰਤੀ ਕੀਤੀ ਜਾ ਰਹੀ ਹੈ ਪਰ ਬਸੀ ਪਠਾਣਾ ਸ਼ਹਿਰ ਨੂੰ ਸਾਫ ਸੁਥਰਾ ਰੱਖਣ ਵਿੱਚ ਸਮੂਹ ਸ਼ਹਿਰ ਵਾਸੀ ਨਗਰ ਕੌਂਸਲ ਨੂੰ ਸਹਿਯੋਗ ਜ਼ਰੂਰ ਦੇਣ।



ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਨਗਰ ਕੌਂਸਲ ਬਸੀ ਪਠਾਣਾ ਦੇ ਕਾਰਜ ਸਾਧਕ ਅਫਸਰ ਸ. ਸੁਖਦੇਵ ਸਿੰਘ ਨੇ ਸ਼ਹਿਰ ਦੀ ਸਾਫ ਸਫਾਈ ਸਬੰਧੀ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਆਮ ਤੌਰ 'ਤੇ ਵੇਖਣ ਵਿੱਚ ਆਇਆ ਹੈ ਕਿ ਕਈ ਨਾਗਰਿਕ ਆਪਣੇ ਘਰਾਂ ਦਾ ਕੂੜਾ ਕਰਕਟ ਗਲੀਆਂ, ਨਾਲੀਆਂ ਤੇ ਸੜਕਾਂ 'ਤੇ ਸੁੱਟ ਦਿੰਦੇ ਹਨ, ਜਿਸ ਕਾਰਨ ਜਿਥੇ ਸ਼ਹਿਰ ਦੀ ਦਿੱਖ ਖਰਾਬ ਹੁੰਦੀ ਹੈ ਉਥੇ ਹੀ ਕੂੜਾ ਕਰਕਟ ਦੇ ਢੇਰ ਲੱਗਣ ਕਾਰਨ ਆਮ ਲੋਕਾਂ ਨੂੰ ਵੀ ਦਿੱਕਤ ਦਾ ਸਾਹਮਣਾ ਕਰਨਾ ਪੈਂਦਾ ਹੈ।

ਸ਼ਹਿਰ ਨੂੰ ਸਾਫ ਸੁਥਰਾ ਰੱਖਣ ਲਈ ਨਗਰ ਕੌਂਸਲ ਵੱਲੋਂ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ ਜਿਸ ਤਹਿਤ ਬਸੀ ਪਠਾਣਾ ਸ਼ਹਿਰ ਦੇ ਬਜਾਰਾਂ ਤੇ ਗਲੀਆਂ ਵਿੱਚੋਂ ਕੂੜਾ ਕਰਕਟ ਚੁੱਕ ਕੇ ਡੰਪ ਸਾਇਟ 'ਤੇ ਸੁੱਟਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਗਲੀਆਂ ਨਾਲੀਆਂ ਤੇ ਬਜਾਰਾਂ ਦੀਆਂ ਸੜਕਾਂ 'ਤੇ ਕੂੜਾ ਕਰਕਟ ਸੁੱਟਣ ਵਾਲਿਆਂ ਨੂੰ ਰੋਕਣ ਵਾਸਤੇ ਕੌਂਸਲ ਸਖਤ ਕਾਰਵਾਈ ਕਰ ਰਹੀ ਹੈ ਤੇ ਅਜਿਹੇ ਵਿਅਕਤੀਆਂ ਦੇ ਚਲਾਨ ਕਰਕੇ ਜੁਰਮਾਨੇ ਵਸੂਲੇ ਜਾਣਗੇ।

ਕਾਰਜ ਸਾਧਕ ਅਫਸਰ ਨੇ ਬਸੀ ਪਠਾਨਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਨਗਰ ਕੌਂਸਲ ਦੀਆਂ ਟੀਮਾਂ ਡੋਰ-ਟੂ-ਡੋਰ ਕੂੜਾ ਇਕੱਤਰ ਕਰਨ ਲਈ ਆਉਂਦੀਆਂ ਹਨ।

ਇਸ ਲਈ ਆਪਣੇ ਘਰਾਂ ਦਾ ਗਿੱਲਾ ਤੇ ਸੁੱਕਾ ਕੂੜਾ ਵੱਖ-ਵੱਖ ਕਰਕੇ ਦਿੱਤਾ ਜਾਵੇ ਅਤੇ ਆਪਣੇ ਘਰਾਂ ਦਾ ਕੂੜਾ ਕਰਕਟ ਗਲੀਆਂ ਤੇ ਸੜਕਾਂ ਤੇ ਨਾ ਸੁੱਟਿਆ ਜਾਵੇ ਤਾਂ ਜੋ ਸ਼ਹਿਰ ਦੀ ਦਿੱਖ ਪ੍ਰਭਾਵਿਤ ਨਾ ਹੋਵੇ। ਉਨ੍ਹਾਂ ਦੱਸਿਆ ਕਿ ਕੁਝ ਨਾਗਰਿਕਾਂ ਵੱਲੋਂ ਪੁਰਾਤਨ ਜੇਲ੍ਹ ਰੋਡ ਤੇ ਸ਼੍ਰੀ ਰਾਮ ਮੰਦਰ ਕੋਲ ਆਪਣੇ ਘਰਾਂ ਦਾ ਕੂੜਾ ਸੁੱਟਣ ਦਾ ਮਾਮਲਾ ਧਿਆਨ ਵਿੱਚ ਆਉਂਦੇ ਹੀ ਨਗਰ ਕੌਂਸਲ ਦੀਆਂ ਸਫਾਈ ਟੀਮਾਂ ਭੇਜ ਕੇ ਸਾਫ ਸਫਾਈ ਕਰਵਾ ਦਿੱਤੀ ਗਈ ਹੈ

# ਕਿਸਾਨਾਂ ਨੂੰ ਉੱਨਤ ਐਪ ਦੀ ਵਰਤੋਂ ਬਾਰੇ ਕਰਵਾਇਆ ਜਾਵੇ ਜਾਣੂ : ਡਿਪਟੀ ਕਮਿਸ਼ਨਰ



**ਬਠਿੰਡਾ, 28 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਕਿਸਾਨਾਂ ਨੂੰ ਉੱਨਤ ਕਿਸਾਨ ਐਪ ਉਨ੍ਹਾਂ ਦੇ ਮੋਬਾਇਲਾਂ ਉਪਰ ਡਾਊਨਲੋਡ ਕਰਵਾ ਕੇ ਇਸ ਵਰਤੋਂ ਬਾਰੇ ਉਨ੍ਹਾਂ ਨੂੰ ਵੱਧ ਤੋਂ ਵੱਧ ਜਾਣੂ ਕਰਵਾਇਆ ਜਾਵੇ ਤਾਂ ਜੋ ਕਿਸਾਨ ਇਸ ਐਪ ਰਾਹੀਂ ਪਰਾਲੀ ਪ੍ਰਬੰਧਨ ਲਈ ਵਰਤੀ ਜਾਣ ਵਾਲੀ ਮਸ਼ੀਨਰੀ ਦੀ ਬੁਕਿੰਗ ਕਰਵਾ ਸਕਣ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾਂ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਪਰਾਲੀ ਪ੍ਰਬੰਧਨ ਦੀ ਸੁਚੱਜੀ ਸਾਂਭ-ਸੰਭਾਲ ਦੇ ਮੱਦੇਨਜ਼ਰ ਕੀਤੀ ਗਈ ਰੀਵਿਊ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕੀਤਾ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਲੱਸਟਰ ਅਫਸਰਾਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਉਹ ਰੋਜਾਨਾ ਫੀਲਡ 'ਚ ਜਾਣ ਅਤੇ ਕੀਤੇ ਗਏ ਕਾਰਜਾਂ ਦੀਆਂ ਰਿਪੋਰਟਾਂ ਜਮ੍ਹਾਂ ਕਰਵਾਉਣੀ ਯਕੀਨੀ ਬਣਾਉਣ। ਉਨ੍ਹਾਂ ਕਲਸਟਰ ਅਫਸਰਾਂ ਨੂੰ ਇਹ ਵੀ ਹਦਾਇਤ ਕਰਦਿਆਂ ਕਿਹਾ ਕਿ ਫੀਲਡ ਵਿੱਚ ਲਗਾਏ ਗਏ ਸਟਾਫ ਦੀ ਰੋਜ਼ਾਨਾ ਹਾਜ਼ਰੀ ਦੇਣੀ ਯਕੀਨੀ ਬਣਾਈ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾਈ ਜਾਵੇ ਤੇ ਡਿਊਟੀ ਪ੍ਰਤੀ ਕਿਸੇ ਵੀ ਤਰ੍ਹਾਂ ਦੀ ਕੋਤਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਕਿਹਾ ਕਿ ਉਹ ਪਿੰਡਾਂ ਵਿਚ ਕਿਸਾਨਾਂ ਕੋਲ ਜਾ ਕੇ ਉਨ੍ਹਾਂ ਨੂੰ ਇਹ ਵੀ ਜਾਗਰੂਕ ਕਰਨ ਕਿ ਉੱਨਤ ਕਿਸਾਨ ਐਪ ਨਾਲ ਹੁਣ ਕਿਸਾਨਾਂ ਨੂੰ ਦਫਤਰਾਂ ਵਿੱਚ ਜਾਣ ਦੀ ਲੋੜ ਨਹੀਂ ਹੋਵੇਗੀ ਸਗੋਂ ਘਰ ਬੈਠੇ ਹੀ ਇਸ ਐਪ ਦੀ ਵਰਤੋਂ ਕਰਕੇ ਜ਼ਰੂਰਤ ਅਨੁਸਾਰ ਪਰਾਲੀ ਦੇ ਪ੍ਰਬੰਧਨ ਲਈ ਮਸ਼ੀਨਰੀ ਦੀ ਬੁਕਿੰਗ ਕਰਵਾ ਸਕਦੇ ਹਨ।

ਇਸ ਮੌਕੇ ਸਿਖਲਾਈ ਅਧੀਨ ਆਈਏਐਸ ਸ਼੍ਰੀ ਰਾਕੇਸ਼ ਕੁਮਾਰ ਮੀਨਾ, ਐਸਡੀਐਮ ਰਾਮਪੁਰਾ ਸ਼੍ਰੀ ਗਗਨਦੀਪ ਸਿੰਘ, ਐਸਡੀਐਮ ਮੌੜ ਸੁਖਰਾਜ ਸਿੰਘ ਢਿੱਲੋਂ ਤੋਂ ਇਲਾਵਾ ਖੇਤੀਬਾੜੀ ਵਿਭਾਗ ਦੇ ਅਧਿਕਾਰੀ ਆਦਿ ਹਾਜ਼ਰ ਸਨ।

# ਬਦਲ ਰਹੇ ਮੌਸਮ ਵਿੱਚ ਨਵਜਨਮੇ ਬੱਚਿਆਂ ਦਾ ਰੱਖਿਆ ਜਾਵੇ ਖਾਸ ਧਿਆਨ- ਸੀ. ਐਚ. ਓ

**ਸ੍ਰੀ ਆਨੰਦਪੁਰ ਸਾਹਿਬ, 28 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਾ. ਤਰਸੇਮ ਸਿੰਘ ਸਿਵਲ ਸਰਜਨ ਰੂਪਨਗਰ ਅਤੇ ਡਾ. ਦਲਜੀਤ ਕੌਰ ਸੀਨੀਅਰ ਮੈਡੀਕਲ ਅਫਸਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਬਲਾਕ ਕੀਰਤਪੁਰ ਸਾਹਿਬ ਵਿਖੇ ਮਮਤਾ ਦਿਵਸ ਮਨਾਇਆ ਗਿਆ। ਬਲਵੰਤ ਰਾਏ ਹੈਲਥ ਇੰਸਪੈਕਟਰ ਨੇ ਦੱਸਿਆ ਕਿ ਸਿਹਤ ਵਿਭਾਗ ਵਲੋਂ ਹਰ ਬੁੱਧਵਾਰ ਨੂੰ ਮਮਤਾ ਦਿਵਸ ਮਨਾਇਆ ਜਾਂਦਾ ਹੈ, ਜਿਸ ਤਹਿਤ ਪਿੰਡਾਂ-ਪਿੰਡਾਂ ਵਿੱਚ ਗਰਭਵਤੀ ਮਾਵਾਂ ਅਤੇ ਜ਼ੀਰੋ ਤੋਂ ਡੇਢ ਸਾਲ ਦੇ ਬੱਚਿਆਂ ਨੂੰ ਵੱਖ-ਵੱਖ ਬਿਮਾਰੀਆਂ ਤੋਂ ਬਚਾਓ ਦੇ ਟੀਕੇ ਲਗਾਏ ਜਾਂਦੇ ਹਨ।

ਉਨ੍ਹਾਂ ਨੇ ਅੱਗੇ ਹੋਰ ਦੱਸਿਆ ਕਿ ਗਰਭਵਤੀ ਮਾਵਾਂ ਦਾ ਐਂਟੀਨੇਟਲ ਚੈਕ-ਅਪ ਵੀ ਕੀਤਾ ਜਾਂਦਾ ਹੈ ਅਤੇ ਖ਼ੂਨ ਅਤੇ ਪਿਸ਼ਾਬ ਦੇ ਟੈਸਟ ਵੀ ਮੁਫਤ ਕੀਤੇ ਜਾਂਦੇ ਹਨ।

ਮਾਵਾਂ ਨੂੰ ਆਇਰਨ ਫੋਲਿਕ ਐਸਿਡ ਅਤੇ ਕੈਲਸ਼ੀਅਮ ਦੀਆਂ ਗੋਲ਼ੀਆਂ ਵੀ ਦਿੱਤੀਆਂ ਜਾਂਦੀਆਂ ਹਨ। ਹਾਈ ਰਿਸਕ ਮਾਵਾਂ ਜਿਹਨਾਂ ਦਾ ਹੀਮੋਗਲੋਬਿਨ ਘੱਟ ਹੋਵੇ, ਉਮਰ 18 ਸਾਲ ਤੋਂ ਘੱਟ ਜਾਂ 35 ਸਾਲ ਤੋਂ ਵੱਧ ਹੋਵੇ, ਪੰਜ ਵਾਰ ਜਾਂ ਉਸ ਤੋਂ ਵੱਧ ਵਾਰ ਗਰਭ ਧਾਰਨ ਕੀਤਾ ਹੋਵੇ, ਕੱਦ ਬਹੁਤ ਛੋਟਾ ਹੋਵੇ, ਬਲੱਡ ਗਰੁੱਪ ਦਾ ਆਰ. ਐਚ ਫੈਕਟਰ ਨੈਗੇਟਿਵ ਹੋਣਾ, ਬਲੱਡ ਪ੍ਰੈਸ਼ਰ ਵੱਧ ਹੋਣਾ, ਗਰਭ ਅਵਸਥਾ ਦੌਰਾਨ ਸ਼ੂਗਰ ਲੈਵਲ ਘੱਟ ਜਾਂ ਵੱਧ ਹੋਣਾ, ਵਾਰ-ਵਾਰ ਗਰਭਪਾਤ ਦੀ ਹਿਸਟਰੀ ਹੋਣਾ, ਜੁੜਵਾ ਬੱਚੇ ਦੀ ਅਵਸਥਾ, ਪਿਛਲੇ ਜਣੇਪੇ ਦੀ ਸਜੇਰੀਅਨ (ਵੱਡਾ ਅਪ੍ਰੇਸ਼ਨ) ਦੀ ਹਿਸਟਰੀ, ਗਰਭਵਤੀ ਨੂੰ ਦਮਾ, ਜਾਂ ਦੌਰੇ ਪੈਣੇ, ਬਾਂਝਪਣ ਦਾ ਇਲਾਜ਼ ਕਰਵਾਇਆ ਹੋਵੇ ਆਦਿ ਦੀ ਹਿਸਟਰੀ ਹੋਵੇ, ਉਹਨਾਂ ਮਾਵਾਂ ਦਾ ਖਾਸ ਤੌਰ ਤੇ ਧਿਆਨ ਰੱਖਿਆ ਜਾਂਦਾ ਹੈ ਅਤੇ ਮਾਹਿਰ ਡਾਕਟਰਾਂ ਕੋਲੋਂ ਸਮੇਂ-ਸਮੇਂ ਤੇ ਚੈਕ-ਅਪ ਕਰਵਾਇਆ ਜਾਂਦਾ ਹੈ।



ਇਸ ਮੌਕੇ ਕਮਿਊਨਿਟੀ ਹੈਲਥ ਅਫਸਰ ਰਾਣੋ ਨੇ ਗਰਭਵਤੀ ਮਾਵਾਂ ਨੂੰ ਸੰਸਥਾਗਤ ਜਣੇਪਾ ਕਰਵਾਉਣ ਲਈ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਹਰ ਵਿਅਕਤੀ ਨੂੰ ਸਰਕਾਰੀ ਸਹੂਲ

ਉਹਨਾਂ ਨੇ ਹਾਜ਼ਰੀਨ ਮਾਵਾਂ ਨੂੰ ਦੱਸਿਆ ਕਿ ਸਰਕਾਰੀ ਹਸਪਤਾਲ਼ਾਂ ਵਿੱਚ ਜਣੇਪਾ ਬਿਲਕੁਲ ਮੁਫਤ ਕੀਤਾ ਜਾਂਦਾ ਹੈ ਅਤੇ ਮੁਫਤ ਖਾਣਾ ਵੀ ਦਿੱਤਾ ਜਾਂਦਾ ਹੈ। ਉਹਨਾਂ ਮਾਵਾਂ ਨੂੰ ਖਾਸ ਹਦਾਇਤ ਕੀਤੀ ਕਿ ਸਰਦੀਆਂ ਦਾ ਮੌਸਮ ਸ਼ੁਰੂ ਹੋ ਚੁੱਕਾ ਹੈ ਇਸ ਲਈ ਨਵਜਨਮੇ ਬੱਚਿਆਂ ਦਾ ਖਾਸ ਧਿਆਨ ਰੱਖਿਆ ਜਾਵੇ।

ਨਰੇਸ਼ ਕੁਮਾਰ, ਸੁੱਚਾ ਸਿੰਘ, ਰਜਨੀ ਦੇਵੀ, ਜਸਵੀਰ ਕੌਰ ਸਿਹਤ ਕਰਮਚਾਰੀਆਂ ਨੇ ਵੀ ਸੰਬੋਧਨ ਕਰਦੇ ਸਰਕਾਰ ਦੀਆਂ ਮੁਫਤ ਸਿਹਤ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ, ਜਿਹਨਾਂ ਵਿੱਚ 108 ਨੰਬਰ ਮੁਫਤ ਐਂਬੂਲੈਂਸ ਸਰਵਿਸ ਰਾਹੀਂ ਗਰਭਵਤੀ ਮਾਵਾਂ ਨੂੰ ਹਸਪਤਾਲ਼ ਲਿਜਾਣ ਅਤੇ ਛੱਡਣ ਦੀ ਸਹੂਲਤ, ਜਨਣੀ ਸੁਰੱਖਿਆ ਯੋਜਨਾ ਤਹਿਤ ਪੇਂਡੂ ਇਲਾਕਿਆਂ ਲਈ 700 ਰੁਪਏ ਅਤੇ ਸ਼ਹਿਰੀ ਇਲਾਕਿਆਂ ਲਈ 600 ਰੁਪਏ ਦੀ ਵਿੱਤੀ ਸਹਾਇਤਾ, ਜੇ. ਐਸ. ਐਸ. ਕੇ ਤਹਿਤ ਜਣੇਪੇ ਦੀਆਂ ਹੋਰ ਮੁਫਤ ਸੇਵਾਵਾਂ ਆਦਿ ਸ਼ਾਮਿਲ ਹਨ। ਇਸ ਮੌਕੇ ਹੋਰਾਂ ਤੋਂ ਇਲਾਵਾ ਆਸ਼ਾ ਵਰਕਰ ਬੰਦਨਾ ਕੁਮਾਰੀ, ਰੀਨਾ ਆਸ਼ਾ ਫਸਿਲੀਟੇਟਰ ਹਾਜ਼ਰ ਸਨ।

# ਕਿਸਾਨਾਂ ਨੂੰ ਫਸਲ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ ਸਬੰਧੀ ਕੀਤਾ ਜਾਗਰੂਕ

**ਬਟਾਲਾ, 28 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਦੀ ਅਗਵਾਈ ਹੇਠ ਜਿਲ੍ਹਾ ਪ੍ਰਸ਼ਾਸਨ ਦੇ ਸਿਵਲ ਤੇ ਪੁਲਿਸ ਅਧਿਕਾਰੀਆਂ ਵਲੋਂ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ ਦੀ ਅਪੀਲ ਕਰਕੇ ਪਰਾਲੀ ਪ੍ਰਬੰਧਨ ਲਈ ਜਾਗਰੂਕ ਕੀਤਾ ਜਾ ਰਿਹਾ ਹੈ।

ਇਸ ਮੌਕੇ ਐੱਸ.ਡੀ.ਐੱਮ ਬਟਾਲਾ ਸ਼੍ਰੀ ਵਿਕਰਮਜੀਤ ਸਿੰਘ ਵੱਲ਼ੋਂ ਬਟਾਲਾ ਬਲਾਕ ਦੇ ਵੱਖ-ਵੱਖ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨੂੰ ਲਗਾਤਾਰ ਮਿਲਿਆ ਜਾ ਰਿਹਾ ਹੈ। ਇਸ ਮੌਕੇ ਨਾਇਬ ਤਹਿਸੀਲਦਾਰ ਮਨਜੋਤ ਸਿੰਘ, ਬਲਾਕ ਖੇਤੀਬਾੜੀ ਅਫਸਰ ਬਟਾਲਾ ਡਾ. ਪਰਮਬੀਰ ਸਿੰਘ ਕਾਹਲੋਂ ਅਤੇ ਖੇਤੀਬਾੜੀ ਵਿਕਾਸ ਅਫਸਰ ਜੋਬਨਜੀਤ ਸਿੰਘ ਅਤੇ ਬਲਾਕ ਬਟਾਲਾ ਅਤੇ ਕਾਦੀਆਂ ਦੇ ਪਿੰਡਾ ਨਾਲ ਸਬੰਧਤ ਕਲਸਟਰ ਅਫਸਰ, ਨੋਡਲ ਅਫਸਰ, ਪਟਵਾਰੀ ਅਤੇ ਐੱਸ.ਐੱਚ. ਓ. ਵੀ ਮੌਜੂਦ ਸਨ।

ਅੱਜ ਪਿੰਡ ਪ੍ਰਤਾਪਗੜ੍ਹ, ਬਹਾਦੁਰ ਹੁਸੈਨ, ਪੰਜਗਰਾਈਆਂ, ਤਾਰਾ, ਪੀਰੋਵਾਲੀ ਵਿਖੇ ਪਿੰਡਾਂ ਵਿੱਚ ਜਾ ਕੇ ਕਿਸਾਨਾਂ ਨੂੰ ਪਰਾਲੀ ਨਾ ਸਾੜਨ



ਅਤੇ ਪਰਾਲੀ ਦੇ ਪ੍ਰਬੰਧਾਂ ਬਾਰੇ ਜਾਗਰੂਕ ਕੀਤਾ ਜਾ ਗਿਆ। ਉਨ੍ਹਾਂ ਕਿਹਾ ਕਿ ਫਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਲਗਾਉਣਾ ਇੱਕ ਕਾਨੂੰਨੀ ਅਪਰਾਧ ਹੈ ਅਤੇ ਇਸ ਨਾਲ ਵਾਤਾਵਰਣ ਦੂਸ਼ਿਤ ਹੁੰਦਾ ਹੈ ਅਤੇ ਕਈ ਕਿਸਮ ਦੀਆਂ ਬਿਮਾਰੀਆਂ ਵੀ ਫੈਲਦੀਆਂ ਹਨ। ਅੱਗ ਲਗਾਉਣ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਖ਼ਤਮ ਹੁੰਦੀ ਹੈ। ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਉਹ ਵਾਤਾਵਰਨ ਦੀ ਸ਼ੁੱਧਤਾ ਲਈ ਜ਼ਿਲ੍ਹਾ ਪ੍ਰਸ਼ਾਸਨ ਦਾ ਸਹਿਯੋਗ ਕਰਨ।

ਉਨ੍ਹਾਂ ਨੇ ਕਿਹਾ ਕਿ ਜੇਕਰ ਫਿਰ ਵੀ ਕਿਸੇ ਕਿਸਾਨ ਨੂੰ ਕੋਈ ਮੁਸ਼ਕਿਲ ਪੇਸ਼ ਆਉਂਦੀ ਹੈ, ਤਾਂ ਉਹ ਨੇੜਲੇ ਖੇਤੀਬਾੜੀ ਵਿਭਾਗ ਦੇ ਦਫ਼ਤਰ, ਐੱਸ.ਡੀ.ਐੱਮ. ਦਫ਼ਤਰ ਵਿਖੇ ਸੰਪਰਕ ਕਰ ਸਕਦੇ ਹਨ ਜਾਂ ਹੈਲਪ ਲਾਈਨ ਨੰ 1800-180-1852 ਤੇ ਸੰਪਰਕ ਕਰਨ।

ਇਸ ਮੌਕੇ ਕਿਸਾਨਾਂ ਕੋਲੋ ਪਰਾਲੀ ਨੂੰ ਅੱਗ ਨਾ ਲਗਾਉਣ ਸਬੰਧੀ ਪ੍ਰਣ ਵੀ ਲਿਆ ਗਿਆ।

# ਪੰਜਾਬ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਅਤੇ ਪ੍ਰੋਜੈਕਟਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਲਈ ਸਮੂਹ ਅਧਿਕਾਰੀ ਤਨਦੇਹੀ ਨਾਲ ਕੰਮ ਕਰਨ: ਸ਼੍ਰੀਮਤੀ ਚੰਦਰਜਯੋਤੀ ਸਿੰਘ

**ਰੂਪਨਗਰ, 28 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਅਤੇ ਪ੍ਰੋਜੈਕਟਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਲਈ ਸਮੂਹ ਅਧਿਕਾਰੀ ਅਤੇ ਕਰਮਚਾਰੀ ਤਨਦੇਹੀ ਨਾਲ ਕੰਮ ਕਰਨ।

ਹਰੇਕ ਵਿਭਾਗੀ ਅਧਿਕਾਰੀ ਆਪਣੇ ਵਿਭਾਗ ਦੀਆਂ ਲੋਕ ਭਲਾਈ ਸਕੀਮਾਂ ਬਾਰੇ ਆਮ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਕਰਨਾ ਯਕੀਨੀ ਬਣਾਉਣ ਤਾਂ ਜੋ ਸਰਕਾਰ ਦੀਆਂ ਸਕੀਮਾਂ ਦਾ ਲਾਭ ਯੋਗ ਲੋੜਵੰਦਾਂ ਨੂੰ ਮਿਲੇ ਸਕੇ ਇਨ੍ਹਾਂ ਸਬਦਾਂ ਦਾ ਪ੍ਰਗਟਾਵਾ ਵਧੀਕ ਡਿਪਟੀ ਕਮਿਸ਼ਨਰ (ਵ) ਸ਼੍ਰੀਮਤੀ ਚੰਦਰਜਯੋਤੀ ਸਿੰਘ ਨੇ ਵੱਖ-ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਕੀਤਾ।

ਮੀਟਿੰਗ ਦੌਰਾਨ ਉਹਨਾਂ ਵੱਖ ਵੱਖ ਵਿਭਾਗਾਂ ਵੱਲੋਂ ਚਲਾਈ ਜਾਂਦੀਆਂ ਸਕੀਮਾਂ ਦਾ ਵਿਸਥਾਰਪੂਰਵਕ ਜਾਇਜ਼ਾ ਲਿਆ। ਇਨ੍ਹਾਂ ਸਕੀਮਾਂ ਨੂੰ ਵੱਧ ਤੋਂ ਵੱਧ ਲੋਕਾਂ ਤੱਕ ਸਹੀ ਤਰੀਕੇ ਨਾਲ ਪਹੁੰਚਾਉਣ ਲਈ ਵਿਚਾਰ ਵਟਾਂਦਰਾ ਕੀਤਾ ਗਿਆ।

ਵਧੀਕ ਡਿਪਟੀ ਕਮਿਸ਼ਨਰ ਨੇ ਵੱਖ-ਵੱਖ ਸਕੀਮ ਅਧੀਨ ਰਾਜ ਸਰਕਾਰ ਵੱਲੋਂ ਪ੍ਰਾਪਤ ਟੀਚਿਆਂ ਨੂੰ ਦਹੁਰਾਉਂਦਿਆਂ ਸਮੂਹ ਅਧਿਕਾਰੀਆਂ ਨੂੰ ਦਿੱਤੇ ਟੀਚੇ ਨੂੰ ਪੂਰਾ ਕਰਨ ਲਈ ਵੱਧ ਤੋਂ ਵੱਧ ਉਪਰਾਲੇ ਕਰਨ ਦੀ ਹਦਾਇਤ ਕੀਤੀ ਗਈ ਅਤੇ ਕਿਹਾ ਕਿ ਇਸ ਸੰਬਧੀ ਕਿਸੇ ਤਰ੍ਹਾਂ ਦੀ ਅਣਗਿਹਲੀ ਨਾ ਵਰਤੀ ਜਾਵੇ।




ਉਨ੍ਹਾਂ ਮਗਨਰੇਗਾ ਸਕੀਮ ਅਧੀਨ ਵੱਖ-ਵੱਖ ਬਲਾਕਾਂ ਵਿੱਚ ਚੱਲ ਰਹੇ ਮਾਡਲ ਦੇ ਕੰਮਾਂ ਅਤੇ ਸਕੂਲਾ ਵਿੱਚ ਚੱਲ ਰਹੇ ਪ੍ਰਾਜੈਕਟਾਂ ਦੀ ਸਮੀਖਿਆ ਕਰਦਿਆਂ ਬੀ.ਡੀ.ਪੀ.ਓਜ਼ ਨੂੰ ਪ੍ਰਗਤੀ ਨੂੰ ਵਾਚਨ ਦੀ ਹਦਾਇਤ ਕੀਤੀ ਤਾਂ ਜੋ ਜਲਦ ਤੋਂ ਜਲਦ ਇਨ੍ਹਾਂ ਕੰਮਾਂ ਨੂੰ ਮੁਕੰਮਲ ਕੀਤਾ ਜਾਣਾ ਯਕੀਨੀ ਬਣਾਇਆ ਜਾ ਸਕੇ।

ਇਸ ਮੌਕੇ ਸਹਾਇਕ ਸਿਵਲ ਸਰਜਨ ਡਾ. ਅੰਜੂ ਭਾਟੀਆ, ਡਿਪਟੀ ਮੈਡੀਕਲ ਅਫਸਰ ਡਾ. ਬਲਦੇਵ ਸਿੰਘ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸ਼ਰੂਤੀ ਸ਼ਰਮਾ, ਜਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਸ਼੍ਰੀ ਰਵਿੰਦਰ ਸਿੰਘ ਰਾਹੀ, ਜ਼ਿਲ੍ਹਾ ਖੇਡ ਅਫ਼ਸਰ ਜਗਜੀਵਨ ਸਿੰਘ, ਜ਼ਿਲ੍ਹਾ ਜੰਗਲਾਤ ਅਫਸਰ ਹਰਜਿੰਦਰ ਸਿੰਘ, ਬੀਡੀਪੀਓ ਈਸ਼ਾਨ ਚੌਧਰੀ, ਬੀਡੀਪੀਓ ਹਰਕੀਰਤ ਸਿੰਘ, ਬੀਡੀਪੀਓ ਰਵਿੰਦਰ ਸਿੰਘ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਸੁਰਿੰਦਰਪਾਲ ਸਿੰਘ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਪ੍ਰਾਇਮਰੀ ਰੰਜਨਾ ਕਟਿਆਲ, ਐਕਸੀਅਨ ਹਰਜੀਤਪਾਲ ਸਿੰਘ, ਪਲੇਸਮੈਂਟ ਅਫਸਰ ਮੀਨਾਕਸ਼ੀ ਬੇਦੀ, ਬਲਾਕ ਮਿਸ਼ਨ ਮੈਨੇਜਰ ਗੁਰਪ੍ਰੀਤ ਸਿੰਘ, ਸੁਪਰਡੈਂਟ ਰਮਾਂ ਕਾਂਤ ਅਤੇ ਸਮੂਹ ਵਿਭਾਗਾਂ ਤੋਂ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ।

# ਜ਼ਿਲ੍ਹੇ ਦੇ ਕਰੀਬ 68,157 ਪੈਨਸ਼ਨ ਲਾਭਪਾਤਰੀਆਂ ਨੂੰ ਦਿੱਤਾ 91.64 ਕਰੋੜ ਰੁਪਏ ਤੋਂ ਵੱਧ ਦਾ ਲਾਭ

**ਫ਼ਤਹਿਗੜ੍ਹ ਸਾਹਿਬ, 28 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ, ਪੰਜਾਬ, ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਰਕਾਰੀ ਸਕੀਮਾਂ ਦਾ ਲਾਭ ਹਰ ਯੋਗ ਲਾਭਪਾਤਰੀ ਨੂੰ ਦੇਣ ਲਈ ਦਿਨ ਰਾਤ ਇੱਕ ਕਰ ਕੇ ਕੰਮ ਕੀਤਾ ਜਾ ਰਿਹਾ ਹੈ। ਇਸੇ ਤਹਿਤ ਜ਼ਿਲ੍ਹੇ ਵਿੱਚ ਵੱਖ ਵੱਖ ਪੈਨਸ਼ਨ ਸਕੀਮਾਂ ਦੇ ਕਰੀਬ 68,157 ਲਾਭਪਾਤਰੀਆਂ ਨੂੰ ਜਨਵਰੀ 2024 ਤੋਂ ਸਤੰਬਰ 2024 ਤਕ ਕਰੀਬ 91 ਕਰੋੜ 64 ਲੱਖ 11 ਹਜ਼ਾਰ 500 ਰੁਪਏ ਦੀ ਅਦਾਇਗੀ ਕੀਤੀ ਗਈ ਹੈ।



ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਡਾ. ਸੋਨਾ ਥਿੰਦ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੀ ਤਰੱਕੀ ਵਾਸਤੇ ਵੱਖੋ-ਵੱਖ ਕਦਮ ਚੁੱਕੇ ਜਾ ਰਹੇ ਹਨ ਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਰਕਾਰੀ ਸਕੀਮਾਂ ਦਾ ਲਾਭ ਲੋਕਾਂ ਤਕ ਪੁੱਜਦਾ ਕਰਨ ਲਈ ਕੋਈ ਕਸਰ ਨਹੀਂ ਛੱਡੀ ਜਾ ਰਹੀ ਹੈ। ਉਹਨਾਂ ਦੱਸਿਆ ਕਿ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਲੋਕਾਂ ਨੂੰ ਸਰਕਾਰ ਦੀਆਂ ਨੀਤੀਆਂ ਸਬੰਧੀ ਵੱਧ ਤੋਂ ਵੱਧ ਜਾਗਰੂਕ ਕੀਤਾ ਜਾਵੇ।

ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਲੋਕ ਇਹਨਾਂ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈਣ। ਉਹਨਾਂ ਨੇ ਇਹ ਵੀ ਅਪੀਲ ਕੀਤੀ ਕਿ ਯੋਗ ਲਾਭਪਾਤਰੀ ਇਹਨਾਂ ਸਕੀਮਾਂ ਦਾ ਲਾਭ ਸੇਵਾ ਕੇਂਦਰਾਂ ਵਿੱਚ ਪੁੱਜ ਕੇ ਪ੍ਰਾਪਤ ਕਰਨ ਦੇ ਨਾਲ-ਨਾਲ ਪੰਜਾਬ ਸਰਕਾਰ ਵੱਲੋਂ ਪਿੰਡਾਂ ਤੇ ਸ਼ਹਿਰਾਂ ਵਿੱਚ ÷ਆਪ ਦੀ ਸਰਕਾਰ ਆਪ ਦੇ ਦੁਆਰ÷ਤਹਿਤ ਲਾਏ ਜਾਂਦੇ ਸੁਵਿਧਾ ਕੈਂਪਾਂ ਵਿੱਚ ਪੁੱਜ ਕੇ ਵੀ ਪ੍ਰਾਪਤ ਕਰ ਸਕਦੇ ਹਨ। ਇਸ ਤੋਂ ਇਲਾਵਾ ਹੈਲਪਲਾਈਨ ਨੰਬਰ ÷1076÷ ਉੱਤੇ ਕਾਲ ਕਰ ਕੇ ਵੀ ਇਹਨਾਂ ਸੇਵਾਵਾਂ ਦਾ ਲਾਭ ਲਿਆ ਜਾ ਸਕਦਾ ਹੈ।

ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫ਼ਸਰ ਵਰਿੰਦਰ ਸਿੰਘ ਟਿਵਾਣਾ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਜਨਵਰੀ 2024 ਤੋਂ ਅਕਤੂਬਰ 2024 ਤਕ ਆਸ਼ਰਿਤ ਪੈਨਸ਼ਨ ਦੇ ਕਰੀਬ 4,416 ਲਾਭਪਾਤਰੀਆਂ ਨੂੰ ਕਰੀਬ 05,94,31,500 ਰੁਪਏ, ਕਰੀਬ 5,801 ਦਿਵਿਆਂਗ ਪੈਨਸ਼ਨਰਾਂ ਨੂੰ ਲਗਪਗ 07,79,38,500 ਰੁਪਏ, ਲਗਪਗ 13,997 ਵਿਧਵਾ ਪੈਨਸ਼ਨਰਾਂ ਨੂੰ ਕਰੀਬ 18,74,56,500 ਰੁਪਏ ਅਤੇ ਬੁਢਾਪਾ ਪੈਨਸ਼ਨ ਦੇ ਕਰੀਬ 43,943 ਲਾਭਪਾਤਰੀਆਂ ਨੂੰ ਲਗਪਗ 59,15,85,000 ਰੁਪਏ ਦੀ ਅਦਾਇਗੀ ਕੀਤੀ ਗਈ ਹੈ।

# ਦੁਕਾਨਾਂ ਅਤੇ ਘਰਾਂ ਵਿਚ ਡੇਂਗੂ ਦਾ ਲਾਰਵਾ ਪਾਏ ਜਾਣ ਤੇ ਕੀਤਾ ਜਾਵੇਗਾ ਚਲਾਨ-ਡਿਪਟੀ ਕਮਿਸ਼ਨਰ



**ਤਰਨ ਤਾਰਨ, 28 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਪਰਮਵੀਰ ਸਿੰਘ ਦੀ ਪ੍ਰਧਾਨਗੀ ਹੇਠ ਅੱਜ ਜ਼ਿਲਾ ਪਰਬੰਧਕੀ ਕੰਪਲੈਕਸ ਤਰਨ ਤਾਰਨ ਵਿਖੇ ਨੈਸ਼ਨਲ ਵੈਕਟਰ ਬੋਰਨ ਡਜੀਜ਼, ਜਿਵੇਂ ਕਿ ਡੇਂਗੂ, ਮਲੇਰੀਆ ਸੰਬੰਧੀ ਜ਼ਿਲ੍ਹਾ ਟਾਸਕ ਫੋਰਸ ਦੀ ਮੀਟਿੰਗ ਹੋਈ।

ਇਸ ਮੌਕੇ ਤੇ ਡਿਪਟੀ ਕਮਿਸ਼ਨਰ ਵੱਲੋਂ ਆਏ ਹੋਏ ਵੱਖ-ਵੱਖ ਵਿਭਾਗਾਂ ਨੂੰ ਅਪੀਲ ਕੀਤੀ ਕਿ ਉਹ ਆਉਣ ਵਾਲੇ ਡੇਂਗੂ ਸੀਜ਼ਨ ਨੂੰ ਮੁੱਖ ਰੱਖਦਿਆਂ ਜਾਗਰੂਕ ਗਤੀਵਿਧੀਆਂ ਆਰੰਭ ਕਰ ਦੇਣ ਅਤੇ ਸਿਹਤ ਵਿਭਾਗ ਨੂੰ ਸਹਿਯੋਗ ਕਰਨ। ਉਨ੍ਹਾਂ ਨਗਰ ਕੌਂਸਲ ਦੇ ਅਫ਼ਸਰਾਂ ਨੂੰ ਹਦਾਇਤ ਕੀਤੀ ਕਿ ਇਲਾਕਿਆਂ ਵਿੱਚ ਫੌਗਿੰਗ ਕਰਨੀ ਸ਼ੁਰੂ ਕਰ ਦਿੱਤੀ ਜਾਵੇ। ਇਸਦੇ ਨਾਲ ਹੀ ਉਨ੍ਹਾਂ ਸਕੂਲ ਦੇ ਪ੍ਰਿੰਸੀਪਲਾਂ ਨੂੰ ਕਿਹਾ ਕਿ ਸਕੂਲ ਦੀ ਗਰਾਊਂਡ ਅਤੇ ਹੋਰ ਨੀਂਵੀਆਂ ਥਾਵਾਂ ਤੇ ਪਾਣੀ ਖੜਾ ਨਾ ਹੋਣ ਦਿੱਤਾ ਜਾਵੇ। ਡੇਂਗੂ ਬੁਖਾਰ ਪ੍ਰਤੀ ਬੱਚਿਆਂ ਨੂੰ ਜਾਗਰੂਕ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਸਮੇਂ ਸਮੇਂ ਤੇ ਚੰਗੇਰੀ ਸਿਹਤ ਪ੍ਰਦਾਨ ਕਰਨ ਦੇ ਉਪਰਾਲੇ ਕੀਤੇ ਜਾਂਦੇ ਹਨ। ਇਨ੍ਹਾਂ ਉਪਰਾਲਿਆਂ ਦੀ ਲੜੀ ਨੂੰ ਅੱਗੇ ਤੋਰਦਿਆਂ ਡੇਂਗੂ ਵਰਗੀ ਬਿਮਾਰੀ ਨਾਲ ਨਜਿੱਠਣ ਲਈ ਸਿਹਤ ਵਿਭਾਗ ਵੱਲੋਂ ਪੁਖਤਾ ਪ੍ਰਬੰਧ ਕੀਤੇ ਜਾ ਚੁੱਕੇ ਹਨ।

ਡਿਪਟੀ ਕਮਿਸ਼ਨਰ ਨੇ ਹੋਰ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਸਿਹਤ ਵਿਭਾਗ ਦੀ ਐਂਟੀ ਲਾਰਵਾ ਬ੍ਰਾਂਚ ਵੱਲੋਂ ਸਾਰੇ ਦਫਤਰਾਂ ਵਿਚ ਕੂਲਰ, ਫਰਿੱਜਾਂ ਆਦਿ ਚੈਕ ਕੀਤੇ ਜਾ ਰਹੇ ਹਨ, ਤਾਂ ਜੋ ਕਿਤੇ ਵੀ ਕਈ ਦਿਨ ਪਹਿਲਾਂ ਮੀਂਹ ਦਾ ਪਾਣੀ ਖੜਾ ਨਾ ਹੋਵੇ।ਡਾ: ਸਿਮਰਨ ਕੌਰ ਐਪੀਡੀਮੋਲੋਜਿਸਟ ਵੱਲੋਂ ਦੱਸਿਆ ਗਿਆ ਕਿ ਡੇਂਗੂ ਤੋਂ ਬਚਣ ਲਈ ਸਭ ਤੋਂ ਜ਼ਰੂਰੀ ਹੈ ਕਿ ਮੱਛਰ ਦੀ ਪੈਦਾਵਾਰ ਨੂੰ ਹੀ ਰੋਕਿਆ ਜਾਵੇ।

ਉਨ੍ਹਾਂ ਕਿਹਾ ਕਿ ਘਰਾਂ ਦੀਆਂ ਛੱਤਾ ਤੇ ਪਿਆ ਨਕਾਰਾ ਜਿੰਨਾਂ ਵਿਚ ਪੁਰਾਣੇ ਟਾਇਰ, ਗਮਲੇ, ਪਲਾਸਟਿਕ ਅਤੇ ਹੋਰ ਸਮਾਨ ਵਿਚ ਬਾਰਿਸ਼ ਦਾ ਪਾਣੀ ਜਮ੍ਹਾਂ ਨਾ ਹੋਵੇ ਅਤੇ ਇਸ ਨਾਕਾਰਾ ਸਮਾਨ ਨੂੰ ਨਸ਼ਟ ਕਰ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਦਿਨ ਵੇਲੇ ਪੂਰੀਆਂ ਬਾਹਾਂ ਦੇ ਕੱਪੜੇ ਪਾਏ ਅਤੇ ਮੱਛਰ ਭਜਾਉਣ ਵਾਲੀਆਂ ਕਰੀਮਾਂ ਆਦਿ ਦਾ ਇਸਤੇਮਾਲ ਵੀ ਸਾਨੂੰ ਡੇਂਗੂ ਤੋਂ ਬਚਾਅ ਸਕਦਾ ਹੈ।

ਡੇਂਗੂ ਦਾ ਬੁਖਾਰ, ਜੋ ਕਿ ਏਡੀਜ਼ ਅਜਿਪਟੀ ਮੱਛਰ ਦੇ ਕੱਟਣ ਨਾਲ ਪੈਦਾ ਹੁੰਦਾ ਹੈ, ਜਿਸ ਦੇ ਲੱਛਣ ਤੇਜ਼ ਸਿਰਦਰਦ, ਤੇਜ਼ ਬੁਖਾਰ, ਮਾਸ਼-ਪੇਸ਼ੀਆਂ, ਜ਼ੋੜਾਂ ਆਦਿ ਦਾ ਦਰਦ, ਅੱਖਾਂ ਦੇ ਪਿਛਲੇ ਹਿਸੇ ਵਿਚ ਦਰਦ, ਉਲਟੀਆਂ, ਨੱਕ, ਮੂੰਹ ਅਤੇ ਮਸੂੜਿਆਂ ਵਿਚ ਖੂਨ ਵਗਣਾ ਆਦਿ ਹੁੰਦਾ ਹੈ। ਡੇਂਗੂ ਬੁਖਾਰ ਦਾ ਸ਼ੱਕ ਹੋਣ ਦੀ ਸੂਰਤ ਵਿਚ ਤੁਰੰਤ ਸਰਕਾਰੀ ਹਸਪਤਾਲ ਤੋਂ ਮੁਫਤ ਚੈਕਅੱਪ ਅਤੇ ਇਲਾਜ ਕਰਵਾਓ।

# ਕਿਸਾਨਾਂ ਨੂੰ ਫਸਲ ਦੀ ਖਰੀਦ ਪ੍ਰਕਿਰਿਆ ਦੌਰਾਨ ਮੰਡੀਆਂ ਵਿਚ ਨਹੀਂ ਆਉਣ ਦਿੱਤੀ ਜਾਵੇਗੀ ਦਿੱਕਤ



**ਫਾਜ਼ਿਲਕਾ, 28 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਆਈਏਐਸ ਅਤੇ ਜ਼ਿਲ੍ਹਾ ਪੁਲਿਸ ਮੁੱਖੀ ਵਰਿੰਦਰ ਸਿੰਘ ਬਰਾੜ ਨੇ ਮੰਡੀ ਲਾਧੂਕਾ ਅਤੇ ਘੁਬਾਇਆ ਅਨਾਜ ਮੰਡੀ ਦਾ ਦੌਰਾ ਕਰਕੇ ਝੋਨੇ ਦੀ ਚੱਲ ਰਹੀ ਖਰੀਦ ਪ੍ਰਕਿਰਿਆ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਕਿਹਾ ਕਿ ਮੰਡੀਆਂ ਵਿਖੇ ਫਸਲ ਦੀ ਖਰੀਦ ਪ੍ਰਕਿਰਿਆ ਦੌਰਾਨ ਕਿਸਾਨਾਂ ਨੂੰ ਕੋਈ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਅਧਿਕਾਰੀਆਂ ਨੂੰ ਹਦਾਇਤਾਂ ਕੀਤੀਆਂ ਗਈਆਂ ਹਨ ਕਿ ਝੋਨੇ ਦੀ ਖਰੀਦ ਤੇਜੀ ਨਾਲ ਕੀਤੀ ਜਾਵੇ ਅਤੇ ਖਰੀਦ ਕੀਤੇ ਝੋਨੇ ਦੀ ਅਦਾਇਗੀ ਕਿਸਾਨਾਂ ਨੂੰ ਨਾਲੋ ਨਾਲ ਕਰਵਾਈ ਜਾਵੇ ਤਾਂ ਜੋ ਕਿਸਾਨਾਂ ਨੂੰ ਮੰਡੀ ਵਿਖੇ ਖਜਲ ਨਾ ਹੋਣਾ ਪਵੇ।

ਮੰਡੀਆਂ ਦੇ ਦੌਰੇ ਦੌਰਾਨ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੰਡੀ ਬੋਰਡ ਦੇ ਅਧਿਕਾਰੀਆਂ ਤੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਗਏ ਹਨ ਕਿ ਜਿਵੇਂ ਹੀ ਕਿਸਾਨ ਫਸਲ ਮੰਡੀ ਵਿਖੇ ਲੈ ਕੇ ਆਉਂਦਾ ਹੈ ਤਾਂ ਨਾਲੋ-ਨਾਲ ਖਰੀਦ ਪ੍ਰਕਿਰਿਆ ਆਰੰਭੀ ਜਾਵੇ। ਉਨ੍ਹਾਂ ਨੇ ਇਸ ਸਬੰਧੀ ਅਧਿਕਾਰੀਆਂ ਨੂੰ ਤੇਜੀ ਨਾਲ ਕੰਮ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਫਸਲ ਦੀ ਖਰੀਦ ਉਪਰੰਤ ਫਸਲ ਦੀ ਅਦਾਇਗੀ ਮਿਥੇ ਸਮੇਂ ਅੰਦਰ ਕਰਨੀ ਯਕੀਨੀ ਬਣਾਈ ਜਾਵੇ। ਇਸ ਤੋਂ ਇਲਾਵਾ ਫਸਲ ਦੀ ਲਿਫਟਿੰਗ ਵਿਚ ਤੇਜੀ ਲਿਆਂਦੀ ਜਾਵੇ ਤਾਂ ਜੋ ਮੰਡੀ ਵਿਖੇ ਥਾਂ ਦੀ ਘਾਟ ਨਾ ਮਹਿਸੂਸ ਹੋਵੇ। ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਕਿਹਾ ਕਿ ਮੰਡੀ ਵਿਚ ਸਫਾਈ, ਪੀਣ ਦੇ ਪਾਣੀ ਅਤੇ ਰੌਸ਼ਨੀ ਦੇ ਪੂਰੇ ਪ੍ਰਬਧ ਯਕੀਨੀ ਬਣਾਏ ਜਾਣ।

ਡਿਪਟੀ ਕਮਿਸ਼ਨਰ ਨੇ ਇਸ ਮੌਕੇ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਸੁੱਕੀ ਫਸਲ ਹੀ ਮੰਡੀ ਵਿਚ ਲੈ ਕੇ ਆਉਣ। ਉਨ੍ਹਾਂ ਨੇ ਕਿਹਾ ਕਿ 17 ਫੀਸਦੀ ਤੋਂ ਜਿਆਦਾ ਨਮੀ ਵਾਲੀ ਫਸਲ ਮੰਡੀ ਵਿਚ ਨਾ ਲਿਆਂਦੀ ਜਾਵੇ। ਉਨ੍ਹਾਂ ਨੇ ਕਿਸਾਨਾਂ ਨੂੰ ਇਹ ਵੀ ਅਪੀਲ ਕੀਤੀ ਕਿ ਰਾਤ ਸਮੇਂ ਝੋਨੇ ਦੀ ਕਟਾਈ ਨਾ ਕੀਤੀ ਜਾਵੇ। ਇਸੇ ਤਰਾਂ ਫਸਲ ਦੀ ਕਟਾਈ ਪੂਰੀ ਤਰਾਂ ਪੱਕਣ ਤੇ ਹੀ ਕੀਤੀ ਜਾਵੇ।

ਇਸ ਮੌਕੇ ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਅਤੇ ਜ਼ਿਲ੍ਹਾ ਪੁਲਿਸ ਮੁੱਖੀ ਵਰਿੰਦਰ ਸਿੰਘ ਬਰਾੜ ਨੇ ਕਿਸਾਨ ਵੀਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਫਸਲ ਦੀ ਕਟਾਈ ਉਪਰੰਤ ਝੋਨੇ ਦੀ ਪਰਾਲੀ ਤੇ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾ ਕੇ ਸਗੋ ਇਸ ਦੀ ਖਾਦ ਦੇ ਰੂਪ ਵਿਚ ਵਰਤੋਂ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਪਰਾਲੀ ਨੂੰ ਜਮੀਨ ਵਿਚ ਵਹਾਇਆ ਜਾਵੇ ਤੇ ਫਸਲ ਦੀ ਬਿਜਾਈ ਕੀਤੀ ਜਾਵੇ ਜਿਸ ਨਾਲ ਅਗਲੇਰੀ ਫਸਲ ਦੀ ਉਪਜ *ਚ ਫਾਇਦਾ ਮਿਲਦਾ ਹੈ ਤੇ ਝਾੜ ਵੱਧ ਪ੍ਰਾਪਤ ਹੁੰਦਾ ਹੈ। ਉਨ੍ਹਾਂ ਕਿਹਾ ਕਿ ਪਰਾਲੀ ਨੂੰ ਅੱਗ ਨਾ ਲਗਾ ਕੇ ਇਸਦੀ ਸੁਚਜੀ ਵਰਤੋਂ ਕਰਕੇ ਅਸੀਂ ਜਿਥੇ ਵਾਤਾਵਰਣ ਨੂੰ ਪ੍ਰਦੂਸ਼ਿਤ ਕਰਨ ਤੋਂ ਬਚ ਸਕਦੇ ਹਾਂ ਉਥੇ ਆਪਣੀ ਜਮੀਨੀ ਤਾਕਤ ਨੂੰ ਵੀ ਕਾਇਮ ਰੱਖਦੇ ਹਾਂ।ਇਸ ਮੌਕੇ ਐਸ.ਪੀ. ਪ੍ਰਦੀਪ ਸਿੰਘ ਸੰਧੂ, ਜ਼ਿਲ੍ਹਾ ਮੰਡੀ ਅਫ਼ਸਰ ਸ੍ਰੀ ਸੁਲੋਧ ਬਿਸ਼ਨੋਈ, ਮਾਰਕਿਟ ਕਮੇਟੀ ਅਤੇ ਖਰੀਦ ਏਜੰਸੀਆਂ ਦੇ ਅਧਿਕਾਰੀ ਵੀ ਹਾਜਰ ਸਨ।

# ਓਵਰਲੋਡ ਬੱਸਾਂ ਤੇ ਹੋਰ ਵਾਹਨਾਂ ਦੇ ਕੀਤੇ ਚਲਾਨ

**ਹੁਸ਼ਿਆਰਪੁਰ, 28 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਰਿਜਨਲ ਟਰਾਂਸਪੋਰਟ ਅਫ਼ਸਰ ਆਰ.ਐਸ. ਗਿੱਲ ਨੇ ਅੱਜ ਦੱਸਿਆ ਕਿ ਕਮਾਹੀ ਦੇਵੀ, ਦਾਤਾਰਪੁਰ ਅਤੇ ਤਲਵਾੜਾ ਖੇਤਰਾਂ ਵਿੱਚ ਓਵਰਲੋਡ ਬੱਸਾਂ ਕਾਰਨ ਸਵਾਰੀਆਂ ਦੀ ਸੁਰੱਖਿਆ ਨੂੰ ਪੈਦਾ ਹੋ ਰਹੇ ਖ਼ਤਰੇ ਦੇ ਮੱਦੇਨਜ਼ਰ ਟਰਾਂਸਪੋਰਟ ਵਿਭਾਗ ਵੱਲੋਂ ਅਜਿਹੇ ਵ੍ਹੀਕਲਾਂ ਦੇ ਚਲਾਨ ਕੱਟੇ ਗਏ।ਆਰ.ਟੀ.ਓ. ਨੇ ਦੱਸਿਆ ਕਿ ਝੀਰ ਦੀ ਖੂਹੀ ਬੱਸ ਸਟੈਂਡ ਤੋਂ ਸਕੂਲ-ਕਾਲਜ ਜਾਣ ਵਾਲੇ ਬੱਚਿਆਂ ਨੂੰ ਬੱਸਾਂ ਦੇ ਉੱਪਰ ਬਿਠਾਉਣ ਅਤੇ ਓਵਰਲੋਡਿੰਗ ਦੇ ਮਾਮਲੇ ਧਿਆਨ ਵਿਚ ਆਏ ਸਨ ਜਿਹੜੇ ਕਿ ਟਰੈਫਿਕ ਨਿਯਮਾਂ ਦੀ ਅਣਦੇਖੀ ਹੀ ਨਹੀਂ ਸਗੋਂ ਸਵਾਰੀਆਂ ਦੀ ਸੁਰੱਖਿਆ ਨੂੰ ਵੀ ਖਤਰੇ ਵਿੱਚ ਪਾਉਂਦੇ ਸਨ। ਇਸ ਸਬੰਧੀ ਮਾਮਲਾ ਧਿਆਨ ਵਿੱਚ ਆਉਣ ਤੋਂ ਬਾਅਦ ਬੁੱਧਵਾਰ ਨੂੰ ਸਵੇਰੇ ਅਤੇ ਦੁਪਹਿਰ ਸਮੇਂ ਚੈਕਿੰਗ ਮੁਹਿੰਮ ਚਲਾਈ ਗਈ। ਇਸ ਦੌਰਾਨ ਮੋਟਰ ਵਹੀਕਲ ਐਕਟ ਦੀਆਂ ਧਾਰਾਵਾਂ ਦੀ ਉਲੰਘਣਾ ਕਰਨ ਵਾਲੀਆਂ ਓਵਰਲੋਡ ਬੱਸਾਂ ਅਤੇ ਹੋਰ ਵਾਹਨਾਂ ਦੇ ਚਲਾਨ ਕੱਟੇ ਗਏ। ਇਸ ਦੌਰਾਨ ਟਰਾਂਸਪੋਰਟਰਾਂ ਨੂੰ ਸਖ਼ਤ ਹਦਾਇਤ ਕੀਤੀ ਗਈ ਕਿ ਉਹ ਪਰਮਿਟ ਅਤੇ ਰਜਿਸਟ੍ਰੇਸ਼ਨ ਸਰਟੀਫਿਕੇਟ ਵਿੱਚ ਦਿੱਤੇ ਨਿਯਮਾਂ ਅਨੁਸਾਰ ਹੀ ਸਵਾਰੀਆਂ ਨੂੰ ਆਪਣੀਆਂ ਬੱਸਾਂ ਵਿੱਚ ਚੜ੍ਹਾਉਣ। ਕਿਸੇ ਵੀ ਹਾਲਤ ਵਿੱਚ ਸਵਾਰੀਆਂ ਨੂੰ ਬੱਸਾਂ ਦੇ ਉੱਪਰ ਜਾਂ ਪਿੱਛੇ ਲਟਕਾਉਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਜੇਕਰ ਭਵਿੱਖ ਵਿੱਚ ਇਸ ਤਰ੍ਹਾਂ ਦੀ ਸੂਚਨਾ ਦੁਬਾਰਾ ਮਿਲੀ ਤਾਂ ਕਾਨੂੰਨ ਅਤੇ ਸਰਕਾਰੀ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਖ਼ਤ ਕਾਰਵਾਈ ਕੀਤੀ ਜਾਵੇਗੀ।

# ਤਿਉਹਾਰਾਂ ਨੂੰ ਮੁੱਖ ਰੱਖਦਿਆਂ ਫੂਡ ਸੇਫਟੀ ਵਿਭਾਗ ਹੋਇਆ ਸਰਗਰਮ

**ਗੁਰਦਾਸਪੁਰ, 28 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਮਾਣਯੋਗ ਕਮਿਸ਼ਨਰ ,ਫੂਡ ਅਤੇ ਡਰੱਗਜ਼ ਐਡਮਜਿਸਟ੍ਰੇਸ਼ਨ , ਪੰਜਾਬ ਡਾ: ਅਭਿਨਵ ਤ੍ਰਿਖਾ ਅਤੇ ਡਿਪਟੀ ਕਮਿਸਨਰ , ਗੁਰਦਾਸਪੁਰ,ਉਮਾ ਸ਼ੰਕਰ ਗੁਪਤਾ ਦੇ ਦਿਸ਼ਾ ਨਿਰਦੇਸ਼ਾ ਤਹਿਤ ਫੂਡ ਸੇਫਟੀ ਟੀਮ ਗੁਰਦਾਸਪੁਰ ਵੱਲੋਂ ਡਾ: ਜੀ. ਐਸ. ਪੰਨੂ ਸਹਾਇਕ ਕਮਿਸ਼ਨਰ , ਫੂਡ , ਗੁਰਦਾਸਪੁਰ ਦੀ ਅਗਵਾਈ ਵਿੱਚ ਗੁਰਦਾਸਪੁਰ , ਬਟਾਲਾ ਅਤੇ ਧਾਰੀਵਾਲ ਵਿੱਚ ਵੱਖ-ਵੱਖ ਖਾਣ-ਪੀਣ ਦਾ ਸਮਾਨ ਵੇਚਣ ਵਾਲੀਆਂ ਦੁਕਾਨਾਂ ਦੀ ਚੈਕਿੰਗ ਕੀਤੀ ਗਈ।

ਜਿੰਨ੍ਹਾ ਵਿੱਚ ਤਿਉਹਾਰਾਂ ਨੂੰ ਮੁੱਖ ਰੱਖਦਿਆਂ ਹੋਇਆ ਮਠਿਆਈ ਵਿਕ੍ਰੇਤਾ ਅਤੇ ਡੇਅਰੀਆਂ ਤੋ ਮਠਿਆਈਆ , ਦੁੱਧ , ਪਨੀਰ , ਦਹੀ ਆਦਿ ਦੇ ਸੈਂਪਲ ਲਏ ਗਏ ।



ਜਾਣਕਾਰੀ ਦਿੰਦਿਆ ਡਾ: ਪੰਨੂ ਨੇ ਦੱਸਿਆ ਕਿ ਤਿਉਹਾਰਾਂ ਨੂੰ ਮੁੱਖ ਰੱਖਦੇ ਹੋਏ ਆਮ ਜਨਤਾ ਨੂੰ ਸਾਫ ਸੁਥਰੀਆਂ ਅਤੇ ਮਿਲਾਵਟ ਤੋ ਰਹਿਤ ਖਾਣ ਪੀਣ ਦੀਆਂ ਵਸਤਾਂ ਮੁਹੱਈਆਂ ਕਰਵਾਉਣ ਦੇ ਲਈ ਅੱਜ ਚੈਕਿੰਗ ਕੀਤੀ ਗਈ , ਜਿਸ ਵਿੱਚ ਦੁਕਾਨਦਾਰਾਂ ਨੂੰ ਸਾਫ-ਸਫਾਈ ਰੱਖਣ , ਹੱਥਾਂ ਤੇ ਦਸਤਾਨੇ , ਸਿਰ ਤੇ ਟੋਪੀ , ਐਪਰਨ ਪਾਉਣ ਦੀ ਹਦਾਇਤ ਕੀਤੀ ਗਈ ਅਤੇ ਨਾਲ ਹੀ ਫੂਡ ਸੇਫਟੀ ਅਤੇ ਸਟੈਂਡਰਡ ਐਕਟ ਤਹਿਤ ਲਾਈਸੈਂਸ ਜਾਂ ਰਜਿਸ਼ਟ੍ਰੇਸ਼ਨ ਕਰਵਾਉਣ ਲਈ ਕਿਹਾ ਗਿਆ ਹੈ।ਉਨ੍ਹਾਂ ਖਾਣ ਪੀਣ ਦੀਆ ਵਸਤੂਆਂ ਨੂੰ ਢੱਕ ਕੇ ਰੱਖਣ ਦੀ ਹਦਾਇਤ ਵੀ ਦੁਕਾਨਦਾਰਾਂ ਨੂੰ ਕੀਤੀ ਗਈ ਤਾਂ ਜੋ ਸਾਫ ਸੁਥਰੀਆਂ ਅਤੇ ਮਿਆਰੀ ਖਾਸ ਪਦਾਰਥ ਹੀ ਲੋਕਾਂ ਨੂੰ ਮੁਹੱਈਆ ਹੋਣ ।

ਇਸ ਦੇ ਨਾਲ ਹੀ ਉਨ੍ਹਾ ਆਮ ਜਨਤਾ ਨੂੰ ਅਪੀਲ ਕਰਦਿਆ ਕਿਹਾ ਕਿ ਰੰਗਦਾਰ ਮਠਿਆਈਆਂ ਦੀ ਵਰਤੋਂ ਘੱਟ ਕਰਨ ਦੀ ਸਲਾਹ ਦਿੱਤੀ ਗਈ ਉਨ੍ਹਾਂ ਅੱਗੇ ਦੱਸਿਆ ਕਿ ਲਏ ਸੈਂਪਲ ਫੂਡ ਲੈਬ ,ਖਰੜ ਵਿਖੇ ਭੇਜ ਦਿੱਤੇ ਗਏ ਹਨ , ਜਿੰਨ੍ਹਾਂ ਦੀ ਰਿਪੋਰਟ ਆਉਣ ਉਪਰੰਤ ਫੂਡ ਸੇਫਟੀ ਐਕ ਤਹਿਤ ਅਗਲੇਰੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਟੀਮ ਵਿੱਚ ਤਿਉਹਾਰਾਂ ਨੂੰ ਮੁੱਖ ਰੱਖਦੇ ਹੋਏ ਆਮ ਜਨਤਾ ਨੂੰ ਸਾਫ ਸੁਥਰੀਆਂ ਅਤੇ ਮਿਲਾਵਟ ਤੋ ਰਹਿਤ ਖਾਣ ਪੀਣ ਦੀਆਂ ਵਸਤਾਂ ਮੁਹੱਈਆਂ ਕਰਵਾਉਣ ਦੇ ਲਈ ਅੱਜ ਚੈਕਿੰਗ ਕੀਤੀ ਗਈ , ਜਿਸ ਵਿੱਚ ਦੁਕਾਨਦਾਰਾਂ ਨੂੰ ਸਾਫ-ਸਫਾਈ ਰੱਖਣ , ਹੱਥਾਂ ਤੇ ਦਸਤਾਨੇ , ਸਿਰ ਤੇ ਟੋਪੀ , ਐਪਰਨ ਪਾਉਣ ਦੀ ਹਦਾਇਤ ਰਮਨ ਵਿਰਦੀ , ਫੂਡ ਸੇਫਟੀ ਅਫਸਰ, ਸਿਮਰਤ ਕੌਰ ਫੂਡ ਸੇਫਟੀ ਅਫਸਰ ਆਦਿ ਹਾਜਰ ਸਨ ।

# ਨਸ਼ਿਆਂ ਨੂੰ ਠੱਲ੍ਹ ਪਾਉਣ ਲਈ ਇਕਜੁੱਟ ਹੋ ਕੇ ਮਾਰੇ ਜਾਣ ਹੰਭਲੇ : ਡਿਪਟੀ ਕਮਿਸ਼ਨਰ

**ਬਠਿੰਡਾ, 28 ਅਕਤੂਬਰ**
**-ਕੌਮੀ ਪੱਤ੍ਰਿਕਾ ਬਿਊਰੋ-**

ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਜ਼ਿਲ੍ਹਾ ਪੱਧਰੀ ਨਾਰਕੋ ਕੋਆਰਡੀਨੇਸ਼ਨ ਸੈਂਟਰ (ਐਨਕੋਆਰਡ) ਕਮੇਟੀ ਦੀ ਮੀਟਿੰਗ ਕੀਤੀ।

ਇਸ ਦੌਰਾਨ ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਨਸ਼ਿਆਂ ਦੇ ਮੁਕੰਮਲ ਖਾਤਮੇ ਦੇ ਮੱਦੇਨਜ਼ਰ ਸਿਵਲ ਤੇ ਪੁਲਿਸ ਪ੍ਰਸ਼ਾਸਨ ਵਲੋਂ ਸਮਾਜ ਸੇਵੀ ਸੰਸਥਾਵਾਂ ਦੇ ਸਹਿਯੋਗ ਨਾਲ ਸਾਂਝੀਆਂ ਕਮੇਟੀਆਂ ਬਣਾ ਕੇ ਲਗਾਤਾਰ ਹੰਭਲੇ ਮਾਰੇ ਜਾਣ। ਇਸ ਮੌਕੇ ਉਨ੍ਹਾਂ ਦੇ ਨਾਲ ਐਸਐਸਪੀ ਮੈਡਮ ਅਮਨੀਤ ਕੌਂਡਲ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।



ਬੈਠਕ ਦੀ ਪ੍ਰਧਾਨਗੀ ਕਰਦਿਆਂ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਅੰਦਰ ਵੱਖ-ਵੱਖ ਵਿਭਾਗਾਂ ਵਲੋਂ ਨਸ਼ਿਆਂ ਦੀ ਰੋਕਥਾਮ ਤੇ ਇਸ ਦੇ ਮਾੜੇ ਦੁਰਪ੍ਰਭਾਵਾਂ ਬਾਰੇ ਜਿੱਥੇ ਅਧਿਕਾਰੀਆਂ ਕੋਲੋਂ ਕੀਤੇ ਜਾ ਰਹੇ ਕਾਰਜਾਂ ਦੀ ਸਮੀਖਿਆ ਕੀਤੀ, ਉੱਥੇ ਹੀ ਉਨ੍ਹਾਂ ਅਧਿਕਾਰੀਆਂ ਕੋਲੋਂ ਨਸ਼ੇ ਦੇ ਖਾਤਮੇ ਲਈ ਲੋੜੀਂਦੇ ਸੁਝਾਅ ਵੀ ਲਏ ਅਤੇ ਉਨ੍ਹਾਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਵੀ ਦਿੱਤੇ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਕੋਲੋਂ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਸਕੂਲਾਂ/ਕਾਲਜਾਂ ਵਿੱਚ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਹਾਸਲ ਕਰਦਿਆਂ ਉਨ੍ਹਾਂ ਨੂੰ ਹਦਾਇਤ ਕੀਤੀ ਕਿ ਸਕੂਲਾਂ/ਕਾਲਜਾਂ ਚ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਵੱਧ ਤੋਂ ਵੱਧ ਵਿਦਿਆਰਥੀਆਂ ਨੂੰ ਜਾਣੂ ਕਰਵਾਉਣਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਪਿੰਡਾਂ ਅੰਦਰ ਢੁੱਕਵੀਆਂ ਥਾਵਾਂ ਦਾ ਪ੍ਰਬੰਧ ਕੀਤਾ ਜਾਵੇ ਤਾਂ ਜੋ ਉਨ੍ਹਾਂ ਨੂੰ ਵਾਲੀਬਾਲ, ਬਾਸਕਟਬਾਲ ਅਤੇ ਕ੍ਰਿਕਟ ਆਦਿ ਦੇ ਗਰਾਊਂਡ ਆਦਿ ਬਣਾ ਕੇ ਦਿੱਤੇ ਜਾ ਸਕਣ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਡਰੱਗ ਇੰਸਪੈਕਟਰਾਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਕੈਮਿਸਟਾਂ ਦੀਆਂ ਦੁਕਾਨਾਂ ਦੀ ਪੁਲਿਸ ਪ੍ਰਸ਼ਾਸਨ ਦੇ ਸਹਿਯੋਗ ਨਾਲ ਲਗਾਤਾਰ ਚੈਕਿੰਗ ਕਰਨੀ ਯਕੀਨੀ ਬਣਾਈ ਜਾਵੇ। ਇਸ ਤੋਂ ਇਲਾਵਾ ਉਨਾਂ ਇਹ ਵੀ ਹਦਾਇਤ ਕੀਤੀ ਕਿ ਸਾਰੀਆਂ ਕੈਮਿਸਟਾਂ ਦੀਆਂ ਦੁਕਾਨਾਂ 'ਤੇ ਸੀਸੀਟੀਵੀ ਕੈਮਰੇ ਲਗਵਾਉਣੇ ਲਾਜ਼ਮੀ ਬਣਾਏ ਜਾਣ ਅਤੇ ਉਨਾਂ ਦੀਆਂ ਲਿਸਟਾਂ ਤੁਰੰਤ ਭੇਜਣੀਆਂ ਯਕੀਨੀ ਬਣਾਉਣ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਰੋਡ ਸੇਫਟੀ ਦੀ ਮੀਟਿੰਗ ਕਰਦਿਆਂ ਅਧਿਕਾਰੀਆਂ ਨੂੰ ਆਦੇਸ਼ ਦਿੰਦਿਆਂ ਕਿਹਾ ਕਿ ਸੇਫ ਸਕੂਲ ਵਾਹਨ ਪਾਲਸੀ ਤਹਿਤ ਸਕੂਲਾਂ ਦੀਆਂ ਵੈਨਾਂ ਦੀ ਲਗਾਤਾਰ ਚੈਕਿੰਗ ਕੀਤੀ ਜਾਵੇ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਇਹ ਵੀ ਕਿਹਾ ਕਿ ਸਕੂਲ ਵਾਲੀਆਂ ਵੈਨਾਂ ਚਲਾਉਣ ਵਾਲੇ ਡਰਾਈਵਰਾਂ ਦੇ ਡੋਪ ਟੈਸਟ ਕਰਨੇ ਲਾਜ਼ਮੀ ਬਣਾਏ ਜਾਣ।

ਇਸ ਦੌਰਾਨ ਐਸਐਸਪੀ ਮੈਡਮ ਅਮਨੀਤ ਕੌਂਡਲ ਨੇ ਪੁਲਿਸ ਵਿਭਾਗ ਦੇ ਅਧਿਕਾਰੀਆਂ ਨੂੰ ਆਦੇਸ਼ ਦਿੰਦਿਆਂ ਕਿਹਾ ਕਿ ਸਬੰਧਤ ਵਿਭਾਗਾਂ ਦੇ ਮੁਖੀਆਂ ਨਾਲ ਰਾਬਤਾ ਕਰਕੇ ਸਾਂਝੀਆਂ ਥਾਵਾਂ ਤੋਂ ਇਲਾਵਾ ਸਕੂਲਾਂ/ਕਾਲਜਾਂ ਚ ਜਾ ਕੇ ਵੱਧ ਤੋਂ ਵੱਧ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾ ਬਾਰੇ ਜਾਣੂ ਕਰਵਾਇਆ ਜਾਵੇ। ਉਨ੍ਹਾਂ ਇਹ ਵੀ ਕਿਹਾ ਕਿ ਆਪਸੀ ਸਹਿਯੋਗ ਨਾਲ ਜ਼ਿਲ੍ਹੇ ਅੰਦਰ ਨਸ਼ੇ ਨੂੰ ਨਕੇਲ ਪਾਉਣ ਲਈ ਨਵੇਂ ਪ੍ਰੋਗਰਾਮ ਉਲੀਕੇ ਜਾਣਗੇ।

# ਸਥਾਨਕ ਸਰਕਾਰਾਂ ਮੰਤਰੀ ਵੱਲੋਂ 'ਸਵੱਛਤਾ ਦੀ ਲਹਿਰ' ਮੁਹਿੰਮ ਦੀ ਸ਼ੁਰੂਆਤ

## ➢ ਖੁਦ ਸਫਾਈ ਕਰਕੇ 15 ਰੋਜ਼ਾ ਮੁਹਿੰਮ ਦਾ ਕੀਤਾ ਆਗਾਜ਼ ➢ ਲੋਕਾਂ ਨੂੰ ਆਪੋ-ਆਪਣੇ ਇਲਾਕਿਆਂ ਵਿੱਚ ਸਾਫ਼-ਸਫ਼ਾਈ ਦੀ ਜ਼ਿੰਮੇਵਾਰੀ ਲੈਣ ਦੀ ਕੀਤੀ ਅਪੀਲ





**ਚੰਡੀਗੜ੍ਹ, 28 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਡਾ. ਰਵਜੋਤ ਸਿੰਘ ਨੇ ਅੱਜ ਖੁਦ ਸਫਾਈ ਕਰਕੇ ਜਲੰਧਰ ਤੋਂ 'ਸਵੱਛਤਾ ਦੀ ਲਹਿਰ' ਮੁਹਿੰਮ ਦੀ ਸ਼ੁਰੂਆਤ ਕੀਤੀ। 28 ਅਕਤੂਬਰ ਤੋਂ 7 ਨਵੰਬਰ ਤੱਕ ਚੱਲਣ ਵਾਲੀ ਇਸ 15 ਰੋਜ਼ਾ ਸਫਾਈ ਮੁਹਿੰਮ ਦਾ ਉਦੇਸ਼ ਸਮੂਹਿਕ ਜ਼ਿੰਮੇਵਾਰੀ ਵਜੋਂ ਸਵੱਛਤਾ ਦੀ ਮਹੱਤਤਾ ਬਾਰੇ ਲੋਕਾਂ ਵਿੱਚ ਜਾਗਰੂਕਤਾ ਪੈਦਾ ਕਰਨਾ ਹੈ।

ਇਸ ਪਹਿਲਕਦਮੀ ਦੀ ਸ਼ੁਰੂਆਤ ਕਰਦਿਆਂ ਡਾ. ਰਵਜੋਤ ਨੇ ਕਿਹਾ ਕਿ ਸ਼ਹਿਰ ਅਤੇ ਇਲਾਕਿਆਂ ਨੂੰ ਸਾਫ਼-ਸੁਥਰਾ ਰੱਖਣ ਲਈ ਸਾਰੇ ਨਾਗਰਿਕਾਂ ਦੇ ਸਾਂਝੇ ਯਤਨਾਂ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਅਸੀਂ ਆਪਣੇ ਘਰਾਂ ਵਿੱਚ ਸਾਫ਼-ਸਫ਼ਾਈ ਰੱਖਦੇ ਹਾਂ, ਉਸੇ ਤਰ੍ਹਾਂ ਸਾਨੂੰ ਆਪਣੇ ਆਲੇ-ਦੁਆਲੇ ਨੂੰ ਸਾਫ਼-ਸੁਥਰਾ ਅਤੇ ਹਰਿਆ-ਭਰਿਆ ਰੱਖਣ ਲਈ ਵੀ ਠੋਸ ਉਪਰਾਲੇ ਕਰਨੇ ਚਾਹੀਦੇ ਹਨ। ਉਨ੍ਹਾਂ ਲੋਕਾਂ ਨੂੰ ਆਪਣੇ ਆਸ-ਪੜੋਸ ਦੀ ਸਾਫ਼-ਸਫ਼ਾਈ ਅਤੇ ਇਸ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਪੰਜਾਬ ਸਰਕਾਰ ਦਾ ਸਾਥ ਦੇਣ ਦੀ ਅਪੀਲ ਕੀਤੀ। ਡਾ. ਰਵਜੋਤ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ ਸੂਬੇ ਭਰ ਵਿੱਚ ਨਗਰ ਨਿਗਮਾਂ/ਕੌਂਸਲਾਂ ਦੇ ਸਟਾਫ਼ ਵੱਲੋਂ ਆਪਣੇ ਰੁਟੀਨ ਕੰਮ ਦੇ ਬਾਵਜੂਦ ਰੋਜ਼ਾਨਾ ਇੱਕ ਵਾਧੂ ਘੰਟਾ ਸਫ਼ਾਈ ਦੇ ਕੰਮਾਂ ਲਈ ਸਮਰਪਿਤ ਕੀਤਾ ਜਾਵੇਗਾ। ਉਨ੍ਹਾਂ ਇਸ ਮੌਕੇ ਪੀਣ ਵਾਲੇ ਸਾਫ਼ ਪਾਣੀ, ਬਿਹਤਰ ਸੜਕੀ ਬੁਨਿਆਦੀ ਢਾਂਚਾ ਅਤੇ ਵਧੀਆ ਸੀਵਰੇਜ ਸਿਸਟਮ ਵਰਗੀਆਂ ਜ਼ਰੂਰੀ ਸਹੂਲਤਾਂ ਪ੍ਰਦਾਨ ਕਰਨ ਦੀ ਪੰਜਾਬ ਸਰਕਾਰ ਦੀ ਵਚਨਬੱਧਤਾ ਵੀ ਦੁਹਰਾਈ। ਮੰਤਰੀ ਨੇ ਲੋਕਾਂ ਨੂੰ ਵੱਡੀ ਗਿਣਤੀ ਵਿੱਚ ਸ਼ਾਮਲ ਹੋ ਕੇ ਇਸ ਮੁਹਿੰਮ ਨੂੰ ਲੋਕ ਲਹਿਰ ਵਿੱਚ ਬਦਲਣ ਦੀ ਅਪੀਲ ਵੀ ਕੀਤੀ। ਉਨ੍ਹਾਂ ਭਰੋਸਾ ਦਿਵਾਇਆ ਕਿ ਉਹ ਇਸ ਮੁਹਿੰਮ ਦੀ ਸਫ਼ਲਤਾ ਨੂੰ ਯਕੀਨੀ ਬਣਾਉਣ ਲਈ ਵਿਅਕਤੀਗਤ ਤੌਰ 'ਤੇ ਇਸ ਦੀ ਨਿਗਰਾਨੀ ਕਰਨਗੇ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡਾ. ਰਵਜੋਤ ਨੇ ਭਰੋਸਾ ਪ੍ਰਗਟਾਇਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ 'ਆਪ' ਪੰਜਾਬ ਵਿੱਚ ਹੋਣ ਵਾਲੀਆਂ ਚਾਰੇ ਵਿਧਾਨ ਸਭਾ ਜ਼ਿਮਨੀ ਚੋਣਾਂ ਵਿੱਚ ਜਿੱਤ ਹਾਸਲ ਕਰੇਗੀ।

ਇਸ ਮੌਕੇ ਡਾ. ਰਵਜੋਤ ਨੇ ਸਫ਼ਾਈ ਕਰਮਚਾਰੀਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਦੀ ਸਮਰਪਿਤ ਸੇਵਾ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਨੂੰ ਸ਼ਹਿਰ ਦੀ ਸਾਫ਼-ਸਫ਼ਾਈ ਲਈ ਹੋਰ ਤਗੜੇ ਹੋ ਕੇ ਕੰਮ ਕਰਨ ਲਈ ਹੱਲਾਸ਼ੇਰੀ ਦਿੱਤੀ।

ਇਸ ਦੌਰਾਨ ਇੱਕ ਐਨ.ਜੀ.ਓ. ਜਗਦੰਬੇ ਹੈਂਡੀਕ੍ਰਾਫਟਸ ਵੂਮੈਨ ਵੈਲਫੇਅਰ ਸੁਸਾਇਟੀ ਵੱਲੋਂ ਵੇਸਟ ਮਟੀਰੀਅਲ ਤੋਂ ਬਣੀਆਂ ਵਸਤਾਂ ਦੀ ਪ੍ਰਦਰਸ਼ਨੀ ਲਗਾਈ ਗਈ। ਮੰਤਰੀ ਨੇ ਪ੍ਰਦਰਸ਼ਨੀ ਦਾ ਦੌਰਾ ਕੀਤਾ ਅਤੇ ਐਨ.ਜੀ.ਓ. ਦੀਆਂ ਔਰਤਾਂ ਵੱਲੋਂ ਰਹਿੰਦ-ਖੂੰਹਦ ਨੂੰ ਵਰਤੋਂ ਯੋਗ ਵਸਤੂਆਂ ਵਿੱਚ ਤਬਦੀਲ ਕਰਨ ਦੇ ਯਤਨਾਂ ਦੀ ਸ਼ਲਾਘਾ ਕੀਤੀ।

ਇਸ ਮੌਕੇ ਪੰਜਾਬ ਸਫਾਈ ਕਰਮਚਾਰੀ ਕਮਿਸ਼ਨ ਦੇ ਚੇਅਰਮੈਨ ਚੰਦਨ ਗਰੇਵਾਲ, ਵਿਧਾਇਕ ਰਮਨ ਅਰੋੜਾ, ਵਿਸ਼ੇਸ਼ ਸਕੱਤਰ ਤੇ ਡਾਇਰੈਕਟਰ ਸਥਾਨਕ ਸਰਕਾਰਾਂ ਗੁਰਪ੍ਰੀਤ ਸਿੰਘ ਖਹਿਰਾ, ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਅੰਮ੍ਰਿਤਪਾਲ ਸਿੰਘ, ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ, ਜਲੰਧਰ ਨਗਰ ਨਿਗਮ ਦੇ ਕਮਿਸ਼ਨਰ ਗੌਤਮ ਜੈਨ ਅਤੇ ਜੁਆਇੰਟ ਕਮਿਸ਼ਨਰ ਡਾ. ਸੁਮਨਦੀਪ ਕੌਰ ਵੀ ਮੌਜੂਦ ਸਨ।

# ਗੈਰ-ਕਾਨੂੰਨੀ ਮਾਈਨਿੰਗ ਵਿਰੁੱਧ ਸ਼ਿਕਾਇਤ ਮਿਲਣ 'ਤੇ ਸਬੰਧਤ ਅਧਿਕਾਰੀਆਂ 'ਤੇ ਹੋਵੇਗੀ ਸ਼ਖ਼ਤ ਕਾਰਵਾਈ: ਬਰਿੰਦਰ ਕੁਮਾਰ ਗੋਇਲ

**ਚੰਡੀਗੜ੍ਹ, 28 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**



ਪੰਜਾਬ ਦੇ ਖਣਨ ਅਤੇ ਭੂ-ਵਿਗਿਆਨ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਸੂਬੇ ਵਿੱਚ ਗੈਰ-ਕਾਨੂੰਨੀ ਮਾਈਨਿੰਗ ਨੂੰ ਸਖ਼ਤੀ ਨਾਲ ਨਜਿੱਠਣ ਦੇ ਆਦੇਸ਼ ਦਿੱਤੇ ਹਨ।

ਇਥੇ ਪੰਜਾਬ ਭਵਨ ਵਿਖੇ ਸੀਨੀਅਰ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਮੰਤਰੀ ਸ੍ਰੀ ਗੋਇਲ ਨੇ ਸਪੱਸ਼ਟ ਕੀਤਾ ਕਿ ਜਿਸ ਕਿਸੇ ਅਧਿਕਾਰੀ ਦੇ ਸਬੰਧਤ ਅਧਿਕਾਰ ਖੇਤਰ ਵਿੱਚ ਗੈਰ-ਕਾਨੂੰਨੀ ਮਾਈਨਿੰਗ ਦਾ ਮਾਮਲਾ ਸਾਹਮਣੇ ਆਉਂਦਾ ਹੈ ਤਾਂ ਉਸ ਅਧਿਕਾਰੀ ਵਿਰੁੱਧ ਸ਼ਖ਼ਤ ਅਨੁਸ਼ਾਸਨੀ ਕਾਰਵਾਈ ਕੀਤੀ ਜਾਵੇਗੀ।

ਸ੍ਰੀ ਗੋਇਲ ਨੇ ਮੁੱਖ ਦਫ਼ਤਰ ਅਤੇ ਜ਼ਿਲ੍ਹਾ ਅਧਿਕਾਰੀਆਂ ਤੋਂ ਵਿਸਥਾਰਪੂਰਵਕ ਰਿਪੋਰਟ ਲੈਂਦਿਆਂ ਨਿਰਦੇਸ਼ ਦਿੱਤੇ ਕਿ ਗੈਰ-ਕਾਨੂੰਨੀ ਮਾਈਨਿੰਗ ਰੋਕਣ ਸਬੰਧੀ ਕੀਤੀ ਗਈ ਕਾਰਵਾਈ ਦੀ ਰਿਪੋਰਟ ਹਰ 15 ਦਿਨਾਂ ਬਾਅਦ ਸਰਕਾਰ ਨੂੰ ਭੇਜੀ ਜਾਵੇ।

ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਦੱਸਿਆ ਕਿ ਖਣਨ ਵਿਭਾਗ ਵੱਲੋਂ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੇ ਹੁਕਮਾਂ ਅਨੁਸਾਰ ਗੈਰ-ਕਾਨੂੰਨੀ ਖਣਨ ਵਿਰੁੱਧ ਜ਼ੀਰੋ ਸ਼ਹਿਣਸ਼ੀਲਤਾ ਨੀਤੀ ਅਖ਼ਤਿਆਰ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਕੁਦਰਤੀ ਸਰੋਤਾਂ ਨੂੰ ਸੁਰੱਖਿਅਤ ਰੱਖਣ ਲਈ ਸੂਬਾ ਸਰਕਾਰ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਕਾਨੂੰਨ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ।ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਉਹ ਲੋਕਾਂ ਨਾਲ ਵੱਧ ਤੋਂ ਵੱਧ ਰਾਬਤਾ ਰੱਖਣ ਅਤੇ ਲੋਕਾਂ ਦੇ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਨਜਿੱਠਣ । ਉਹਨਾਂ ਕਿਹਾ ਕਿ ਲੋਕਾਂ ਨੂੰ ਵਾਜਬ ਰੇਟਾਂ ਤੇ ਮੁਹੱਈਆ ਕਰਵਾਈ ਜਾ ਰਹੀ ਰੇਤ ਦੀ ਸਪਲਾਈ ਨੂੰ ਯਕੀਨੀ ਬਣਾਇਆ ਜਾਵੇ ਤਾਂ ਜੋ ਸੂਬਾ ਸਰਕਾਰ ਦਾ ਮਾਲੀਆ ਹੋਰ ਵੱਧ ਸਕੇ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਖਣਨ ਅਤੇ ਭੂ-ਵਿਗਿਆਨ ਵਿਭਾਗ ਦੇ ਡਾਇਰੈਕਟਰ ਸ੍ਰੀ ਅਭਿਜੀਤ ਕਪਲਿਸ਼ ਅਤੇ ਚੀਫ਼ ਇੰਜੀਨੀਅਰ ਡਾ. ਹਰਿੰਦਰਪਾਲ ਸਿੰਘ ਬੇਦੀ ਮੌਜੂਦ ਸਨ।

# ਕੋਰਟ ਰੂਮ 'ਚ ਫੋਨ 'ਤੇ ਗੱਲ ਕਰਨੀ ਵਕੀਲ ਦੇ ਕਲਰਕ ਨੂੰ ਪਈ ਮਹਿੰਗੀ, ਲਾਇਸੈਂਸ ਰੱਦ ਕਰਨ ਦੇ ਹੁਕਮ

**ਚੰਡੀਗੜ੍ਹ, 28 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਹਾਈ ਕੋਰਟ ਰਜਿਸਟਰੀ ਨੂੰ ਇੱਕ ਐਡਵੋਕੇਟ ਕਲਰਕ ਦਾ ਲਾਇਸੈਂਸ ਮੁਅੱਤਲ ਕਰਨ ਦੇ ਨਿਰਦੇਸ਼ ਦਿੱਤੇ ਹਨ। ਕਲਰਕ ਅਦਾਲਤ ਵਿੱਚ ਪੇਸ਼ੀ ਦੌਰਾਨ ਫੋਨ 'ਤੇ ਉੱਚੀ-ਉੱਚੀ ਗੱਲ ਕਰਕੇ ਅਦਾਲਤ ਵਿੱਚ ਵਿਘਨ ਪੈਦਾ ਕਰ ਰਿਹਾ ਸੀ। ਜਸਟਿਸ ਸੰਜੀਵ ਪ੍ਰਕਾਸ਼ ਸ਼ਰਮਾ ਨੇ ਬੈਂਚ ਦੇ ਸਕੱਤਰ ਨੂੰ ਕਲਰਕ ਦੇ ਚਾਲ-ਚਲਣ ਦੀ ਜਾਂਚ ਕਰਨ ਅਤੇ ਉਸ ਦਾ ਮੋਬਾਈਲ ਫ਼ੋਨ ਆਪਣੇ ਕਬਜ਼ੇ ਵਿੱਚ ਲੈਣ ਲਈ ਕਿਹਾ। ਹੁਕਮਾਂ ਵਿਚ ਅਦਾਲਤ ਨੇ ਉਸ ਦੇ ਵਿਵਹਾਰ ਦਾ ਨੋਟਿਸ ਲੈਂਦਿਆਂ ਰਜਿਸਟਰੀ ਨੂੰ ਉਸ ਦਾ ਲਾਇਸੈਂਸ ਮੁਅੱਤਲ ਕਰਨ ਅਤੇ ਉਸ ਨੂੰ ਅਦਾਲਤ ਦੇ ਕਿਸੇ ਵੀ ਚੈਂਬਰ ਵਿਚ ਦਾਖਲ ਹੋਣ 'ਤੇ ਰੋਕ ਲਗਾਉਣ ਦੇ ਨਿਰਦੇਸ਼ ਦਿੱਤੇ ਹਨ। ਅਦਾਲਤ ਨੇ ਮਾਮਲਾ ਰਜਿਸਟਰਾਰ (ਪ੍ਰਸ਼ਾਸਨ) ਕੋਲ ਭੇਜ ਦਿੱਤਾ ਅਤੇ ਉਸ ਨੂੰ ਨੋਟਿਸ ਜਾਰੀ ਕਰਨ ਅਤੇ ਜਵਾਬ ਲੈਣ ਤੋਂ ਬਾਅਦ ਢੁਕਵੇਂ ਹੁਕਮ ਜਾਰੀ ਕਰਨ ਦੇ ਨਿਰਦੇਸ਼ ਦਿੱਤੇ। ਅਦਾਲਤ ਜਲੰਧਰ ਤੋਂ ਸੰਸਦ ਮੈਂਬਰ ਚੁਣੇ ਗਏ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਲੋਕ ਸਭਾ ਚੋਣ ਨੂੰ ਚੁਣੌਤੀ ਦੇਣ ਵਾਲੀ ਚੋਣ ਪਟੀਸ਼ਨ ਦੀ ਸੁਣਵਾਈ ਕਰ ਰਹੀ ਸੀ। ਪਟੀਸ਼ਨ ਦਾਇਰ ਕਰਦੇ ਹੋਏ ਸਥਾਨਕ ਨਿਵਾਸੀ ਗੌਰਵ ਲੂਥਰਾ ਨੇ ਹਾਈ ਕੋਰਟ ਨੂੰ ਦੱਸਿਆ ਕਿ ਚਰਨਜੀਤ ਸਿੰਘ ਚੰਨੀ ਜਲੰਧਰ ਲੋਕ ਸਭਾ ਸੀਟ ਤੋਂ ਸੰਸਦ ਮੈਂਬਰ ਚੁਣੇ ਗਏ ਹਨ। ਪਟੀਸ਼ਨਰ ਨੇ ਦੱਸਿਆ ਕਿ ਨਾਮਜ਼ਦਗੀ ਫਾਰਮ ਭਰਦੇ ਸਮੇਂ ਉਸ ਨੇ ਕਈ ਜਾਣਕਾਰੀਆਂ ਛੁਪਾ ਦਿੱਤੀਆਂ ਸਨ। ਇਸ ਦੇ ਨਾਲ ਹੀ ਉਨ੍ਹਾਂ ਨੇ ਚੋਣ ਖਰਚੇ ਦਾ ਸਹੀ ਵੇਰਵਾ ਵੀ ਕਮਿਸ਼ਨ ਨੂੰ ਨਹੀਂ ਸੌਂਪਿਆ ਹੈ। ਚੋਣਾਂ ਦੌਰਾਨ ਇੱਕ ਹੋਟਲ ਵਿੱਚ 24 ਘੰਟੇ ਖਾਣੇ ਦਾ ਪ੍ਰਬੰਧ ਸੀ ਪਰ ਉਨ੍ਹਾਂ ਨੇ ਚੋਣ ਪ੍ਰਚਾਰ ਦੇ ਵੇਰਵੇ ਵਿੱਚ ਇਸ ਦਾ ਖਰਚਾ ਨਹੀਂ ਦੱਸਿਆ।ਉਹ ਰੋਜ਼ਾਨਾ 10-15 ਜਨਤਕ ਮੀਟਿੰਗਾਂ ਕਰਦੇ ਸਨ ਪਰ ਇਸ ਦੌਰਾਨ ਉਨ੍ਹਾਂ ਨੇ ਮੁਹਿੰਮ ਦੇ ਵੇਰਵਿਆਂ ਵਿਚ ਇਕ ਵੀ ਵਾਹਨ ਦਾ ਖਰਚਾ ਨਹੀਂ ਦਿੱਤਾ। ਉਨ੍ਹਾਂ ਨੇ ਰਾਮਾ ਮੰਡੀ ਵਿੱਚ ਬਿਨਾਂ ਮਨਜ਼ੂਰੀ ਤੋਂ ਰੋਡ ਸ਼ੋਅ ਕੀਤਾ। ਇੱਥੋਂ ਤੱਕ ਕਿ ਵੋਟਰ ਪਰਚੀਆਂ ਵੰਡਣ ਲਈ ਪੋਲਿੰਗ ਬੂਥਾਂ ਦੇ ਬਾਹਰ ਬਣਾਏ ਗਏ ਬੂਥਾਂ ਦੇ ਖਰਚੇ ਦਾ ਵੇਰਵਾ ਵੀ ਨਹੀਂ ਦਿੱਤਾ ਗਿਆ। ਅਜਿਹੀ ਸਥਿਤੀ ਵਿੱਚ ਇਹ ਸਪੱਸ਼ਟ ਹੋ ਜਾਂਦਾ ਹੈ ਕਿ ਚੰਨੀ ਨੇ ਚੋਣ ਜਿੱਤਣ ਲਈ ਭ੍ਰਿਸ਼ਟ ਸਾਧਨਾਂ ਦੀ ਵਰਤੋਂ ਕੀਤੀ ਅਤੇ ਇਸ ਲਈ ਲੋਕ ਪ੍ਰਤੀਨਿਧ ਕਾਨੂੰਨ ਤਹਿਤ ਉਨ੍ਹਾਂ ਦੀ ਚੋਣ ਰੱਦ ਕੀਤੀ ਜਾਣੀ ਚਾਹੀਦੀ ਹੈ। ਪਟੀਸ਼ਨਕਰਤਾ ਨੇ ਇਸ ਸਬੰਧੀ ਚੋਣ ਕਮਿਸ਼ਨ ਨੂੰ ਵੀ ਸ਼ਿਕਾਇਤ ਕੀਤੀ ਸੀ ਪਰ ਕੋਈ ਫਾਇਦਾ ਨਹੀਂ ਹੋਇਆ। ਅਜਿਹੇ 'ਚ ਹੁਣ ਪਟੀਸ਼ਨਕਰਤਾ ਨੂੰ ਚੋਣ ਪਟੀਸ਼ਨ ਰਾਹੀਂ ਹਾਈ ਕੋਰਟ ਦੀ ਸ਼ਰਨ ਲੈਣੀ ਪੈ ਰਹੀ ਹੈ। ਅਦਾਲਤ ਨੇ ਮਾਮਲੇ ਦੀ ਸੁਣਵਾਈ 13 ਦਸੰਬਰ ਲਈ ਮੁਲਤਵੀ ਕਰਦਿਆਂ ਚੰਨੀ ਨੂੰ ਜਵਾਬ ਦਾਖ਼ਲ ਕਰਨ ਦੇ ਨਿਰਦੇਸ਼ ਦਿੱਤੇ ਹਨ।

# ਵਿਸ਼ਵ ਪੋਲੀਓ ਦਿਵਸ ਤੇ ਪੋਲੀਓ ਦੀ ਬਿਮਾਰੀ ਨੂੰ ਖਤਮ ਕਰਨ ਦਾ ਲਿਆ ਅਹਿਦ : ਡਾ. ਦਲਜੀਤ ਕੌਰ

**ਕੀਰਤਪੁਰ ਸਾਹਿਬ, 28 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਡਾ. ਤਰਸੇਮ ਸਿੰਘ ਸਿਵਲ ਸਰਜਨ ਰੂਪਨਗਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਡਾ.ਦਲਜੀਤ ਕੌਰ ਸੀਨੀਅਰ ਮੈਡੀਕਲ ਅਫਸਰ ਦੀ ਅਗਵਾਈ ਹੇਠ ਪੀ.ਐਚ.ਸੀ ਕੀਰਤਪੁਰ ਸਾਹਿਬ ਅਧੀਨ ਵਿਸ਼ਵ ਪੋਲੀਓ ਦਿਵਸ ਮੌਕੇ ਪੋਲੀਓ ਦੀ ਬਿਮਾਰੀ ਅਤੇ ਉਸ ਦੀ ਰੋਕਥਾਮ ਲਈ ਕੀਤਾ ਜਾਗਰੂਕ। ਇਸ ਬਾਰੇ ਜਾਣਕਾਰੀ ਦਿੰਦਿਆਂ ਬਲਾਕ ਐਸ.ਆਈ ਸਿਕੰਦਰ ਸਿੰਘ ਨੇ ਦੱਸਿਆ ਕਿ ਪੀ.ਐਚ.ਸੀ ਕੀਰਤਪੁਰ ਸਾਹਿਬ ਅਧੀਨ ਆਉਂਦੇ ਪੇਂਡੂ ਤੇ ਸ਼ਹਿਰੀ ਖੇਤਰ ਵਿੱਚ ਸਕੂਲਾਂ ਇਸ ਸਬੰਧੀ ਜਾਗਰੂਕ ਕੀਤਾ ਜਾ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਇਸ ਬਿਮਾਰੀ ਨਾਲ ਲੜ ਰਹੇ ਹਾਂ ਅਤੇ ਪੂਰੀ ਜਿੱਤ ਪ੍ਰਾਪਤ ਕਰਨ ਲਈ ਜਾਗਰੂਕਤਾ ਹੋਣੀ ਜਰੂਰੀ ਹੈ। ਉਨ੍ਹਾਂ ਨੇ ਦੱਸਿਆ ਕਿ ਪੋਲੀਓ ਇੱਕ ਤੇਜੀ ਨਾਲ ਚੱਲਣ ਵਾਲੀ ਘਾਤਕ ਬਿਮਾਰੀ ਹੈ ਅਤੇ ਜਿਆਦਾਤਰ 0-5 ਸਾਲ ਦੇ ਬੱਚਿਆਂ ਨੂੰ ਪ੍ਰਭਾਵਿਤ ਕਰਦੀ ਹੈ, ਬੇਸ਼ਕ ਭਾਰਤ ਵਿੱਚ ਇਸ ਬਿਮਾਰੀ ਨੂੰ ਕੰਟਰੋਲ ਕਰ ਲਿਆ ਗਿਆ ਹੈ ।

# ਜ਼ਿਲ੍ਹਾ ਬਰਨਾਲਾ ਵਿੱਚ ਪਿਛਲੇ 10 ਮਹੀਨਿਆਂ ਦੌਰਾਨ 156 ਐਨਡੀਪੀਐਸ ਕੇਸ ਦਰਜ, 276 ਮੁਲਜ਼ਮ ਗ੍ਰਿਫ਼ਤਾਰ

**ਬਰਨਾਲਾ,22 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਜ਼ਿਲ੍ਹਾ ਬਰਨਾਲਾ ਵਿੱਚ ਪਿਛਲੇ 10 ਮਹੀਨਿਆਂ ਦੌਰਾਨ ਐਨਡੀਪੀਐਸ ਅਧੀਨ 156 ਕੇਸ ਦਰਜ ਕੀਤੇ ਗਏ ਹਨ, 276 ਮੁਲਜ਼ਮ ਗ੍ਰਿਫ਼ਤਾਰ ਕੀਤੇ ਗਏ ਹਨ ਤੇ 174 ਚਲਾਨ ਅਦਾਲਤ ਵਿੱਚ ਪੇਸ਼ ਕੀਤੇ ਗਏ ਹਨ।

ਇਹ ਜਾਣਕਾਰੀ ਅੱਜ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਦੇ ਦਿਸ਼ਾ - ਨਿਰਦੇਸ਼ਾਂ ਅਨੁਸਾਰ ਅਤੇ ਵਧੀਕ ਡਿਪਟੀ ਕਮਿਸ਼ਨਰ (ਜ) ਲਤੀਫ਼ ਅਹਿਮਦ ਦੀ ਅਗਵਾਈ ਹੇਠ ਹੋਈ ਐਨਕਾਰਡ (ਨੈਸ਼ਨਲ ਨਾਰਕੋਟਿਕਸ ਕੋਆਰਡੀਨੇਸ਼ਨ ਪੋਰਟਲ) ਦੀ ਮੀਟਿੰਗ ਦੌਰਾਨ ਪੁਲੀਸ ਵਿਭਾਗ ਵਲੋਂ ਸਾਂਝੀ ਕੀਤੀ ਗਈ।

ਇਸ ਮੌਕੇ ਪੁਲੀਸ ਅਧਿਕਾਰੀਆਂ ਨੇ ਦੱਸਿਆ ਕਿ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਕਰਦਿਆਂ ਪੁਲਿਸ ਨੇ ਇਸ ਸਾਲ ਦੌਰਾਨ ਵੱਡੀ ਮਾਤਰਾ ਵਿੱਚ ਨਸ਼ੀਲੀਆਂ ਗੋਲੀਆਂ, ਕੈਪਸੂਲ, ਭੁੱਕੀ, ਹੈਰੋਇਨ, ਅਫੀਮ ਆਦਿ ਬਰਾਮਦ ਕੀਤੇ ਹਨ। ਉਨ੍ਹਾਂ ਦੱਸਿਆ ਕਿ ਪਹਿਲੀ ਜਨਵਰੀ 2024 ਤੋਂ 21 ਅਕਤੂਬਰ 2024 ਤੱਕ ਪੁਲਿਸ ਨੇ 1,15,939 ਪ੍ਰੈਗਾਬਲਿਨ ਕੈਪਸੂਲ ਬਰਾਮਦ ਕਰਕੇ 40 ਕੇਸ ਦਰਜ ਕੀਤੇ ਹਨ ਅਤੇ 76 ਮੁਲਜ਼ਮ ਗ੍ਰਿਫਤਾਰ ਕੀਤੇ ਹਨ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨੇ ਸਿਹਤ ਵਿਭਾਗ ਤੋਂ ਨਸ਼ਾ ਛੁਡਾਊ ਇਲਾਜ ਅਤੇ ਹੋਰ ਗਤੀਵਿਧੀਆਂ ਦਾ ਜਾਇਜ਼ਾ ਲਿਆ।

ਉਨ੍ਹਾਂ ਸਿੱਖਿਆ ਵਿਭਾਗ ਨੂੰ ਹਦਾਇਤ ਕੀਤੀ ਕਿ ਸਕੂਲਾਂ ਵਿਚ ਜਿੱਥੇ ਨਸ਼ਿਆਂ ਵਿਰੁੱਧ ਸਲੋਗਨ ਲਗਾਏ ਜਾਣ ਓਥੇ ਮਾਪੇ ਅਧਿਆਪਕ ਮਿਲਣੀ ਵਿਚ ਵੀ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਮਾਪਿਆਂ ਅਤੇ ਵਿਦਿਆਰਥੀਆਂ ਨੂੰ ਜਾਗਰੂਕ ਕੀਤਾ ਜਾਵੇ।
ਓਹਨਾਂ ਖੇਡ ਵਿਭਾਗ ਨੂੰ ਨੌਜਵਾਨਾਂ ਨੂੰ ਵੱਧ ਤੋਂ ਵੱਧ ਖੇਡਾਂ ਨਾਲ ਜੋੜਨ ਦੇ ਯਤਨ ਕਰਨ ਦੇ ਨਿਰਦੇਸ਼ ਦਿੱਤੇ।

ਇਸ ਮੌਕੇ ਐਸਡੀਐਮ ਮਹਿਲ ਕਲਾਂ ਹਰਕੰਵਲਜੀਤ ਸਿੰਘ, ਐਸਡੀਐਮ ਤਪਾ ਰਿਸ਼ਭ ਬਾਂਸਲ, ਡੀਐਸਪੀ (ਐਨ ਡੀ ਪੀ ਐੱਸ) ਕਮਲਜੀਤ ਸਿੰਘ, ਗੁਰਬਿੰਦਰ ਸਿੰਘ ਡੀਐਸਪੀ ਤਪਾ, ਬਲਦੇਵ ਸਿੰਘ ਡੀਐਸਪੀ (ਆਈਐਨਟੀ) ਬਰਨਾਲਾ ਤੇ ਹੋਰ ਸੀਨੀਅਰ ਅਧਿਕਾਰੀ ਹਾਜ਼ਰ ਸਨ।

# ਪਰਾਲੀ ਪ੍ਰਬੰਧਨ ਸਬੰਧੀ ਭਾਈ ਬਖਤੌਰ, ਘਸੋਖਾਨਾ, ਭੋਖੜਾ ਤੇ ਪਿੰਡ ਲਹਿਰੀ 'ਚ ਜਾਗਰੂਕਤਾ ਕੈਂਪ ਆਯੋਜਿਤ

**ਬਠਿੰਡਾ, 28 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਸੂਬਾ ਸਰਕਾਰ ਵੱਲੋਂ ਮਿਲੇ ਦਿਸ਼ਾ-ਨਿਰਦੇਸ਼ਾਂ ਅਤੇ ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਦੀ ਅਗਵਾਈ ਹੇਠ ਜ਼ਿਲ੍ਹੇ ਅੰਦਰ ਝੋਨੇ ਦੀ ਪਰਾਲੀ ਦੀ ਸੁਚੱਜੀ ਸਾਂਭ-ਸੰਭਾਲ ਅਤੇ ਇਸ ਦੇ ਮੁਕੰਮਲ ਨਿਪਟਾਰੇ ਲਈ ਜ਼ਿਲ੍ਹੇ ਦੇ ਪਿੰਡ ਭਾਈ ਬਖਤੌਰ, ਘਸੋਖਾਨਾ, ਭੋਖੜਾ ਤੇ ਪਿੰਡ ਲਹਿਰੀ ਵਿਖੇ ਕਿਸਾਨ ਜਾਗਰੂਕਤਾ ਕੈਂਪ ਲਗਾਏ ਗਏ। ਕੈਂਪਾਂ ਦੌਰਾਨ ਕਿਸਾਨਾਂ ਨੂੰ ਪਰਾਲੀ ਦੇ ਸੁਚੱਜੇ ਪ੍ਰਬੰਧ ਲਈ ਖੇਤੀ ਮਸ਼ੀਨਰੀ ਦੀ ਸਹੀ ਵਰਤੋਂ ਕਰਨ ਲਈ ਪ੍ਰੇਰਿਤ ਕੀਤਾ ਗਿਆ। ਲਗਾਏ ਗਏ ਕੈਂਪਾਂ ਦੌਰਾਨ ਵੱਖ-ਵੱਖ ਖੇਤੀ ਮਾਹਰਾਂ ਵੱਲੋਂ ਆਪਣੇ ਸੰਬੋਧਨ ਦੌਰਾਨ ਦੱਸਿਆ ਕਿ ਪਰਾਲੀ ਨੂੰ ਖੇਤ ਵਿੱਚ ਸੰਭਾਲਣ ਨਾਲ ਜ਼ਮੀਨ ਦੀ ਉਪਜਾਊ ਸ਼ਕਤੀ ਵੱਧਦੀ ਹੈ ਅਤੇ ਪਰਾਲੀ ਦੀ ਸਾਂਭ-ਸੰਭਾਲ ਨਾਲ ਮੌਸਮ ਤੇ ਮਾੜੇ ਪਾਣੀ ਦੇ ਪ੍ਰਭਾਵ ਨੂੰ ਘੱਟ ਕੀਤਾ ਜਾ ਸਕਦਾ ਹੈ।

ਉਨ੍ਹਾਂ ਦੱਸਿਆ ਕਿ ਲਗਾਤਾਰ 3-4 ਸਾਲ ਪਰਾਲੀ ਨੂੰ ਖੇਤ ਵਿੱਚ ਦਬਾਉਣ ਨਾਲ ਜਮੀਨ ਵਿਚਲੀ ਮੱਲੜ ਦੀ ਮਾਤਰਾ ਵੱਧ ਜਾਂਦੀ ਹੈ ਅਤੇ ਖੇਤ ਦੀ ਉਪਜਾਊ ਸ਼ਕਤੀ ਵਿੱਚ ਅਥਾਹ ਵਾਧਾ ਹੁੰਦਾ ਹੈ।
ਇਨ੍ਹਾਂ ਕੈਂਪਾਂ ਦੌਰਾਨ ਅਗਾਂਹਵਧੂ ਕਿਸਾਨਾਂ ਵੱਲੋਂ ਭਾਰੀ ਗਿਣਤੀ ਵਿਚ ਸ਼ਿਰਕਤ ਕਰਦਿਆਂ ਆਪੋ-ਆਪਣੇ ਤਜ਼ਰਬੇ ਵੀ ਸਾਂਝੇ ਕਰਦਿਆਂ ਹੋਰਨਾਂ ਕਿਸਾਨਾਂ ਨੂੰ ਵੀ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਇਸ ਦੀ ਸੁਚੱਜੀ ਵਰਤੋਂ ਤੇ ਸਾਂਭ-ਸੰਭਾਲ ਲਈ ਪ੍ਰੇਰਿਤ ਕੀਤਾ ਗਿਆ।

ਇਸ ਦੌਰਾਨ ਏਐਸਆਈ ਮਨਿੰਦਰ ਸਿੰਘ, ਕਲੱਸਟਰ ਅਫਸਰ ਸੋਹਿਤ ਗੁਪਤਾ, ਮਨਦੀਪ ਕੌਰ, ਹਰਮਨਦੀਪ ਕੌਰ, ਨੋਡਲ ਅਫਸਰ ਗੁਰਪ੍ਰੀਤ ਕੌਰ ਤੋਂ ਇਲਾਵਾ ਖੇਤੀਬਾੜੀ ਵਿਭਾਗ ਦੇ ਅਧਿਕਾਰੀ ਤੇ ਉਨ੍ਹਾਂ ਦੇ ਨੁਮਾਇੰਦੇ ਆਦਿ ਹਾਜ਼ਰ ਸਨ।

# ਝੋਨੇ ਦੀ ਖਰੀਦ ਜੰਗੀ ਪੱਧਰ 'ਤੇ ਜਾਰੀ : ਲਾਲ ਚੰਦ ਕਟਾਰੂਚੱਕ



**ਚੰਡੀਗੜ੍ਹ, 28 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਝੋਨੇ ਦੇ ਖਰੀਦ ਸੀਜ਼ਨ 2024-25 ਨੂੰ ਨਿਰਵਿਘਨ ਅਤੇ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਨੂੰ ਯਕੀਨੀ ਬਣਾਉਣ ਲਈ ਕੋਈ ਕਸਰ ਬਾਕੀ ਨਹੀਂ ਛੱਡ ਰਹੀ ਹੈ ਅਤੇ ਇਸ ਸਬੰਧੀ ਕੋਈ ਵੀ ਢਿੱਲ-ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਅੱਜ ਇੱਥੇ ਅਨਾਜ ਭਵਨ ਵਿਖੇ ਹੋਈ ਸਮੀਖਿਆ ਮੀਟਿੰਗ ਦੌਰਾਨ ਝੋਨੇ ਦੇ ਖਰੀਦ ਕਾਰਜਾਂ ਦਾ ਜਾਇਜ਼ਾ ਲੈ ਰਹੇ ਸਨ, ਜਿਨ੍ਹਾਂ ਨੂੰ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨੇ ਜਾਣੂੰ ਕਰਵਾਇਆ ਕਿ ਝੋਨੇ ਦੀ ਖਰੀਦ ਜੰਗੀ ਪੱਧਰ 'ਤੇ ਜਾਰੀ ਹੈ ਅਤੇ ਆਏ ਦਿਨ ਖਰੀਦ ਕਾਰਜਾਂ ਵਿੱਚ ਹੋਰ ਤੇਜ਼ੀ ਆ ਰਹੀ ਹੈ।

ਮੰਤਰੀ ਦੇ ਧਿਆਨ ਵਿਚ ਇਹ ਵੀ ਲਿਆਂਦਾ ਗਿਆ ਕਿ ਖਰੀਦ ਸੀਜ਼ਨ ਦੀ ਨਿਰਵਿਘਨ ਰਫ਼ਤਾਰ ਇਸ ਤੱਥ ਤੋਂ ਲਗਾਈ ਜਾ ਸਕਦੀ ਹੈ ਕਿ ਇਸ ਸਾਲ ਵਾਢੀ ਦਾ ਸੀਜ਼ਨ ਇਕ ਹਫ਼ਤਾ ਪਛੜ ਗਿਆ ਸੀ ਪਰ ਇਸ ਦੇ ਬਾਵਜੂਦ ਹੁਣ ਤੱਕ ਤਕਰੀਬਨ 38.41 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਹੋ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਦੀਆਂ ਮੰਡੀਆਂ ਵਿੱਚ ਰੋਜ਼ਾਨਾ 4.88 ਲੱਖ ਮੀਟਰਕ ਟਨ ਝੋਨੇ ਦੀ ਆਮਦ ਹੋ ਰਹੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਹੁਣ ਤੱਕ 10.25 ਲੱਖ ਮੀਟਰਕ ਟਨ ਝੋਨੇ ਦੀ ਲਿਫਟਿੰਗ ਹੋ ਚੁੱਕੀ ਹੈ ਅਤੇ ਰੋਜ਼ਾਨਾ 2 ਲੱਖ ਮੀਟਰਕ ਟਨ ਝੋਨੇ ਦੀ ਚੁਕਾਈ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਕਿਸਾਨਾਂ ਦੇ ਖਾਤਿਆਂ ਵਿੱਚ 5600 ਕਰੋੜ ਰੁਪਏ ਤੋਂ ਵੱਧ ਦੀ ਰਕਮ ਜਾਰੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਸਾਲ ਦੌਰਾਨ ਜਦੋਂ ਝੋਨੇ ਦੀ ਆਮਦ 38 ਲੱਖ ਮੀਟਰਕ ਟਨ ਸੀ ਤਾਂ ਉਸ ਸਮੇਂ ਲਿਫਟਿੰਗ ਦਾ ਅੰਕੜਾ ਲਗਭਗ 10 ਲੱਖ ਮੀਟਰਕ ਟਨ ਸੀ ਅਤੇ ਰੋਜ਼ਾਨਾ ਚੁਕਾਈ ਲਗਭਗ 1.34 ਲੱਖ ਮੀਟਰਕ ਟਨ ਸੀ, ਜਿਸ ਲਈ ਕਿਸਾਨਾਂ ਨੂੰ ਸਿਰਫ਼ 5066 ਕਰੋੜ ਰੁਪਏ ਜਾਰੀ ਕੀਤੇ ਗਏ ਸਨ।

ਇਸ ਲਈ ਇਸ ਸਾਲ ਸੀਜ਼ਨ ਦੇਰ ਨਾਲ ਸ਼ੁਰੂ ਹੋਣ ਦੇ ਬਾਵਜੂਦ ਸਰਕਾਰੀ ਖ਼ਰੀਦ, ਲਿਫਟਿੰਗ ਅਤੇ ਅਦਾਇਗੀਆਂ ਦੀ ਰਫ਼ਤਾਰ ਨਿਸ਼ਚਿਤ ਤੌਰ 'ਤੇ ਪਿਛਲੇ ਸਾਲ ਦੇ ਮੁਕਾਬਲੇ ਕਾਫ਼ੀ ਜ਼ਿਆਦਾ ਹੈ।

ਮੰਤਰੀ ਨੂੰ ਅੱਗੇ ਦੱਸਿਆ ਗਿਆ ਕਿ ਮਾਲਵਾ ਖੇਤਰ ਦੇ ਕੁਝ ਜ਼ਿਲ੍ਹਿਆਂ ਵਿੱਚ ਫ਼ਸਲ ਦੀ ਆਮਦ ਥੋੜ੍ਹੀ ਘੱਟ ਹੋਈ ਹੈ, ਪਰ ਮਿੱਲ ਮਾਲਕ ਸਰਕਾਰ ਨਾਲ ਸਹਿਮਤ ਹਨ ਅਤੇ ਜਿਵੇਂ ਹੀ ਆਮਦ ਵਿੱਚ ਤੇਜ਼ੀ ਆਵੇਗੀ, ਖ਼ਰੀਦ ਦੀ ਰਫ਼ਤਾਰ ਹੋਰ ਤੇਜ਼ ਹੋ ਜਾਵੇਗੀ।

ਇਸੇ ਤਰ੍ਹਾਂ ਮੰਤਰੀ ਨੂੰ ਇਸ ਗੱਲ ਤੋਂ ਵੀ ਜਾਣੂ ਕਰਵਾਇਆ ਗਿਆ ਕਿ ਕੁੱਲ 5037 ਮਿੱਲਾਂ ਵਿੱਚੋਂ 3297 ਨੇ ਰਜਿਸਟਰੇਸ਼ਨ ਲਈ ਅਰਜ਼ੀਆਂ ਦਿੱਤੀਆਂ ਹਨ ਅਤੇ 2670 ਮਿੱਲਾਂ ਅਲਾਟ ਕਰ ਦਿੱਤੀਆਂ ਗਈਆਂ ਹਨ।

ਕਿਸਾਨਾਂ, ਮਿੱਲ ਮਾਲਕਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਨੂੰ ਖਰੀਦ ਸੀਜ਼ਨ ਦੀ ਰੀੜ੍ਹ ਦੱਸਦਿਆਂ ਸ੍ਰੀ ਕਟਾਰੂਚੱਕ ਨੇ ਖ਼ਰੀਦ ਸੀਜ਼ਨ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਲਈ ਆਪਸੀ ਤਾਲਮੇਲ ਅਤੇ ਸਹਿਯੋਗ ਨਾਲ ਕੰਮ ਕਰਨ ਲਈ ਕਿਹਾ।

ਇਸ ਮੌਕੇ ਖੁਰਾਕ, ਸਿਵਲ ਸਪਲਾਈ ਅਤੇ ਖ਼ਪਤਕਾਰ ਮਾਮਲੇ ਵਿਭਾਗ ਦੇ ਸਕੱਤਰ ਵਿਕਾਸ ਗਰਗ, ਡਾਇਰੈਕਟਰ ਪੁਨੀਤ ਗੋਇਲ, ਜੁਆਇੰਟ ਡਾਇਰੈਕਟਰ ਅਜੇਵੀਰ ਸਿੰਘ ਸਰਾਓ ਅਤੇ ਜਨਰਲ ਮੈਨੇਜਰ (ਵਿੱਤ) ਸਰਵੇਸ਼ ਕੁਮਾਰ ਵੀ ਹਾਜ਼ਰ ਸਨ।

# ਪਾਕਿ ਦੇ ਗੁਰ. ਕਰਤਾਰਪੁਰ ਸਾਹਿਬ ਦੇ ਦਰਸ਼ਨਾ ਲਈ ਜਾਣ ਵਾਲੀ ਸੰਗਤ ਲਈ ਪਾਸਪੋਰਟ ਅਤੇ 20 ਅਮਰੀਕਨ ਡਾਲਰ ਦੀ ਸ਼ਰਤ ਖਤਮ ਕੀਤੀ ਜਾਵੇ : ਪ੍ਰੋ. ਬਡੂੰਗਰ

**ਪਟਿਆਲਾ, 28 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**



ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋਫੈਸਰ ਕਿਰਪਾਲ ਸਿੰਘ ਬਡੂੰਗਰ ਨੇ ਭਾਰਤ-ਪਾਕਿ ਵਲੋਂ ਕਰਤਾਰਪੁਰ ਲਾਂਘੇ ਸਬੰਧੀ ਦੁਵੱਲੇ ਸਮਝੌਤੇ ਦੀ ਮਿਆਦ ਵਿੱਚ ਕੀਤੇ ਪੰਜ ਸਾਲਾ ਦੇ ਕਾਰਜਕਾਲ ਸਬੰਧੀ ਵਾਧੇ ਦੀ ਸਲਾਘਾ ਕਰਦਿਆਂ ਕਿਹਾ ਕਿ ਪਹਿਲੀ ਪਾਤਸ਼ਾਹੀ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਕਿਰਤ ਭੂਮੀ ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਨ ਲਈ ਹਰੇਕ ਸਿੱਖ ਦੇ ਮਨ ਅੰਦਰ ਇੱਕ ਤਾਂਘ ਬਣੀ ਰਹਿੰਦੀ ਹੈ, ਜਿਸ ਕਾਰਨ ਭਾਵੇਂ ਅਜਿਹੇ ਕੁਝ ਕਰਨਾ ਕਰਕੇ ਸ਼ਰਧਾਵਾਨ ਸਿੱਖ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਨਾ ਕਰ ਸਕੇ ਹੋਣ, ਪ੍ਰੰਤੂ ਭਵਿੱਖੀ ਦਿੱਲੀ ਇੱਛਾ ਜਰੂਰ ਰੱਖਦੇ ਹਨ ਕਿ ਆਪਣੇ ਵਿਛੜੇ ਗੁਰਧਾਮਾਂ ਦੇ ਦਰਸ਼ਨ ਕੀਤੇ ਜਾਣ।

ਪ੍ਰੋਫੈਸਰ ਬਡੂੰਗਰ ਨੇ ਕਿਹਾ ਕਿ ਭਾਰਤ-ਪਾਕਿ ਦੋਵੇਂ ਸਰਕਾਰਾਂ ਵੱਲੋਂ ਇਸ ਸਬੰਧੀ ਸਮਝੌਤੇ ਨੂੰ ਪੰਜ ਸਾਲਾਂ ਲਈ ਹੋਰ ਅੱਗੇ ਵਧਾ ਕੇ ਉਹਨਾਂ ਅਨੇਕਾਂ ਸ਼ਰਧਾਲੂਆਂ ਦੀ ਆਸਥਾ ਨੂੰ ਬੂਰ ਪਾਇਆ ਹੈ ਜੋ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਨ ਦੀ ਤਾਂਘ ਅਤੇ ਖਿੱਚ ਰੱਖਦੇ ਹਨ।
ਪ੍ਰੋਫੈਸਰ ਬਡੂੰਗਰ ਨੇ ਕਿਹਾ ਕਿ 9 ਨਵੰਬਰ 2019 ਨੂੰ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਪਾਕਿਸਤਾਨ ਦੇ ਤਤਕਾਲੀਨ ਪ੍ਰਧਾਨ ਮੰਤਰੀ ਇਮਰਾਨ ਖਾਨ ਵੱਲੋਂ ਸਾਂਝੇ ਤੌਰ ਤੇ ਕਰਤਾਰਪੁਰ ਕੋਰੀਡੋਰ ਦਾ ਉਦਘਾਟਨ ਕੀਤਾ ਗਿਆ ਸੀ ਅਤੇ ਉਸ ਤੋਂ ਬਾਅਦ ਦੋਵੇਂ ਮੁਲਕਾਂ ਦੇ ਅਧਿਕਾਰੀਆਂ ਵਿਚਾਲੇ 24 ਅਕਤੂਬਰ 2019 ਨੂੰ ਭਾਰਤ-ਪਾਕਿ ਦੁਵੱਲੇ ਸਮਝੌਤੇ ਦੇ ਚਲਦਿਆਂ 18 ਨੁਕਾਤੀ ਸਮਝੌਤੇ ਦੇ ਤਹਿਤ ਦੋਵੇਂ ਮੁਲਕਾਂ ਦੇ ਅਧਿਕਾਰੀਆਂ ਵੱਲੋਂ ਦਸਤਖਤ ਸਾਈਨ ਕੀਤੇ ਗਏ ਸਨ। ਪ੍ਰੋਫੈਸਰ ਬਡੂੰਗਰ ਨੇ ਦੋਵੇਂ ਸਰਕਾਰਾਂ ਪਾਸੋਂ ਮੰਗ ਕਰਦਿਆਂ ਕਿਹਾ ਕਿ ਜੋ ਪਾਕਿਸਤਾਨ ਸਰਕਾਰ ਵੱਲੋਂ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਪਾਕਿਸਤਾਨ ਦੇ ਦਰਸ਼ਨਾਂ ਲਈ ਜਾਣ ਵਾਲੇ ਸ਼ਰਧਾਲੂਆਂ ਪਾਸੋਂ 20 ਅਮਰੀਕੀ ਡਾਲਰ ਸਰਵਿਸ ਚਾਰਜ ਵਜੋਂ ਵਸੂਲ ਕੀਤੇ ਜਾਂਦੇ ਹਨ ਉਨਾਂ ਨੂੰ ਜਰੂਰ ਹਟਾਇਆ ਜਾਵੇ ਅਤੇ ਇਸ ਦੇ ਨਾਲ ਹੀ ਸੰਗਤਾਂ ਲਈ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਪਾਕਿਸਤਾਨ ਦੇ ਦਰਸ਼ਨ ਕਰਨ ਜਾਣ ਸਮੇਂ ਜਰੂਰੀ ਪਾਸਪੋਰਟ ਦੀ ਸ਼ਰਤ ਵੀ ਖਤਮ ਕਰਕੇ ਆਧਾਰ ਕਾਰਡ ਜਾਂ ਹੋਰ ਕਿਸੇ ਵੀ ਪਹਿਚਾਣ ਪੱਤਰ ਤੇ ਕੀਤੀ ਜਾਣੀ ਚਾਹੀਦੀ ਹੈ ਤਾਂ ਜੋ ਹਰੇਕ ਸਿੱਖ ਜਿਨਾਂ ਦੇ ਪਾਸਪੋਰਟ ਵੀ ਨਹੀਂ ਬਣੇ ਹੋਏ ਉਹ ਵੀ ਆਪਣੇ ਤੋਂ ਵਿਛੜੇ ਹੋਏ ਗੁਰਧਾਮਾਂ ਦੇ ਦਰਸ਼ਨ ਕਰ ਸਕਣ। ਉਹਨਾਂ ਕਿਹਾ ਕਿ ਨਾਲ ਹੀ 20 ਅਮਰੀਕੀ ਡਾਲਰ ਸਰਵਿਸ ਦੀ ਚਾਰਜ ਕੀਤੀ ਜਾਨ ਵਾਲੀ ਫੀਸ ਵੀ ਮਾਫ ਕੀਤੀ ਜਾਣੀ ਚਾਹੀਦੀ ਹੈ ਕਿਉਂਕਿ ਭਾਰਤ ਵਿੱਚ ਗਰੀਬ ਤਬਕੇ ਨਾਲ ਸੰਬੰਧਿਤ ਅਜਿਹੇ ਲੋਕ ਹਨ ਜਿਨਾਂ ਨੂੰ ਦੋ ਵਕਤ ਦੀ ਰੋਟੀ ਵੀ ਮਿਲਣੀ ਮੁਨਾਸਿਬ ਹੋਈ ਪਈ ਹੈ ਇਸ ਲਈ ਸਰਕਾਰਾਂ ਨੂੰ ਚਾਹੀਦਾ ਹੈ ਕਿ ਇਹਨਾਂ ਮਸਲਿਆਂ ਵੱਲ ਗੰਭੀਰਤਾ ਨਾਲ ਧਿਆਨ ਦੇ ਕੇ ਹੱਲ ਕੀਤੇ ਜਾਣ ਤਾਂ ਜੋ ਹਰੇਕ ਸਿੱਖ ਸ਼ਰਧਾਵਾਨ ਵਿਅਕਤੀ ਗੁਰੂਧਾਮਾਂ ਦੇ ਦਰਸ਼ਨ ਕਰ ਸਕੇ। ਉਨਾਂ ਕਿਹਾ ਕਿ ਸਰਕਾਰਾਂ ਕੋਲ ਕਮਾਈ ਦੇ ਹੋਰ ਅਨੇਕਾਂ ਸਾਧਨ ਹਨ ਜਿਸ ਨਾਲ ਉਹ ਦੇਸ਼ ਨੂੰ ਤਰੱਕੀ ਅਤੇ ਪ੍ਰਕਤੀ ਵੱਲ ਲਿਜਾ ਸਕਦੇ ਹਨ।
ਪ੍ਰੋਫੈਸਰ ਬਡੂੰਗਰ ਨੇ ਕਿਹਾ ਕਿ ਅਜਿਹੇ ਹੀ ਕਾਰਨਾ ਕਰਕੇ ਸ਼ਰਧਾਲੂਆਂ ਦੀ ਸੰਖਿਆ ਵਿੱਚ ਵੀ ਅਥਾਹ ਘਾਟਾ ਦੇਖਣ ਨੂੰ ਮਿਲ ਰਿਹਾ ਹੈ ਜਦੋਂ ਕਿ ਦੋਵੇਂ ਸਰਕਾਰਾਂ ਵੱਲੋਂ ਦਿਨ ਦੇ ਪੰਜ ਹਜਾਰ ਤੱਕ ਦੇ ਸ਼ਰਧਾਲੂ ਸ਼ਰਧਾਲੂਆਂ ਵੱਲੋਂ ਸੰਗਤ ਕਰਨ ਦੀ ਤਜਵੀਜ਼ ਰੱਖੀ ਗਈ ਸੀ ਪ੍ਰੰਤੂ ਔਸਤਨ ਰੋਜ਼ਾਨਾ 200 ਤੋਂ ਵੀ ਘੱਟ ਸ਼ਰਧਾਲੂ ਗੁਰਧਾਮਾਂ ਦੇ ਦਰਸ਼ਨ ਕਰਨ ਲਈ ਜਾਂਦੇ ਦੇਖਣ ਨੂੰ ਮਿਲੇ ਹਨ।

# ਮਾਪੇ ਅਧਿਆਪਕ ਮਿਲਣੀ ਪ੍ਰਤੀ ਮਾਪੇ, ਵਿਦਿਆਰਥੀਆਂ ਤੇ ਅਧਿਆਪਕਾਂ ਵਿੱਚ ਵੇਖਣ ਨੂੰ ਮਿਲਿਆ ਭਾਰੀ ਉਤਸ਼ਾਹ



**ਬਰਨਾਲਾ,22 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਸਿੱਖਿਆ ਵਿਭਾਗ ਦੀ ਹਦਾਇਤ ਤਹਿਤ ਰਾਜ ਦੇ ਸਮੂਹ ਸਰਕਾਰੀ ਸਕੂਲਾਂ ਵਿੱਚ ਮਾਪੇ-ਅਧਿਆਪਕ ਮਿਲਣੀ ਪ੍ਰੋਗਰਾਮ ਕਰਵਾਇਆ ਗਿਆ।
ਇਸੇ ਤਹਿਤ ਜ਼ਿਲ੍ਹਾ ਬਰਨਾਲਾ ਵਿਖੇ ਸਤਿਕਾਰਯੋਗ ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਦੀ ਅਗਵਾਈ ਵਿੱਚ ਏਡੀਸੀ (ਜ) ਲਤੀਫ ਅਹਿਮਦ , ਐਸ.ਡੀ.ਐਮ ਮਹਿਲ ਕਲਾਂ ਹਰਕੰਵਲਜੀਤ ਸਿੰਘ , ਐਸ.ਡੀ.ਐਮ ਤਪਾ ਰਿਸ਼ਭ ਬਾਂਸਲ ਅਤੇ ਡੀਈਓ ਮਲਕਾ ਰਾਣੀ ਵੱਲੋਂ ਸਕੂਲਾਂ ਵਿੱਚ ਸ਼ਿਰਕਤ ਕੀਤੀ ਗਈ। ਡਿਪਟੀ ਕਮਿਸ਼ਨਰ ਪੂਨਮਦੀਪ ਕੌਰ ਨੇ ਕਿਹਾ ਕਿ ਮਾਪੇ-ਅਧਿਆਪਕ ਮਿਲਣੀ ਦਾ ਮੁੱਖ ਮਕਸਦ ਮਾਪਿਆਂ ਵਿਦਿਆਰਥੀਆਂ ਅਤੇ ਅਧਿਆਪਕਾਂ ਵਿੱਚ ਬਿਹਤਰ ਤਾਲਮੇਲ ਬਣਾਉਣਾ ਹੈ ਤਾਂ ਕਿ ਵਿਦਿਆਰਥੀਆਂ ਨੂੰ ਗੁਣਾਤਮਿਕ ਵਿੱਦਿਆ ਪ੍ਰਦਾਨ ਕਰਕੇ ਉਹਨਾਂ ਦਾ ਸਰਵਪੱਖੀ ਵਿਕਾਸ ਹੋ ਸਕੇ।
ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ ਸਿੱਖਿਆ) ਮੈਡਮ ਮਲਕਾ ਰਾਣੀ ਨੇ ਕਿਹਾ ਮਾਪੇ ਅਧਿਆਪਕ ਮਿਲਣੀ ਦੌਰਾਨ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਦੀ ਅਕਾਦਮਿਕ ਕਾਰਗੁਜਾਰੀ ਸਾਂਝੀ ਕੀਤੀ ਗਈ,ਵਿਭਾਗ ਵੱਲੋਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਦੱਸਿਆ ਗਿਆ ਅਤੇ ਮਾਪਿਆਂ ਨੂੰ ਵਿਦਿਆਰਥੀਆਂ ਦੀ ਸਕੂਲ ਵਿੱਚ ਰੋਜ਼ਾਨਾ ਹਾਜ਼ਰੀ ਯਕੀਨੀ ਬਣਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੈਗਾ ਪੀਟੀਐਮ ਦੌਰਾਨ ਵੱਖ-ਵੱਖ ਸਕੂਲਾਂ ਵਿੱਚ ਮਾਪਿਆਂ ਦੀ ਹਾਜ਼ਰੀ ਵਿੱਚ ਵਿਦਿਆਰਥੀਆਂ ਦੇ ਕੁਇਜ਼ ਮੁਕਾਬਲੇ ਕਰਵਾਏ ਗਏ ਅਤੇ 100% ਹਾਜ਼ਰੀ ਵਾਲੇ ਵਿਦਿਆਰਥੀਆਂ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ।
ਇਸ ਮੌਕੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ ਸਿੱਖਿਆ) ਮੈਡਮ ਨੀਰਜਾ, ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ) ਡਾ. ਬਰਜਿੰਦਰ ਪਾਲ, ਡਾਇਟ ਪ੍ਰਿੰਸੀਪਲ ਡਾ. ਮੁਨੀਸ਼ ਮੋਹਨ ਸ਼ਰਮਾ,ਬੀਐਨਓਜ਼ ਸੁਰੇਸ਼ਟਾ ਸ਼ਰਮਾ, ਹਰਪ੍ਰੀਤ ਕੌਰ, ਜਸਵਿੰਦਰ ਸਿੰਘ, ਜ਼ਿਲ੍ਹਾ ਰਿਸੋਰਸ ਕੋਆਰਡੀਨੇਟਰਜ਼ ਅਤੇ ਬਲਾਕ ਰਿਸੋਰਸ ਕੋਆਰਡੀਨੇਟਰਸ ਵੱਲੋਂ ਸਕੂਲ ਵਿਜ਼ਟ ਕੀਤੇ ਗਏ।

# ਡੀ ਆਈ ਜੀ ਮਨਦੀਪ ਸਿੰਘ ਸਿੱਧੂ ਅਤੇ ਐਸ ਐਸ ਪੀ ਡਾਕਟਰ ਨਾਨਕ ਸਿੰਘ ਵਲੋਂ ਜਤਵਿੰਦਰ ਗਰੇਵਾਲ ਸਨਮਾਨਿਤ



**ਪਟਿਆਲਾ, 28 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**

ਪਟਿਆਲਾ ਜ਼ਿਲ੍ਹੇ ਦੀਆਂ ਨਾਮਵਰ ਸਮਾਜ ਸੇਵੀ ਸੰਸਥਾਵਾਂ ਪਾਵਰ ਹਾਊਸ ਯੂਥ ਕਲੱਬ, ਯੂਥ ਫੈਡਰੇਸ਼ਨ ਆਫ ਇੰਡੀਆ ,ਯੂਵਕ ਸੇਵਾਵਾਂ ਕਲੱਬ ਦੀਪ ਨਗਰ, ਪਾਵਰ ਹਾਊਸ ਯੂਵਕ ਸੇਵਾਵਾਂ ਕਲੱਬ ਰਣਜੀਤ ਨਗਰ ਵਲੋ ਨਸ਼ਿਆਂ ਵਿਰੁੱਧ ਕੀਤੇ ਜਾ ਰਹੇ ਕੰਮਾਂ ਨੂੰ ਵੇਖਦਿਆਂ ਇਹਨਾਂ ਸੰਸਥਾਵਾਂ ਦੇ ਨੁਮਾਇੰਦੇ ਅਤੇ ਯੂ ਐਨ ਵਲੰਟੀਅਰ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਮੈਂਬਰ ਨਸਾ ਮੁਕਤ ਭਾਰਤ ਅਭਿਆਨ ਨੂੰ ਮਾਨਯੋਗ ਡੀ ਆਈ ਜੀ ਪਟਿਆਲਾ ਰੇਂਜ ਮਨਦੀਪ ਸਿੰਘ ਸਿੱਧੂ, ਐਸ ਐਸ ਪੀ ਪਟਿਆਲਾ ਡਾਕਟਰ ਨਾਨਕ ਸਿੰਘ, ਏਂ ਐਸ ਪੀ ਵੈਭਵ ਚੋਧਰੀ, ਐਸ ਪੀ ਹੈਡਕੁਆਰਟਰ ਹਰਵੰਤ ਕੋਰ, ਡੀ ਐਸ ਪੀ ਹੈਡਕੁਆਰਟਰ ਨੇਹਾ ਅਗਰਵਾਲ ਵਲੋਂ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡੀ ਆਈ ਜੀ ਪਟਿਆਲਾ ਰੇਂਜ ਮਨਦੀਪ ਸਿੰਘ ਸਿੱਧੂ ਅਤੇ ਐਸ ਐਸ ਪੀ ਡਾਕਟਰ ਨਾਨਕ ਸਿੰਘ ਨੇ ਗਵਰਨਰ ਐਵਾਰਡੀ ਜਤਵਿੰਦਰ ਗਰੇਵਾਲ ਨੂੰ ਸਨਮਾਨਿਤ ਕਰਦੇ ਹੋਏ ਕਿਹਾ ਕਿ ਇਹਨਾਂ ਵਲੋਂ ਖੁਦ 80 ਵਾਰ ਖੂਨਦਾਨ ਕਰਕੇ ਨਾਲ ਹੀ ਅਨੇਕਾਂ ਖੂਨਦਾਨ ਕੈਂਪ ਲਗਾਏ ਗਏ, ਸਲੱਮ ਏਰੀਏ ਵਿੱਚ ਔਰਤਾਂ ਅਤੇ ਲੜਕੀਆਂ ਨੂੰ ਮੁਫਤ ਸੈਨਟਰੀ ਪੈਡ ਵੰਡਣੇ, ਲੋੜਵੰਦ ਮਰੀਜ਼ਾਂ ਨੂੰ ਟਰਾਈਸਾਈਕਲ ਅਤੇ ਵੀਲਚੇਅਰ ਦੇਣੀਆਂ , ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਦਾ ਆਯੋਜਨ ਕਰਨਾ ਇਸ ਤੋਂ ਇਲਾਵਾ ਅਨੇਕਾਂ ਹੋਰ ਸਮਾਜ ਸੇਵੀ ਕਾਰਜਾਂ ਨੂੰ ਕਰ ਰਹੇ ਹਨ ਬਹੁਤ ਹੀ ਵਧੀਆ ਕੰਮ ਹੈ, ਉਹਨਾਂ ਨਸ਼ਿਆਂ ਵਿਰੁੱਧ ਸਮਾਜ ਸੇਵੀ ਸੰਸਥਾਵਾਂ ਯੂਥ ਫੈਡਰੇਸ਼ਨ ਆਫ ਇੰਡੀਆ ਅਤੇ ਪਾਵਰ ਹਾਊਸ ਯੂਥ ਕਲੱਬ ਵੱਲੋਂ ਨਸ਼ਿਆਂ ਵਿਰੁੱਧ ਮੁਹਿੰਮ ਵਿੱਚ ਪੁਲਿਸ ਪ੍ਰਸ਼ਾਸਨ ਹਰ ਸੰਭਵ ਸਹਿਯੋਗ ਕਰੇਗਾ ਅਤੇ ਪਟਿਆਲਾ ਪੁਲਿਸ ਵਲੋਂ ਵੱਡੇ ਪੱਧਰ ਤੇ ਪਟਿਆਲਾ ਜ਼ਿਲ੍ਹੇ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਉਲੀਕੇ ਜਾਣਗੇ ਤਾਂ ਜੋ ਨੋਜਵਾਨਾ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ ਜਾ ਸਕੇ, ਉਨ੍ਹਾਂ ਕਿਹਾ ਕਿ ਇਹਨਾਂ ਦੀ ਟੀਮ ਵਲੋਂ ਪਟਿਆਲਾ ਜ਼ਿਲ੍ਹੇ ਵਿੱਚ ਨਸ਼ਿਆਂ ਵਿਰੁੱਧ ਕੀਤੇ ਕੰਮਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਹੋਰਨਾਂ ਸੰਸਥਾਵਾਂ ਨੂੰ ਵੀ ਨਸ਼ਿਆਂ ਵਿਰੁੱਧ ਲਾਮਬੰਦ ਹੋ ਕੇ ਅੱਗੇ ਆਉਣਾ ਚਾਹੀਦਾ ਹੈ।

# ਪੈਨਸ਼ਨਰਜ਼ ਵੈਲਫੇਅਰ ਫੈਡਰੇਸ਼ਨ ਪੰਜਾਬ ਦਾ ਪਹਿਲਾ ਡੈਲੀਗੇਟ ਇਜਲਾਸ ਸੂਬਾ ਪ੍ਰਧਾਨ ਬਾਬਾ ਅਮਰਜੀਤ ਸਿੰਘ ਦੀ ਪ੍ਰਧਾਨਗੀ ਹੇਠ ਆਯੋਜਿਤ

**ਪਟਿਆਲਾ, 28 ਅਕਤੂਬਰ -ਕੌਮੀ ਪੱਤ੍ਰਿਕਾ ਬਿਊਰੋ-**




ਪੈਨਸ਼ਨਰਜ਼ ਵੈਲਫੇਅਰ ਫੈਡਰੇਸ਼ਨ ਪੰਜਾਬ ਦਾ ਪਹਿਲਾ ਡੈਲੀਗੇਟ ਇਜਲਾਸ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਸੂਬਾ ਪ੍ਰਧਾਨ ਬਾਬਾ ਅਮਰਜੀਤ ਸਿੰਘ ਦੀ ਪ੍ਰਧਾਨਗੀ ਵਿੱਚ ਹੋਇਆ। ਪ੍ਰੈਸ ਨੂੰ ਬਿਆਨ ਜਾਰੀ ਕਰਦੇ ਹੋਏ ਬੀ.ਐਸ. ਸੇਖੋਂ ਜਨਰਲ ਸਕੱਤਰ ਨੇ ਦੱਸਿਆ ਕਿ ਸਭ ਤੋਂ ਪਹਿਲਾਂ ਜਥੇਬੰਦੀ ਦਾ ਕੇਸਰੀ ਨਿਸ਼ਾਨ ਝੰਡਾ ਚੜਾਉਣ ਦੀ ਰਸਮ ਅਦਾ ਕੀਤੀ ਗਈ। ਉਪਰੰਤ ਜਥੇਬੰਦੀ ਦਾ ਇਜਲਾਸ ਸ਼ੁਰੂ ਕੀਤਾ ਗਿਆ। ਪੰਜਾਬ ਦੇ ਸਾਰੇ ਜਿਲ੍ਹਿਆ ਵਿੱਚੋਂ ਜਿਵੇਂ ਅੰਮ੍ਰਿਤਸਰ ਸ਼ਹਿਰੀ ਹਲਕਾ, ਅੰਮ੍ਰਿਤਸਰ ਦਿਹਾਤੀ ਹਲਕਾ, ਸ਼ਾਹਪੁਰ ਕੰਡੀ (ਪਠਾਨਕੋਟ), ਗੁਰਦਾਸਪੁਰ, ਹੁਸ਼ਿਆਰਪੁਰ, ਨਵਾਂ ਸ਼ਹਿਰ, ਰੋਪੜ, ਜਲੰਧਰ, ਤਰਨ ਤਾਰਨ, ਫਿਰੋਜਪੁਰ, ਬਠਿੰਡਾ, ਪਟਿਆਲਾ, ਲੁਧਿਆਣਾ ਸ਼ਹਿਰੀ, ਲੁਧਿਆਣਾ ਦਿਹਾਤੀ ਅਤੇ ਖੰਨਾ ਹਲਕੇ ਦੇ ਤਕਰੀਬਨ 250 ਡੇਲੀਗੇਟਾਂ ਨੇ ਹਿੱਸਾ ਲਿਆ। ਸਟੇਜ਼ ਦੀ ਜਿੰਮੇਵਾਰੀ ਬੀ.ਐਸ.ਸੇਖੋਂ ਨੇ ਬਾ-ਖੂਬੀ ਨਿਭਾਈ। ਜਥੇਬੰਦੀ ਦੇ ਪਿਛਲੇ ਕੰਮਾਂ, ਸੰਘਰਸ਼ਾ, ਪ੍ਰਾਪਤੀਆਂ ਦੀ ਰਿਪੋਰਟ ਜਨਰਲ ਸਕੱਤਰ ਨੇ ਪੇਸ਼ ਕੀਤੀ ਤੇ ਆਮਦਨੀ ਅਤੇ ਖਰਚੇ ਦੀ ਰਿਪੋਰਟ ਵਿੱਤ ਸਕੱਤਰ ਸੁਖਦੇਵ ਸਿੰਘ ਨੇ ਪੇਸ਼ ਕੀਤੀ। ਜਨਰਲ ਸਕੱਤਰ ਅਤੇ ਵਿੱਤ ਸਕੱਤਰ ਦੀ ਰਿਪੋਰਟ ਤੇ ਵੱਖ—ਵੱਖ ਬੁਲਾਰਿਆਂ ਨੇ ਆਪਣੇ ਵਿਚਾਰ ਪੇਸ਼ ਕੀਤੇ। ਇਜਲਾਸ ਵਿੱਚ 7 ਮਤੇ ਪਾਸ ਕੀਤੇ ਗਏ ਜਿਨ੍ਹਾਂ ਵਿੱਚ ਪੰਜਾਬ ਸਰਕਾਰ ਵੱਲੋਂ ਮੁਲਾਜਮਾਂ ਨੂੰ ਕੇਂਦਰ ਸਰਕਾਰ ਦੇ ਪੈਟਰਨ ਤੇ ਮਹਿੰਗਾਈ ਭੱਤੇ ਦੀਆਂ 15# ਦੀਆਂ ਕਿਸ਼ਤਾਂ ਅਤੇ ਉਹਨਾਂ ਦਾ ਬਕਾਇਆ ਨਾ ਦੇਣ, ਮੁਲਾਜਮਾਂ ਅਤੇ ਪੈਨਸ਼ਨਰਜ਼ ਤੋਂ 200 ਰੁ: ਪ੍ਰਤੀ ਮਹੀਨਾ ਜੱਜੀਆ ਟੈਕਸ ਕੱਟਣ, 1-1-2016 ਤੋਂ ਪਹਿਲਾਂ ਰਿਟਾਇਰ ਹੋਏ ਮੁਲਾਜਮਾਂ ਨੂੰ 2.59 ਦੇ ਫੈਕਟਰ ਨਾਲ ਪੈਨਸ਼ਨਾਂ ਫਿਕਸ ਨਾ ਕਰਨ, ਤਨਖਾਹ ਸਕੇਲਾਂ ਦਾ 1-1-2016 ਤੋਂ 30-6-2021 ਤੱਕ ਦਾ ਏਰੀਅਰ ਨਾ ਦੇਣਾ, ਮੁਲਾਜਮਾਂ ਅਤੇ ਪੈਨਸ਼ਨਰਜ਼ ਨੂੰ ਪੈਡਿੰਗ ਮੰਗਾਂ ਲਈ ਮੀਟਿੰਗਾਂ ਦੇ ਕੇ ਵਾਰ-ਵਾਰ ਕੈਂਸਲ ਕਰਨ ਦੀ, ਕਿਸਾਨਾਂ ਤੇ ਝੂਠੇ ਕੇਸ ਬਣਾ ਕੇ ਜੇਲ੍ਹਾ ਵਿੱਚ ਡੱਕਣ ਅਤੇ ਫਸਲਾਂ ਤੇ ਐਮ.ਐਸ.ਪੀ. ਨਾ ਦੇਣਾ, ਪੰਜਾਬ ਵਿੱਚ ਅਮਨ ਕਾਨੂੰਨ ਦੀ ਸਥਿਤੀ ਕੰਟਰੋਲ ਨਾ ਕਰਨ, ਪੰਜਾਬ ਵਿਚੋਂ ਨਸ਼ਾ ਖਤਮ ਨਾ ਕਰਨ, ਬੇਰੁਜ਼ਗਾਰੀ ਦਾ ਹੱਲ ਨਾ ਕੱਢਣਾ ਅਤੇ ਪੰਜਾਬ ਨੂੰ ਕਰਜੇ ਦੇ ਭਾਰ ਹੇਠਾਂ ਦੱਬ ਕੇ ਕਮਜੋਰ ਕਰਨ ਦੀ ਪੁਰਜੋਰ ਨਿਖੇਧੀ ਕੀਤੀ ਗਈ। ਇਜਲਾਸ ਨੂੰ ਬਾਬਾ ਅਮਰਜੀਤ ਸਿੰਘ, ਵਿਨੋਦ ਸਲਵਾਨ, ਐਮ.ਐਲ. ਕਪਿਲਾ, ਪਰਮਜੀਤ ਸਿੰਘ ਦਸੂਹਾ, ਹਰਮੇਸ਼ ਧੀਮਾਨ, ਬਲਦੇਵ ਮੰਢਾਲੀ, ਸੁਖਵਿੰਦਰ ਸਿੰਘ ਚਾਹਲ, ਅਸ਼ਵਨੀ ਕੁਮਾਰ, ਪਰਮਜੀਤ ਸਿੰਘ ਜਲੰਧਰ, ਮਲਕੀਤ ਸਿੰਘ ਕੰਗ, ਹਰਜਿੰਦਰ ਸਿੰਘ ਚੌਹਾਨ, ਐਚ.ਐਸ. ਕੋਹਲੀ, ਮਹਿੰਦਰ ਸਿੰਘ, ਜਗਦੀਸ਼ ਰਾਏ, ਜਗਦੇਵ ਮਾਨ, ਰਾਜਿੰਦਰ ਠਾਕੁਰ, ਸ਼ਿਵਦੇਵ ਸਿੰਘ, ਅਵਤਾਰ ਸਿੰਘ ਬਮਰਾਹ, ਪਵਿੱਤਰ ਸਿੰਘ, ਗੁਰਦੀਪ ਸਿੰਘ, ਬਲਵਿੰਦਰ ਸਿੰਘ ਪਨਖੂਹ, ਪਲਮਿੰਦਰ ਸਿੰਘ, ਕੰਵਰ ਜ਼ਸਵਿੰਦਰ ਪਾਲ ਸਿੰਘ, ਲਖਬੀਰ ਸਿੰਘ ਸੰਧੂ ਆਦਿ ਨੇ ਸੰਬੋਧਨ ਕੀਤਾ। ਪੁਰਾਣੀ ਸੂਬਾ ਕਮੇਟੀ ਭੰਗ ਕਰਕੇ ਸਰਬ ਸੰਮਤੀ ਨਾਲ ਨਵੀਂ ਸੂਬਾ ਕਮੇਟੀ ਬਣਾਈ ਗਈ ਜਿਸ ਵਿੱਚ ਚੀਫ ਪੈਟਰਨ ਪਰਮਜੀਤ ਸਿੰਘ ਦਸੂਹਾ, ਚੀਫ ਆਰਗੇਨਾਈਜਰ ਐਮ.ਐਲ. ਕਪਿਲਾ, ਪ੍ਰਧਾਨ ਅਮਰਜੀਤ ਸਿੰਘ ਬਾਬਾ, ਸੀਨੀਅਰ ਮੀਤ ਪ੍ਰਧਾਨ ਵਿਨੋਦ ਸਲਵਾਨ, ਮੀਤ ਪ੍ਰਧਾਨ ਮਲਕੀਤ ਸਿੰਘ ਕੰਗ, ਰਾਮ ਸਰਨ, ਰਾਮ ਕਿਸ਼ਨ, ਜਗਦੀਸ਼ ਰਾਏ, ਲਖਬੀਰ ਸਿੰਘ, ਮਹਿੰਦਰ ਸਿੰਘ, ਜਨਰਲ ਸਕੱਤਰ ਬੀ.ਐਸ. ਸੇਖੋਂ, ਡਿਪਟੀ ਜਨਰਲ ਸਕੱਤਰ ਰਾਜਿੰਦਰ ਠਾਕੁਰ, ਹਰਜਿੰਦਰ ਸਿੰਘ ਕੋਹਲੀ, ਕੈਸ਼ੀਅਰ ਸੁਖਦੇਵ ਸਿੰਘ, ਸਕੱਤਰ ਬਲਵਿੰਦਰ ਸਿੰਘ ਪਨਖੂਹ, ਜਗਦੇਵ ਸਿੰਘ ਮਾਨ, ਪਲਮਿੰਦਰ ਸਿੰਘ, ਕੰਵਰ ਜ਼ਸਵਿੰਦਰ ਪਾਲ, ਕੁਲਦੀਪ ਸਿੰਘ ਮਿਨਹਾਸ, ਪ੍ਰੈਸ ਸਕੱਤਰ ਮਨੋਜ਼ ਮਹਾਜਨ, ਸੁਰਿੰਦਰ ਸਿੰਘ, ਦਫਤਰੀ ਸਕੱਤਰ ਸ਼ਿਵਦੇਵ ਸਿੰਘ, ਆਡੀਟਰ ਸਤੀਸ਼ ਕੁਮਾਰ, ਕਾਨੂੰਨੀ ਸਲਾਹਕਾਰ ਪਰਮਜੀਤ ਸਿੰਘ ਆਦਿ ਚੁਣੇ ਗਏ।

• ਨਰਿੰਦਰ ਸਿੰਘ
98146-62260

ਹੱਸਣ ਨਾਲ ਵਿਅਕਤੀ ਜ਼ਿੰਦਗੀ ਦੀਆਂ ਮੁਸ਼ਕਲਾਂ ਨੂੰ ਥੋੜ੍ਹੀ ਦੇਰ ਲਈ ਭੁੱਲ ਜਾਂਦਾ ਹੈ। ਵੈਸੇ ਵੀ ਦੁਖੀ ਰਹਿਣ ਵਾਲੇ ਵਿਅਕਤੀ ਨੂੰ ਕੋਈ ਪਸੰਦ ਨਹੀਂ ਕਰਦਾ। ਵਿਅਕਤੀ ਨੂੰ ਹਮੇਸ਼ਾ ਖ਼ੁਸ਼ ਰਹਿਣ ਦੀ ਕੋਸ਼ਿਸ਼ ਕਰਨ ਦੇ ਨਾਲ-ਨਾਲ ਹੱਸਦੇ ਰਹਿਣ ਦੀ ਕਲਾ ਨੂੰ ਅਪਣਾਉਣਾ ਚਾਹੀਦਾ ਹੈ। ਹੱਸਣਾ ਅਤੇ ਹਸਾਉਣਾ ਸਾਡੀ ਜ਼ਿੰਦਗੀ ਦਾ ਹਿੱਸਾ ਹੋਣਾ ਚਾਹੀਦਾ ਹੈ...



# ਆਤਮਿਕ ਸੰਤੁਸ਼ਟੀ ਲਈ ਹੱਸਣਾ ਜ਼ਰੂਰੀ

ਹੱਸਣਾ ਸਾਡੀ ਜ਼ਿੰਦਗੀ ਵਿਚ ਬਹੁਤ ਜ਼ਰੂਰੀ ਹੈ। ਹੱਸਣ ਤੋਂ ਬਿਨਾਂ ਜ਼ਿੰਦਗੀ ਬੇਰੰਗ ਹੈ। ਹੱਸਣਾ ਜ਼ਿੰਦਗੀ ਜਿਊਣ ਲਈ ਬਹੁਤ ਹੀ ਵਧੀਆ ਕਲਾ ਹੈ। ਹੱਸਣ ਵਾਲਾ ਵਿਅਕਤੀ ਜ਼ਿੰਦਗੀ ਦੇ ਹਰ ਦੁੱਖ ਤੋਂ ਅਸਾਨੀ ਨਾਲ ਬਾਹਰ ਆ ਜਾਂਦਾ ਹੈ। ਹੱਸਣ ਅਤੇ ਮੁਸਕਰਾਉਣ ਵਾਲੇ ਵਿਅਕਤੀ ਨੂੰ ਹਰ ਕੋਈ ਪਸੰਦ ਕਰਦਾ ਹੈ। ਕਿਸੇ ਨੂੰ ਹੱਸ ਕੇ ਬੁਲਾਉਣ ਨਾਲ ਦੂਸਰੇ ਵਿਅਕਤੀ ਦੇ ਚਿਹਰੇ 'ਤੇ ਮੁਸਕਰਾਹਟ ਆ ਜਾਂਦੀ ਹੈ। ਖੁੱਲ੍ਹਕੇ ਹੱਸਣਾ ਇਕ ਕਸਰਤ ਹੈ। ਖੁੱਲ੍ਹਕੇ ਹੱਸਣ ਨਾਲ ਵਿਅਕਤੀ ਕਈ ਬਿਮਾਰੀਆਂ ਤੋਂ ਦੂਰ ਰਹਿੰਦਾ ਹੈ।

ਬਹੁਤ ਸਾਰੇ ਡਾਕਟਰ ਵੀ ਹੱਸਣ ਅਤੇ ਖ਼ੁਸ਼ ਰਹਿਣ ਦੀ ਸਲਾਹ ਦਿੰਦੇ ਹਨ। ਹੱਸਦੇ ਰਹਿਣ ਵਾਲੇ ਵਿਅਕਤੀ ਦਾ ਸਾਥ ਹਰ ਕੋਈ ਪਸੰਦ ਕਰਦਾ ਹੈ। ਹਸਮੁੱਖ ਵਿਅਕਤੀ ਜਿੱਥੇ ਆਪ ਖ਼ੁਸ਼ ਰਹਿੰਦਾ ਹੈ, ਉੱਥੇ ਉਹ ਦੂਜਿਆਂ ਨੂੰ ਵੀ ਖ਼ੁਸ਼ ਰੱਖਦਾ ਹੈ। ਹੱਸਣ ਦੀ ਕਲਾ ਜਾਣਨ ਵਾਲਾ ਵਿਅਕਤੀ ਸਭ ਤੋਂ ਵਧੀਆ ਹੁੰਦਾ ਹੈ। ਹੱਸਣ ਨਾਲ ਵਿਅਕਤੀ ਜ਼ਿੰਦਗੀ ਦੀਆਂ ਮੁਸ਼ਕਲਾਂ ਨੂੰ ਥੋੜ੍ਹੀ ਦੇਰ ਲਈ ਭੁੱਲ ਜਾਂਦਾ ਹੈ। ਵੈਸੇ ਵੀ ਦੁਖੀ ਰਹਿਣ ਵਾਲੇ ਵਿਅਕਤੀ ਨੂੰ ਕੋਈ ਪਸੰਦ ਨਹੀਂ ਕਰਦਾ। ਵਿਅਕਤੀ ਨੂੰ ਹਮੇਸ਼ਾ ਖ਼ੁਸ਼ ਰਹਿਣ ਦੀ ਕੋਸ਼ਿਸ਼ ਕਰਨ ਦੇ ਨਾਲ-ਨਾਲ ਹੱਸਦੇ ਰਹਿਣ ਦੀ ਕਲਾ ਨੂੰ ਅਪਣਾਉਣਾ ਚਾਹੀਦਾ ਹੈ। ਹੱਸਣਾ ਅਤੇ ਹਸਾਉਣਾ ਸਾਡੀ ਜ਼ਿੰਦਗੀ ਦਾ ਹਿੱਸਾ ਹੋਣਾ ਚਾਹੀਦਾ ਹੈ। ਹੱਸਦੇ ਖੇਡਦੇ ਜ਼ਿੰਦਗੀ ਨੂੰ ਬਿਤਾਉਣਾ ਹੀ ਸਾਡਾ ਸਾਰਿਆ ਦਾ ਮਕਸਦ ਹੋਣਾ ਚਾਹੀਦਾ ਹੈ।

## ਰੂਹ ਦੀ ਖ਼ੁਰਾਕ

ਹਾਸਾ ਆਪਣੇ ਆਪ ਵਿਚ ਇਕ ਕਲਾ ਹੈ। ਹਾਸਾ ਪਰਮਾਤਮਾ ਦੀ ਬਖ਼ਸ਼ਿਸ਼ ਹੈ। ਹਾਸਾ ਆਪਣੇ ਆਪ ਵਿਚ ਖ਼ੁਸ਼ਹਾਲੀ ਅਤੇ ਖ਼ੁਸ਼ੀ ਦਾ ਪ੍ਰਤੀਕ ਹੈ। ਜਿਸ ਘਰ ਵਿਚ ਹਾਸਿਆਂ ਦਾ ਵਾਸਾ ਹੋਵੇ ਉਸ ਘਰ ਵੱਲ ਖ਼ੁਸ਼ੀਆਂ ਦੌੜੀਆਂ ਹੀ ਆਉਂਦੀਆਂ ਹਨ। ਕਿਸੇ ਨੇ ਕਿਹਾ ਹੈ ਕਿ ਹੱਸਦਿਆਂ ਦੇ ਘਰ ਵਸਦੇ। ਹਾਸੇ ਦੀਆਂ ਕਈ ਕਿਸਮਾਂ ਹਨ ਜਿਵੇਂ ਖਚਰਾ ਹਾਸਾ ਅਤੇ ਘੁਮੰਡੀ ਹਾਸਾ। ਖਚਰਾ ਹਾਸਾ ਹੱਸਣ ਵਾਲੇ ਲੋਕ ਚੁਸਤ-ਚਲਾਕ ਹੁੰਦੇ ਹਨ। ਪੈਸੇ ਜਾਂ ਰੁਤਬੇ ਦਾ ਮਾਣ ਕਰਨ ਵਾਲੇ ਲੋਕਾਂ ਦਾ ਹਾਸਾ ਘੁਮੰਡ ਭਰਪੂਰ ਹੁੰਦਾ ਹੈ। ਅਸਲ ਹਾਸਾ ਉਹ ਹੈ ਜੋ ਕਿਸੇ ਦਾ ਦਿਲ ਦੁਖਾਏ ਬਗ਼ੈਰ ਦੂਜਿਆਂ ਨੂੰ ਦਰਦ ਦੀ ਹੋਂਦ ਹੀ ਭੁਲਾ ਦੇਵੇ ਅਤੇ ਰੋਂਦਿਆਂ ਨੂੰ ਆਪਣੇ ਨਾਲ ਹੱਸਣ ਲਾ ਲਵੇ। ਰੋਂਦਿਆਂ ਨੂੰ ਹਸਾਉਣ ਤੋਂ ਵੱਡਾ ਸ਼ਾਇਦ ਕੋਈ ਪੁੰਨ ਨਹੀਂ ਹੈ। ਖ਼ੁਸ਼ ਹੋਣਾ ਜਾਂ ਦੁਖੀ ਹੋਣਾ ਜਿੰਦਾ ਦਸਤੂਰ ਹੈ। ਪਰ ਹੱਸਣਾ ਜਾ ਰੋਣਾ ਮਨੁੱਖ ਦਾ ਸੁਭਾਅ ਹੈ। ਹਾਸਾ ਕਈ ਇਨਸਾਨੀ ਬਿਮਾਰੀਆਂ ਦਾ ਇਲਾਜ ਹੀ ਨਹੀਂ ਸਗੋਂ ਹੱਸਦੇ ਚਿਹਰਿਆਂ



ਵਾਲੇ ਸਰੀਰ ਬਿਮਾਰ ਹੀ ਬਹੁਤ ਘੱਟ ਹੁੰਦੇ ਹਨ। ਹਾਸੇ ਨੂੰ ਰੂਹ ਦੀ ਖ਼ੁਰਾਕ ਵੀ ਕਿਹਾ ਜਾਂਦਾ ਹੈ। ਜਿਵੇਂ ਤਨ ਦੀ ਖ਼ੁਰਾਕ ਭੋਜਨ ਹੈ ਉਸੇ ਤਰ੍ਹਾਂ ਰੂਹ ਦੀ ਖ਼ੁਰਾਕ ਹਾਸਾ ਹੈ।

ਹਸਮੁੱਖ ਵਿਅਕਤੀ ਸਭ ਦਾ ਚਹੇਤਾ ਬਣ ਜਾਂਦਾ ਹੈ। ਹਸਮੁੱਖ ਵਿਅਕਤੀ ਸ਼ੂਗਰ, ਦਿਲ ਦੇ ਰੋਗ, ਬਲੱਡ ਪ੍ਰੈਸ਼ਰ ਅਤੇ ਹੋਰ ਅਨੇਕਾਂ ਭਿਆਨਕ ਬਿਮਾਰੀਆਂ ਤੋਂ ਬਚਿਆ ਰਹਿੰਦਾ ਹੈ। ਹੱਸਦਾ ਚਿਹਰਾ ਬਹੁਤ ਆਕਰਸ਼ਕ ਲੱਗਦਾ ਹੈ। ਹੱਸਣ ਨਾਲ ਚਿਹਰੇ ਦੀ ਸੁੰਦਰਤਾ ਵਿਚ ਕਈ ਗੁਣਾਂ ਵਾਧਾ ਹੁੰਦਾ ਹੈ। ਹਸਮੁੱਖ ਵਿਅਕਤੀ ਜ਼ਿੰਦਗੀ ਦੀਆਂ ਚੁਣੌਤੀਆਂ 'ਤੇ ਜਲਦੀ ਕਾਬੂ ਪਾ ਲੈਂਦੇ ਹਨ। ਜਦਕਿ ਰੋਂਦੇ ਵਿਅਕਤੀ ਸਮੱਸਿਆਵਾਂ ਵਿਚ ਉਲਝਕੇ ਸਮੁੱਚੇ ਜੀਵਨ ਦਾ ਤਾਣਾ-ਬਾਣਾ ਹੀ ਉਲਝਾ ਬੈਠਦੇ ਹਨ। ਹਸਮੁੱਖ ਵਿਅਕਤੀ ਦੂਜਿਆਂ ਨੂੰ ਜਲਦੀ ਮਿੱਤਰ ਬਣਾਉਂਦੇ ਹਨ। ਹਸਮੁੱਖ ਵਿਅਕਤੀਆਂ ਵਿਚ ਦੂਜਿਆਂ ਨਾਲ ਘੁਲਣ ਮਿਲਣ ਦੀ ਸਮਰੱਥਾ ਬਹੁਤ ਜ਼ਿਆਦਾ ਹੁੰਦੀ ਹੈ। ਅਜਿਹੇ ਵਿਅਕਤੀ ਅੰਦਰੋਂ ਬੁਰੀ ਤਰ੍ਹਾਂ ਟੁਟਕੇ ਵੀ ਦੂਜਿਆਂ ਨੂੰ ਇਸ ਦਾ ਅਹਿਸਾਸ ਨਹੀਂ ਹੋਣ ਦਿੰਦੇ। ਸਗੋਂ ਉਹ ਤਾਂ ਹਾਸਿਆਂ ਦੇ ਛਰਾਟਿਆਂ ਨਾਲ ਦੂਜਿਆਂ ਦੇ ਦੁੱਖ ਵੀ ਭੁਲਾ ਦਿੰਦੇ ਹਨ।


## ਪਾਓ ਖ਼ੁਸ਼ ਰਹਿਣ ਦੀ ਆਦਤ

ਹਾਸਾ ਜ਼ਿੰਦਗੀ ਨੂੰ ਬਿਹਤਰ ਬਣਾਉਂਦਾ ਹੈ। ਹੱਸਣ ਨਾਲ ਨਾ ਵਿਅਕਤੀ ਜ਼ਿਆਦਾ ਸੁਖੀ ਰਹਿੰਦਾ ਹੈ ਸਗੋਂ ਉਸ ਦੀ ਉਮਰ ਵੀ ਵਧਦੀ ਹੈ। ਹੱਸਣ ਨਾਲ ਜੀਵਨ ਜ਼ਿਆਦਾ ਸਿਹਤਮੰਦ ਜ਼ਰੂਰ ਰਹਿ ਸਕਦਾ ਹੈ। ਮਨੋਵਿਗਿਆਨਕਾਂ ਦਾ ਮੰਨਣਾ ਹੈ ਕਿ ਜਦੋਂ ਅਸੀਂ ਹੱਸਦੇ ਹਾਂ ਤਾਂ ਸਾਡੇ ਚਿਹਰੇ ਦੀ ਬਣਾਵਟ ਨਾਲ ਦਿਮਾਗ਼ ਵਿਚ ਜਿਹੜੀਆਂ ਭਾਵਨਾਵਾਂ ਪੈਦਾ ਹੁੰਦੀਆਂ ਹਨ ਉਨ੍ਹਾਂ ਨਾਲ ਖ਼ੁਸ਼ ਰਹਿਣ ਦੀ ਭਾਵਨਾ ਵਿਚ ਵਾਧਾ ਹੁੰਦਾ ਹੈ ਜੋ ਸਰੀਰ ਨੂੰ ਸਿਹਤਮੰਦ ਬਣਾਈ ਰੱਖਣ ਵਿਚ ਸਹਾਈ ਹੁੰਦੀ ਹੈ। ਇਸ ਲਈ ਮਨੁੱਖ ਨੂੰ ਖ਼ੁਸ਼ ਰਹਿਣ ਦੀ ਆਦਤ ਪਾਉਣੀ ਚਾਹੀਦੀ ਹੈ।

ਖ਼ੁਸ਼ ਰਹਿਣ ਵਾਸਤੇ ਵਿਅਕਤੀ ਨੂੰ ਹਮੇਸ਼ਾ ਉੱਦਮ ਕਰਦੇ ਰਹਿਣਾ ਚਾਹੀਦਾ ਹੈ। ਦੂਜੇ ਪਾਸੇ ਵਿਅਕਤੀ ਦੇ ਤਣਾਅ ਵਿਚ ਰਹਿਣ ਨਾਲ ਮਾਸਪੇਸ਼ੀਆਂ ਤੋਂ ਨਾਂਹ-ਪੱਖੀ ਸੰਦੇਸ਼ ਜਾਣ ਨਾਲ ਸਰੀਰ ਵਿਚ ਅਕੜਣ ਹੁੰਦੀ ਹੈ ਜੋ ਕਿ ਸਿਹਤ ਲਈ ਠੀਕ ਨਹੀਂ ਹੈ। ਤਣਾਅ ਵਿਚ ਰਹਿਣ ਨਾਲ ਵਿਅਕਤੀ ਨੂੰ ਕਈ ਸਰੀਰਕ ਅਤੇ ਮਾਨਸਿਕ ਰੋਗ ਅਣਜਾਣੇ ਵਿਚ ਹੀ ਲੱਗ ਜਾਂਦੇ ਹਨ, ਅਜਿਹੀ ਸਥਿਤੀ ਵਿਅਕਤੀ ਨੂੰ ਘਰਵਾਲਿਆਂ, ਰਿਸ਼ਤੇਦਾਰਾਂ ਅਤੇ ਦੋਸਤਾਂ ਤੋਂ ਦੂਰ ਲੈ ਜਾਂਦੀ ਹੈ। ਇਸ ਲਈ ਵਿਅਕਤੀ ਨੂੰ ਹੱਸਣ ਦੀ ਕਵਾਇਦ ਕਰਦੇ ਰਹਿਣਾ ਚਾਹੀਦਾ ਹੈ। ਸਭ ਤੋਂ ਪਹਿਲਾਂ ਸਵੇਰੇ ਉੱਠਣ ਤੋਂ ਬਾਅਦ ਆਪਣੇ ਆਪ ਨਾਲ ਮੁਸਕਰਾਉਣ ਦਾ ਵਾਅਦਾ ਕਰਨਾ ਚਾਹੀਦਾ ਹੈ। ਜ਼ਿੰਦਗੀ ਹੱਸ ਕੇ ਕੱਟਣੀ ਏਨੀ ਔਖੀ ਨਹੀਂ ਹੈ। 65 ਫ਼ੀਸਦੀ ਲੋਕਾਂ ਕੋਲ ਹੱਸਣ ਦਾ ਸਮਾਂ ਹੀ ਨਹੀਂ ਹੈ। ਇਸੇ ਕਰਕੇ ਆਏ ਦਿਨ ਦਿਲ ਦਾ ਦੌਰਾ, ਬਲੱਡ ਪ੍ਰੈਸ਼ਰ ਤੇ ਹੋਰ ਅਨੇਕਾਂ ਭਿਆਨਕ ਬਿਮਾਰੀਆਂ ਵਿਚ ਵਾਧਾ ਹੋ ਰਿਹਾ ਹੈ।

### ਗੁੱਸੇ ਨੂੰ ਰੱਖੋ ਕਾਬੂ

ਵਿਅਕਤੀ ਨੂੰ ਗੁੱਸੇ ਉੱਪਰ ਵੱਧ ਤੋਂ ਵੱਧ ਕਾਬੂ ਰੱਖਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਗੁੱਸੇ 'ਤੇ ਕਾਬੂ ਪਾਉਣ ਨਾਲ ਬਹੁਤ ਸਾਰੇ ਭਿਆਨਕ ਸਿੱਟਿਆਂ ਤੋਂ ਬਚਿਆ ਜਾ ਸਕਦਾ ਹੈ ਅਤੇ ਨਤੀਜੇ ਵੀ ਉਮੀਦ ਅਨੁਸਾਰ ਨਿਕਲਦੇ ਹਨ। ਅਜਿਹਾ ਕਰਨ ਨਾਲ ਤੁਹਾਡਾ ਦਿਲ ਤਣਾਅ-ਮੁਕਤ ਬਤੀਤ ਹੋਵੇਗਾ। ਇਸ ਤਰ੍ਹਾਂ ਦੀ ਆਦਤ ਖ਼ੁਸ਼ੀ ਦੇ ਨਾਲ-ਨਾਲ ਤੁਹਾਡੇ ਅੰਦਰ ਇਕ ਵੱਖਰੇ ਕਿਸਮ ਦੀ ਊਰਜਾ ਵੀ ਪੈਦਾ ਕਰੇਗੀ। ਜਿਹੜੀ ਹਰ ਮੁਸ਼ਕਿਲ ਦਾ ਸਾਹਮਣਾ ਕਰਨ ਵਿਚ ਸਹਾਈ ਹੋਵੇਗੀ। ਗੁੱਸਾ ਨਾ ਕਰਨ ਅਤੇ ਖ਼ੁਸ਼ ਰਹਿਣ ਨੂੰ ਆਪਣਾ ਸਾਥੀ ਬਣਾਉਣ ਲਈ ਇਕ ਹੋਰ ਕਵਾਇਦ ਵੀ ਕੀਤੀ ਜਾ ਸਕਦੀ ਹੈ। ਇਸ ਵਿਚ ਇਹ ਕਹਾਵਤ ਇਕ ਚੁੱਪ ਸੌ ਸੁੱਖ ਵੀ ਕਾਰਗਰ ਹੈ। ਕਿਸੇ ਦੀ ਛੋਟੀ ਜਿਹੀ ਗੱਲ 'ਤੇ ਗੁੱਸੇ ਹੋ ਜਾਣ ਵਾਲੇ ਵਿਅਕਤੀ ਨਾਲ ਬਹਿਸ ਕਰਨ ਦੀ ਬਜਾਏ ਚੁੱਪ ਰਹਿਕੇ ਉਸ ਦਾ ਮੁਕਾਬਲਾ ਕਰਨਾ ਬਿਹਤਰ ਹੈ।



## ਹੱਸਣ 'ਚ ਨਾ ਕਰੋ ਕੰਜੂਸੀ

ਹੱਸਣਾ ਇਕ ਕਲਾ ਹੈ। ਪਰ ਲੋਕ ਹੱਸਣ ਵਿਚ ਵੀ ਕੰਜੂਸੀ ਕਰਦੇ ਹਨ। ਹਸਮੁੱਖ ਅਤੇ ਮਿਲਣਸਾਰ ਵਿਅਕਤੀ ਚੁੰਬਕੀ ਖਿੱਚ ਵਾਂਗ ਹੁੰਦਾ ਹੈ। ਜਿਸ ਵਿਅਕਤੀ ਦੇ ਚਿਹਰੇ 'ਤੇ ਹਮੇਸ਼ਾ ਮੁਸਕਾਨ ਰਹਿੰਦੀ ਹੈ ਉਹ ਮੁਸ਼ਕਿਲ ਹਾਲਾਤ ਵਿਚ ਵੀ ਨਹੀਂ ਡਿੱਗਦਾ। ਪਰ ਅੱਜ ਦੀ ਭੱਜ ਦੌੜ ਵਾਲੀ ਦੁਨੀਆ ਵਿਚ ਚਿਹਰਾ ਹੱਸਣ ਨੂੰ ਤਰਸ ਜਾਂਦਾ ਹੈ। ਸਮੱਸਿਆਵਾਂ ਦੀ ਕੋਈ ਕਮੀ ਨਹੀਂ ਹੈ। ਜ਼ਿੰਦਗੀ ਦੀਆਂ ਸਮੱਸਿਆਵਾਂ ਬਹੁਤ ਜ਼ਿਆਦਾ ਹਨ ਤੇ ਦੂਸਰਾ ਮਹਿੰਗਾਈ ਨੇ ਲੋਕਾਂ ਦੀ ਕਮਰ ਤੋੜ ਦਿੱਤੀ ਹੈ। ਫਿਰ ਵੀ ਹੱਸਣਾ ਅਤੇ ਖ਼ੁਸ਼ ਰਹਿਣਾ ਓਨਾ ਹੀ ਜ਼ਰੂਰੀ ਹੈ ਜਿੰਨਾ ਕਿ ਰੋਟੀ ਖਾਣਾ। ਆਏ ਦਿਨ ਕੋਈ ਨਾ ਕੋਈ ਨਵੀਂ ਸਮੱਸਿਆ ਸਾਨੂੰ ਝੰਜੋੜਨ ਨੂੰ ਤਿਆਰ ਰਹਿੰਦੀ ਹੈ। ਮੁਕਾਬਲੇਬਾਜ਼ੀ ਦੇ ਇਸ ਯੁਗ ਵਿਚ ਤਣਾਅ ਵੱਧ ਰਿਹਾ ਹੈ। ਤਣਾਅ ਦੇ ਨਾਲ ਹੀ ਨਵੀਆਂ-ਨਵੀਆਂ ਬਿਮਾਰੀਆਂ ਵਧ ਰਹੀਆਂ ਹਨ। ਕੁਝ ਲੋਕ ਇਸ ਯੁੱਗ ਵਿਚ ਤਣਾਅ ਨੂੰ ਭਾਰੂ ਨਹੀਂ ਹੋਣ ਦਿੰਦੇ। ਅਜਿਹੇ ਲੋਕ ਆਪਣੀ ਸਿਹਤ ਦਾ ਧਿਆਨ ਰੱਖਣ ਦੇ ਨਾਲ ਨਾਲ ਅਨੁਸ਼ਾਸਤ ਜੀਵਨ ਜਿਊਣਾ ਪਸੰਦ ਕਰਦੇ ਹਨ। ਹਸਮੁੱਖ ਵਿਅਕਤੀ ਸਵੇਰ ਦੀ ਸੈਰ ਦਾ ਲੁਤਫ਼ ਉਠਾਉਂਦੇ ਹਨ। ਅੱਜ ਕੱਲ੍ਹ ਦੇ ਤਣਾਅਪੂਰਨ ਮਾਹੌਲ ਵਿਚ ਹੱਸਣ ਦਾ ਮਹੱਤਵ ਹੋਰ ਵੀ ਵਧ ਜਾਂਦਾ ਹੈ। ਲੋਕ ਰੋਜ਼ਾਨਾ ਨਿੱਕੀ-ਨਿੱਕੀ ਗੱਲ 'ਤੇ ਖ਼ੁਦਕਸ਼ੀ ਕਰ ਰਹੇ ਹਨ। ਕੋਈ ਵੀ ਵਿਅਕਤੀ ਇਹ ਕਦਮ ਉਸ ਵੇਲੇ ਹੀ ਚੁੱਕਦਾ ਹੈ ਜਦੋਂ ਉਹ ਅੰਦਰੋਂ ਬਹੁਤ ਨਿਰਾਸ਼ ਅਤੇ ਉਦਾਸ ਹੋਵੇ।

ਵਿਅਕਤੀ ਦੇ ਜੀਵਨ ਵਿਚ ਕੋਈ ਖ਼ੁਸ਼ੀ ਨਾ ਹੋਵੇ। ਹਰ ਮਨੁੱਖ ਹਾਸੇ ਨੂੰ ਅਪਣਾਉਣਾ ਚਾਹੁੰਦਾ ਹੈ। ਹਾਸੇ ਨਾਲ ਤੁਸੀਂ ਕਿਸੇ ਵਿਅਕਤੀ ਨੂੰ ਦੋਸਤ ਬਣਾ ਸਕਦੇ ਹੋ ਅਤੇ ਰੋਂਦੇ ਵਿਅਕਤੀ ਨੂੰ ਹਸਾ ਸਕਦੇ ਹੋ। ਹੱਸਣ ਵਾਲੇ ਵਿਅਕਤੀ ਵੱਡੀ ਤੋਂ ਵੱਡੀ ਸਮੱਸਿਆ ਦਾ ਸਮਾਧਾਨ ਕਰ ਲੈਂਦੇ ਹਨ। ਜਦਕਿ ਇਸ ਦੇ ਵਿਰੋਧੀ ਵਿਚਾਰਾਂ ਵਾਲੇ ਲੋਕ ਖ਼ਮੋਸ਼ ਰਹਿੰਦੇ ਹਨ ਅਤੇ ਛੋਟੀ ਤੋਂ ਛੋਟੀ ਸਮੱਸਿਆ ਆਉਣ 'ਤੇ ਪਰੇਸ਼ਾਨ ਹੋ ਜਾਂਦੇ ਹਨ। ਅਜਿਹੇ ਲੋਕ ਜ਼ਿੰਦਗੀ ਦੀਆਂ ਪਰੇਸ਼ਾਨੀਆਂ ਨੂੰ ਹੋਰ ਜ਼ਿਆਦਾ ਵਧਾਉਣ ਲਈ ਵੀ ਜ਼ਿੰਮੇਵਾਰ ਹਨ। ਦੁਨੀਆ ਭਰ ਵਿਚ ਹੋਈ ਖੋਜ ਤੋਂ ਪਤਾ ਲੱਗਦਾ ਹੈ ਕਿ ਹੱਸਣ ਕਾਰਨ ਰੋਗਾਂ ਨਾਲ ਲੜਨ ਦੀ ਸ਼ਕਤੀ ਵੱਧਦੀ ਹੈ। ਡਾਕਟਰਾਂ ਦਾ ਕਹਿਣਾ ਹੈ ਕਿ ਹਾਸਾ ਮਰੀਜ਼ ਨੂੰ ਜਲਦੀ ਠੀਕ ਕਰਨ ਵਿਚ ਮਦਦ ਕਰਦਾ ਹੈ। ਹੱਸਣਾ ਸਭ ਤੋਂ ਵਧੀਆ ਦਵਾਈ ਹੈ। ਦਿਨ ਵਿਚ ਇਕ ਵਾਰੀ ਖੁੱਲ੍ਹ ਕੇ ਹੱਸਣ ਨਾਲ ਕਈ ਪ੍ਰਕਾਰ ਦੀਆਂ ਸਰੀਰਕ ਅਤੇ ਮਾਨਸਿਕ ਬਿਮਾਰੀਆਂ ਤੋਂ ਬਚਾਅ ਹੋ ਸਕਦਾ ਹੈ। ਹੱਸਣ ਨਾਲ ਮਾਨਸਿਕ ਤਣਾਅ ਦੂਰ ਹੁੰਦਾ ਹੈ ਅਤੇ ਤਣਾਅ ਤੋਂ ਉਤਪੰਨ ਕਈ ਬਿਮਾਰੀਆਂ ਤੋਂ ਬਚਿਆ ਜਾ ਸਕਦਾ ਹੈ।


## ਨਫ਼ਰਤ ਅਤੇ ਮੁਸਕਰਾਹਟ

ਨਫ਼ਰਤ ਅਤੇ ਮੁਸਕਰਾਹਟ ਬਹੁਤ ਜਲਦੀ ਇਕ ਤੋਂ ਦੂਜੇ, ਦੂਜੇ ਤੋਂ ਤੀਜੇ ਅਤੇ ਇਸ ਤਰ੍ਹਾਂ ਪੂਰੇ ਸਮਾਜ ਵਿਚ ਫੈਲਦੀ ਜਾਂਦੀ ਹੈ। ਪਰ ਇਹ ਗੱਲ ਵਿਅਕਤੀ 'ਤੇ ਨਿਰਭਰ ਕਰਦੀ ਹੈ ਕਿ ਉਸ ਨੇ ਨਫ਼ਰਤ ਫੈਲਾਉਣੀ ਹੈ ਜਾਂ ਮੁਸਕਰਾਹਟ। ਭਾਵੇਂ ਭੱਜ-ਦੌੜ ਦੀ ਜ਼ਿੰਦਗੀ ਵਿੱਚੋਂ ਹਾਸਾ ਲੁਪਤ ਹੁੰਦਾ ਜਾ ਰਿਹਾ ਹੈ ਪਰ ਲੋਕਾਂ ਨੂੰ ਹਸਾਉਣ ਵਾਸਤੇ ਥਾਂ-ਥਾਂ ਲਾਫਟਰ ਕਲੱਬ ਬਣੇ ਹੋਏ ਹਨ। ਹੱਸਣ ਦੇ ਬਹੁਤ ਸਾਰੇ ਲਾਭ ਹਨ।

ਹੱਸਣ ਨਾਲ ਆਤਮ ਵਿਸ਼ਵਾਸ ਵਧਦਾ ਹੈ ਅਤੇ ਵਿਅਕਤੀ ਆਪ ਅੱਛਾ ਮਹਿਸੂਸ ਕਰਦਾ ਹੈ। ਹੱਸਣ ਨਾਲ ਵਿਚਾਰਾਂ ਵਿਚ ਸਕਾਰਾਤਮਕਤਾ ਆਉਂਦੀ ਹੈ। ਹੱਸਣ ਨਾਲ ਫੇਫੜਿਆਂ ਨੂੰ ਆਕਸੀਜਨ ਦੀ ਮਾਤਰਾ ਵਧ ਜਾਂਦੀ ਹੈ ਜੋ ਕਈ ਤਰ੍ਹਾਂ ਦੇ ਫ਼ਾਇਦੇ ਦਿੰਦੀ ਹੈ। ਹੱਸਣ ਨਾਲ ਸਰੀਰ ਵਿਚ ਊਰਜਾ ਦੀ ਮਾਤਰਾ ਵਧ ਜਾਂਦੀ ਹੈ ਜਿਹੜੀ ਰੋਗਾਂ ਨਾਲ ਲੜਨ ਵਿਚ ਸਹਾਈ ਹੁੰਦੀ ਹੈ ਅਤੇ ਵਿਅਕਤੀ ਘੱਟ ਬਿਮਾਰ ਹੁੰਦਾ ਹੈ। ਹੱਸਣ ਨਾਲ ਚਿਹਰੇ ਦੀ ਕਸਰਤ ਹੁੰਦੀ ਹੈ ਅਤੇ ਚਿਹਰਾ ਚਮਕਣ ਲੱਗਦਾ ਹੈ। ਹੱਸਣ ਨਾਲ ਮਾਨਸਿਕ ਤਣਾਅ ਤੇ ਨਿਰਾਸ਼ਾ ਘੱਟ ਹੋਣ ਦੇ ਨਾਲ-ਨਾਲ ਗੁੱਸਾ ਵੀ ਘੱਟ ਆਉਂਦਾ ਹੈ। ਹੱਸਣ ਤੋਂ ਬਿਨਾਂ ਜ਼ਿੰਦਗੀ ਬੇਰੰਗ ਹੈ। ਖ਼ੁਸ਼ੀਆਂ ਵੰਡਣ ਨਾਲ ਵਧਦੀਆਂ ਹਨ। ਹੱਸਦੇ-ਹੱਸਦੇ ਜੀਵਨ ਜਿਊਣ ਨੂੰ ਜਿਊਣ ਦੀ ਕਲਾ ਕਹਿੰਦੇ ਹਨ। ਤਨ ਦੇ ਨਾਲ ਹੀ ਉਨ੍ਹਾਂ ਵਿਚ ਬਿਹਤਰ ਤਾਲਮੇਲ ਅਤੇ ਸੰਤੁਲਨ ਸਥਾਪਤ ਹੋਵੇਗਾ ਅਤੇ ਨਰਵਿਸ ਸਿਸਟਮ ਸਹੀ ਰਹੇਗਾ।

ਫੇਫੜੇ ਅਤੇ ਖ਼ੂਨ ਸੰਚਾਰ ਦੀ ਵਿਵਸਥਾ ਦਰੁਸਤ ਹੋਣ ਨਾਲ ਸਰੀਰ ਵਿਚ ਚੁਸਤੀ-ਫੁਰਤੀ ਦਾ ਵਿਕਾਸ ਹੁੰਦਾ ਹੈ। ਬਿਨਾਂ ਤਣਾਅ ਦੇ ਹੱਸਦੇ ਰਹਿਣ ਨਾਲ ਤੁਸੀਂ ਹਮੇਸ਼ਾ ਤੰਦਰੁਸਤ ਰਹੋਗੇ। ਤੁਹਾਡਾ ਮਨ ਸ਼ਾਂਤ ਰਹੇਗਾ। ਤੁਸੀਂ ਆਪਣੇ ਮਨ ਵਿਚ ਭੈੜੇ ਵਿਚਾਰਾਂ ਨੂੰ ਆਉਣ ਹੀ ਨਹੀਂ ਦਿਉਗੇ। ਹਾਸਾ ਸੰਵਾਦ ਨੂੰ ਸੌਖਾ ਬਣਾਉਣਾ ਹੈ। ਜਿੰਦਾਦਿਲ ਵਿਅਕਤੀ ਹਸਮੁੱਖ ਸੁਭਾਅ ਦੇ ਹੁੰਦੇ ਹਨ। ਸੁੱਖ ਅਤੇ ਦੁੱਖ ਜੀਵਨ ਦਾ ਹਿੱਸਾ ਹਨ। ਸੁੱਖ ਖ਼ਰੀਦਿਆ ਨਹੀਂ ਜਾ ਸਕਦਾ। ਜੇ ਅਜਿਹਾ ਹੁੰਦਾ ਤਾਂ ਦੁਨੀਆ ਦੇ ਸਾਰੇ ਅਮੀਰ ਲੋਕ ਸੁਖੀ ਹੋ ਜਾਂਦੇ। ਸਰੀਰ ਤਾਂ ਸਾਡਾ ਹਰ ਰੋਜ਼ ਇਸ਼ਨਾਨ ਕਰਦਾ ਹੈ ਪਰ ਇਸ ਦੇ ਨਾਲ ਮਨ ਨੂੰ ਇਸ਼ਨਾਨ ਕਰਵਾਉਣਾ ਬਹੁਤ ਜ਼ਰੂਰੀ ਹੈ ਤਾਂ ਜੋ ਮਾੜੀਆਂ ਭਾਵਨਾਵਾਂ ਸਾਡੇ 'ਤੇ ਭਾਰੂ ਨਾ ਹੋ ਸਕਣ। ਆਤਮਿਕ ਸੰਤੁਸ਼ਟੀ ਲਈ ਸਾਨੂੰ ਹਰ ਪਲ ਮੁਸਕਰਾਉਂਦੇ ਰਹਿਣਾ ਚਾਹੀਦਾ ਹੈ। ਹਾਲਾਤ ਜਿਹੋ ਜਿਹੇ ਮਰਜ਼ੀ ਹੋਣ, ਸਾਨੂੰ ਹਰ ਪਲ ਹੱਸਦੇ-ਮੁਸਕਰਾਉਂਦੇ ਅਤੇ ਜ਼ਬਾਨ 'ਤੇ ਸੰਜਮ ਰੱਖਦੇ ਹੋਏ ਹੀ ਸਾਰੀਆਂ ਚੁਣੌਤੀਆਂ ਦਾ ਸਾਹਮਣਾ ਕਰਦੇ ਰਹਿਣਾ ਚਾਹੀਦਾ ਹੈ। •

• ਗੁਰਪ੍ਰੀਤ ਕੌਰ ਚਹਿਲ
90565-26703



# ਜ਼ਿੰਦਗੀ ਜਿਊਣਾ ਵੀ ਹੈ ਕਲਾ

ਜ਼ਿੰਦਗੀ ਸਾਡੇ ਅਨੁਸਾਰ ਹੀ ਚੱਲੇ, ਇਹ ਬਿਲਕੁਲ ਸੰਭਵ ਨਹੀਂ ਪਰ ਹਾਂ, ਕੁਝ ਹੱਦ ਤਕ ਸਾਡੇ 'ਤੇ ਵੀ ਨਿਰਭਰ ਕਰਦਾ ਹੈ ਕਿ ਅਸੀਂ ਕਿਸ ਤਰ੍ਹਾਂ ਜ਼ਿੰਦਗੀ ਜਿਊ ਰਹੇ ਹਾਂ। ਸਹਿਜ ਤੇ ਖ਼ੁਸ਼ਗਵਾਰ ਜ਼ਿੰਦਗੀ ਜਿਊਣ ਲਈ ਸਭ ਤੋਂ ਪਹਿਲਾਂ ਆਪੇ ਦੀ ਪਛਾਣ ਕਰਨੀ ਅਤਿ ਜ਼ਰੂਰੀ ਹੈ...

ਜ਼ਿੰਦਗੀ ਮਹਿਜ਼ ਇਕ ਤਿੰਨ ਅੱਖਰੀ ਸ਼ਬਦ ਹੀ ਨਹੀਂ ਹੈ। ਸਗੋਂ ਇਹ ਆਪੇ ਦੀ ਬੁੱਕਲ ਵਿਚ ਡੂੰਘੇ ਅਰਥ ਸਮੋਈ ਬੈਠਾ ਹੈ। ਜ਼ਿੰਦਗੀ ਕੀ ਹੈ? ਇਸ ਦੀ ਪਰਿਭਾਸ਼ਾ ਕਰਨੀ ਸਮੁੰਦਰ ਦੀ ਡੂੰਘਾਈ ਨੂੰ ਨਾਪਣਾ ਹੈ। ਜ਼ਿੰਦਗੀ ਉਸ ਰਵਾਨਗੀ ਦਾ ਨਾਂ ਹੈ ਜਿਸ ਵਿਚ ਗ਼ਮ, ਖੇੜੇ, ਅਨੁਭਵ, ਕਲਪਨਾ, ਨਫ਼ਰਤ, ਪਿਆਰ ਆਦਿ ਜਜ਼ਬਾਤ ਦਾ ਕਾਫ਼ਲਾ ਨਿਰਵਿਘਨ ਚਲਦਾ ਰਹਿੰਦਾ ਹੈ।

ਸੱਚ ਤਾਂ ਇਹ ਹੈ ਕਿ ਜ਼ਿੰਦਗੀ ਜਿਊਣਾ ਵੀ ਇਕ ਕਲਾ ਹੈ। ਹਰ ਇਨਸਾਨ ਚਾਹੁੰਦਾ ਹੈ ਕਿ ਉਸ ਦੀ ਜ਼ਿੰਦਗੀ ਸੁਖਮਈ ਤੇ ਆਨੰਦਤ ਹੋਵੇ। ਜੀਵਨ ਵਿਚ ਸੁੱਖਾਂ ਦੀ ਲੋਚਾ ਕਰਨਾ ਅਤੇ ਦੁੱਖਾਂ ਤੋਂ ਘਬਰਾਉਣਾ ਹਰ ਮਨੁੱਖ ਦੀ ਸੁਭਾਵਿਕ ਫਿਤਰਤ ਹੈ। ਪਰ ਜ਼ਿੰਦਗੀ ਸਾਡੇ ਅਨੁਸਾਰ ਹੀ ਚੱਲੇ, ਇਹ ਬਿਲਕੁਲ ਸੰਭਵ ਨਹੀਂ ਪਰ ਹਾਂ, ਕੁਝ ਹੱਦ ਤਕ ਸਾਡੇ 'ਤੇ ਵੀ ਨਿਰਭਰ ਕਰਦਾ ਹੈ ਕਿ ਅਸੀਂ ਕਿਸ ਤਰ੍ਹਾਂ ਜ਼ਿੰਦਗੀ ਜਿਊ ਰਹੇ ਹਾਂ। ਸਹਿਜ ਤੇ ਖ਼ੁਸ਼ਗਵਾਰ ਜ਼ਿੰਦਗੀ ਜਿਊਣ ਲਈ ਸਭ ਤੋਂ ਪਹਿਲਾਂ ਆਪੇ ਦੀ ਪਛਾਣ ਕਰਨੀ ਅਤਿ ਜ਼ਰੂਰੀ ਹੈ। ਆਪੇ ਦੀ ਪਛਾਣ ਜਾਂ ਸਵੈ-ਪੜਚੋਲ ਮਨੁੱਖ ਨੂੰ ਯਥਾਰਥ ਦਾ ਸ਼ੀਸ਼ਾ ਦਿਖਾਉਂਦੀ ਹੈ। ਯਥਾਰਥ ਦੇ ਨੇੜੇ ਵਿਚਰਦੇ ਮਨੁੱਖ ਵਿਚ ਦੂਸਰਿਆਂ ਤੋਂ ਬੇਲੋੜੀਆਂ ਆਸਾਂ ਨਾ ਰੱਖਣ ਦੀ ਅਤੇ ਦੁਨਿਆਵੀ ਚਿਹਰਿਆਂ ਹੇਠੋਂ ਅਸਲੀ ਤੇ ਨਕਲੀ ਪਰਖਣ ਦੀ ਬੌਧਿਕ ਯੋਗਤਾ ਆ ਜਾਂਦੀ ਹੈ।

ਦੂਜੀ ਸਭ ਤੋਂ ਅਹਿਮ ਗੱਲ ਹੈ ਸਮੇਂ ਦੀ ਕਦਰ ਕਰਨਾ। ਕਿਉਂਕਿ ਜਿਸ ਸਮੇਂ ਨੂੰ ਅਸੀਂ ਵਿਅਰਥ ਗੁਆ ਦਿੰਦੇ ਹਾਂ ਉਹ ਸਾਡੀ ਬਦਕਿਸਮਤੀ ਦੇ ਖ਼ਜ਼ਾਨੇ ਵਿਚ ਜਮ੍ਹਾਂ ਹੁੰਦਾ ਰਹਿੰਦਾ ਹੈ। ਜਿਹੜੇ ਲੋਕ ਸਮੇਂ ਨੂੰ ਬਰਬਾਦ ਕਰਦੇ ਹਨ, ਸਮਾਂ ਉਨ੍ਹਾਂ ਨੂੰ ਬਰਬਾਦ ਕਰ ਦਿੰਦਾ ਹੈ। ਸੋ ਸਮੇਂ ਦੀ ਸਦਵਰਤੋਂ ਕਰਦੇ ਹੋਏ ਇਸ ਨੂੰ ਉਸਾਰੂ ਅਤੇ ਸਿਰਜਕ ਕੰਮਾਂ ਵਿਚ ਲਗਾਉਣ ਦੀ ਕੋਸ਼ਿਸ਼ ਕਰੋ। ਪਰ ਇਸ ਦੇ ਨਾਲ ਹੀ ਆਪਣੇ ਰੁਝੇਵਿਆਂ ਵਿੱਚੋਂ ਥੋੜ੍ਹਾ ਸਮਾਂ ਮਨੋਰੰਜਨ ਲਈ ਵੀ ਕੱਢਣਾ ਚਾਹੀਦਾ ਹੈ। ਜਿਸ ਨਾਲ ਸਾਡਾ ਦਿਮਾਗ਼ ਚੁਸਤ-ਦਰੁਸਤ ਅਤੇ ਤਰੋ-ਤਾਜ਼ਾ ਰਹੇ ਅਤੇ ਅਸੀਂ ਖ਼ੁਸ਼ਗਵਾਰ ਬਣੇ ਰਹੀਏ।



ਆਨੰਦਮਈ ਜ਼ਿੰਦਗੀ ਜਿਊਣ ਦੇ ਅਹਿਮ ਨੁਕਤਿਆਂ ਵਿੱਚੋਂ ਇਕ ਇਹ ਵੀ ਮਹੱਤਵਪੂਰਨ ਹੈ ਕਿ ਆਪਣਾ ਆਤਮ-ਵਿਸ਼ਵਾਸ ਕਦ ਵੀ ਨਾ ਡਗਮਗਾਉਣ ਦਿਉ। ਹੀਣ-ਭਾਵਨਾ ਵਿਕਾਸ ਦੀ ਸਭ ਤੋਂ ਵੱਡੀ ਦੁਸ਼ਮਣ ਹੈ। ਇਹ ਸੋਚੋ ਕਿ ਰੱਬ ਨੇ ਤੁਹਾਡੇ ਵਰਗਾ ਇਨਸਾਨ ਦੁਨੀਆ 'ਤੇ ਕੇਵਲ ਇਕ ਹੀ ਬਣਾਇਆ ਹੈ ਤੇ ਉਹ ਤੁਸੀਂ ਹੋ। ਤੁਹਾਡਾ ਰੋਲ ਸਿਰਫ਼ ਤੇ ਸਿਰਫ਼ ਤੁਸੀਂ ਹੀ ਨਿਭਾਅ ਸਕਦੇ ਹੋ। ਆਪਣੀ ਕਾਬਲੀਅਤ 'ਤੇ ਕਦੇ ਵੀ ਸ਼ੱਕ ਨਾ ਕਰੋ। ਹੌਸਲਾ ਪਸਤ ਕਰਨ ਵਾਲੇ ਲੋਕਾਂ ਤੋਂ ਦੂਰ ਰਹੋ। ਦੂਜਿਆਂ ਨਾਲ ਆਪਣਾ ਵਿਵਹਾਰ ਉਸੇ ਤਰ੍ਹਾਂ ਦਾ ਰੱਖੋ, ਜਿਸ ਤਰ੍ਹਾਂ ਦਾ ਤੁਸੀਂ ਦੂਜਿਆਂ ਤੋਂ ਆਪਣੇ ਪ੍ਰਤੀ ਚਾਹੁੰਦੇ ਹੋ। ਬੇਲੋੜੀਆਂ ਉਮੀਦਾਂ ਤੇ ਇੱਛਾਵਾਂ ਮਨੁੱਖ ਦੇ ਦੁਖੀ ਹੋਣ ਦਾ ਸਭ ਤੋਂ ਵੱਡਾ ਕਾਰਨ ਹੁੰਦੀਆਂ ਹਨ। ਜੋ ਕੁਝ ਤੁਹਾਡੇ ਕੋਲ ਹੈ, ਉਸੇ ਵਿਚ ਸੰਤੁਸ਼ਟ ਰਹਿਣਾ ਸਿੱਖੋ। ਕਿਉਂਕਿ ਕਈ ਲੋਕਾਂ ਕੋਲ ਤਾਂ ਇਹ ਸਭ ਕੁਝ ਵੀ ਨਹੀਂ ਹੈ, ਜੋ ਤੁਹਾਡੇ ਕੋਲ ਹੈ।

ਤਲਖੀ ਵਿਚ ਜਾਂ ਭਾਵੁਕਤਾ ਵਸ ਹੋ ਕੇ ਕੋਈ ਵੀ ਫ਼ੈਸਲਾ ਨਾ ਲਵੋ। ਕਿਉਂਕਿ ਅਜਿਹੇ ਵਿਚ ਕੀਤੇ ਫ਼ੈਸਲੇ ਅਕਸਰ ਗ਼ਲਤ ਸਾਬਿਤ ਹੁੰਦੇ ਹਨ। "ਰੁਕੋ-ਸੋਚੋ-ਕਰੋ" ਦਾ ਅਭਿਆਸ ਕਾਫ਼ੀ ਲਾਹੇਵੰਦ ਹੁੰਦਾ ਹੈ। ਕਈ ਵਾਰੀ ਅਸੀਂ ਭਾਵੁਕਤਾ ਵਿਚ ਜਾਂ ਬਹੁਤ ਜ਼ਿਆਦਾ ਗੁੱਸੇ ਵਿਚ ਆਪਣੀ ਪ੍ਰਤੀਕਿਰਿਆ ਦੇ ਦਿੰਦੇ ਹਨ। ਅਜਿਹੀ ਸਥਿਤੀ ਵਿਚ ਚੁੱਪ ਰਹਿਣਾ ਹੀ ਸਿਆਣਪ ਹੈ। ਨਿੰਦਕ ਅਤੇ ਨਕਾਰਾਤਮਕ ਰੁਚੀਆਂ ਵਾਲੇ ਲੋਕਾਂ ਤੋਂ ਹਮੇਸ਼ਾ ਦੂਰੀ ਬਣਾ ਕੇ ਰੱਖੋ। ਜਦੋਂ ਕੋਈ ਵਿਅਕਤੀ ਸਾਡੇ ਸਾਹਮਣੇ ਦੂਸਰਿਆਂ ਦੀ ਨਿੰਦਿਆ ਕਰਦਾ ਹੈ ਤਾਂ ਅਸੀਂ ਨਕਾਰਾਤਮਕ ਊਰਜਾ ਨਾਲ ਭਰ ਜਾਂਦੇ ਹਾਂ। ਜਿਸ ਦਾ ਸਿੱਧਾ ਅਸਰ ਸਾਡੀ ਮਾਨਸਿਕ ਸਿਹਤ ਅਤੇ ਕੰਮ ਕਰਨ ਦੀ ਸਮਰੱਥਾ 'ਤੇ ਪੈਂਦਾ ਹੈ। ਕਿਉਂਕਿ ਨਿੰਦਾ ਹਮੇਸ਼ਾ ਨਕਾਰਾਤਮਕ ਹੀ ਹੁੰਦੀ ਹੈ। ਹਮੇਸ਼ਾ ਖ਼ੁਸ਼ਮਿਜ਼ਾਜ ਅਤੇ ਉਤਸ਼ਾਹੀ ਲੋਕਾਂ ਨਾਲ ਘਿਰੇ ਰਹੋ। ਕਿਉਂਕਿ ਅਜਿਹੇ ਲੋਕਾਂ ਤੋਂ ਸਾਨੂੰ ਸਕਾਰਾਤਮਕ ਊਰਜਾ ਮਿਲਦੀ ਹੈ।

ਕਿਸੇ ਦੀ ਬੁਰਾਈ ਜਾਂ ਨਿੰਦਿਆ ਭੁੱਲ ਕੇ ਵੀ ਨਾ ਕਰੋ, ਕਿਉਂਕਿ ਅਜਿਹਾ ਕਰਨ ਨਾਲ ਅਸੀਂ ਆਪਣੀਆਂ ਹੀ ਨਜ਼ਰਾਂ ਵਿਚ ਦੋਸ਼ੀ ਬਣ ਜਾਂਦੇ ਹਾਂ। ਸਾਡੇ ਸਵੈ-ਮਾਣ ਨੂੰ ਸੱਟ ਵੱਜਦੀ ਹੈ। ਹਮੇਸ਼ਾ ਨਰੋਆ ਤੇ ਚੰਗਾ ਸੋਚੋ, ਚੰਗਾ ਬੋਲੋ, ਚੰਗਾ ਕਰੋ। ਸੰਜਮ, ਸਹਿਣਸ਼ੀਲਤਾ ਤੇ ਨਿਮਰਤਾ ਨੂੰ ਆਪਣੇ ਸੁਭਾਉ ਵਿਚ ਸ਼ਾਮਲ ਕਰੋ। ਸੰਜਮ ਨਾਲ ਖਾਣਾ-ਪੀਣਾ, ਬੋਲਣਾ ਅਤੇ ਸੌਣਾ ਵੀ ਸੁਖੀ ਜ਼ਿੰਦਗੀ ਦੇ ਰਹੱਸ ਹਨ। ਗੁਰਬਾਣੀ ਵਿਚ ਵੀ ਲਿਖਿਆ ਹੈ, "ਲੇਖੈ ਬੋਲਣ ਬੋਲੀਐ, ਲੇਖੈ ਖਾਣਾ ਖਾਉ।" ਮੁਸ਼ਕਿਲ ਤੋਂ ਮੁਸ਼ਕਿਲ ਪ੍ਰਸਥਿਤੀਆਂ ਵਿਚ ਵੀ ਸਹਿਣਸ਼ੀਲਤਾ ਬਣਾਈ ਰੱਖੋ। ਆਪ ਤੋਂ ਛੋਟਿਆਂ ਨਾਲ ਪਿਆਰ ਸਹਿਤ ਅਤੇ ਵੱਡਿਆਂ ਨਾਲ ਨਿਮਰਤਾ ਨਾਲ ਪੇਸ਼ ਆਉ। ਚੰਗਾ ਤੇ ਨਰੋਆ ਸਾਹਿਤ ਪੜ੍ਹੋ। ਕਿਉਂਕਿ ਸਾਹਿਤ ਸਮਕਾਲੀ ਜੀਵਨ ਦਾ ਦਰਪਣ ਹੁੰਦਾ ਹੈ। ਜਿਸ ਨਾਲ ਸਾਡੇ ਵਿਚਾਰਾਂ ਵਿਚ ਵੀ ਨਰੋਆਪਣ ਆਉਂਦਾ ਹੈ।


ਇਸ ਪ੍ਰਕਾਰ ਜ਼ਿੰਦਗੀ ਦੇ ਗੁਜ਼ਰਦੇ ਹੋਏ ਹਰ ਇਕ ਪਲ ਨੂੰ ਸੁਨਹਿਰੀ ਪਲ ਦੀ ਤਰ੍ਹਾਂ ਸੰਜੋਅ ਕੇ ਰੱਖੋ। ਫਿਰ ਇਸ ਜ਼ਿੰਦਗੀ ਤੋਂ ਕਿਸੇ ਨੂੰ ਕੋਈ ਸ਼ਿਕਾਇਤ ਨਹੀਂ ਹੋਵੇਗੀ। ਸਗੋਂ ਇਸ ਨੂੰ ਮਾਣਨ ਦਾ ਚਾਅ ਤੇ ਉਲਾਸ ਦਿਲ ਵਿਚ ਹੋਵੇਗਾ। ਫਿਰ ਕਾਦਰ ਦੀ ਇਹ ਕੁਦਰਤ ਸੁੰਦਰ ਅਤੇ ਰੰਗੀਨ ਨਜ਼ਰ ਆਵੇਗੀ। ਆਉ ਜ਼ਿੰਦਗੀ ਰੂਪੀ ਇਸ ਜਜ਼ਬਾਤ ਦੇ ਦਰਿਆ ਵਿੱਚੋਂ ਆਪੇ ਦੀ ਪਛਾਣ ਕਰੀਏ ਤੇ ਸਮੇਂ ਦੀ ਕਦਰ ਕਰਦੇ ਹੋਏ ਅੱਗੇ ਵਧੀਏ। ਫਿਰ ਦੇਖਣਾ ਇਹ ਜ਼ਿੰਦਗੀ ਸਾਰੇ ਰਹੱਸਾਂ ਨੂੰ ਆਪਣੇ ਆਪ ਹੀ ਉਜਾਗਰ ਕਰ ਦੇਵੇਗੀ। •


ਆਲੋਚਨਾ ਕਿਸੇ ਦਲੀਲ ਦੇ ਆਧਾਰ 'ਤੇ ਨਿਮਰਤਾ ਨਾਲ ਕੀਤੀ ਜਾ ਸਕਦੀ ਹੈ। ਬੇਤੁਕੀਆਂ ਗੱਲਾਂ ਰਾਹੀਂ ਵਿਰੋਧ ਕਰ ਕੇ ਅਸੀਂ ਸਿਰਫ਼ ਆਪਣੀ ਨਫ਼ਰਤ ਦੀ ਅੱਗ ਨੂੰ ਸ਼ਾਂਤ ਕਰਨ ਦੀ ਕੋਸ਼ਿਸ਼ ਕਰਦੇ ਹਾਂ ਜਿਸ ਦਾ ਸਾਡੇ ਸਮਾਜ ਉੱਪਰ ਬਹੁਤ ਬੁਰਾ ਅਸਰ ਪੈਂਦਾ ਹੈ...

• ਅਤਿੰਦਰਪਾਲ ਸਿੰਘ ਪਰਮਾਰ
81468 08995

# ਵਿਕਾਸ ਲਈ ਸਹਾਈ ਹੈ ਆਲੋਚਨਾ

ਜ਼ਿੰਦਗੀ ਜਿੱਤਾਂ ਅਤੇ ਹਾਰਾਂ ਦਾ ਨਿਰੰਤਰ ਚੱਲਣ ਵਾਲਾ ਸਫ਼ਰ ਹੈ। ਇਸਦਾ ਹਰ ਕਦਮ ਤੁਹਾਨੂੰ ਕਿਸੇ ਨਾ ਕਿਸੇ ਅਹਿਸਾਸ ਨਾਲ ਮੁਲਾਕਾਤ ਕਰਵਾਉਣ ਵਿਚ ਮਦਦਗਾਰ ਸਾਬਤ ਹੁੰਦਾ ਹੈ। ਬਸ ਲੋੜ ਹੁੰਦੀ ਹੈ ਆਪਣੇ ਨਜ਼ਰੀਏ, ਆਪਣੀ ਸੋਚ ਨੂੰ ਉੱਚਾ ਚੁੱਕਣ ਦੀ। ਸਮਾਜ ਵਿਚ ਰਹਿਣ ਲਈ ਸਾਨੂੰ ਸਮਾਜ ਦਾ ਸਾਹਮਣਾ ਕਰਨਾ ਹੀ ਪੈਣਾ ਹੈ। ਇਹ ਸਾਹਮਣਾ ਤੁਹਾਡੀ ਪ੍ਰਸੰਸਾ ਜਾਂ ਫੇਰ ਤੁਹਾਡੀ ਆਲੋਚਨਾ ਦੇ ਰੂਪ ਵਿਚ ਹੋਵੇਗਾ। ਆਪਣੇ ਕੰਮ ਪ੍ਰਤੀ ਇਮਾਨਦਾਰ ਸੋਚ ਤੇ ਵਿਸ਼ਵਾਸ ਤੁਹਾਨੂੰ ਸਫਲ ਕਰਨ ਲਈ ਕਾਫ਼ੀ ਹੈ। ਲੋਕ ਕੀ ਕਹਿਣਗੇ, ਲੋਕਾਂ ਦੀ ਆਲੋਚਨਾ ਤੋਂ ਡਰੋ ਨਾ। ਆਲੋਚਨਾ, ਨਫ਼ਰਤ ਵਰਗੇ ਨਕਾਰਾਤਮਕ ਪਹਿਲੂ ਹੀ ਵਿਕਾਸ ਦੀ ਉਪਜ ਕਰਦੇ ਹਨ। ਅੱਜ ਕੱਲ੍ਹ ਸਬਰ ਤੇ ਨਿਮਰਤਾ ਦਿਨ ਪ੍ਰਤੀ ਦਿਨ ਘੱਟ ਰਹੀ ਹੈ। ਸਮਾਜ ਅੰਦਰ ਨਫ਼ਰਤ ਦਾ ਸਾੜਾ ਵੱਧ ਰਿਹਾ ਹੈ। ਅਸੀਂ ਅੱਗੇ ਕਿਵੇਂ ਵੱਧਣਾ ਹੈ, ਸਾਡਾ ਇਸ ਉੱਪਰ ਧਿਆਨ ਨਾ ਹੋ ਕੇ ਕਿਸੇ ਹੋਰ ਨੂੰ ਅੱਗੇ ਵਧਣ ਤੋਂ ਰੋਕਣ ਵੱਲ ਜ਼ਿਆਦਾ ਹੁੰਦਾ ਹੈ।





ਵਿਰੋਧ ਤੇ ਆਲੋਚਨਾ ਵਿਕਾਸ ਕਰਨ ਵਿਚ ਸਹਾਈ ਹੁੰਦੇ ਹਨ। ਕਿਉਂਕਿ ਕਿਸੇ ਵੀ ਚੀਜ਼ ਦਾ ਜਿੰਨਾ ਜ਼ਿਆਦਾ ਵਿਰੋਧ ਹੋਵੇਗਾ ਉਸ ਬਾਰੇ ਜਾਣਨ ਦੀ ਉਤਸੁਕਤਾ ਲੋਕਾਂ ਵਿਚ ਓਨੀ ਹੀ ਜ਼ਿਆਦਾ ਵੱਧ ਜਾਂਦੀ ਹੈ। ਆਲੋਚਨਾ ਜਾਂ ਕਿਸੇ ਦਾ ਮਾਰਿਆ ਤਾਹਨਾ ਤੁਹਾਨੂੰ ਅੱਗੇ ਵਧਣ ਲਈ ਹੌਸਲਾ ਵੀ ਦੇ ਸਕਦਾ ਹੈ ਅਤੇ ਤੁਹਾਨੂੰ ਅੰਦਰੋ ਤੋੜ ਵੀ ਸਕਦਾ ਹੈ। ਇਹ ਤੁਹਾਡੇ ਉੱਪਰ ਨਿਰਭਰ ਹੈ ਤੁਸੀਂ ਇਸ ਨੂੰ ਕਿਸ ਤਰ੍ਹਾਂ ਵੇਖਦੇ ਹੋ। ਇਹ ਆਲੋਚਨਾ ਉਸ ਪੱਥਰ ਦੀ ਰੁਕਾਵਟ ਵਾਂਗ ਹੈ ਜੋ ਲੋਕ ਤੁਹਾਡੇ ਰਾਹਾਂ 'ਚ ਸੁੱਟਦੇ ਰਹਿਣਗੇ। ਇਨ੍ਹਾਂ ਪੱਥਰਾਂ ਤੋਂ ਤੁਸੀਂ ਮੁਸੀਬਤਾਂ ਦੀ ਕੰਧ ਬਣਾਉਂਦੇ ਹੋ ਜਾਂ ਸਫਲਤਾ ਦਾ ਪੁੱਲ ਇਹ ਤੁਹਾਡੀ ਸੂਝ ਬੂਝ ਉੱਪਰ ਨਿਰਭਰ ਕਰਦਾ ਹੈ। ਇਸ ਵਿਚ ਕੋਈ ਸ਼ੱਕ ਨਹੀਂ ਕਿ ਆਲੋਚਨਾ ਵਿਕਾਸ ਨੂੰ ਜਨਮ ਦਿੰਦੀ ਹੈ ਪ੍ਰੰਤੂ ਫੇਰ ਵੀ ਇਸ ਨੂੰ ਖ਼ਤਮ ਕਰਨ ਦੀ ਲੋੜ ਹੈ। ਫੇਰ ਵੀ ਕਿਤੇ ਨਾ ਕਿਤੇ ਇਹ ਆਲੋਚਨਾ ਤੇ ਨਫ਼ਰਤ ਦੀ ਭਾਵਨਾ ਸਾਡੇ ਸਮਾਜ ਉੱਪਰ ਇਕ ਕਲੰਕ ਹੈ। ਇਸ ਦੀ ਵਜ੍ਹਾ ਕਰਕੇ ਹੀ ਸਾਡੀ ਪਛਾਣ ਲੋਕਾਂ ਸਾਹਮਣੇ ਬਹੁਤ ਗ਼ਲਤ ਉੱਭਰਕੇ ਆਉਂਦੀ ਹੈ।

ਸਾਨੂੰ ਸਭ ਨੂੰ ਸਮਾਜ ਵਿੱਚੋ ਇਨ੍ਹਾਂ ਬੁਰਾਈਆਂ ਨੂੰ ਖ਼ਤਮ ਕਰਨ ਲਈ ਯਤਨਸ਼ੀਲ ਹੋਣਾ ਪਵੇਗਾ। ਆਲੋਚਨਾ ਕਿਸੇ ਦਲੀਲ ਦੇ ਆਧਾਰ 'ਤੇ ਨਿਮਰਤਾ ਨਾਲ ਕੀਤੀ ਜਾ ਸਕਦੀ ਹੈ ਪਰ ਬੇਤੁਕੀਆਂ ਗੱਲਾਂ ਰਾਹੀਂ ਵਿਰੋਧ ਕਰ ਕੇ ਅਸੀਂ ਸਿਰਫ਼ ਆਪਣੀ ਨਫ਼ਰਤ ਦੀ ਅੱਗ ਨੂੰ ਸ਼ਾਂਤ ਕਰਨ ਦੀ ਕੋਸ਼ਿਸ਼ ਕਰਦੇ ਹਾਂ। ਜਿਸ ਦਾ ਸਾਡੇ ਸਮਾਜ ਉੱਪਰ ਬਹੁਤ ਬੁਰਾ ਅਸਰ ਪੈਂਦਾ ਹੈ। ਆਲੋਚਨਾ ਕਿਸੇ ਦਾ ਮਨੋਬਲ ਤੋੜ ਸਕਦੀ ਹੈ ਉਸ ਨੂੰ ਅੱਗੇ ਵਧਣ ਤੋਂ ਰੋਕ ਸਕਦੀ ਹੈ। ਕਿਉਂਕਿ ਹਰ ਕਿਸੇ ਦਾ ਨਜ਼ਰੀਆ ਮਜ਼ਬੂਤ ਤੇ ਸਹੀ ਨਹੀਂ ਹੁੰਦਾ। ਸਕਾਰਾਤਮਕ ਸੋਚ ਦਾ ਬੀਜ ਸਮਾਜ ਅੰਦਰ ਤਾਂ ਹੀ ਪੁੰਗਰ ਸਕਦਾ ਹੈ। ਜੇ ਅਸੀਂ ਆਲੋਚਨਾ ਰੂਪੀ ਪ੍ਰਦੂਸ਼ਣ ਨੂੰ ਖ਼ਤਮ ਕਰਾਂਗੇ।

ਸਾਡੇ ਅਤੇ ਵਿਦੇਸ਼ੀ ਲੋਕਾਂ ਵਿਚ ਸੋਚ ਦਾ ਫ਼ਰਕ ਹੀ ਹੈ ਜੋ ਸਾਨੂੰ ਇਕ ਦੂਸਰੇ ਤੋਂ ਵੱਖ ਬਣਾਉਂਦਾ ਹੈ। ਉਦਾਹਰਣ ਦੇ ਤੌਰ 'ਤੇ ਅਸੀਂ ਵੇਖ ਸਕਦੇ ਹਾਂ ਕਿ ਕਿਸੇ ਅੰਗਹੀਣ ਜਾਂ ਵੀਲ੍ਹਚੇਅਰ 'ਤੇ ਬੈਠੇ ਬੰਦੇ ਨੂੰ ਵੇਖਕੇ ਵਿਦੇਸ਼ੀ ਗੋਰੇ ਲੋਕ ਹਲਕਾ ਜਿਹਾ ਮੁਸਕਰਾ ਕੇ ਅੱਗੇ ਲੰਘ ਜਾਂਦੇ ਹਨ। ਉਨ੍ਹਾਂ ਦੇ ਦਿਲ ਵਿਚ ਕੁਝ ਵੀ ਹੋਵੇ ਪਰ ਇਹ ਹਲਕੀ ਜਿਹੀ ਮੁਸਕਰਾਹਟ ਕਿਸੇ ਦੀ ਖ਼ੁਸ਼ੀ ਦਾ ਕਾਰਨ ਬਣ ਜਾਂਦੀ ਹੈ। ਇਹ ਉਸ ਲਈ ਕਿਸੇ ਪ੍ਰਸੰਸਾ ਤੋਂ ਘੱਟ ਨਹੀਂ ਹੁੰਦਾ।

ਪਰ ਦੂਸਰੇ ਪਾਸੇ ਸਾਡੇ ਲੋਕ ਉਸ ਮਜਬੂਰ ਬੇਵੱਸ ਬੰਦੇ ਵੱਲ ਅੱਗੇ ਲੰਘ ਜਾਣ ਦੇ ਬਾਵਜੂਦ ਗਰਦਨ ਮੋੜ ਕੇ ਵੇਖਦੇ ਰਹਿੰਦੇ ਹਨ। ਉਨ੍ਹਾਂ ਦੇ ਵੇਖਣ ਦਾ ਢੰਗ ਹੀਣਤਾ ਮਹਿਸੂਸ ਕਰਵਾਉਂਦਾ ਹੈ। ਦੁਖੀ ਬੰਦੇ ਕੋਲ ਹੋਰ ਨਕਾਰਾਤਮਕ ਗੱਲਾਂ ਕਰ ਕੇ ਅਸੀਂ ਉਸ ਨੂੰ ਕਮਜ਼ੋਰ ਕਰ ਕੇ ਹਮਦਰਦੀ ਦਾ ਪਾਤਰ ਬਣਾ ਦਿੰਦੇ ਹਾਂ।

ਆਉ ਪੱਛਮੀ ਸੱਭਿਆਚਾਰ ਤੋਂ ਗ਼ਲਤ ਗੱਲਾਂ ਸਿੱਖਣ ਦੀ ਥਾਂ ਅਸੀਂ ਕੁਝ ਚੰਗੀਆਂ ਗੱਲਾਂ ਵੀ ਸਿੱਖ ਲਈਏ। ਜੋ ਸਾਡੇ ਸਮਾਜ ਨੂੰ ਮਜ਼ਬੂਤ ਕਰਨ ਵਿਚ ਸਹਾਈ ਹੋ ਸਕਦੀਆਂ ਹਨ। ਵਿਦੇਸ਼ਾਂ ਵਿਚ ਕੁੜੀਆਂ ਮੁੰਡਿਆਂ ਵਿਚ ਕੋਈ ਵਿਤਕਰਾ ਨਹੀ ਹੈ ਜਾਂ ਉੱਥੋਂ ਦੀ ਹਵਾ ਵਿਚ ਘੁਟਣ ਨਹੀਂ ਹੈ ਜਿਸ ਕਰ ਕੇ ਉੱਥੇ ਬਲਾਤਕਾਰ ਸਾਡੇ ਨਾਲੋਂ ਬਹੁਤ ਘੱਟ ਹੁੰਦੇ ਹਨ। ਉੱਥੇ ਨਦੀਆਂ ਸਮੁੰਦਰਾਂ ਨੂੰ ਸਾਡੇ ਵਾਂਗ ਪੂਜਣ ਦਾ ਰਿਵਾਜ ਨਹੀਂ ਸ਼ਾਇਦ ਇਸ ਕਰ ਕੇ ਉੱਥੇ ਨਦੀਆਂ ਸਾਫ਼ ਸੁਥਰੀ ਹਨ। ਕਦੋਂ ਤਕ ਅਸੀਂ ਆਲੋਚਨਾ ਦੀ ਦਲਦਲ ਵਿਚ ਧਸਦੇ ਰਹਾਂਗੇ। ਇਹ ਸੁਧਾਰ ਅਸੀਂ ਆਪਣੇ ਸਮਾਜ ਲਈ, ਆਪਣੀ ਆਉਣ ਵਾਲੀ ਨਸਲ ਲਈ ਕਰਨੇ ਹਨ।

ਆਉ ਅਸੀਂ ਆਪਣਾ ਸੱਭਿਆਚਾਰ ਸਾਂਭਕੇ ਰੱਖੀਏ ਤੇ ਦੂਸਰੀ ਸੱਭਿਅਤਾ ਦੀਆਂ ਚੰਗੀਆਂ ਆਦਤਾਂ, ਚੰਗੀ ਸੋਚ ਨੂੰ ਆਪਣੀ ਸੋਚ ਦਾ ਹਿੱਸਾ ਬਣਾਈਏ। ਆਉਣ ਵਾਲੇ ਸਮੇਂ ਵਿਚ ਸਾਡੇ ਬੱਚੇ ਨਫ਼ਰਤ, ਆਲੋਚਨਾ ਵਾਲੀ ਸੋਚ ਤੋਂ ਬਚ ਸਕਣ। ਅੱਗੇ ਵੱਧਣ ਲਈ ਸਹੀ ਤਰੀਕੇ ਤੇ ਮਿਹਨਤ ਦਾ ਰਾਹ ਅਪਣਾਉਣ। •

• ਬਲਬੀਰ ਸਿੰਘ ਸੱਗੂ
9417170515

# ਜ਼ਿੰਦਗੀ ਮਾਣਨ ਦਾ ਨਾਂ ਹੈ

ਜ਼ਿੰਦਗੀ ਦਾ ਅਨੰਦ ਮਾਣਨ ਲਈ ਜ਼ਰੂਰੀ ਹੈ ਕਿ ਮਨੁੱਖ ਆਪਣੇ ਆਪ ਤੋਂ ਜਾਣੂ ਹੋਵੇ। ਭਾਵੇਂ ਕਿ ਅੱਜ ਦੇ ਮਨੁੱਖ ਨੇ ਸਮੁੰਦਰ ਦੀ ਗਹਿਰਾਈ ਨੂੰ ਮਾਪ ਲਿਆ ਹੈ। ਅੰਬਰੋਂ ਤਾਰੇ ਤੋੜ ਕੇ ਲਿਆਉਣਾ ਹੁਣ ਸੁਪਨਾ ਨਹੀਂ ਰਿਹਾ...

ਜ਼ਿੰਦਗੀ ਇਕ ਸਫ਼ਰ ਹੈ ਤੇ ਹਰ ਪ੍ਰਾਣੀ ਇਸ ਨੂੰ ਹਾਲਾਤ ਅਨੁਸਾਰ ਪੂਰਾ ਕਰਦਾ ਹੈ। ਕੋਈ ਸਫ਼ਰ ਦੌਰਾਨ ਗੱਡੀ ਦੇ ਡੱਬੇ ਅੰਦਰ ਲਿਖੇ ਮਾਟੋਆਂ ਨੂੰ ਪੜ੍ਹ ਕੇ ਆਨੰਦ ਲੈਂਦਾ ਤੇ ਉਸ ਵਿੱਚੋਂ ਮਤਲਬ ਦੀਆਂ ਗੱਲਾਂ ਲੱਭਦਾ ਹੈ। ਪ੍ਰੰਤੂ ਜੋ ਵਿਅਕਤੀ ਸੁੱਤਾ ਪਿਆ ਹੈ ਉਹ ਉਹ ਸਫ਼ਰ ਕੱਟਦਾ ਹੀ ਹੈ, ਮਾਣਦਾ ਨਹੀਂ। ਇਸੇ ਤਰ੍ਹਾਂ ਕੁਝ ਲੋਕ ਜ਼ਿੰਦਗੀ ਕੱਟਦੇ ਹੀ ਹਨ ਮਾਣਦੇ ਨਹੀਂ।

ਕੁਝ ਲੋਕਾਂ ਦਾ ਖ਼ਿਆਲ ਹੈ ਕਿ ਜ਼ਿੰਦਗੀ ਸਿਰਫ਼ ਮੌਜ-ਮਸਤੀ ਦਾ ਨਾਂ ਹੈ। ਉਹ ਸਾਰਾ ਦਿਨ ਆਪਣੀ ਮੌਜ-ਮਸਤੀ ਵਿਚ ਹੀ ਰਹਿੰਦੇ ਹਨ। ਉਹ ਆਪਣੇ ਖਾਣ-ਪੀਣ ਦਾ ਪ੍ਰਬੰਧ ਕਿਵੇਂ ਨਾ ਕਿਵੇਂ ਕਰ ਹੀ ਲੈਂਦੇ ਹਨ। ਉਹ ਦੂਸਰਿਆਂ ਦਾ ਖ਼ਿਆਲ ਕਦੇ ਨਹੀਂ ਕਰਦੇ। ਉਨ੍ਹਾਂ ਨੂੰ ਤਾਂ ਸਿਰਫ਼ ਆਪਣੀ ਮੌਜ-ਮਸਤੀ ਤਕ ਹੀ ਮਤਲਬ ਹੁੰਦਾ ਹੈ। ਇਸ ਦੇ ਲਈ ਉਹ ਹਰ ਜਾਇਜ਼-ਨਜਾਇਜ਼ ਢੰਗ ਵਰਤਣ ਤੋਂ ਵੀ ਗੁਰੇਜ਼ ਨਹੀਂ ਕਰਦੇ। ਪ੍ਰੰਤੂ ਕਈ ਲੋਕ ਅਜਿਹੇ ਵੀ ਹੁੰਦੇ ਹਨ ਜਿਨ੍ਹਾਂ ਦੀਆਂ ਪਰਿਵਾਰਕ ਲੋੜਾਂ ਦਿਨ ਭਰ ਮਿੱਟੀ ਨਾਲ ਮਿੱਟੀ ਹੋ ਕੇ ਵੀ ਮਸਾਂ ਹੀ ਪੂਰੀਆਂ ਹੁੰਦੀਆਂ ਹਨ। ਜੇ ਇਹੋ ਜਿਹੇ ਲੋਕਾਂ ਨੂੰ ਜ਼ਿੰਦਗੀ ਦੇ ਅਰਥ ਪੁੱਛੇ ਜਾਣ ਤਾਂ ਉਹ ਇਹੀ ਕਹਿੰਦੇ ਹਨ, 'ਜੀ ਸਾਡੀ ਕਾਹਦੀ ਜ਼ਿੰਦਗੀ ਐ ਰਾਤ ਨੂੰ ਖਾ ਕੇ ਸੌਂਦੇ ਆ, ਦੂਜੇ ਦਿਨ ਚੜ੍ਹਦੇ ਸਾਰ ਹੀ ਫਿਰ ਰੋਟੀ-ਪਾਣੀ ਦਾ ਫ਼ਿਕਰ ਹੋ ਜਾਂਦਾ ਐ। ਜ਼ਿੰਦਗੀ ਤਾਂ ਸਾਨੂੰ ਕੋਹਲੂ ਦੇ ਬੈਲ ਵਾਂਗ ਲੱਗਦੀ ਐ।' ਇਹੋ ਜਿਹੇ ਲੋਕਾਂ ਦੀ ਜ਼ਿੰਦਗੀ ਤਾਂ ਬਸ ਪਰਿਵਾਰ ਦੀਆਂ ਲੋੜਾਂ ਪੂਰੀਆਂ ਕਰਨ ਵਿਚ ਹੀ ਲੰਘ ਜਾਂਦੀ ਹੈ।

ਕੁਝ ਲੋਕ ਜ਼ਿੰਦਗੀ ਵਿਚ ਮਿਲੇ ਪਦਾਰਥਾਂ ਨੂੰ ਪਰਮਾਤਮਾ ਦੀ ਦੇਣ ਮੰਨਦੇ ਹਨ। ਉਹ ਹਮੇਸ਼ਾ ਪਰਮਾਤਮਾ ਦੀ ਰਜ਼ਾ ਵਿਚ ਹੀ ਰਹਿੰਦੇ ਹਨ। ਦਰਅਸਲ ਇਸ ਤਰ੍ਹਾਂ ਦੇ ਲੋਕ ਸੰਤੁਸ਼ਟ ਮਨ ਵਾਲੇ ਹੁੰਦੇ ਹਨ। ਉਨ੍ਹਾਂ ਦਾ ਖ਼ਿਆਲ ਹੁੰਦਾ ਹੈ, 'ਭਾਈ ਕੰਮ ਬੰਦੇ ਦਾ ਕਰਮ ਐ, ਉਸ ਨੂੰ ਖ਼ੁਸ਼ੀ-ਖ਼ੁਸ਼ੀ ਉਸ ਪਰਮਾਤਮਾ ਦੀ ਰਜ਼ਾ ਵਿਚ ਰਹਿ ਕੇ ਕਰੋ।' ਕੁਝ ਲੋਕ ਅਜਿਹੇ ਵੀ ਹੁੰਦੇ ਹਨ ਜੋ ਆਪਣੀ ਮਿਹਨਤ ਤੇ ਦ੍ਰਿੜ ਇਰਾਦੇ ਨਾਲ ਆਪਣੇ ਆਪ ਨੂੰ ਉੱਚੀਆਂ ਮੰਜ਼ਿਲਾਂ 'ਤੇ ਲੈ ਜਾਂਦੇ ਹਨ। ਜ਼ਿੰਦਗੀ ਦਾ ਪਾਸਾ ਬਦਲਣ ਵਾਲੇ ਇਹੋ ਜਿਹੇ ਲੋਕ ਆਪਣੀ ਵੱਖਰੀ ਪਛਾਣ ਬਣਾ ਲੈਂਦੇ ਹਨ ਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਚਾਨਣ ਮੁਨਾਰੇ ਦਾ ਕੰਮ ਕਰਦੇ ਹਨ।

ਦੁਨੀਆ ਇਹੋ ਜਿਹੇ ਇਨਸਾਨਾਂ ਨੂੰ ਹਮੇਸ਼ਾ ਉਨ੍ਹਾਂ ਦੇ ਆਤਮ-ਵਿਸ਼ਵਾਸ, ਦ੍ਰਿੜ ਇਰਾਦੇ ਤੇ ਸਖ਼ਤ ਮਿਹਨਤੀ ਹੋਣ ਕਰਕੇ ਹਮੇਸ਼ਾ ਯਾਦ ਕਰਦੀ ਹੈ। ਜੇ ਅਸੀਂ ਇਬਰਾਹਿਮ ਲਿੰਕਨ ਦੀ ਗੱਲ ਕਰੀਏ ਤਾਂ ਉਹ ਗ਼ਰੀਬ ਪਰਿਵਾਰ ਵਿੱਚੋਂ ਹੀ ਸੀ। ਜਿਸ ਕੋਲ ਪੜ੍ਹਨ ਲਈ ਕਿਤਾਬ ਤੇ ਰਹਿਣ ਲਈ ਘਰ ਵੀ ਨਹੀਂ ਸੀ। ਪਰ ਉਹ ਆਪਣੀ ਸਖ਼ਤ ਮਿਹਨਤ ਤੇ ਲਗਨ ਨਾਲ ਇਕ ਦਿਨ ਅਮਰੀਕਾ ਦਾ ਰਾਸ਼ਟਰਪਤੀ ਬਣਿਆ। ਇਸੇ ਤਰ੍ਹਾਂ ਕਵਿੱਤਰੀ ਹਰਾਇਨੀ ਰੂਸ ਦੀ ਮਲਿਕਾ ਫ਼ੌਜ ਵਿਚ ਸਿਰਫ਼ ਇਕ ਨੌਕਰਾਣੀ ਹੀ ਸੀ। ਜਰਮਨੀ ਦਾ ਡਿਕਟੇਟਰ ਹਿਟਲਰ ਇਕ ਅਖ਼ਬਾਰ ਵੇਚਣ ਵਾਲਾ ਹੀ ਸੀ। ਹੋਰ ਵੀ ਬਹੁਤ ਵਿਅਕਤੀ ਹਨ ਜੋ ਸਖ਼ਤ ਮਿਹਨਤ ਤੇ ਲਗਨ ਸਦਕਾ ਉੱਚੀਆਂ ਪਦਵੀਆਂ 'ਤੇ ਪਹੁੰਚੇ ਹਨ।



ਦਰਅਸਲ ਜ਼ਿੰਦਗੀ ਦਾ ਅਨੰਦ ਮਾਣਨ ਲਈ ਜ਼ਰੂਰੀ ਹੈ ਕਿ ਮਨੁੱਖ ਆਪਣੇ ਆਪ ਤੋਂ ਜਾਣੂ ਹੋਵੇ। ਭਾਵੇਂ ਕਿ ਅੱਜ ਦੇ ਮਨੁੱਖ ਨੇ ਸਮੁੰਦਰ ਦੀ ਗਹਿਰਾਈ ਨੂੰ ਮਾਪ ਲਿਆ ਹੈ। ਅੰਬਰੋਂ ਤਾਰੇ ਤੋੜ ਕੇ ਲਿਆਉਣਾ ਹੁਣ ਸੁਪਨਾ ਨਹੀਂ ਰਿਹਾ। ਇੱਥੋਂ ਤਕ ਕਿ ਮਨੁੱਖ ਨੇ ਮਨੁੱਖ ਤੋਂ ਬਗ਼ੈਰ ਵੀ ਮਨੁੱਖ ਤਿਆਰ ਕਰ ਲਿਆ ਹੈ ਪ੍ਰੰਤੂ ਮਨੁੱਖ ਆਪਣੇ ਆਪ ਨੂੰ ਪਛਾਣਨ ਤੋਂ ਅਜੇ ਵੀ ਦੂਰ ਹੈ। ਮਨੁੱਖ ਗਿਆਨ ਦੇ ਸਮੁੰਦਰ ਵਿਚ ਡੁੱਬ ਕੇ ਵੀ ਹਨੇਰੇ ਵਿਚ ਹੀ ਗੋਤੇ ਖਾ ਰਿਹਾ ਹੈ। ਲੋਭ-ਲਾਲਚ, ਹੰਕਾਰ, ਖ਼ੁਦਗਰਜ਼ੀ, ਨਿਰਾਸ਼ਤਾ ਸਾਡੇ ਅੰਦਰ ਘਰ ਕਰ ਗਏ ਹਨ।

ਅਸੀਂ ਆਰਾਮ ਦੀ ਭਾਲ ਵਿਚ ਸਾਰੀ ਉਮਰ ਬੇਅਰਾਮੀ ਦੇ ਲੇਖੇ ਲਾ ਰਹੇ ਹਾਂ। ਸਾਡੇ ਅੰਦਰ ਅਥਾਹ ਸ਼ਕਤੀਆਂ ਤੇ ਸਾਰਥਿਕ ਗੁਣ ਮੌਜੂਦ ਹਨ ਪ੍ਰੰਤੂ ਅਸੀਂ ਆਪਣੇ-ਆਪ 'ਤੇ ਵਿਸ਼ਵਾਸ ਨਹੀਂ ਕਰਦੇ ਤੇ ਇੱਧਰ-ਓਧਰ ਭਟਕ ਰਹੇ ਹਾਂ। •

# ਸਿੰਘ ਸਾਹਿਬਾਨਾਂ ਦੇ ਆਦੇਸ਼ ਸਕ੍ਰਿਪਟਿਡ, ਫਰਮਾਨ ਜਾਰੀ ਕਰਨ ਵਾਲੇ ਸੁਖਬੀਰ ਦੇ ਲੋਕ : ਰਾਜਾ ਵੜਿੰਗ

ਫਰੀਦਕੋਟ 28 ਅਕਤੂਬਰ। ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਵਲੋਂ ਸੁਖਬੀਰ ਬਾਦਲ 'ਤੇ ਸੁਣਾਏ ਗਏ ਫੈਸਲੇ ਨੂੰ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਸਕ੍ਰਿਪਟਿਡ ਕਰਾਰ ਦਿੱਤਾ ਹੈ। ਇਕ



ਇੰਟਰਵਿਊ ਦੌਰਾਨ ਰਾਜਾ ਵੜਿੰਗ ਨੇ ਆਖਿਆ ਹੈ ਕਿ ਅਸੀਂ ਸ੍ਰੀ ਅਕਾਲ ਤਖਤ ਸਾਹਿਬ ਦਾ ਸਨਮਾਨ ਕਰਦੇ ਹਾਂ ਪਰ ਉੱਥੋਂ ਜਿਹੜੇ ਵੀ ਫਰਮਾਨ ਜਾਰੀ ਕਰਦੇ ਹਨ ਉਹ ਸੁਖਬੀਰ ਬਾਦਲ ਦੇ ਲੋਕ ਹਨ। ਅਚਨਚੇਤ ਇਕ ਦਿਨ ਪਹਿਲਾਂ ਹੀ ਸੁਖਬੀਰ ਬਾਦਲ 'ਤੇ ਫੈਸਲਾ ਕਿਉਂ ਆਇਆ। ਮੇਰੀ ਬਾਦਲਾਂ ਨਾਲ ਕੋਈ ਨਿੱਜੀ ਲੜਾਈ ਨਹੀਂ ਹੈ, ਮੈਂ ਸਿਰਫ ਬਾਦਲਾਂ ਦੀਆਂ ਚਲਾਕੀਆਂ ਲੋਕਾਂ ਸਾਹਮਣੇ ਉਜਾਗਰ ਕਰਨੀਆਂ ਚਾਹੁੰਦਾ ਹਾਂ। ਵੜਿੰਗ ਨੇ ਕਿਹਾ ਕਿ ਸੁਖਬੀਰ ਬਾਦਲ 'ਤੇ ਸਿੰਘ ਸਾਹਿਬਾਨਾਂ ਦੇ ਆਦੇਸ਼ ਪੂਰੀ ਤਰ੍ਹਾਂ ਸਕਰਿਪਟਿੱਡ ਹਨ। ਉਨ੍ਹਾਂ ਕਿਹਾ ਕਿ ਸਿਰਫ ਸੁਖਬੀਰ ਸਿੰਘ ਬਾਦਲ ਹੀ ਤਨਖਾਹੀਆ ਕਰਾਰ ਹੈ, ਫਿਰ ਹਰਸਿਮਰਤ ਕੌਰ ਬਾਦਲ ਜਾਂ ਬਿਕਰਮ ਮਜੀਠੀਆ ਨੂੰ ਗਿੱਦੜਬਾਹਾ ਤੋਂ ਚੋਣ ਕਿਉਂ ਨਹੀਂ ਲੜਾਈ ਜਾਂਦੀ ਜਾਂ ਫਿਰ ਇਹ ਖੁੱਲ੍ਹੇ ਤੌਰ 'ਤੇ ਮੰਨ ਲੈਣ ਕਿ ਮਨਪ੍ਰੀਤ ਬਾਦਲ ਨਾਲ ਇਹ ਪੂਰੀ ਤਰ੍ਹਾਂ ਘਿਓ ਖਿੱਚੜੀ ਹਨ। ਇਸ ਮੌਕੇ ਕਾਂਗਰਸ ਦੀ ਉਮੀਦਵਾਰ ਅਤੇ ਰਾਜਾ ਵੜਿੰਗ ਦੀ ਪਤਨੀ ਅੰਮ੍ਰਿਤਾ ਵੜਿੰਗ ਨੇ ਕਿਹਾ ਕਿ ਸੁਖਬੀਰ ਅਤੇ ਹਰਸਿਮਰਤ ਕੌਰ ਬਾਦਲ ਨੂੰ ਇਥੋਂ ਚੋਣ ਜਰੂਰ ਲੜਨੀ ਚਾਹੀਦੀ ਹੈ। ਉਹ ਬਾਦਲ ਪਰਿਵਾਰ ਨੂੰ ਬੇਨਤੀ ਕਰਦੇ ਹਨ ਕਿ ਗਿੱਦੜਬਾਹਾ ਦਾ ਮੈਦਾਨ ਛੱਡ ਕੇ ਨਾ ਭੱਜਣ।

# ਗਲੋਬਲ ਸਿੱਖ ਕੌਂਸਲ ਵੱਲੋਂ ਇਤਿਹਾਸਕ ਤਖਤਾਂ ਦੇ ਪ੍ਰਬੰਧ 'ਚ ਸਰਕਾਰੀ ਦਖਲਅੰਦਾਜੀ ਖਤਮ ਕਰਨ ਦੀ ਮੰਗ

**ਸਰਦੂਲ ਸਿੰਘ**

ਚੰਡੀਗੜ੍ਹ 28 ਅਕਤੂਬਰ। ਵਿਸਵ ਭਰ ਦੀਆਂ 31 ਰਾਸਟਰ ਪੱਧਰੀ ਸਿੱਖ ਸੰਸਥਾਵਾਂ ਦੀ ਨੁਮਾਇੰਦਾ ਸੰਸਥਾ, ਗਲੋਬਲ ਸਿੱਖ ਕੌਂਸਲ (ਜੀ. ਐੱਸ. ਸੀ) ਨੇ ਸਰਬਸੰਮਤੀ ਨਾਲ ਸਿੱਖਾਂ ਦੇ ਦੋ ਇਤਿਹਾਸਕ ਤਖਤ ਸਾਹਿਬਾਨ- ਤਖਤ ਸ੍ਰੀ ਪਟਨਾ ਸਾਹਿਬ, ਬਿਹਾਰ ਅਤੇ ਤਖਤ ਸ੍ਰੀ ਹਜੂਰ ਸਾਹਿਬ, ਮਹਾਰਾਸਟਰ ਨੂੰ ਸਥਾਨਕ ਸਿੱਖ ਸੰਗਤ ਅਤੇ ਗੁਰਦੁਆਰਾ ਕਮੇਟੀਆਂ ਦੇ ਸਰਗਰਮ ਸਹਿਯੋਗ ਨਾਲ ਸਰਕਾਰੀ ਕੰਟਰੋਲ ਤੋਂ ਮੁਕਤ ਕਰਵਾਉਣ ਦਾ ਫੈਸਲਾ ਲਿਆ ਹੈ। ਇਹ ਮਤਾ ਲੇਡੀ ਸਿੰਘ ਕੰਵਲਜੀਤ ਕੌਰ, ਓ. ਬੀ. ਈ. ਦੀ ਪ੍ਰਧਾਨਗੀ ਹੇਠ ਲੰਦਨ ਵਿਖੇ ਹੋਈ ਜੀ. ਐੱਸ. ਸੀ. ਦੀ ਸਾਲਾਨਾ ਜਨਰਲ ਮੀਟਿੰਗ ਦੌਰਾਨ ਪਾਸ ਕੀਤਾ ਗਿਆ। ਸਿੱਖ ਮਰਿਯਾਦਾ ਦੀਆਂ ਕਮੀਆਂ ਨੂੰ ਉਜਾਗਰ ਕਰਦੇ ਹੋਏ ਜੀ. ਐੱਸ. ਸੀ. ਦੀ ਪ੍ਰਧਾਨ ਨੇ ਦੱਸਿਆ ਕਿ ਦੋਵਾਂ ਤਖਤਾਂ 'ਤੇ ਨਿਭਾਈਆਂ ਜਾ ਰਹੀਆਂ ਮੌਜੂਦਾ ਧਾਰਮਿਕ ਪ੍ਰੰਪਰਾਵਾਂ ਬੁਨਿਆਦੀ ਸਿੱਖ ਸਿਧਾਂਤਾਂ ਦੀ ਉਲੰਘਣਾ ਕਰਦੀਆਂ ਹਨ। ਇਸ ਤੋਂ ਇਲਾਵਾ, ਦੋਵੇਂ ਤਖਤ ਸਾਹਿਬਾਨ ਦੇ ਪ੍ਰਬੰਧਾਂ ਲਈ ਕਮੇਟੀਆਂ ਅਤੇ ਬੋਰਡਾਂ ਵਿਚ ਨਾਮਜਦ ਕੀਤੇ ਮੈਂਬਰਾਂ ਕੋਲ ਇਨ੍ਹਾਂ ਗੁਰਦੁਆਰਾ ਸਾਹਿਬਾਨ ਦੇ ਸੰਚਾਲਨ ਅਤੇ ਧਾਰਮਿਕ ਰਹੁ-ਰੀਤਾਂ ਨਿਭਾਉਣ ਪ੍ਰਤੀ ਨਾ-ਮਾਤਰ ਅਧਿਕਾਰ ਹਨ। ਜੀ. ਐੱਸ. ਸੀ. ਦੇ ਕਾਨੂੰਨੀ ਮਾਮਲਿਆਂ ਬਾਰੇ ਕਮੇਟੀ ਦੇ ਚੇਅਰਮੈਨ ਜਗੀਰ ਸਿੰਘ ਮਲੇਸੀਆ ਨੇ ਆਪਣਾ ਖੋਜ ਪਰਚਾ ਪੇਸ ਕਰਦੇ ਹੋਏ ਦੱਸਿਆ ਕਿ ਉਪਰੋਕਤ ਦੋਵੇਂ ਤਖਤ ਇਸ ਸਮੇਂ 70 ਸਾਲ ਪੁਰਾਣੇ ਕਾਨੂੰਨਾਂ- ਪਟਨਾ ਸਾਹਿਬ ਦਾ ਸੰਵਿਧਾਨ ਅਤੇ ਉੱਪ-ਨਿਯਮ-1957 ਵਿੱਚ ਅਤੇ ਨੰਦੇੜ ਸਿੱਖ ਗੁਰਦੁਆਰਾ ਸੱਚਖੰਡ ਸ੍ਰੀ ਹਜੂਰ ਅਪਚਲਨਗਰ ਸਾਹਿਬ ਐਕਟ-1956, ਰਾਹੀਂ ਕੰਟਰੋਲ ਕੀਤੇ ਜਾ ਰਹੇ ਹਨ। ਇਹ ਕਾਨੂੰਨ ਇੰਨਾਂ ਤਖਤਾਂ ਦੇ ਧਾਰਮਿਕ ਅਤੇ ਪ੍ਰਬੰਧਕੀ ਮਾਮਲਿਆਂ ਵਿੱਚ ਬਹੁਤ ਜਿ਼ਆਦਾ ਸਰਕਾਰੀ ਦਖਲਅੰਦਾਜੀ ਦੀ ਇਜਾਜਤ ਦਿੰਦੇ ਹਨ। ਸਿੱਖ ਸੰਗਤਾਂ ਦੀਆਂ ਭਾਵਨਾਵਾਂ ਅਨੁਸਾਰ ਇਨ੍ਹਾਂ ਪੁਰਾਣੇ ਕਾਨੂੰਨਾਂ ਨੂੰ ਤੁਰੰਤ ਸੋਧਣ 'ਤੇ ਜੋਰ ਦਿੰਦਿਆਂ, ਉਨ੍ਹਾਂ ਦੱਸਿਆ ਕਿ 1716 ਵਿਚ ਬਾਬਾ ਬੰਦਾ ਸਿੰਘ ਬਹਾਦਰ ਦੀ ਸਹਾਦਤ ਤੋਂ ਬਾਅਦ ਇਹ ਦੋਵੇਂ ਤਖਤ ਕਦੇ ਵੀ ਸਿੱਖਾਂ ਦੇ ਕਬਜੇ ਵਿਚ ਨਹੀਂ ਰਹੇ ਅਤੇ ਇਨ੍ਹਾਂ ਪੁਰਾਣੇ ਕਾਨੂੰਨਾਂ ਅਤੇ ਘਿਨਾਉਣੀਆਂ ਧਾਰਾਵਾਂ ਪਵਿੱਤਰ ਗੁਰਦੁਆਰਿਆਂ ਦਾ ਪ੍ਰਬੰਧ ਚਲਾਉਣ ਸਬੰਧੀ ਸਿੱਖਾਂ ਸੰਗਤਾਂ ਦੀ ਅਜਾਦੀ ਨੂੰ ਵੀ ਕਮਜੋਰ ਕਰਦੀਆਂ ਹਨ। ਉਨ੍ਹਾਂ ਸਪੱਸਟ ਤੌਰ 'ਤੇ ਕਿਹਾ ਕਿ ਇਨ੍ਹਾਂ ਧਾਰਮਿਕ ਸੰਸਥਾਵਾਂ ਦੇ ਪ੍ਰਸਾਸਨ ਵਿਚ ਸਰਕਾਰੀ ਦਖਲਅੰਦਾਜੀ ਨਾ ਸਿਰਫ ਲੋਕਤੰਤਰੀ ਪ੍ਰਕਿਰਿਆ ਵਿਚ ਰੁਕਾਵਟ ਬਣੀ ਹੋਈ ਹੈ ਸਗੋਂ ਗੁਰਦੁਆਰਾ ਸਾਹਿਬਾਨ ਦੀ ਖੁਦਮੁਖਤਿਆਰੀ 'ਤੇ ਵੀ ਸਵਾਲ ਖੜ੍ਹੇ



ਹੋਏ ਪਏ ਹਨ। ਕੌਂਸਲ ਨੇ ਕਿਸੇ ਵੀ ਪ੍ਰਸਤਾਵਿਤ ਆਲ ਇੰਡੀਆ ਸਿੱਖ ਗੁਰਦੁਆਰਾ ਕਾਨੂੰਨ ਨੂੰ ਰੱਦ ਕਰਦਿਆਂ ਕਿਹਾ ਕਿ ਅਜਿਹਾ ਕੇਂਦਰੀ ਕਾਨੂੰਨ ਬਣਾਉਣ ਦੀ ਬਜਾਏ ਪ੍ਰਚਲਿਤ ਗੁਰਦੁਆਰਾ ਕਾਨੂੰਨਾਂ ਵਿੱਚ ਸੁਧਾਰ ਕਰਨ ਦੀ ਲੋੜ ਹੈ ਤਾਂ ਜੋ ਪੁਰਾਤਨ ਸਿੱਖ ਸਿਧਾਂਤਾਂ ਦਾ ਸਤਿਕਾਰ ਹੋ ਸਕੇ ਅਤੇ ਸਥਾਨਕ ਸਿੱਖ ਸੰਗਤਾਂ ਆਪਣੀਆਂ ਧਾਰਮਿਕ ਸੰਸਥਾਵਾਂ ਦੇ ਪ੍ਰਸਾਸਨ ਬਿਨਾਂ ਕਿਸੇ ਸਰਕਾਰੀ ਦਖਲ ਤੋਂ ਚਲਾਉਣ ਦੇ ਸਮਰੱਥ ਹੋ ਸਕਣ। ਜੀ. ਐੱਸ. ਸੀ. ਨੇ ਦੁਨੀਆ ਭਰ ਦੇ ਸਿੱਖਾਂ ਨੂੰ ਗੁਰਦੁਆਰਾ ਪ੍ਰਬੰਧਾਂ ਵਿੱਚ ਸਰਕਾਰੀ ਦਖਲਅੰਦਾਜੀ ਦਾ ਵਿਰੋਧ ਕਰਨ ਅਤੇ ਈਸਟ ਇੰਡੀਆ ਯੁੱਗ ਦੇ ਕਾਨੂੰਨਾਂ ਵਿੱਚ ਸੋਧਾਂ ਕਰਾਉਣ ਲਈ ਜੋਰਦਾਰ ਮੁਹਿੰਮ ਚਲਾਉਣ ਦੀ ਅਪੀਲ ਕੀਤੀ ਹੈ ਤਾਂ ਜੋ ਭਾਰਤੀ ਸੰਵਿਧਾਨ ਦੇ ਆਰਟੀਕਲ 26 ਵਿੱਚ ਦਰਜ ਮਨੋਰਥ ਅਨੁਸਾਰ ਸਿੱਖ ਮਾਮਲਿਆਂ ਦਾ ਪੂਰਾ ਕੰਟਰੋਲ ਸਿੱਖ ਭਾਈਚਾਰੇ ਨੂੰ ਵਾਪਸ ਮਿਲ ਸਕੇ। ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਕੌਂਸਲ ਦੇ ਸਲਾਹਕਾਰ ਲਾਰਡ ਇੰਦਰਜੀਤ ਸਿੰਘ ਵਿੰਬਲਡਨ, ਮੈਂਬਰ ਹਾਊਸ ਆਫ ਲਾਰਡਜ, ਇੰਡੋਨੇਸੀਆ ਤੋਂ ਡਾ: ਕਰਮਿੰਦਰ ਸਿੰਘ ਢਿੱਲੋਂ, ਪਰਮਜੀਤ ਸਿੰਘ ਬੇਦੀ ਯੂ. ਐੱਸ. ਏ, ਆਇਰਲੈਂਡ ਤੋਂ ਡਾ. ਜਸਬੀਰ ਸਿੰਘ ਪੁਰੀ, ਭਾਰਤ ਤੋਂ ਰਾਮ ਸਿੰਘ ਰਾਠੌਰ, ਹਰਸਰਨ ਸਿੰਘ ਅਤੇ ਹਰਜੀਤ ਸਿੰਘ ਗਰੇਵਾਲ, ਯੂ.ਕੇ. ਤੋਂ ਸਤਨਾਮ ਸਿੰਘ ਪੂਨੀਆ ਅਤੇ ਨੇਪਾਲ ਤੋਂ ਕਿਰਨਦੀਪ ਕੌਰ ਸੰਧੂ ਵੀ ਹਾਜਰ ਸਨ।

## ਵਿਅਕਤੀ 'ਤੇ ਜਾਨਲੇਵਾ ਹਮਲਾ, ਮਾਰਨ ਦੇ ਇਰਾਦੇ ਨਾਲ ਕੀਤੀ ਫਾਇਰਿੰਗ

ਘੱਲ ਖੁਰਦ 28 ਅਕਤੂਬਰ। ਥਾਣਾ ਘੱਲ ਖੁਰਦ ਦੀ ਪੁਲਸ ਨੇ ਵਿਅਕਤੀ 'ਤੇ ਜਾਨਲੇਵਾ ਹਮਲਾ ਕਰਨ ਅਤੇ ਗੋਲੀ ਚਲਾਉਣ ਦੇ ਦੋਸ 'ਚ ਸਿ਼ਕਾਇਤਕਰਤਾ ਦੇ ਬਿਆਨਾਂ ਦੇ ਆਧਾਰ 'ਤੇ 19 ਵਿਅਕਤੀਆਂ ਦੇ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦਿਆਂ ਥਾਣਾ ਘੱਲ ਖੁਰਦ ਦੇ ਸਹਾਇਕ ਇੰਸਪੈਕਟਰ ਜਸਪਾਲ ਸਿੰਘ ਨੇ ਦੱਸਿਆ ਕਿ ਪੁਲਸ ਨੂੰ ਦਿੱਤੇ ਬਿਆਨਾਂ 'ਚ ਸਿ਼ਕਾਇਤਕਰਤਾ ਯੁਗਰਾਜ ਸਿੰਘ ਉਰਫ ਬੋਬੀ ਪੁੱਤਰ ਨਛੱਤਰ ਸਿੰਘ ਵਾਸੀ ਪਿੰਡ ਘੱਲ ਖੁਰਦ ਨੇ ਦੱਸਿਆ ਕਿ ਉਸ ਨੇ ਬੀਤੇ ਦਿਨ ਕੰਬਾਈਨ ਨਾਲ ਝੋਨੇ ਦੀ ਕਟਾਈ ਕੀਤੀ ਸੀ ਅਤੇ ਮਨਦੀਪ ਸਿੰਘ ਭਲਵਾਨ ਦੀ ਮੋਟਰ 'ਤੇ ਕੰਬਾਈਨ ਖੜ੍ਹੀ ਕਰ ਕੇ ਮੋਟਰ ਵਾਲਾ ਕਮਰਾ ਬੰਦ ਕਰ ਕੇ ਸੌਂ ਗਿਆ ਸੀ। ਪੀੜਤ ਨੇ ਦੱਸਿਆ ਕਿ ਦੇਰ ਰਾਤ ਸਤਵਿੰਦਰ ਸਿੰਘ ਉਰਫ ਲੱਡੂ ਪੁੱਤਰ ਜੰਗ ਸਿੰਘ ਵਾਸੀ ਠੇਠਰ ਕਲਾਂ, ਰੋਸਨਦੀਪ ਸਿੰਘ ਉਰਫ ਰੋਸਨ ਪੁੱਤਰ ਸਿ਼ੰਦਰ ਸਿੰਘ ਵਾਸੀ ਹਾਕਮ ਸਿੰਘ ਵਾਲਾ, ਹਰਦੀਪ ਸਿੰਘ ਉਰਫ ਦੀਪਾ ਪੁੱਤਰ ਗੁਰਮੀਤ ਸਿੰਘ ਵਾਸੀ ਪਿੰਡ ਘੱਲ ਖੁਰਦ, ਰਣਧੀਰ ਸਿੰਘ ਉਰਫ ਧੀਰਾ ਪੁੱਤਰ ਸੁਖਚੈਨ ਸਿੰਘ ਵਾਸੀ ਫਿਰੋਜਸਾਹ ਨੇ ਕਰੀਬ 15 ਹੋਰ ਵਿਅਕਤੀਆਂ ਨਾਲ ਮਿਲ ਕੇ ਕਮਰੇ ਦਾ ਦਰਵਾਜਾ ਖੜਕਾਇਆ ਅਤੇ ਜਦੋਂ ਉਹ ਬਾਹਰ ਆਇਆ ਤਾਂ ਮੁਲਜਮਾਂ ਨੇ ਉਸ ਨੂੰ ਮਾਰਨ ਦੀ ਨੀਅਤ ਨਾਲ ਗੋਲੀਆਂ ਚਲਾ ਦਿੱਤੀਆਂ। ਜਿਸ ਤੋਂ ਬਾਅਦ ਮੁਲਜਮ ਉਥੋਂ ਫਰਾਰ ਹੋ ਗਏ। ਮਾਮਲੇ ਦੀ ਜਾਂਚ ਕਰ ਰਹੇ ਜਸਪਾਲ ਸਿੰਘ ਨੇ ਦੱਸਿਆ ਕਿ ਪੁਲਸ ਨੇ ਉਕਤ ਮਾਮਲੇ 'ਚ ਮੁਲਜਮਾਂ ਖਿਲਾਫ ਮਾਮਲਾ ਦਰਜ ਕਰ ਕੇ ਅਗਲੇਰੀ ਕਾਰਵਾਈ ਸੁਰੂ ਕਰ ਦਿੱਤੀ ਹੈ।

# ਬਿਜਲੀ ਵਿਭਾਗ ਨੇ ਦਿਖਾਈ ਸਖਤੀ, ਪ੍ਰਦੂਸ਼ਣ ਫੈਲਾਉਣ ਵਾਲੀਆਂ ਫੈਕਟਰੀਆਂ ਦੇ ਕੱਟੇ ਕੁਨੈਕਸ਼ਨ

**ਏਜੰਸੀਆਂ**

ਲੁਧਿਆਣਾ 28 ਅਕਤੂਬਰ। ਲੁਧਿਆਣਾ ਸ਼ਹਿਰ 'ਚ ਪ੍ਰਦੂਸਣ ਫੈਲਾਉਣ ਵਾਲੀਆਂ ਕੱਪੜੇ ਰੰਗਣ ਵਾਲੀਆਂ ਫੈਕਟਰੀਆਂ ਦੇ ਖਿਲਾਫ ਹੁਣ ਪ੍ਰਦੂਸਣ ਕੰਟਰੋਲ ਬੋਰਡ ਸਖਤ ਨਜਰ ਆ ਰਿਹਾ ਹੈ। ਪ੍ਰਦੂਸਣ ਕੰਟਰੋਲ ਬੋਰਡ ਦੀ ਸਿਫਾਰਿਸ ਤੋਂ ਬਾਅਦ ਬਿਜਲੀ ਮਹਿਕਮੇ ਵੱਲੋਂ ਇਨ੍ਹਾਂ ਫੈਕਟਰੀਆਂ ਦੇ ਬਿਜਲੀ ਕਨੈਕਸਨ ਕੱਟੇ ਜਾ ਰਹੇ ਹਨ। ਬਿਜਲੀ ਵਿਭਾਗ ਵੱਲੋਂ ਅਗਸਤ ਮਹੀਨੇ ਤੋਂ ਲੈ ਕੇ ਹੁਣ ਤੱਕ 117 ਦੇ ਕਰੀਬ ਕੁਨੈਕਸਨ ਕੱਟੇ ਜਾ ਚੁੱਕੇ ਹਨ। ਕਈ ਕੁਨੈਕਸ਼ਨ 6 ਮਹੀਨੇ ਤੱਕ ਅਤੇ ਕਈਆਂ ਦੇ ਅਣਮਿੱਥੇ ਸਮੇਂ ਤੱਕ ਬਿਜਲੀ ਕਨੈਕਸਨ ਕੱਟ ਦਿੱਤੇ ਗਏ ਹਨ, ਜਿਸ ਨੂੰ ਲੈ ਕੇ ਲੁਧਿਆਣਾ ਰੇਂਜ ਪੀ.ਐੱਸ.ਪੀ.ਸੀ.ਐੱਲ. ਚੀਫ ਨੇ ਕਿਹਾ ਕਿ 250 ਦੇ ਕਰੀਬ ਅਜਿਹੀ ਫੈਕਟਰੀਆਂ ਹਨ, ਜਿਨ੍ਹਾਂ ਦੇ ਖਿਲਾਫ ਕਾਰਵਾਈ ਲਈ ਸਾਨੂੰ ਪ੍ਰਦੂਸਣ ਕੰਟਰੋਲ ਬੋਰਡ ਵੱਲੋਂ ਲਿਖਿਆ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਪ੍ਰਦੂਸ਼ਣ ਫੈਲਾ ਰਹੀਆਂ ਉਨ੍ਹਾਂ ਸਾਰੀਆਂ ਹੀ ਫੈਕਟਰੀਆਂ ਦੇ ਕੁਨੈਕਸਨ ਕੱਟੇ ਜਾ ਰਹੇ ਹਨ। ਇਨ੍ਹਾਂ ਵਿੱਚ ਜਿ਼ਆਦਾਤਰ ਉਹੀ ਫੈਕਟਰੀਆਂ ਹਨ, ਜੋ ਕਿ ਬੁੱਢੇ ਨਾਲੇ ਵਿੱਚ ਗੰਦਾ ਪਾਣੀ ਛੱਡ ਕੇ ਪ੍ਰਦੂਸਣ ਫੈਲਾ ਰਹੀਆਂ ਹਨ ਜਾਂ ਫਿਰ



ਕੱਪੜੇ ਰੰਗਣ ਵਾਲੀਆਂ ਹਨ। ਦੂਜੇ ਪਾਸੇ ਡਾਇੰਗ ਐਸੋਸੀਏਸਨ ਦੇ ਪ੍ਰਧਾਨ ਕਮਲ ਚੌਹਾਨ ਨੇ ਕਿਹਾ ਕਿ ਬਿਜਲੀ ਮਹਿਕਮੇ ਵੱਲੋਂ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਜਿਹੜੀਆਂ ਫੈਕਟਰੀਆਂ ਵੱਲੋਂ ਪ੍ਰਦੂਸਣ ਫੈਲਾਇਆ ਜਾ ਰਿਹਾ ਹੈ, ਉਨ੍ਹਾਂ 'ਤੇ ਸਖਤ ਐਕਸਨ ਤਾਂ ਹੋਣਾ ਹੀ ਚਾਹੀਦਾ ਹੈ, ਪਰ ਬਿਜਲੀ ਮਹਿਕਮੇ ਵੱਲੋਂ ਕੁਨੈਕਸਨ ਕੱਟਣ ਨੂੰ ਲੈ ਕੇ ਪਿਕ ਐਂਡ ਚੂਜ ਦੀ ਰਣਨੀਤੀ ਅਪਣਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਕੁਝ ਫੈਕਟਰੀਆਂ ਦੇ ਕੁਨੈਕਸਨ ਕੱਟੇ ਗਏ ਹਨ, ਜਦੋਂ ਕਿ ਕਈਆਂ ਦੇ ਹਾਲੇ ਵੀ ਕੱਟਣੇ ਬਾਕੀ ਹਨ। ਉਨ੍ਹਾਂ ਕਿਹਾ ਕਿ ਨੋਟਿਸ ਆਉਣ ਦੇ ਬਾਵਜੂਦ ਉਨ੍ਹਾਂ ਫੈਕਟਰੀਆਂ ਦੇ ਬਿਜਲੀ ਦੇ ਕਨੈਕਸਨ ਚੱਲ ਰਹੇ ਹਨ। ਉਨ੍ਹਾਂ ਕਿਹਾ ਕਿ ਬਿਜਲੀ ਵਿਭਾਗ ਨੂੰ ਵਿਤਕਰੇ ਦੀ ਥਾਂ ਤੇ ਪ੍ਰਦੂਸਣ ਕੰਟਰੋਲ ਬੋਰਡ ਦੀ ਸਿਫਾਰਿਸਾਂ ਦੇ ਮੁਤਾਬਿਕ ਕਾਰਵਾਈ ਕਰਨੀ ਚਾਹੀਦੀ ਹੈ।

## ਪੰਜਾਬ ਵਿਧਾਨ ਸਭਾ ਨੇ ਵਿਸ਼ੇਸ਼ ਅਧਿਕਾਰਾਂ ਦੀ ਉਲੰਘਣਾ ਸਬੰਧੀ ਪੱਤਰ ਵਾਪਸ ਲਿਆ

ਚੰਡੀਗੜ੍ਹ 28 ਅਕਤੂਬਰ। ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਸਪੱਸ਼ਟ ਕੀਤਾ ਹੈ ਕਿ ਵਿਸ਼ੇਸ਼ ਅਧਿਕਾਰਾਂ ਦੀ ਉਲੰਘਣਾ ਸਬੰਧੀ ਕਿਸੇ ਵੀ ਮਾਮਲੇ 'ਤੇ ਕੋਈ ਵੀ ਕਾਰਵਾਈ ਕਰਨ ਤੋਂ ਪਹਿਲਾਂ ਉਨ੍ਹਾਂ ਦੇ ਧਿਆਨ ਵਿਚ ਲਿਆਂਦਾ ਜਾਵੇ। ਜ਼ਿਕਰਯੋਗ ਹੈ ਕਿ ਵਿਸ਼ੇਸ਼ ਅਧਿਕਾਰਾਂ ਬਾਰੇ ਪੰਜਾਬ ਅਸੈਂਬਲੀ ਕਮੇਟੀ, ਜੋ ਸੰਧਵਾਂ ਦੀ ਨਿਗਰਾਨੀ ਹੇਠ ਹੈ, ਵਿਸ਼ੇਸ਼ ਅਧਿਕਾਰਾਂ ਦੀ ਕਥਿਤ ਉਲੰਘਣਾ ਦੀ ਜਾਂਚ ਤੇ ਤਫ਼ਤੀਸ਼ ਕਰਨ ਵਿਚ ਮਹੱਤਵਪੂਰਨ ਭੂਮਿਕਾ ਨਿਭਾਉਂਦੀ ਹੈ। ਕਮੇਟੀ ਦੇ ਕਾਰਜਾਂ ਵਿਚ ਸਦਨ, ਇਸਦੀਆਂ ਕਮੇਟੀਆਂ ਅਤੇ ਮੈਂਬਰਾਂ ਦੀ ਆਜ਼ਾਦੀ, ਅਧਿਕਾਰ ਅਤੇ ਪ੍ਰਤਿਸ਼ਠਾ ਦੀ ਰਾਖੀ ਕਰਨਾ ਸ਼ਾਮਲ ਹੈ। ਇਸ ਦੌਰਾਨ ਪੰਜਾਬ ਵਿਧਾਨ ਸਭਾ ਸਕੱਤਰੇਤ ਨੇ ਵਿਸ਼ੇਸ਼ ਅਧਿਕਾਰਾਂ ਦੀ ਉਲੰਘਣਾ ਬਾਰੇ ਸ਼ਿਕਾਇਤ ਸਬੰਧੀ ਆਪਣਾ ਪੱਤਰ ਨੰਬਰ 541 ਮਿਤੀ 18 ਅਕਤੂਬਰ, 2024 ਵਾਪਸ ਲੈ ਲਿਆ ਹੈ। ਪੰਜਾਬ ਵਿਧਾਨ ਸਭਾ ਸਕੱਤਰੇਤ ਦੇ ਬੁਲਾਰੇ ਅਨੁਸਾਰ ਜੈਤੋਂ ਦੇ ਵਿਧਾਇਕ ਅਮੋਲਕ ਸਿੰਘ ਨੇ ਵਿਸ਼ੇਸ਼ ਅਧਿਕਾਰਾਂ ਦੀ ਉਲੰਘਣਾ ਸਬੰਧੀ ਸ਼ਿਕਾਇਤ ਦਰਜ ਕਰਵਾਈ ਸੀ। ਆਮ ਪ੍ਰਕਿਰਿਆ ਦੇ ਹਿੱਸੇ ਵਜੋਂ, ਪੰਜਾਬ ਵਿਧਾਨ ਸਭਾ ਸਕੱਤਰੇਤ ਨੇ ਸਰਕਾਰੀ ਪ੍ਰਾਇਮਰੀ ਸਕੂਲ ਗੋਦਾਰਾ, ਜ਼ਿਲ੍ਹਾ ਫ਼ਰੀਦਕੋਟ ਦੇ ਅਧਿਆਪਕਾਂ ਨੂੰ ਪੱਤਰ ਭੇਜ ਕੇ ਇਸ ਮਾਮਲੇ 'ਤੇ ਸਪੱਸ਼ਟੀਕਰਨ ਮੰਗਿਆ ਸੀ। ਸਪੀਕਰ ਸੰਧਵਾਂ ਨੇ ਵਿਧਾਨ ਸਭਾ ਸਕੱਤਰੇਤ ਦੇ ਅਧਿਕਾਰੀਆਂ ਨੂੰ ਫ਼ਟਕਾਰ ਲਗਾਈ ਅਤੇ ਪੱਤਰ ਤੁਰੰਤ ਵਾਪਸ ਲੈਣ ਦੇ ਆਦੇਸ਼ ਦਿੱਤੇ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅਧਿਆਪਕ ਸਮਾਜ ਦਾ ਧੁਰਾ ਹੁੰਦੇ ਹਨ ਅਤੇ ਉਨ੍ਹਾਂ ਦੇ ਮਾਣ-ਸਨਮਾਨ ਨੂੰ ਬਰਕਰਾਰ ਰੱਖਣਾ ਚਾਹੀਦਾ ਹੈ।

## ਉਦਯੋਗਪਤੀਆਂ ਨੂੰ ਪੇਸ ਆ ਰਹੀਆਂ ਮੁਸ਼ਕਿਲਾਂ ਦਾ ਸਮਾਂਬੱਧ ਤਰੀਕੇ ਨਾਲ ਕੀਤਾ ਜਾਵੇ ਨਿਪਟਾਰਾ : ਸੌਂਦ

ਚੰਡੀਗੜ੍ਹ/ਜਲੰਧਰ/ਖੰਨਾ 28 ਅਕਤੂਬਰ। ਪੰਜਾਬ ਦੇ ਉਦਯੋਗ ਤੇ ਵਣਜ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਉਦਯੋਗ ਭਵਨ ਵਿਖੇ ਸਾਰੇ ਜਿ਼ਲ੍ਹਿਆਂ ਦੇ ਜਨਰਲ ਮੈਨੇਜਰਾਂ (ਜੀ. ਐੱਮਜ) ਨਾਲ ਸਮੀਖਿਆ ਮੀਟਿੰਗ ਕੀਤੀ। ਪੰਜਾਬ 'ਚ ਸਨਅਤੀ ਖੇਤਰ ਦੀ ਉੱਨਤੀ ਅਤੇ ਉਦਯੋਗਾਂ ਨੂੰ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਤੇ ਲਾਭਾਂ ਬਾਰੇ ਇਸ ਮੌਕੇ ਵਿਸਥਾਰ 'ਚ ਚਰਚਾ ਕੀਤੀ ਗਈ। ਮੀਟਿੰਗ ਦੌਰਾਨ ਉਦਯੋਗ ਮੰਤਰੀ ਨੇ ਸਾਰੇ ਜਨਰਲ ਮੈਨੇਜਰਾਂ ਨੂੰ ਹਦਾਇਤ ਕੀਤੀ ਕਿ ਸੂਬੇ ਦੇ ਉਦਯੋਗਪਤੀਆਂ ਦੀਆਂ 'ਇਨਵੈਸਟ ਪੰਜਾਬ' ਦੇ ਪੋਰਟਲ 'ਤੇ ਪ੍ਰਵਾਨਗੀਆਂ ਤੇ ਪ੍ਰੋਤਸਾਹਨ ਸਬੰਧੀ ਦਰਖਾਸਤਾਂ ਦਾ ਸਬੰਧਤ ਵਿਭਾਗਾਂ ਨਾਲ ਤਾਲਮੇਲ ਕਰ ਕੇ ਜਲਦ ਨਿਪਟਾਰਾ ਕੀਤਾ ਜਾਵੇ। ਉਦਯੋਗਪਤੀਆਂ ਨਾਲ ਗੱਲ ਕਰ ਕੇ ਉਨ੍ਹਾਂ ਨੂੰ ਪੇਸ ਆ ਰਹੀਆਂ ਮੁਸਕਿਲਾਂ ਦਾ ਨਿਪਟਾਰਾ ਸਮਾਂਬੱਧ ਤਰੀਕੇ ਨਾਲ ਕੀਤਾ ਜਾਵੇ। ਸੌਂਦ ਨੇ ਕਿਹਾ ਕਿ ਸੂਬੇ ਦੀ ਖੁਸਹਾਲੀ ਲਈ ਸਨਅਤਕਾਰਾਂ ਨੂੰ ਖੱਜਲ-ਖੁਆਰੀ ਰਹਿਤ ਮਾਹੌਲ ਦੇਣਾ ਸਾਡਾ ਫਰਜ ਹੈ ਅਤੇ ਇਸ ਮਕਸਦ




ਦੀ ਪੂਰਤੀ ਲਈ ਸਾਰੇ ਜਨਰਲ ਮੈਨੇਜਰ ਆਪੋ-ਆਪਣੇ ਇਲਾਕੇ ਦੇ ਉਦਯੋਗਪਤੀਆਂ ਨਾਲ ਬਿਹਤਰ ਤੇ ਸੁਖਾਵੇਂ ਸਬੰਧ ਬਣਾ ਕੇ ਰੱਖਣ। ਸਰਕਾਰੀ ਸਕੀਮਾਂ ਤੇ ਸਬਸਿਡੀਆਂ ਦਾ ਲਾਭ ਛੋਟੇ ਉਦਯੋਗਾਂ ਤੇ ਸਨਅਤਕਾਰਾਂ ਨੂੰ ਦਿੱਤਾ ਜਾਣਾ ਵੀ ਯਕੀਨੀ ਬਣਾਇਆ ਜਾਵੇ। ਉਦਯੋਗ ਮੰਤਰੀ ਨੇ ਨਿਰਦੇਸ ਦਿੱਤੇ ਕਿ ਸਰਕਾਰ ਦੀਆਂ ਸਵੈ ਰੋਜਗਾਰ ਦੀਆਂ ਸਕੀਮਾਂ ਦਾ ਆਈ. ਟੀ. ਆਈਜ ਤੇ ਪੋਲੀਟੈਕਨਿਕ 'ਚ ਵੱਧ ਤੋਂ ਵੱਧ ਪ੍ਰਚਾਰ ਕੀਤਾ ਜਾਵੇ ਤਾਂ ਜੋ ਨੌਜਵਾਨ ਮੁੰਡੇ-ਕੁੜੀਆਂ ਇਸ ਦਾ ਵੱਧ ਤੋਂ ਵੱਧ ਲਾਭ ਲੈ ਸਕਣ। ਮੀਟਿੰਗ ਵਿਚ ਉਦਯੋਗ ਤੇ ਵਣਜ ਵਿਭਾਗ ਦੇ ਵਧੀਕ ਮੁੱਖ ਸਕੱਤਰ ਤੇਜਵੀਰ ਸਿੰਘ, ਇਨਵੈਸਟ ਪੰਜਾਬ ਦੇ ਸੀ. ਈ. ਓ. ਡੀ. ਪੀ.ਐੱਸ. ਖਰਬੰਦਾ ਅਤੇ ਸਾਰੇ ਜਿ਼ਲ੍ਹਿਆਂ ਦੇ ਜਨਰਲ ਮੈਨੇਜਰ ਹਾਜਰ ਸਨ।

## ਰੇਲਵੇ ਚਲਾਏਗਾ 7,000 ਸਪੈਸ਼ਲ ਟਰੇਨਾਂ

ਨਵੀਂ ਦਿੱਲੀ 28 ਅਕਤੂਬਰ। ਭਾਰਤੀ ਰੇਲਵੇ ਇਸ ਸਾਲ ਦੀਵਾਲੀ ਅਤੇ ਛਠ ਪੂਜਾ ਲਈ 7,000 ਸਪੈਸਲ ਟਰੇਨਾਂ ਚਲਾਏਗਾ, ਜਿਸ ਨਾਲ ਹਰ ਰੋਜ ਦੋ ਲੱਖ ਵਾਧੂ ਯਾਤਰੀਆਂ ਦੀ ਸਹੂਲਤ ਹੋਵੇਗੀ। ਰੇਲ ਮੰਤਰੀ ਅਸਵਨੀ ਵੈਸਨਵ ਨੇ ਵੀਰਵਾਰ ਨੂੰ ਇਕ ਪ੍ਰੈਸ ਕਾਨਫਰੰਸ ਦੌਰਾਨ ਇਹ ਜਾਣਕਾਰੀ ਦਿੱਤੀ। ਰੇਲਵੇ ਅਧਿਕਾਰੀਆਂ ਮੁਤਾਬਕ ਪਿਛਲੇ ਸਾਲ ਦੀਵਾਲੀ ਅਤੇ ਛਠ ਪੂਜਾ ਦੌਰਾਨ ਤਿਉਹਾਰਾਂ ਦੀ ਭੀੜ ਨੂੰ ਪੂਰਾ ਕਰਨ ਲਈ 4,500 ਸਪੈਸਲ ਟਰੇਨਾਂ ਚਲਾਈਆਂ ਗਈਆਂ ਸਨ। ਅਧਿਕਾਰੀਆਂ ਨੇ ਦੱਸਿਆ ਕਿ ਯਾਤਰੀਆਂ ਦੀ ਵਧਦੀ ਗਿਣਤੀ ਦੇ ਮੱਦੇਨਜਰ ਮੰਤਰਾਲੇ ਨੇ ਇਸ ਸਾਲ ਸੇਵਾਵਾਂ ਵਧਾਉਣ ਦਾ ਫੈਸਲਾ ਕੀਤਾ ਹੈ। ਉੱਤਰੀ ਰੇਲਵੇ ਇਸ ਸਮੇਂ ਦੌਰਾਨ ਵੱਡੀ ਗਿਣਤੀ ਵਿਚ ਰੇਲ ਗੱਡੀਆਂ ਚਲਾਏਗਾ ਕਿਉਂਕਿ ਵੱਡੀ ਗਿਣਤੀ 'ਚ ਯਾਤਰੀ ਦੇਸ ਦੇ ਪੂਰਬੀ ਹਿੱਸਿਆਂ 'ਚ ਯਾਤਰਾ ਕਰਦੇ ਹਨ। ਉੱਤਰੀ ਰੇਲਵੇ ਨੇ ਹਾਲ ਹੀ ਵਿਚ ਇਕ ਪ੍ਰੈੱਸ ਬਿਆਨ ਵਿਚ ਕਿਹਾ ਕਿ ਇਹ ਲੋਕਾਂ ਨੂੰ ਉਨ੍ਹਾਂ ਦੀਆਂ ਮੰਜਿ਼ਲਾਂ ਤੱਕ ਪਹੁੰਚਣ ਵਿਚ ਮਦਦ ਕਰਨ ਲਈ ਵਿਸੇਸ ਰੇਲ ਗੱਡੀਆਂ ਦੇ ਲਗਭਗ 3,050 ਫੇਰਿਆਂ ਦਾ ਸੰਚਾਲਨ ਕਰੇਗਾ। ਬਿਆਨ 'ਚ ਕਿਹਾ ਗਿਆ ਹੈ ਕਿ ਸਾਲ 2023 ਵਿਚ ਭਾਰਤੀ ਰੇਲਵੇ ਨੇ ਵਿਸੇਸ ਤਿਉਹਾਰਾਂ ਮੌਕੇ ਰੇਲਗੱਡੀਆਂ ਚਲਾਈਆਂ, ਜਿਸ ਵਿਚ ਉੱਤਰੀ ਰੇਲਵੇ ਨੇ ਵਿਸੇਸ ਰੇਲ ਗੱਡੀਆਂ ਦੀਆਂ 1,082 ਫੇਰੇ ਲਾਏ। ਇਸ ਸਾਲ ਟਰੇਨ ਦੇ 3,050 ਫੇਰੇ ਸੰਚਾਲਿਤ ਕੀਤੇ ਗਏ, ਜੋ 181 ਫੀਸਦੀ ਦਾ ਵਾਧਾ ਹੈ। ਇਸ 'ਚ ਕਿਹਾ ਗਿਆ ਹੈ ਕਿ ਵਿਸੇਸ ਰੇਲ ਗੱਡੀਆਂ ਤੋਂ ਇਲਾਵਾ ਜਿ਼ਆਦਾ ਯਾਤਰੀਆਂ ਦੇ ਬੈਠਣ ਲਈ ਟਰੇਨ 'ਚ ਵਾਧੂ ਡੱਬੇ ਵੀ ਜੋੜੇ ਜਾ ਰਹੇ ਹਨ।

# ਪੰਜਾਬ 'ਚ ਹੋਣ ਜਾ ਰਹੀ ਰਾਸ਼ਟਰੀ ਪੱਧਰ ਦੀ ਪਾਵਰ ਲਿਫਟਿੰਗ ਪ੍ਰਤੀਯੋਗਿਤਾ

**ਕ੍ਰਿਸ਼ਨ ਪਾਲ**

ਲੁਧਿਆਣਾ 28 ਅਕਤੂਬਰ। ਲੁਧਿਆਣਾ ਵਿਖੇ ਪੈਂਦੇ ਇਲਾਕੇ ਚੰਡੀਗੜ੍ਹ ਰੋਡ ਅਤੇ ਔਰਾ ਜਿਮ ਸੈਕਟਰ 32 ਦੇ ਵਿੱਚ ਪੰਜਾਬੀ ਪਾਵਰ ਲਿਫਟਿੰਗ ਐਂਡ ਫਿਟਨੈਸ ਐਸੋਸੀਏਸਨ ਵੱਲੋਂ ਇੱਕ ਪ੍ਰੈਸ ਕਾਨਫਰੰਸ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਐਸੋਸੀਏਸਨ ਦੇ ਪ੍ਰਧਾਨ ਜਤਿੰਦਰ ਖੰਗੂੜਾ ਜਨਰਲ ਸੈਕਟਰੀ, ਅਮਰਜੀਤ ਸਿੰਘ ਕੈਸੀਅਰ, ਅਸੋਕ ਰਾਣਾ ਨੇ ਸਮੂਲੀਅਤ ਕੀਤੀ। ਐਸੋਸੀਏਸਨ ਦੇ ਜਨਰਲ ਸੈਕਟਰੀ ਅਮਰਜੀਤ ਸਿੰਘ ਨੇ ਇਸ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਸਾਡੀ ਐਸੋਸੀਏਸਨ ਦੇਸ ਨੂੰ ਨਸਾ ਮੁਕਤ ਕਰਾਉਣ ਦੇ ਉਦੇਸ ਲਈ ਅਲੱਗ-ਅਲੱਗ ਸਟੇਟਾਂ ਵਿੱਚ ਉਪਰਾਲਿਆਂ ਦੇ ਰੂਪ ਵਿੱਚ ਪ੍ਰਤੀਯੋਗਤਾਵਾਂ ਕਰਵਾਉਂਦੀ ਰਹਿੰਦੀ ਹੈ। ਇਨ੍ਹਾਂ ਪ੍ਰਤੀਯੋਗਿਤਾਵਾਂ ਦੀ ਲੜੀ ਨੂੰ ਅੱਗੇ ਵਧਾਉਂਦੇ ਹੋਏ ਇਸ ਵਾਰ ਦੀ ਪਾਵਰ ਲਿਫਟਿੰਗ ਦੀ ਰਾਸਟਰੀ ਪੱਧਰ ਦੀ ਪ੍ਰਤੀਯੋਗਿਤਾ ਪੰਜਾਬ ਵਿਚ 21, 22 ਅਤੇ 23 ਨਵੰਬਰ ਨੂੰ ਰਿਆਤ ਬਾਹਰਾ ਯੂਨੀਵਰਸਿਟੀ ਮੋਹਾਲੀ ਵਿੱਚ ਕਰਵਾਈ ਜਾ ਰਹੀ ਹੈ। ਜਿਸ ਵਿੱਚ ਪੂਰੇ ਦੇਸ ਭਰ ਤੋਂ 250 ਤੋਂ 300 ਖਿਡਾਰੀ ਤੱਕ ਆਉਣਗੇ। ਇਸ ਪ੍ਰੈੱਸ ਕਾਨਫਰੰਸ ਨੂੰ



ਸੰਬੋਧਿਤ ਕਰਦੇ ਹੋਏ ਐਸੋਸੀਏਸਨ ਦੇ ਪ੍ਰਧਾਨ ਜਤਿੰਦਰ ਖੰਗੂੜਾ ਨੇ ਇਸ ਪ੍ਰਤੀਯੋਗਿਤਾ ਦੇ ਸਪੋਂਸਰ ਐਫ.ਜੈਡ ਜਿਮ ਇਕਉਬਮੈਂਟ ਅਤੇ ਰਿਆਤ ਬਾਹਰਾ ਯੂਨੀਵਰਸਟੀ ਦਾ ਧੰਨਵਾਦ ਕੀਤਾ। ਉਨ੍ਹਾਂ ਦੱਸਿਆ ਕਿ ਆਉਣ ਵਾਲੇ ਖਿਡਾਰੀਆਂ ਦੀ ਸੁਵਿਧਾ ਦੇ ਲਈ ਠਹਿਰਾਵ ਦਾ ਅਤੇ ਖਾਣ ਪੀਣ ਦੀ ਸੁਵਿਧਾ ਐਸੋਸੀਏਸਨ ਵੱਲੋਂ ਕੀਤੀ ਗਈ ਹੈ। ਅਮਰਜੀਤ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਸ ਪ੍ਰਤੀਯੋਗਤਾ ਦੇ ਵਿੱਚ ਸਬ ਜੂਨੀਅਰ ਟੀਨ ਜੂਨੀਅਰ ਲੜਕੇ ਲੜਕੀਆਂ ਸੀਨੀਅਰ ਮਾਸਟਰ ਕੈਟਾਗਰੀ ਦੇ ਵਿੱਚ ਪ੍ਰਤੀਯੋਗਿਤਾ ਕਰਵਾਈ ਜਾਵੇਗੀ। ਇਸ ਪ੍ਰੈਸ ਕਾਨਫ੍ਰੈਂਸ ਵਿੱਚ ਇਨ੍ਹਾਂ ਤੋਂ ਇਲਾਵਾ ਉੱਘੇ ਸਮਾਜ ਸੇਵੀ ਰਮੇਸ ਬਾਂਗੜ ਔਰਾ ਜਿਮ ਦੇ ਮਾਲਕ ਨਵਨੀਤ ਸਿੰਘ, ਮੋਨੂੰ ਸਭਰਵਾਲ, ਸੋਨੂੰ ਸੰਕਰ, ਚੰਨਾ ਬੈਂਸ, ਲੱਕੀ ਮਿਆਨੀ, ਰਿੰਕੂ, ਜਸਪ੍ਰੀਤ ਸਿੰਘ, ਰਘੂਰਾਜ ਸਰਮਾ, ਰਿਪੋਰਟ ਲੁਧਿਆਣਾ ਨਿਊਜ ਪੇਪਰ ਦੇ ਮੁੱਖ ਸੰਪਾਦਕ ਦਵਿੰਦਰ ਰਾਜਪੂਤ ਵੀ ਪਹੁੰਚੇ ਅਤੇ ਆਖਿਰ ਵਿੱਚ ਨਵਨੀਤ ਸਿੰਘ ਜੀ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਅਸੀਂ ਪੰਜਾਬ ਅਤੇ ਪੂਰੇ ਦੇਸ ਨੂੰ ਨਸਾ ਮੁਕਤ ਕਰਵਾਉਣ ਦੇ ਲਈ ਹੋਰ ਵੀ ਪ੍ਰਤੀਯੋਗਿਤਾਵਾਂ ਦਾ ਆਯੋਜਨ ਕਰਦੇ ਰਹਾਂਗੇ।

## ਦਾਦੇ-ਪੋਤੀ ਨਾਲ ਵਾਪਰਿਆ ਭਿਆਨਕ ਹਾਦਸਾ, ਕਾਰ 'ਚ ਵੜ ਗਈ ਸਕੂਟਰੀ ਤੇ ਸੀਟਾਂ 'ਤੇ ਖਿੱਲਰ ਗਈਆਂ ਲਾਸ਼ਾਂ

ਭਾਦਸੋਂ 28 ਅਕਤੂਬਰ। ਸਥਾਨਕ ਸਰਹਿੰਦ ਰੋਡ ਤੋਂ ਇਕ ਬੇਹੱਦ ਮੰਦਭਾਗੀ ਖਬਰ ਸਾਹਮਣੇ ਆ ਰਹੀ ਹੈ, ਜਿੱਥੇ ਪਿੰਡ ਬਹਿਬਲਪੁਰ ਨੇੜੇ ਵਾਪਰੇ ਇਕ ਭਿਆਨਕ ਸੜਕ ਹਾਦਸੇ 'ਚ ਦਾਦਾ-ਪੋਤੀ ਦੀ ਦਰਦਨਾਕ ਮੌਤ ਹੋ ਗਈ ਹੈ। ਜਾਣਕਾਰੀ ਅਨੁਸਾਰ ਇਹ ਹਾਦਸਾ ਤੇਜ ਰਫਤਾਰ ਕਾਰ ਨਾਲ ਉਸ ਸਮੇਂ ਵਾਪਰਿਆ, ਜਦੋਂ ਲਖਮੀਰ ਸਿੰਘ (50) ਤੇ ਉਸ ਦੀ ਪੋਤਰੀ ਰਹਿਮਤਜੋਤ ਕੌਰ (3) ਸਕੂਟਰੀ 'ਤੇ ਵਾਪਸ ਆਪਣੇ ਘਰ ਵੱਲ ਆ ਰਹੇ ਸਨ। ਮੌਕੇ 'ਤੇ ਮੌਜੂਦ ਲੋਕਾਂ ਅਨੁਸਾਰ ਲਖਮੀਰ ਸਿੰਘ ਆਪਣੀ ਪੋਤਰੀ ਰਹਿਮਤਜੋਤ ਕੌਰ ਨੂੰ ਸਕੂਲੋਂ ਲੈ ਕੇ ਆਪਣੇ ਘਰ ਸਰਹਿੰਦ ਰੋਡ 'ਤੇ ਜਾ ਰਿਹਾ ਸੀ। ਇਸ ਦੌਰਾਨ ਉਸ ਨੂੰ ਸਰਹਿੰਦ ਵੱਲੋਂ ਆ ਰਹੀ ਇਕ ਤੇਜ ਰਫਤਾਰ ਨੇ ਜੋਰਦਾਰ ਟੱਕਰ ਮਾਰ ਦਿੱਤੀ ਤੇ ਦਰੜ ਦਿੱਤਾ, ਜਿਸ ਕਾਰਨ ਉਨ੍ਹਾਂ ਦੋਵਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਹਾਦਸਾ ਇੰਨਾ ਖੌਫਨਾਕ ਸੀ ਕਿ ਸਕੂਟਰੀ ਸਵਾਰ ਲਖਮੀਰ ਸਿੰਘ ਦਾ ਸਰੀਰ ਥਾਂ-ਥਾਂ ਤੋਂ ਕੱਟ ਕੇ ਕਾਰ ਦੀਆਂ ਅਗਲੀਆਂ ਸੀਟਾਂ 'ਤੇ ਜਾ ਖਿੱਲਰਿਆ। ਉਸ ਤੋਂ ਇਲਾਵਾ ਉਸ ਦੀ ਪੋਤਰੀ ਦੀ ਲਾਸ਼ ਦੀ ਵੀ ਬੇਹੱਦ ਬੁਰੀ ਹਾਲਤ ਹੋਈ ਤੇ ਉਹ ਵੀ ਪਛਾਣੀ ਨਹੀਂ ਸੀ ਜਾ ਰਹੀ। ਕਾਰ ਚਾਲਕ ਦੀ ਪਹਿਚਾਣ ਪ੍ਰਿੰਸ ਅਲੀ ਵਾਸੀ ਗੱਗੜਪੁਰ, ਸੰਗਰੂਰ ਵਜੋਂ ਹੋਈ ਹੈ। ਮ੍ਰਿਤਕ ਲਖਮੀਰ ਸਿੰਘ ਦੇ ਭਰਾ ਗੁਰਜੰਟ ਸਿੰਘ ਨੇ ਦੱਸਿਆ ਕਿ ਕਾਰ ਚਾਲਕ ਨਸ਼ੇ ਵਿੱਚ ਜਾਪਦਾ ਸੀ।

## ਫਰੀਦਕੋਟ ਵਾਲਿਆਂ ਲਈ ਖਾਸ ਖਬਰ, ਬਿਜਲੀ ਵਿਭਾਗ ਨੇ ਜਾਰੀ ਕੀਤੀ ਅਹਿਮ ਜਾਣਕਾਰੀ

ਫ਼ਰੀਦਕੋਟ 28 ਅਕਤੂਬਰ। ਆਮ ਪਬਲਿਕ ਨੂੰ ਜਾਣਕਾਰੀ ਦਿੰਦਿਆਂ ਵਧੀਕ ਨਿਗਰਾਨ ਇੰਜਨੀਅਰ ਹਰਿੰਦਰ ਸਿੰਘ ਚਹਿਲ ਪੀ. ਐੱਸ. ਪੀ. ਸੀ. ਐੱਲ. ਵੰਡ ਮੰਡਲ ਫਰੀਦਕੋਟ ਵੱਲੋਂ ਦੱਸਿਆ ਗਿਆ ਹੈ ਕਿ ਮਿਤੀ 26 ਅਕਤੂਬਰ ਦਿਨ ਸ਼ਨੀਵਾਰ ਨੂੰ 132 ਕੇਵੀ ਸਬ ਸਟੇਸਨ ਸਾਦਿਕ ਰੋਡ ਫਰੀਦਕੋਟ ਵਿਖੇ 11 ਕੇਵੀ ਬਸ ਬਾਰ ਨੰ:-1 ਦੀ ਜ਼ਰੂਰੀ ਮੁਰੰਮਤ ਦੇ ਕੰਮਾਂ ਕਰਕੇ 132 ਕੇਵੀ ਸਬ ਸਟੇਸ਼ਨ ਫਰੀਦਕੋਟ ਤੋਂ ਚੱਲਣ ਵਾਲੇ ਸਾਰੇ 11 ਕੇਵੀ ਫੀਡਰਾਂ ਦੀ ਬਿਜਲੀ ਸਪਲਾਈ ਸਵੇਰੇ 09 ਵਜੇ ਤੋਂ ਸ਼ਾਮ 05 ਵਜੇ ਤੱਕ ਬੰਦ ਰਹੇਗੀ। ਇਸ ਨਾਲ ਫਿਰੋਜ਼ਪੁਰ ਰੋਡ, ਪੁਰੀ ਕਾਲੋਨੀ, ਭਾਨ ਸਿੰਘ ਕਲੋਨੀ, ਟੀਚਰ ਕਲੋਨੀ, ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ, ਲਾਈਨ ਬਜਾਰ, ਆਦਰਸ਼ ਨਗਰ, ਸਿਵਲ ਹਸਪਤਾਲ ਫਰੀਦਕੋਟ, ਗਿਆਨੀ ਜੈਲ ਸਿੰਘ ਐਵੀਨਿਊ, ਮੁਹੱਲਾ ਮਾਹੀਖਾਨਾ, ਮੇਨ ਬਜ਼ਾਰ, ਮੁਹੱਲਾ ਸੇਠੀਆਂ,



ਬਾਬਾ ਫਰੀਦ ਏਰੀਆ, ਅੰਬੇਦਕਰ ਨਗਰ, ਕੰਮੇਆਣਾ ਗੇਟ, ਪੁਰਾਣਾ ਕੈਂਟ ਰੋਡ, ਦਸਮੇਸ ਨਗਰ, ਸਾਰਾ ਸਾਦਿਕ ਰੋਡ ਅਤੇ ਪ੍ਰਿੰਸੀਪਲ ਮੈਡੀਕਲ ਕਾਲਜ ਫਰੀਦਕੋਟ ਆਦਿ ਏਰੀਏ ਦੀ ਬਿਜਲੀ ਸਪਲਾਈ ਬੰਦ ਰਹੇਗੀ। ਇਸ ਤਰ੍ਹਾਂ 220 ਕੇਵੀ ਸਬ ਸਟੇਸ਼ਨ ਸਾਦਿਕ ਤੋ 66 ਕੇਵੀ ਗੋਲੇਵਾਲਾ-ਪੱਖੀ ਕਲਾਂ ਲਾਈਨਾਂ ਦੀ 26 ਅਕਤੂਬਰ ਦਿਨ ਸ਼ਨੀਵਾਰ ਨੂੰ ਬਿਜਲੀ ਸਪਲਾਈ ਬੰਦ ਰਹੇਗੀ। ਜਿਸ ਕਰਕੇ 66 ਕੇਵੀ ਸਬ ਸਟੇਸ਼ਨ ਗੋਲੇਵਾਲਾ ਅਤੇ 66 ਕੇਵੀ ਸਬ ਸਟੇਸ਼ਨ ਪੱਖੀ ਕਲਾਂ ਤੋਂ ਚੱਲਣ ਵਾਲੇ ਸਾਰੇ 11 ਕੇਵੀ ਫੀਡਰਾਂ ਸ਼ਹਿਰੀ/ਘਰੇਲੂ ਅਤੇ ਖੇਤੀਬਾੜੀ ਫੀਡਰਾਂ ਨੂੰ ਸਵੇਰ 09:00 ਵਜੇ ਤੋ ਸ਼ਾਮ 5:00 ਵਜੇ ਤੱਕ ਬਿਜਲੀ ਸਪਲਾਈ ਬੰਦ ਰਹੇਗੀ।

## ਦਾਜ ਦੀ ਮੰਗ ਪੂਰੀ ਨਾ ਹੋਣ 'ਤੇ ਵਿਆਹੁਤਾ ਨਾਲ ਮਾਰਕੁੱਟ ਕਰਨ ਵਾਲੇ ਸਹੁਰੇ ਪਰਿਵਾਰ ਖਿਲਾਫ ਮਾਮਲਾ ਦਰਜ

ਗੁਰਦਾਸਪੁਰ 28 ਅਕਤੂਬਰ। ਦਾਜ ਦੀ ਮੰਗ ਪੂਰੀ ਨਾ ਹੋਣ 'ਤੇ ਇਕ ਵਿਆਹੁਤਾ ਨੂੰ ਮਾਰਕੁੱਟ ਕਰਕੇ ਘਰੋਂ ਕੱਢਣ ਵਾਲੇ ਪਤੀ ਤੇ ਸੱਸ ਖਿ਼ਲਾਫ ਥਾਣਾ ਸਦਰ ਪੁਲਸ ਗੁਰਦਾਸਪੁਰ ਨੇ ਧਾਰਾ 498ਏ ਦੇ ਤਹਿਤ ਮਾਮਲਾ ਦਰਜ ਕੀਤਾ ਹੈ ਪਰ ਦੋਸ਼ੀ ਅਜੇ ਫਰਾਰ ਹਨ। ਇਸ ਸਬੰਧੀ ਏ.ਐੱਸ.ਆਈ ਹਰਮਿੰਦਰ ਸਿੰਘ ਨੇ ਦੱਸਿਆ ਕਿ ਨੀਤੂ ਪੁੱਤਰੀ ਰਮੇਸ਼ ਦਾਸ ਵਾਸੀ ਤੁੰਗ ਨੇ ਸ਼ਿਕਾਇਤ ਦਿੱਤੀ ਸੀ ਕਿ ਉਸ ਦਾ ਵਿਆਹ ਸਾਲ 2023 ਵਿਚ ਦੋਸ਼ੀ ਸੰਨੀ ਅੰਗੂਰਾਲ ਪੁੱਤਰ ਪ੍ਰਵੀਨ ਕੁਮਾਰ ਅੰਗੂਰਾਲ ਵਾਸੀ ਮਕਾਨ ਨੰਬਰ 28ਏ ਨਿਊ ਰਸੀਲਾ ਨਗਰ ਬਸਤੀ ਦਾਨਿਸ਼ਮੰਦਨ ਜਲੰਧਰ ਨਾਲ ਹੋਇਆ ਸੀ। ਵਿਆਹ ਤੋਂ ਬਾਅਦ ਉਸ ਦਾ ਪਤੀ ਸੰਨੀ ਅੰਗੂਰਾਲ ਅਤੇ ਸੱਸ ਵੀਨਾ ਦੇਵੀ ਦਾਜ ਦੀ ਖਾਤਰ ਉਸ ਨੂੰ ਤੰਗ ਪ੍ਰੇਸ਼ਾਨ ਕਰਦੇ ਸਨ ਅਤੇ ਦਾਜ ਦੀ ਮੰਗ ਕਰਦੇ ਸਨ। ਦਾਜ ਦੀ ਮੰਗ ਪੂਰੀ ਨਾ ਹੋਣ ਤੇ ਦੋਸ਼ੀਆਂ ਨੇ ਮਿਤੀ 13-12-12 ਨੂੰ ਉਸ ਦੀ ਮਾਰਕੁੱਟ ਕਰਕੇ ਉਸ ਨੂੰ ਘਰੋਂ ਕੱਢ ਦਿੱਤਾ। ਜੋ ਉਹ ਹੁਣ ਆਪਣੇ ਪੇਕੇ ਘਰ ਰਹਿ ਰਹੀ ਹੈ। ਪੁਲਸ ਅਧਿਕਾਰੀ ਨੇ ਦੱਸਿਆ ਕਿ ਇਸ ਮਾਮਲੇ ਦੀ ਜਾਂਚ ਉਪ ਕਪਤਾਨ ਪੁਲਸ ਸੀ.ਏ.ਡਬਲਯੂ ਗੁਰਦਾਸਪੁਰ ਵੱਲੋਂ ਕਰਨ ਤੋਂ ਬਾਅਦ ਦੋਸ਼ੀ ਪਾਏ ਗਏ ਪਤੀ ਤੇ ਸੱਸ ਦੇ ਖਿਲਾਫ ਮਾਮਲਾ ਦਰਜ ਕੀਤਾ ਹੈ।

# ਜਲੰਧਰ 'ਚ ਮੌਕ ਡ੍ਰਿੱਲ 'ਚ ਟ੍ਰੇਨ ਹੋਈ ਹਾਦਸਾਗ੍ਰਸਤ: ਲੋਹੇ ਦੀਆਂ ਸ਼ੀਟਾਂ ਕੱਟ ਕੇ ਬਚਾਈ ਯਾਤਰੀਆਂ ਦੀ ਜਿੰਦਗੀ

**ਏਜੰਸੀਆਂ**

ਜਲੰਧਰ 28 ਅਕਤੂਬਰ। ਰੇਲਵੇ ਵੱਲੋਂ ਹੰਗਾਮੀ ਸਥਿਤੀ ਨਾਲ ਨਜਿੱਠਣ ਲਈ ਮੌਕ ਡ੍ਰਿੱਲ ਦਾ ਆਯੋਜਨ ਕੀਤਾ ਗਿਆ, ਜਿਸ ਵਿਚ ਟ੍ਰੇਨ ਦੇ ਹਾਦਸਾਗ੍ਰਸਤ ਹੋਣ ਦਾ ਵਿਊ ਤਿਆਰ ਕੀਤਾ ਗਿਆ। ਡ੍ਰਿੱਲ ਦੌਰਾਨ ਪੁਰਾਣੀ ਟ੍ਰੇਨ ਨੂੰ ਹਾਦਸਾਗ੍ਰਸਤ ਸਥਿਤੀ ਵਿਚ ਸਟੇਸ਼ਨ ਨਜਦੀਕ ਖੜ੍ਹਾ ਕੀਤਾ ਗਿਆ। ਇਸ ਮਹੱਤਵਪੂਰਨ ਮੌਕ ਡ੍ਰਿੱਲ ਵਿਚ ਐੱਨ. ਡੀ. ਆਰ. ਐੱਫ., ਰੇਲਵੇ ਸੁਰੱਖਿਆ ਟੀਮ, ਇੰਜੀਨੀਅਰਿੰਗ ਵਿਭਾਗ, ਗੈਰੇਜ ਵੈਗਨ, ਆਰ. ਪੀ. ਐੱਫ., ਜੀ. ਆਰ. ਪੀ., ਫਾਇਰ ਬ੍ਰਿਗੇਡ ਅਤੇ ਸਿਹਤ ਵਿਭਾਗ ਸਮੇਤ 9 ਟੀਮਾਂ ਨੇ ਮਿਲ ਕੇ ਇਕ ਜੁਆਇੰਟ ਆਪ੍ਰੇਸ਼ਨ ਨੂੰ ਅੰਜਾਮ ਦਿੱਤਾ ਅਤੇ ਟ੍ਰੇਨ ਦੇ ਡੱਬੇ ਦੀ ਸ਼ੀਟ (ਚਾਦਰ) ਨੂੰ ਕੱਟ ਕੇ ਯਾਤਰੀਆਂ ਨੂੰ ਸੁਰੱਖਿਅਤ ਕੱਢਿਆ। ਹਾਦਸੇ ਦਾ ਪਤਾ ਲੱਗਦੇ ਹੀ ਫਾਇਰ ਬ੍ਰਿਗੇਡ ਤੇ ਰੇਲਵੇ ਪੁਲਸ ਕੁਝ ਹੀ ਮਿੰਟਾਂ ਵਿਚ ਮੌਕੇ 'ਤੇ ਪਹੁੰਚ ਗਈਆਂ। ਡ੍ਰਿੱਲ ਦੀ ਅਗਵਾਈ ਕਰ ਰਹੀ ਤਹਿਸੀਲਦਾਰ ਸਵਪਨਦੀਪ ਕੌਰ, ਸਟੇਸ਼ਨ ਮਾਸਟਰ ਹਰੀਦੱਤ ਸ਼ਰਮਾ, ਸੀ. ਐੱਮ. ਆਈ. ਰਾਜੇਸ਼ ਧੀਮਾਨ, ਨਿਤਿਸ਼ ਸ਼ਰਮਾ, ਏ. ਡੀ. ਐੱਮ. ਈ. ਰਾਜੇਸ਼ ਧਤਵਾਲੀਆ, ਸੀਨੀਅਰ ਡੀ. ਐੱਸ. ਓ. ਰੋਹਿਤ ਵਰਮਾ, ਤਿਰਲੋਕ ਸਿੰਘ ਅਤੇ ਸੀਨੀਅਰ ਡੀ. ਐੱਮ. ਈ. ਆਨੰਦ ਪ੍ਰਕਾਸ਼ ਸਮੇਤ ਕਈ ਸੀਨੀਅਰ ਅਧਿਕਾਰੀ ਹਾਜਰ ਰਹੇ। ਇਨ੍ਹਾਂ ਅਧਿਕਾਰੀਆਂ ਨੇ ਡ੍ਰਿੱਲ ਦਾ ਮੁਆਇਨਾ ਕੀਤਾ ਅਤੇ ਵੱਖ-ਵੱਖ ਵਿਭਾਗਾਂ ਵਿਚਕਾਰ ਤਾਲਮੇਲ ਵਧਾਉਣ ਲਈ ਵਿਚਾਰ-ਵਟਾਂਦਰਾ ਕੀਤਾ। ਅਧਿਕਾਰੀਆਂ ਨੇ ਕਿਹਾ ਕਿ ਇਸ





ਡ੍ਰਿੱਲ ਦਾ ਮੁੱਖ ਉਦੇਸ ਇਹ ਯਕੀਨੀ ਬਣਾਉਣਾ ਸੀ ਕਿ ਰੇਲ ਹਾਦਸਿਆਂ ਦੌਰਾਨ ਯਾਤਰੀਆਂ ਨੂੰ ਬਾਹਰ ਕੱਢਣ ਦੀਆਂ ਪ੍ਰਕਿਰਿਆਵਾਂ ਦਾ ਸਹੀ ਢੰਗ ਨਾਲ ਪਾਲਣ ਕੀਤਾ ਜਾਵੇ ਅਤੇ ਸਹੀ ਸਮੇਂ 'ਤੇ ਸੁਰੱਖਿਆ ਮਾਪਦੰਡਾਂ ਨੂੰ ਅਪਣਾਇਆ ਜਾ ਸਕੇ। ਡ੍ਰਿੱਲ ਦੌਰਾਨ ਯਾਤਰੀਆਂ ਨੂੰ ਸੁਰੱਖਿਅਤ ਕੱਢਣ, ਅੱਗ ਬੁਝਾਉਣ ਅਤੇ ਡਾਕਟਰੀ ਸਹਾਇਤਾ ਪ੍ਰਦਾਨ ਕਰਨ ਵਰਗੇ ਨਾਜੁਕ ਕੰਮਾਂ 'ਤੇ ਧਿਆਨ ਦਿੱਤਾ ਗਿਆ। ਇਸ ਪ੍ਰਕਿਰਿਆ ਵਿਚ ਕਰਮਚਾਰੀਆਂ ਨੂੰ ਹੰਗਾਮੀ ਸਥਿਤੀ ਵਿਚ ਲੋਕਾਂ ਨੂੰ ਬਚਾਉਣ ਲਈ ਜਰੂਰੀ ਟਿਪਸ ਅਤੇ ਤਕਨੀਕਾਂ ਬਾਰੇ ਵੀ ਸਿਖਲਾਈ ਦਿੱਤੀ ਗਈ। ਡ੍ਰਿੱਲ ਦੌਰਾਨ ਸਾਰੀਆਂ ਟੀਮਾਂ ਆਪੋ-ਆਪਣੇ ਕੰਮਾਂ ਨੂੰ ਕੁਸਲਤਾ ਨਾਲ ਨਿਭਾਉਂਦੀਆਂ ਨਜਰ ਆਈਆਂ। ਇਸ ਤੋਂ ਸਾਬਤ ਹੁੰਦਾ ਹੈ ਕਿ ਰੇਲਵੇ ਦੀ ਸੁਰੱਖਿਆ ਪ੍ਰਣਾਲੀ ਵਿਚ ਸੁਧਾਰ ਹੋ ਰਿਹਾ ਹੈ ਅਤੇ ਸਾਰੀਆਂ ਟੀਮਾਂ ਹੰਗਾਮੀ ਸਥਿਤੀਆਂ ਦਾ ਸਾਹਮਣਾ ਕਰਨ ਲਈ ਪੂਰੀ ਤਰ੍ਹਾਂ ਤਿਆਰ ਹਨ। ਅਧਿਕਾਰੀਆਂ ਨੇ ਡ੍ਰਿੱਲ ਦੀ ਸਲਾਘਾ ਕਰਦਿਆਂ ਕਿਹਾ ਕਿ ਅਜਿਹੀਆਂ ਮਸ਼ਕਾਂ ਨਿਯਮਤ ਤੌਰ 'ਤੇ ਕਰਵਾਈਆਂ ਜਾਣੀਆਂ ਚਾਹੀਦੀਆਂ ਹਨ ਤਾਂ ਜੋ ਸਾਰੀਆਂ ਸਬੰਧਤ ਟੀਮਾਂ ਹੰਗਾਮੀ ਸਥਿਤੀਆਂ ਵਿਚ ਮਿਲ ਕੇ ਕੰਮ ਕਰ ਸਕਣ ਅਤੇ ਯਾਤਰੀਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾ ਸਕੇ। ਇਸ ਮਸਕ ਨੇ ਰੇਲਵੇ ਦੇ ਸੁਰੱਖਿਆ ਉਪਾਵਾਂ ਨੂੰ ਮਜਬੂਤ ਕਰਨ ਅਤੇ ਹੰਗਾਮੀ ਮੈਨੇਜਮੈਂਟ ਪ੍ਰਤੀ ਜਾਗਰੂਕਤਾ ਵਧਾਉਣ ਦਾ ਇਕ ਵਿਲੱਖਣ ਮੌਕਾ ਪ੍ਰਦਾਨ ਕੀਤਾ ਹੈ